ਬੁੱਧਵਾਰ, 7 ਜਨਵਰੀ, 2026
24 ਪੋਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 218

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 7 JANUARY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਮਨਰੇਗਾ ਬਹਾਲੀ ਨੂੰ ਲੈ ਕੇ ਪੰਜਾਬ 'ਚ ਰੋਹ ਭਰਪੂਰ ਧਰਨੇ

**ਸ਼ਾਹਕੋਟ (ਗਿਆਨ ਸੈਦਪੁਰੀ)**

ਕੇਂਦਰ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ, ਕਿਰਤ ਕੋਡ ਲਾਗੂ ਕਰਨ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਤੇ ਪੈਨਸ਼ਨਾਂ ਦੀ ਰਾਸ਼ੀ 'ਚ ਵਾਧਾ ਕਰਨ ਵਰਗੀਆਂ ਚੋਣ ਗਰੰਟੀਆਂ ਲਾਗੂ ਨਾ ਕਰਨ ਵਿਰੁੱਧ ਮੰਗਲਵਾਰ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਵੱਲੋਂ ਤਰਨ ਤਾਰਨ, ਅੰਮ੍ਰਿਤਸਰ, ਮੋਗਾ, ਸ੍ਰੀ ਮੁਕਤਸਰ ਸਾਹਿਬ, ਜਲੰਧਰ, ਗੁਰਦਾਸਪੁਰ ਸੰਗਰੂਰ, ਮਾਨਸਾ ਤੇ ਪਟਿਆਲਾ ਸਮੇਤ ਪੰਜਾਬ ਦੇ ਡੀ ਸੀ ਦਫ਼ਤਰਾਂ ਅੱਗੇ ਰੋਹ ਭਰਪੂਰ ਧਰਨੇ ਦਿੱਤੇ ਗਏ।ਇਹ ਜਾਣਕਾਰੀ ਮਜ਼ਦੂਰ ਆਗੂ ਲਛਮਣ ਸਿੰਘ ਸੇਵੇਵਾਲਾ ਵੱਲੋਂ ਜਾਰੀ ਕੀਤੇ ਬਿਆਨ ਰਾਹੀਂ ਦਿੰਦਿਆਂ ਦੱਸਿਆ ਕਿ ਬਾਕੀ ਜ਼ਿਲ੍ਹਿਆਂ 'ਚ 7 ਜਨਵਰੀ ਨੂੰ ਧਰਨੇ ਦਿੱਤੇ ਜਾਣਗੇ।ਉਹਨਾਂ ਦੱਸਿਆ ਕਿ ਇਹਨਾਂ ਧਰਨਿਆਂ ਨੂੰ ਮਜ਼ਦੂਰ ਆਗੂ ਦੇਵੀ ਕੁਮਾਰੀ ਸਰਹਾਲੀ ਕਲਾਂ, ਦਰਸ਼ਨ ਨਾਹਰ, ਤਰਸੇਮ ਪੀਟਰ, ਲਖਵੀਰ ਸਿੰਘ ਲੌਂਗੋਵਾਲ, ਗੋਬਿੰਦ ਸਿੰਘ ਛਾਜਲੀ, ਬਿੱਕਰ ਸਿੰਘ ਹਥੋਆ, ਹਰਮੇਸ਼ ਮਾਲੜੀ ਤੇ ਗੁਰਮੇਸ਼ ਸਿੰਘ ਸਮੇਤ ਜ਼ਿਲ੍ਹਾ ਪੱਧਰੇ ਆਗੂਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਜੀ ਰਾਮ ਜੀ ਕਾਨੂੰਨ ਲਿਆਉਣ ਰਾਹੀਂ ਦੇਸ਼ ਦੇ ਕਰੋੜਾਂ ਮਜ਼ਦੂਰਾਂ ਤੇ ਮਨਰੇਗਾ ਮੁਲਾਜ਼ਮਾਂ ਦੇ ਚੁੱਲ੍ਹੇ ਠੰਢੇ ਕਰਨ ਦੇ ਰਾਹ ਪੈ ਗਈ ਹੈ। ਉਹਨਾਂ ਆਖਿਆ ਕਿ ਮੋਦੀ ਸਰਕਾਰ ਬਿਜਲੀ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਮਜ਼ਦੂਰਾਂ ਕਿਸਾਨਾਂ ਤੇ ਗਰੀਬ ਲੋਕਾਂ ਦੇ ਘਰਾਂ 'ਚ ਹਨੇਰਾ ਕਰਨ ਜਾ ਰਹੀ ਹੈ ਅਤੇ ਕਿਰਤ ਕਾਨੂੰਨਾਂ 'ਚ ਸੋਧਾ ਕਰਕੇ ਮਜ਼ਦੂਰ ਵਰਗ ਨੂੰ ਮਿਲਦੀ ਨਾਮਾਤਰ ਸੁਰੱਖਿਆ ਦਾ ਭੋਗ ਪਾਉਣ ਵਰਗੀਆਂ ਨੀਤੀਆਂ ਲਾਗੂ ਕਰ ਰਹੀ ਹੈ। ਬੁਲਾਰਿਆਂ ਨੇ ਸੂਬੇ ਦੀ ਮਾਨ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਆਖਿਆ ਕਿ ਆਪ ਸਰਕਾਰ ਚੋਣ ਗਰੰਟੀਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਤੇ ਪੈਨਸ਼ਨਾਂ ਦੀ ਰਾਸ਼ੀ ਵਧਾਉਣ ਤੋਂ ਇਲਾਵਾ ਲਾਲ ਲਕੀਰ ਅੰਦਰਲੇ ਘਰਾਂ ਦੇ ਮਾਲਕੀ ਹੱਕ ਦੇਣ, ਪੰਚਾਇਤੀ ਜ਼ਮੀਨਾਂ 'ਚੋਂ ਐੱਸ ਸੀ ਪਰਵਾਰਾਂ ਨੂੰ ਤੀਜੇ ਹਿੱਸੇ ਦੀ ਜ਼ਮੀਨ ਸਸਤੇ ਭਾਅ ਠੇਕੇ 'ਤੇ ਦੇਣ ਅਤੇ ਹੜ੍ਹਾਂ ਕਾਰਨ ਮਜ਼ਦੂਰਾਂ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਤੋਂ ਭੱਜ ਚੁੱਕੀ ਹੈ। ਉਹਨਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵਾਂਗ ਹੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ ਅਤੇ ਜਨਤਕ ਜਾਇਦਾਦਾਂ ਵੇਚਣ ਵਰਗੇ ਕਦਮ ਚੁੱਕਣ ਤੋਂ ਇਲਾਵਾ ਸੰਘਰਸ਼ ਕਰਦੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਤੇ ਠੇਕਾ ਕਾਮਿਆਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ।ਇਸ ਮੌਕੇ ਜਥੇਬੰਦੀਆਂ ਵੱਲੋਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦੇਣ ਤੋਂ ਇਲਾਵਾ ਮਨਰੇਗਾ ਨੂੰ ਖਤਮ ਕਰਕੇ ਲਿਆਂਦੇ 'ਜੀ ਰਾਮ ਜੀ' ਕਾਨੂੰਨ ਨੂੰ ਵਾਪਸ ਲੈਣ ਅਤੇ ਰੁਜ਼ਗਾਰ ਦੀ ਗਰੰਟੀ ਕਰਨ ਸੰਬੰਧੀ ਰਾਸ਼ਟਰਪਤੀ ਦੇ ਨਾਂਅ ਪੱਤਰ ਸੌਂਪੇ ਗਏ। ਧਰਨਿਆਂ ਦੌਰਾਨ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਮੁਕੇਸ਼ ਮਲੌਦ ਨੂੰ ਗ੍ਰਿਫ਼ਤਾਰ ਦੀ ਨਿੰਦਾ ਕਰਦਿਆਂ ਬਿਨਾਂ ਸ਼ਰਤ ਰਿਹਾਅ ਕਰਨ ਅਤੇ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁਨਾਂ 'ਤੇ ਪਰਚੇ ਦਰਜ ਕਰਨ ਵਿਰੁੱਧ ਮਤੇ ਵੀ ਪਾਸ ਕਰਕੇ ਇਹਨਾਂ ਕਦਮਾਂ ਨੂੰ ਲੋਕਾਂ ਦੇ ਜਮਹੂਰੀ ਹੱਕਾਂ ਤੇ ਪ੍ਰੈੱਸ ਦੀ ਅਜ਼ਾਦੀ ਉਤੇ ਹਮਲਾ ਕਰਾਰ ਦਿੱਤਾ ਗਿਆ।ਬੁਲਾਰਿਆਂ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਪੰਜਾਬ ਦੀਆਂ ਸਮੂਹ ਜਨਤਕ ਜਥੇਬੰਦੀਆਂ ਵੱਲੋਂ ਨਿੱਜੀਕਰਨ ਦੀਆਂ ਨੀਤੀਆਂ ਤੇ ਮਨਰੇਗਾ ਨੂੰ ਖਤਮ ਕਰਨ ਵਿਰੁੱਧ 16 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ 'ਚ ਵਧ-ਚੜ੍ਹ ਕੇ ਸ਼ਾਮਲ ਹੋਣ।



## ਜੇ ਐੱਨ ਯੂ 'ਚ ਲੱਗੇ ਨਾਅਰਿਆਂ ਤੋਂ ਹਾਕਮ ਔਖੇ




**ਨਵੀਂ ਦਿੱਲੀ :** ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਇੱਕ ਸਮੂਹ ਨੇ ਸੁਪਰੀਮ ਕੋਰਟ ਵੱਲੋਂ 2020 ਦੇ ਦੰਗਿਆਂ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਦੀ ਜ਼ਮਾਨਤ ਅਰਜ਼ੀ ਰੱਦ ਕੀਤੇ ਜਾਣ ਤੋਂ ਬਾਅਦ ਯੂਨੀਵਰਸਿਟੀ ਕੈਂਪਸ ਦੇ ਅੰਦਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਰੁੱਧ ਨਾਅਰੇਬਾਜ਼ੀ ਕੀਤੀ। ਸੋਮਵਾਰ ਰਾਤ ਨੂੰ ਹੋਏ ਇਸ ਪ੍ਰਦਰਸ਼ਨ ਦੀ ਇੱਕ ਵੀਡੀਓ ਸਾਹਮਣੇ ਆਈ ਹੈ, ਜਿਸ ਵਿੱਚ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਦੀ ਨਿੰਦਾ ਕਰਦੇ ਨਾਅਰੇ ਸੁਣੇ ਜਾ ਸਕਦੇ ਹਨ। ਜੇ ਐੱਨ ਯੂ ਵਿਦਿਆਰਥੀ ਯੂਨੀਅਨ ਦੀ ਪ੍ਰਧਾਨ ਅਦਿਤੀ ਮਿਸ਼ਰਾ ਨੇ ਦੱਸਿਆ ਕਿ ਵਿਦਿਆਰਥੀ ਹਰ ਸਾਲ 5 ਜਨਵਰੀ 2020 ਨੂੰ ਕੈਂਪਸ ਵਿੱਚ ਹੋਈ ਹਿੰਸਾ ਦੀ ਨਿੰਦਾ ਕਰਨ ਲਈ ਪ੍ਰਦਰਸ਼ਨ ਕਰਦੇ ਹਨ ਅਤੇ ਉਨ੍ਹਾਂ ਦਾਅਵਾ ਕੀਤਾ ਕਿ ਇਹ ਨਾਅਰੇ ਵਿਚਾਰਧਾਰਕ ਸਨ ਅਤੇ ਕਿਸੇ ਵਿਅਕਤੀ 'ਤੇ ਨਿੱਜੀ ਹਮਲਾ ਨਹੀਂ ਸਨ। ਦੂਜੇ ਪਾਸੇ ਪੁਲਸ ਦਾ ਕਹਿਣਾ ਹੈ ਕਿ ਇਸ ਸੰਬੰਧੀ ਅਜੇ ਤੱਕ ਕੋਈ ਰਸਮੀ ਸ਼ਿਕਾਇਤ ਨਹੀਂ ਮਿਲੀ। ਜ਼ਿਕਰਯੋਗ ਹੈ ਕਿ 5 ਜਨਵਰੀ 2020 ਨੂੰ ਨਕਾਬਪੋਸ਼ ਹਮਲਾਵਰਾਂ ਨੇ ਕੈਂਪਸ ਵਿੱਚ ਵੜ ਕੇ ਭਾਰੀ ਤੋੜਭੰਨ ਕੀਤੀ ਸੀ ਅਤੇ ਵਿਦਿਆਰਥੀਆਂ 'ਤੇ ਹਮਲਾ ਕੀਤਾ ਸੀ, ਜਿਸ ਵਿੱਚ ਤਤਕਾਲੀ ਯੂਨੀਅਨ ਪ੍ਰਧਾਨ ਆਇਸ਼ੀ ਘੋਸ਼ ਸਮੇਤ 28 ਲੋਕ ਜ਼ਖਮੀ ਹੋ ਗਏ ਸਨ। ਸਾਹਮਣੇ ਆਈ 35 ਸਕਿੰਟਾਂ ਦੀ ਵੀਡੀਓ ਵਿੱਚ ਵਿਦਿਆਰਥੀ 'ਮੋਦੀ-ਸ਼ਾਹ ਕੀ ਕਬਰ ਖੁਦੇਗੀ, ਜੇ ਐੱਨ ਯੂ ਕੀ ਧਰਤੀ ਪਰ' ਨਾਅਰੇ ਲਾਉਂਦੇ ਤੇ ਗਾਉਂਦੇ ਦਿਖਾਈ ਦੇ ਰਹੇ ਹਨ। ਭਾਜਪਾ ਦੇ ਬੁਲਾਰੇ ਪ੍ਰਦੀਪ ਭੰਡਾਰੀ ਨੇ ਦਾਅਵਾ ਕੀਤਾ ਕਿ ਇਹ ਪ੍ਰਦਰਸ਼ਨ ਉਮਰ ਖਾਲਿਦ ਤੇ ਸ਼ਰਜ਼ੀਲ ਦੇ ਹੱਕ ਵਿੱਚ ਹੋਇਆ। ਇਹ ਪ੍ਰੋਟੈੱਸਟ ਨਹੀਂ, ਸਗੋਂ ਰਾਸ਼ਟਰ-ਵਿਰੋਧੀ ਵਿਚਾਰਧਾਰਾ ਦਾ ਪ੍ਰਸਾਰ ਹੈ। ਦਿੱਲੀ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਜੋ ਵੀ ਅਸ਼ਾਂਤੀ ਫੈਲਾਏਗਾ, ਉਹ ਜੇਲ੍ਹ ਜਾਵੇਗਾ। ਇਹ ਭਾਜਪਾ ਦਾ ਰਾਜ ਹੈ; ਇੱਥੇ ਅਸ਼ਾਂਤੀ ਫੈਲਾਉਣ ਵਾਲਿਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਕੇਂਦਰੀ ਮੰਤਰੀ ਗਿਰੀਰਾਜ ਸਿੰਘ ਨੇ ਕਿਹਾ ਕਿ ਜੇ ਐੱਨ ਯੂ ਟੁਕੜੇ-ਟੁਕੜੇ ਗੈਂਗ ਦਾ ਆਫਿਸ ਬਣ ਗਈ ਹੈ। ਕਾਂਗਰਸ ਦੇ ਆਗੂ ਉਦਿਤ ਰਾਜ ਨੇ ਕਿਹਾ ਕਿ ਇਹ ਗੁੱਸਾ ਜ਼ਾਹਰ ਕਰਨ ਦਾ ਇੱਕ ਤਰੀਕਾ ਹੈ। ਦਿੱਲੀ ਦੰਗਿਆਂ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਫੈਸਲੇ ਖਿਲਾਫ ਜੇ ਐੱਨ ਯੂ ਵਿੱਚ ਗੁੱਸਾ ਹੈ। ਉਮਰ

• ਬਾਕੀ ਸਫਾ 2 'ਤੇ

## ਡੇਰੇ ਦੇ ਮੁੱਖ ਸੇਵਾਦਾਰ ਨੂੰ ਰੇਪ ਕੇਸ 'ਚ 10 ਸਾਲ ਬਾ-ਮੁਸ਼ੱਕਤ ਕੈਦ



**ਮੋਗਾ :** ਐਡੀਸ਼ਨਲ ਸੈਸ਼ਨ ਜੱਜ ਨੇ ਇਕ ਨੌਜਵਾਨ ਲੜਕੀ ਨਾਲ ਜਬਰ-ਜ਼ਨਾਹ ਕਰਨ ਦੇ ਮਾਮਲੇ ਵਿਚ ਧਾਰਮਕ ਅਸਥਾਨ ਨਾਲ ਜੁੜੇ ਮੁੱਖ ਸੇਵਾਦਾਰ ਨੂੰ ਦੋਸ਼ੀ ਕਰਾਰ ਦਿੱਤਾ ਹੈ। ਅਦਾਲਤ ਨੇ ਦੋਸ਼ੀ ਬਲਜਿੰਦਰ ਸਿੰਘ ਨੂੰ 10 ਸਾਲ ਬਾ-ਮੁਸ਼ੱਕਤ ਕੈਦ ਅਤੇ 55 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਮਿਲੀ ਜਾਣਕਾਰੀ ਮੁਤਾਬਕ ਲੁਧਿਆਣਾ ਜ਼ਿਲ੍ਹੇ ਦੇ ਜਗਰਾਓਂ ਨੇੜਲੇ ਪਿੰਡ ਦੀ ਰਹਿਣ ਵਾਲੀ 25 ਸਾਲਾ ਨੌਜਵਾਨ ਲੜਕੀ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ ਕਿ ਜਗਰਾਓਂ ਸਥਿਤ ਡੇਰਾ ਚਰਨ ਘਾਟ ਦੇ ਮੁੱਖ ਸੇਵਾਦਾਰ ਬਲਜਿੰਦਰ ਸਿੰਘ ਨੇ ਉਸ ਨਾਲ ਜਬਰ-ਜ਼ਨਾਹ ਕੀਤਾ। ਪੀੜਤ ਲੜਕੀ ਦੇ ਪਰਵਾਰਕ ਮੈਂਬਰ ਡੇਰੇ ਵਿਚ ਆਉਂਦੇ-ਜਾਂਦੇ ਰਹਿੰਦੇ ਸਨ ਅਤੇ ਉਹ ਆਪਣੇ ਨਸ਼ੇੜੀ ਭਰਾ ਨੂੰ ਸੁਧਾਰਨ ਲਈ ਡੇਰੇ ਵਿਚ ਅਰਦਾਸ ਦੀ ਆਸ ਲੈ ਕੇ ਗਈ ਸੀ। ਦੋਸ਼ ਹੈ ਕਿ 6 ਮਈ ਨੂੰ ਮੁੱਖ ਸੇਵਾਦਾਰ ਲੜਕੀ ਨੂੰ ਖ਼ਾਸ ਅਰਦਾਸ ਦੇ ਬਹਾਨੇ ਮੋਗਾ ਦੇ ਇਕ ਨਿੱਜੀ ਹੋਟਲ ਵਿਚ ਲੈ ਗਿਆ, ਜਿੱਥੇ ਉਸ ਨਾਲ ਜਬਰ-ਜ਼ਨਾਹ ਕਰਨ ਤੋਂ ਬਾਅਦ ਉਸ ਦੀ ਕੁੱਟਮਾਰ ਕੀਤੀ ਗਈ। ਇਥੇ ਹੀ ਨਹੀਂ, ਦੋਸ਼ੀ ਨੇ ਪੀੜਤ ਦੀ ਵੀਡੀਓ ਬਣਾ ਕੇ ਉਸ ਨੂੰ ਬਲੈਕਮੇਲ ਕਰਨਾ ਸ਼ੁਰੂ ਕਰ ਦਿੱਤਾ ਅਤੇ ਡੇਰੇ ਵਿੱਚ ਬੁਲਾ ਕੇ ਹਫ਼ਤੇ ਵਿੱਚ ਦੋ ਵਾਰ ਜ਼ਬਰਦਸਤੀ ਕਰਦਾ ਰਿਹਾ। ਮੋਗਾ-ਮਹਿਣਾ ਪੁਲਸ ਨੇ 18 ਸਤੰਬਰ 2024 ਨੂੰ ਬਲਜਿੰਦਰ ਸਿੰਘ ਖਿਲਾਫ਼ ਜਬਰ-ਜ਼ਨਾਹ ਅਤੇ ਧਮਕੀਆਂ ਦੇ ਦੋਸ਼ਾਂ ਹੇਠ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕੀਤਾ ਸੀ। ਮੋਗਾ ਅਦਾਲਤ ਵਿਚ ਮਾਮਲੇ ਦੀ ਸੁਣਵਾਈ ਦੌਰਾਨ ਸਾਰੇ ਸਬੂਤਾਂ ਅਤੇ ਗਵਾਹੀਆਂ ਦੇ ਆਧਾਰ 'ਤੇ ਅਦਾਲਤ ਨੇ ਮੁੱਖ ਸੇਵਾਦਾਰ ਬਲਜਿੰਦਰ ਸਿੰਘ ਨੂੰ ਦੋਸ਼ੀ ਮੰਨਦਿਆਂ 10 ਸਾਲ ਕੈਦ ਅਤੇ 55 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ।

## ਸ਼੍ਰੋਮਣੀ ਕਮੇਟੀ ਸਿੱਟ ਨਾਲ ਸਹਿਯੋਗ ਨਹੀਂ ਕਰੇਗੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਪੱਸ਼ਟ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਪਾਵਨ ਸਰੂਪਾਂ ਦੇ ਮਾਮਲੇ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪੁਲਸ ਪ੍ਰਸ਼ਾਸਨ ਨੂੰ ਕਿਸੇ ਤਰ੍ਹਾਂ ਦਾ ਸਹਿਯੋਗ ਨਹੀਂ ਕੀਤਾ ਜਾਵੇਗਾ ਅਤੇ ਨਾ ਹੀ ਕੋਈ ਰਿਕਾਰਡ ਮੁਹੱਈਆ ਕਰਵਾਇਆ ਜਾਵੇਗਾ। ਮੰਗਲਵਾਰ ਇਥੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਦੀ ਅਗਵਾਈ ਵਿਚ ਹੋਈ ਅਧਿਕਾਰੀਆਂ ਦੀ ਮੀਟਿੰਗ ਮਗਰੋਂ ਜਾਰੀ ਬਿਆਨ ਵਿਚ ਸਮੁੱਚੇ ਮਾਮਲੇ 'ਤੇ ਸਿੱਖ ਸੰਸਥਾ ਦਾ ਪੱਖ ਸਪੱਸ਼ਟ ਕਰਦਿਆਂ ਕਿਹਾ ਗਿਆ ਕਿ ਜਿਹੜੇ ਇਸ ਮਾਮਲੇ ਵਿਚ ਦੋਸ਼ੀ ਮੁਲਾਜ਼ਮ ਸਨ, ਉਨ੍ਹਾਂ ਸੰਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਾਂਚ ਰਿਪੋਰਟ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੈ। ਇਸ ਮਾਮਲੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਆਦੇਸ਼ ਸਿੱਖ ਸੰਸਥਾ ਲਈ ਅੰਤਮ ਹੈ, ਜਿਸ ਅਨੁਸਾਰ ਸਰਕਾਰ ਨੂੰ ਕੋਈ ਸਹਿਯੋਗ ਨਹੀਂ ਦਿੱਤਾ ਜਾ ਸਕਦਾ।

ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਦੀ ਭੇਟਾ ਨਿੱਜੀ ਹਿੱਤਾਂ ਲਈ ਵਰਤਣ ਅਤੇ ਰਿਕਾਰਡ ਵਿਚ ਹੇਰ-ਫੇਰ ਕਰਨ ਵਾਲੇ ਸਿੱਧੇ ਤੌਰ 'ਤੇ ਤਿੰਨ ਮੁਲਾਜ਼ਮ ਕੰਵਲਜੀਤ ਸਿੰਘ, ਬਾਜ ਸਿੰਘ ਤੇ ਦਲਬੀਰ ਸਿੰਘ ਸਨ। ਇਨ੍ਹਾਂ ਆਪਣੀ ਲਾਲਸਾ ਖ਼ਾਤਰ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਪ੍ਰਬੰਧ ਨੂੰ ਹੀ ਬਦਨਾਮ ਕੀਤਾ। ਸ਼੍ਰੋਮਣੀ ਕਮੇਟੀ ਦੇ ਵਿਧਾਨ ਅਨੁਸਾਰ ਜਦੋਂ ਸ਼ਰਧਾਲੂ ਜਾਂ ਗੁਰਦੁਆਰਾ ਕਮੇਟੀਆਂ ਪਾਵਨ ਸਰੂਪਾਂ ਦੀ ਮੰਗ ਕਰਦੇ ਹਨ ਤਾਂ ਨਿਯਮਾਂ ਅਨੁਸਾਰ ਪ੍ਰਚਾਰਕ ਦੀ ਪੜਤਾਲ ਰਿਪੋਰਟ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸਿਫਾਰਸ਼ ਬਾਅਦ ਸਕੱਤਰ ਪੱਧਰ ਦੇ ਅਧਿਕਾਰੀ ਵੱਲੋਂ ਪ੍ਰਵਾਨਗੀ ਦਿੱਤੀ ਜਾਂਦੀ ਹੈ। ਇਸ ਤੋਂ ਬਾਅਦ ਪਾਵਨ ਸਰੂਪ ਦੇਣ ਸਮੇਂ ਭੇਟਾ ਜਮ੍ਹਾਂ ਕਰਕੇ ਰਸੀਦ ਕੱਟੀ ਜਾਂਦੀ ਹੈ ਅਤੇ ਉਸ ਨੂੰ ਰਿਕਾਰਡ ਵਿਚ ਦਰਜ ਕੀਤਾ ਜਾਂਦਾ ਹੈ। ਇਸ ਪ੍ਰਕਿਰਿਆ ਨੂੰ ਨਜ਼ਰਅੰਦਾਜ਼ ਕਰਕੇ ਇਹ ਜ਼ੁੰਮੇਵਾਰੀ ਪਬਲੀਕੇਸ਼ਨ ਵਿਭਾਗ ਵਿਖੇ

• ਬਾਕੀ ਸਫਾ 2 'ਤੇ

## ਖ਼ਾਲਿਦ ਤੇ ਸ਼ਰਜੀਲ ਨੂੰ ਨਿਆਂ ਲਈ ਆਵਾਜ਼ ਬੁਲੰਦ ਕਰੋ : ਦੇਸ਼ ਭਗਤ ਕਮੇਟੀ

**ਜਲੰਧਰ :** ਗ਼ਦਰ ਲਹਿਰ, ਬੱਬਰ ਅਕਾਲੀ ਲਹਿਰ ਅਤੇ ਆਜ਼ਾਦੀ ਸੰਗਰਾਮ ਨਾਲ਼ ਜੁੜੀਆਂ ਲਹਿਰਾਂ ਦਾ ਇਤਿਹਾਸ ਸਾਨੂੰ ਵਾਰ-ਵਾਰ ਇਹ ਸੁਨੇਹਾ ਦਿੰਦਾ ਹੈ ਕਿ ਉਸ ਦੇ ਸੰਗਰਾਮੀਆਂ ਨੇ ਅਥਾਹ ਕੁਰਬਾਨੀਆਂ ਕਰਕੇ ਜਿਸ ਤਰ੍ਹਾਂ ਦਾ ਜਮਹੂਰੀ ਨਿਆਂਸ਼ੀਲ ਰਾਜ ਅਤੇ ਸਮਾਜ ਸਿਰਜਣ ਦਾ ਪੈਗ਼ਾਮ ਦਿੱਤਾ ਸੀ, ਇਹ ਉਹ ਸਾਜ਼ਗਾਰ ਵਾਤਾਵਰਣ ਤਾਂ ਨਹੀਂ, ਸਗੋਂ ਉਲਟਾ ਸਾਨੂੰ ਮੌਜੂਦਾ ਸਿਸਟਮ ਵੱਲੋਂ 1947 ਤੋਂ ਪਹਿਲਾਂ ਨਾਲੋਂ ਵੀ ਕਿਤੇ ਗੂਹੜੇ ਅਤੇ ਗਾਹੜੇ ਹਨੇਰੇ ਨਾਲ਼ ਭਰੀ ਬੰਦ ਗੁਫ਼ਾ ਵੱਲ ਧੂਹਿਆ ਜਾ ਰਿਹਾ ਹੈ, ਇਸ ਦਾ ਜੱਗ-ਜ਼ਾਹਰਾ ਪ੍ਰਮਾਣ ਉਮਰ ਖ਼ਾਲਿਦ ਅਤੇ ਸ਼ਰਜੀਲ ਨੂੰ ਜ਼ਮਾਨਤ ਨਾ ਦੇਣ ਦਾ ਸਿਰੇ ਦਾ ਅਨਿਆਂ ਭਰਿਆ ਫੈਸਲਾ ਕਰਨਾ ਹੈ। ਇਹ ਟਿੱਪਣੀ ਕਰਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਨੇ ਕਿਹਾ ਕਿ ਰਹਿੰਦੀ-ਖੂੰਹਦੀ ਕਸਰ ਇੱਕ ਸਾਲ ਤੱਕ ਜ਼ਮਾਨਤ ਲਈ ਅਪੀਲ ਕਰਨ ਉਪਰ ਵੀ ਪਾਬੰਦੀ ਮੜ੍ਹਨ ਦੀਆਂ ਸ਼ਰਤਾਂ ਠੋਕ ਕੇ ਪੂਰੀ ਕਰ ਦਿੱਤੀ ਗਈ ਹੈ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਲਿਖ਼ਤੀ ਬਿਆਨ ਵਿਚ ਕਿਹਾ ਕਿ ਇਹ ਅਮਲਦਾਰੀ ਮੋਦੀ ਹਕੂਮਤ ਵੱਲੋਂ ਸਾਡੇ ਪਿਆਰੇ ਵਤਨ ਦੀ ਆਜ਼ਾਦੀ ਲਈ ਲੜੀ ਸਾਂਝੀ ਜੱਦੋਜਹਿਦ ਅਤੇ ਲਹੂ-

• ਬਾਕੀ ਸਫਾ 2 'ਤੇ

## ਸੋਨੀਆ ਗਾਂਧੀ ਹਸਪਤਾਲ 'ਚ ਭਰਤੀ

**ਨਵੀਂ ਦਿੱਲੀ :** ਕਾਂਗਰਸ ਨੇਤਾ ਸੋਨੀਆ ਗਾਂਧੀ ਨੂੰ ਦਿੱਲੀ ਦੇ ਸਰ ਗੰਗਾ ਰਾਮ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਹੈ। ਹਸਪਤਾਲ ਦੇ ਸੂਤਰਾਂ ਨੇ ਦੱਸਿਆ ਕਿ ਸੋਨੀਆ ਗਾਂਧੀ ਨੂੰ ਸੋਮਵਾਰ ਸ਼ਾਮ ਨੂੰ ਨਿਯਮਤ ਜਾਂਚ ਲਈ ਦਾਖਲ ਕਰਵਾਇਆ ਗਿਆ ਸੀ। ਉਨ੍ਹਾ ਦੀ ਹਾਲਤ ਸਥਿਰ ਹੈ ਅਤੇ ਉਹ ਛਾਤੀ ਦੇ ਮਾਹਰ ਦੀ ਨਿਗਰਾਨੀ ਹੇਠ ਹਨ। ਸੂਤਰਾਂ ਅਨੁਸਾਰ ਸੋਨੀਆ ਗਾਂਧੀ ਲੰਮੇ ਸਮੇਂ ਤੋਂ ਖੰਘ ਤੋਂ ਪੀੜਤ ਹੈ।

## ਸਾਬਕਾ ਕੇਂਦਰੀ ਮੰਤਰੀ ਕਲਮਾਡੀ ਦਾ ਦੇਹਾਂਤ



**ਪੁਣੇ :** ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਸੁਰੇਸ਼ ਕਲਮਾਡੀ ਦਾ ਲੰਮੀ ਬਿਮਾਰੀ ਤੋਂ ਬਾਅਦ ਮੰਗਲਵਾਰ ਤੜਕੇ ਪੁਣੇ ਵਿੱਚ ਦੇਹਾਂਤ ਹੋ ਗਿਆ। ਉਹ 81 ਸਾਲਾਂ ਦੇ ਸਨ। ਪਰਵਾਰਕ ਸੂਤਰਾਂ ਅਨੁਸਾਰ ਕਲਮਾਡੀ ਨੇ ਸਵੇਰੇ ਕਰੀਬ 3:30 ਵਜੇ ਆਖਰੀ ਸਾਹ ਲਿਆ। ਉਹ ਕੇਂਦਰੀ ਰੇਲ ਰਾਜ ਮੰਤਰੀ ਰਹਿ ਚੁੱਕੇ ਸਨ ਅਤੇ ਭਾਰਤੀ ਓਲੰਪਿਕ ਸੰਘ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਈਆਂ ਸਨ। ਪੁਣੇ ਦੇ ਇੱਕ ਪ੍ਰਮੁੱਖ ਸਿਆਸੀ ਆਗੂ ਵਜੋਂ ਉਨ੍ਹਾ ਨੇ ਕਈ ਵਾਰ ਲੋਕ ਸਭਾ ਵਿੱਚ ਸ਼ਹਿਰ ਦੀ ਨੁਮਾਇੰਦਗੀ ਕੀਤੀ ਅਤੇ ਲੰਮੇ ਸਮੇਂ ਤੱਕ ਰਾਸ਼ਟਰੀ ਪੱਧਰ 'ਤੇ ਖੇਡ ਪ੍ਰਸ਼ਾਸਨ ਨਾਲ ਜੁੜੇ ਰਹੇ।

## 20 ਕਿੱਲੋ ਹੈਰੋਇਨ ਬਰਾਮਦ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਐਂਟੀ-ਨਾਰਕੋਟਿਕਸ ਟਾਸਕ ਫੋਰਸ, ਬਾਰਡਰ ਰੇਂਜ ਨੇ ਸੀਮਾ ਸੁਰੱਖਿਆ ਬੱਲ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਨਸ਼ਿਆਂ ਦੀ ਸਪਲਾਈ ਚੇਨ ਦਾ ਪ੍ਰਬੰਧ ਕਰਨ ਵਾਲੇ ਮੁੱਖ ਸੰਚਾਲਕ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 19.980 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਾਹਿਬਜੀਤ ਸਿੰਘ ਉਰਫ਼ ਸਾਹਿਬ ਅਤੇ ਰਾਜਵਿੰਦਰ ਸਿੰਘ ਉਰਫ਼ ਗੋਲੂ, ਦੋਵੇਂ ਵਾਸੀ ਪੁਰਾਣਾ ਨਰਾਇਣਗੜ੍ਹ, ਅੰਮ੍ਰਿਤਸਰ; ਆਸ਼ੂ ਸ਼ਰਮਾ ਉਰਫ਼ ਆਸ਼ੂ ਵਾਸੀ ਛੇਹਰਟਾ, ਅੰਮ੍ਰਿਤਸਰ ਅਤੇ ਇੱਕ 17 ਸਾਲਾ ਨਾਬਾਲਗ ਵਾਸੀ ਅੰਮ੍ਰਿਤਸਰ ਵਜੋਂ ਹੋਈ ਹੈ। ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਮਾਰੂਤੀ ਬ੍ਰੇਜ਼ਾ ਕਾਰ ਅਤੇ ਦੋ ਮੋਟਰਸਾਈਕਲਾਂ ਨੂੰ ਵੀ ਜ਼ਬਤ ਕਰ ਲਿਆ ਹੈ।

## ਬਿਜਲੀ ਮੁਲਾਜ਼ਮਾਂ ਦੀ ਭੁੱਖ ਹੜਤਾਲ ਜਾਰੀ, 21 ਦੇ ਸੂਬਾ ਪੱਧਰੀ ਪ੍ਰਦਰਸ਼ਨ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਪਟਿਆਲਾ :** ਪੰਜਾਬ ਸਰਕਾਰ ਤੇ ਪਾਵਰ ਮੈਨੇਜਮੈਂਟ ਵੱਲੋਂ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਖਿਲਾਫ਼ ਅਤੇ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾ ਕੀਤੇ ਜਾਣ ਦੇ ਮੁੱਦੇ ਨੂੰ ਲੈ ਕੇ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਸਾਂਝੇ ਥੜੇ ਪੀ ਐੱਸ ਈ ਬੀ ਇੰਪਲਾਈਜ਼ ਜਾਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸੰਬੰਧਤ ਏਟਕ) ਅਤੇ ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਦੇ ਸਾਂਝੇ ਸੱਦੇ 'ਤੇ ਅਦਾਰੇ ਦੇ ਮੁੱਖ ਦਫ਼ਤਰ ਸਾਹਮਣੇ ਸ਼ੁਰੂ ਕੀਤੀ ਲੜੀਵਾਰ ਭੁੱਖ ਹੜਤਾਲ ਦੇ ਛੇਵੇਂ ਦਿਨ 14 ਆਗੂਆਂ ਨੇ 24 ਘੰਟੇ ਲਈ ਭੁੱਖ ਹੜਤਾਲ ਰੱਖ ਕੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀਆਂ ਅਦਾਰੇ ਨੂੰ ਖ਼ਤਮ ਕਰਨ ਵਾਲੀਆਂ ਨੀਤੀਆਂ ਵਿਰੁੱਧ ਅਵਾਜ਼ ਬੁਲੰਦ ਕੀਤੀ।ਭੁੱਖ ਹੜਤਾਲ ਕੈਂਪ ਵਿੱਚ ਇਕੱਤਰ ਹੋਏ ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀਆਂ ਦੇ ਸੂਬਾ ਪੱਧਰੀ ਆਗੂਆਂ ਹਰਪਾਲ ਸਿੰਘ, ਮਨਜੀਤ ਸਿੰਘ ਚਾਹਲ, ਬਲਜੀਤ ਸਿੰਘ ਮੋਦਲਾ, ਬੀ ਐਸ ਸੇਖੋਂ, ਜਰਨੈਲ ਸਿੰਘ, ਸੁਖਵਿੰਦਰ ਭਗਤ, ਕਰਮਜੀਤ ਸਿੰਘ, ਕੌਰ ਸਿੰਘ ਸੋਹੀ, ਜਗਦੇਵ ਸਿੰਘ ਬਾਹੀਆ, ਜੀਵਨ ਸਿੰਘ, ਹਰਭਜਨ ਸਿੰਘ, ਤਰਲੋਚਨ ਸਿੰਘ, ਐੱਮ ਐੱਲ ਕਪਿਲਾ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਬਿਜਲੀ ਅਦਾਰੇ ਨੂੰ ਖਤਮ ਕਰਨ ਵਾਲੇ ਪਾਸੇ ਤੁਰੀ ਹੋਈ ਹੈ।ਇਸੇ ਕਰਕੇ ਟਰੇਡ ਯੂਨੀਅਨ ਲੀਡਰਸ਼ਿਪ ਨਾਲ ਟੇਬਲ 'ਤੇ ਬੈਠ ਕੇ ਵਿਚਾਰ ਕਰਨ ਲਈ ਅਦਾਰੇ ਦੇ ਮੰਤਰੀ ਅਤੇ ਸੀ ਐੱਮ ਡੀ ਕੋਲ ਸਮਾਂ ਨਹੀਂ ਬਚਿਆ, ਬਸ ਉਨ੍ਹਾਂ ਕੋਲ ਅਦਾਰੇ ਦੀਆਂ ਮਹਿੰਗੀਆਂ ਜਾਇਦਾਦਾਂ ਵੇਚਣ ਬਾਰੇ ਸਮਾਂ ਹੈ।


ਮੈਨੇਜਮੈਂਟ ਸਰਕਾਰ ਦੀ ਘਟੀਆ ਨੀਤੀ ਨੂੰ ਅਮਲੀ ਜਾਮਾ ਪਹਿਨਾਉਣ ਲਈ ਦਿਨ-ਰਾਤ ਵਿਉਂਤਬੰਦੀਆਂ ਕਰ ਰਹੀ ਹੈ।ਆਗੂਆਂ ਨੇ ਕਿਹਾ ਕਿ ਪਾਵਰਕਾਮ ਅਦਾਰੇ ਦਾ ਭੋਗ ਪਾਉਣ ਵਾਲੀਆਂ ਨੀਤੀਆਂ ਖਿਲਾਫ਼ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ।ਕੇਂਦਰ ਦੀ ਮੋਦੀ ਸਰਕਾਰ ਆਉਣ ਵਾਲੇ ਬਜਟ ਸੈਸ਼ਨ ਦੌਰਾਨ ਬਿਜਲੀ ਸੋਧ ਬਿੱਲ ਪਾਸ ਕਰਕੇ ਪਾਵਰ ਸੈਕਟਰ ਨੂੰ ਪੂੰਜੀਪਤੀਆਂ ਹਵਾਲੇ ਕਰਨਾ ਚਾਹੁੰਦੀ ਹੈ, ਜਿਸ ਨਾਲ ਬਿਜਲੀ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਵੇਗੀ। ਆਗੂਆਂ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਖਰੜੇ ਅਤੇ ਚਾਰ ਲੇਬਰ ਕੋਡਾਂ ਖਿਲਾਫ਼ 16 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫਤਰਾਂ ਸਾਹਮਣੇ ਹੋਣ ਵਾਲੇ ਰੋਸ ਧਰਨਿਆਂ ਨੂੰ ਕਾਮਯਾਬ ਕਰਨ ਦਾ ਸੱਦਾ ਦਿੱਤਾ।

• ਬਾਕੀ ਸਫਾ 2 'ਤੇ

## ਭਿੱਖੀਵਿੰਡ ਵਿਖੇ ਮੁਕਾਬਲੇ 'ਚ ਗੈਂਗਸਟਰ ਹਲਾਕ



**ਤਰਨਤਾਰਨ :** ਤਰਨਤਾਰਨ ਪੁਲਿਸ ਅਤੇ ਸੀ.ਆਈ.ਏ. ਸਟਾਫ਼ ਦੇ ਸਾਂਝੇ ਆਪ੍ਰੇਸ਼ਨ ਦੌਰਾਨ ਭਿੱਖੀਵਿੰਡ ਵਿਖੇ ਪੁਲਿਸ ਮੁਕਾਬਲੇ ਦੌਰਾਨ ਗੈਂਗਸਟਰ ਵਲੋਂ ਚਲਾਈਆਂ ਗਈਆਂ ਗੋਲੀਆਂ ਵਿਚੋਂ ਇਕ ਗੋਲੀ ਪੁਲਿਸ ਮੁਲਾਜ਼ਮ ਦੇ ਵੀ ਲੱਗੀ ਪਰ ਉਸ ਵਲੋਂ ਬੁਲੇਟ ਪਰੂਫ ਜੈਕਟ ਪਾਈ ਹੋਣ ਕਾਰਨ ਉਸ ਦਾ ਬਚਾਅ ਹੋ ਗਿਆ । ਪੁਲਿਸ ਮੁਕਾਬਲੇ ਦੌਰਾਨ ਮਾਰੇ ਗਏ ਗੈਂਗਸਟਰ ਦੀ ਪਛਾਣ ਹਰਨੂਰ ਸਿੰਘ ਵਾਸੀ ਕੱਥੂ ਨੰਗਲ ਵਜੋਂ ਹੋਈ। ਇਸ ਗੈਂਗਸਟਰ ਦੇ ਸੰਬੰਧ ਪ੍ਰਭ ਦਾਸੂਵਾਲ ਅਤੇ ਅਫਰੀਦੀ ਗੈਂਗ ਨਾਲ ਵੀ ਦੱਸੇ ਜਾ ਰਹੇ ਹਨ ਉਕਤ ਗੈਂਗਸਟਰ ਦਾ ਬੀਤੇ ਦਿਨੀਂ ਅੰਮ੍ਰਿਤਸਰ ਦੇ ਇਕ ਰਿਜ਼ੋਰਟ ਵਿਚ ਹੋਏ ਸਰਪੰਚ ਜਰਮਲ ਸਿੰਘ ਦੇ ਕਤਲ ਨਾਲ ਵੀ ਸੰਬੰਧ ਸੀ।



ਜੰਮੂ-ਕਸ਼ਮੀਰ ਦੇ ਗੰਦਰਬਲ 'ਚ ਪਈ ਬਰਫ਼ ਨਾਲ ਢਕੇ 1300 ਸਾਲ ਪੁਰਾਣੇ ਨਾਰਾਨਾਗ ਮੰਦਰ ਦਾ ਮਨਮੋਹਕ ਦ੍ਰਿਸ਼।

## ਲੁਧਿਆਣਾ 'ਚ ਨੈਸ਼ਨਲ ਸਕੂਲ ਖੇਡਾਂ ਸ਼ੁਰੂ



**ਲੁਧਿਆਣਾ :** ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਮੰਗਲਵਾਰ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿਖੇ 69ਵੀਆਂ ਨੈਸ਼ਨਲ ਸਕੂਲ ਖੇਡਾਂ ਦਾ ਰਸਮੀ ਆਗਾਜ਼ ਕੀਤਾ ਗਿਆ। 16 ਜਨਵਰੀ ਤੱਕ ਚੱਲਣ ਵਾਲੀਆਂ ਖੇਡਾਂ ਵਿੱਚ ਕੇਂਦਰੀ ਵਿਦਿਆਲਿਆ, ਨਵੋਦਿਆ ਵਿਦਿਆਲਿਆ ਅਤੇ ਵਿਦਿਆ ਭਾਰਤੀ ਸਕੂਲਾਂ ਸਮੇਤ ਸਾਰੇ ਰਾਜਾਂ, ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਦੇ ਖਿਡਾਰੀ ਹਿੱਸਾ ਲੈ ਰਹੇ ਹਨ।

ਬੈਂਸ ਨੇ ਕਿਹਾ ਕਿ ਇਨ੍ਹਾਂ ਖੇਡਾਂ ਦੌਰਾਨ ਜੂਡੋ ਅੰਡਰ-14 (ਲੜਕੇ ਤੇ ਲੜਕੀਆਂ), ਤਾਇਕਵਾਂਡੋ ਅੰਡਰ-14 (ਲੜਕੀਆਂ) ਅਤੇ ਗੱਤਕਾ ਅੰਡਰ-19 (ਲੜਕੇ ਤੇ ਲੜਕੀਆਂ) ਦੇ ਰੋਮਾਂਚਕ ਮੁਕਾਬਲੇ ਹੋਣਗੇ। ਇਹ ਖੇਡ ਮੁਕਾਬਲੇ ਸਥਾਨਕ ਬੀ ਸੀ ਐੱਮ ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਸ਼ਾਸਤਰੀ ਨਗਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੀ ਏ ਯੂ ਲੁਧਿਆਣਾ ਅਤੇ ਓਪਨ ਏਅਰ ਥੀਏਟਰ ਪੀ ਏ ਯੂ ਲੁਧਿਆਣਾ ਸਮੇਤ ਵੱਖ-ਵੱਖ ਥਾਵਾਂ 'ਤੇ ਕਰਵਾਏ ਜਾਣਗੇ।

ਉਨ੍ਹਾ ਦੱਸਿਆ ਕਿ ਪੰਜਾਬ ਦੇ ਨਾਲ ਲੁਧਿਆਣਾ ਸ਼ਹਿਰ ਲਈ ਵੀ ਇਹ ਬੜੇ ਮਾਣ ਵਾਲੀ ਗੱਲ ਹੈ ਜਿੱਥੇ 69ਵੀਂ ਨੈਸ਼ਨਲ ਖੇਡਾਂ ਕਰਵਾਉਣ ਦਾ ਮੌਕਾ ਮਿਲਿਆ ਹੈ, ਜਿਸ ਵਿੱਚ ਪੂਰੇ ਪੰਜਾਬ, ਜੰਮੂ-ਕਸ਼ਮੀਰ, ਲੱਦਾਖ, ਆਂਧਰਾ ਪ੍ਰਦੇਸ, ਨਾਰਥ ਈਸਟ ਤੋਂ 1000 ਤੋਂ ਵੱਧ ਖਿਡਾਰੀ ਅਤੇ 350 ਤੋਂ ਵੱਧ ਕੋਚ ਸਹਿਬਾਨ ਪੁੱਜੇ ਹਨ।

ਉਨ੍ਹਾ ਦੱਸਿਆ ਕਿ ਬੇਸ਼ੱਕ ਠੰਢ ਪੈ ਰਹੀ ਹੈ, ਪਰ ਪ੍ਰਸ਼ਾਸ਼ਨ ਵੱਲੋਂ ਪਹਿਲਾਂ ਹੀ ਪੁਖਤਾ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਗਿਆ, ਜਿਨ੍ਹਾਂ ਵਿੱਚ ਖਿਡਾਰੀਆਂ ਲਈ ਰਿਹਾਇਸ਼, ਭੋਜਨ, ਟਰਾਂਸਪੋਰਟੇਸ਼ਨ, ਸੁਰੱਖਿਆ ਲਈ ਪੀ ਸੀ ਆਰ ਟੀਮਾਂ ਤਾਇਨਾਤ ਕਰਨਾ, ਖੇਡ ਮੈਦਾਨਾਂ ਵਿੱਚ ਸੀ ਸੀ ਟੀ ਵੀ ਕੈਮਰੇ ਲਗਾਉਣੇ ਆਦਿ ਸ਼ਾਮਲ ਹਨ।

## ਅੱਜ-ਨਾਮਾ

ਰਹਿੰਦਾ ਸਾਲ ਦਾ ਸਮਾਂ ਬੱਸ ਮਸਾਂ ਬਾਕੀ,
ਸੱਤਾ ਲਈ ਜੰਗ ਵੀ ਵਧੀ ਆ ਹੋਰ ਬੇਲੀ।
ਕਿਹੜੀ ਪਾਰਟੀ ਵਿੱਚ ਦਾਅਵੇਦਾਰ ਕਿੰਨੇ,
ਕਿਹੜੇ-ਕਿਹੜੇ ਦਾ ਪੈਂਦਾ ਏ ਸ਼ੋਰ ਬੇਲੀ।
ਸਾਰੇ ਹੀ ਸੋਚ ਰਹੇ, ਮੇਰੀ ਬੱਸ ਬਾਤ ਚੱਲੇ,
ਕੋਈ ਨਾ ਬਾਕੀਆਂ ਲਈ ਲਾਵੇ ਜ਼ੋਰ ਬੇਲੀ।
ਚੜ੍ਹੀ ਫਿਰ ਕਿਸੇ ਦੀ ਗੁੱਡੀ ਵੀ ਜਾਏ ਕੱਟੀ,
ਕੱਟ ਜਾਏ ਗੁੱਡੀ ਕੋਈ ਜ਼ੋਰ ਦੀ ਡੋਰ ਬੇਲੀ।
ਦਿਨੋ-ਦਿਨ ਸੁਣੀਂਦੇ ਇਹੀ ਹਨ ਰੋਜ਼ ਚਰਚੇ,
ਕਈਆਂ ਦੀ ਮੀਡੀਏ ਉੱਪਰ ਆ ਟੇਕ ਬੇਲੀ।
ਦਾਅਵੇ-ਜ਼ਿਕਰ ਕਈ ਰੋਜ਼ ਹਨ ਛਪੀ ਜਾਂਦੇ,
ਹੁੰਦੇ ਹਨ ਸਹੀ ਥੋੜ੍ਹੇ, ਤੇ ਬਹੁਤੇ ਫੇਕ ਬੇਲੀ।

-ਤੀਸ ਮਾਰ ਖਾਂ

## ਭੌਂ ਮਾਲੀਆ ਸੈੱਸ ਨੂੰ ਲੈ ਕੇ ਹਿਮਾਚਲ ਤੇ ਪੰਜਾਬ ਵਿਚਾਲੇ ਛਿੜਿਆ ਨਵਾਂ ਕਲੇਸ਼

**ਚੰਡੀਗੜ੍ਹ :** ਹਿਮਾਚਲ ਪ੍ਰਦੇਸ਼ ਵੱਲੋਂ ਭੌਂ ਮਾਲੀਆ ਸੈੱਸ' ਲਗਾਏ ਜਾਣ 'ਤੇ ਪੰਜਾਬ ਤੇ ਗਵਾਂਢੀ ਰਾਜ ਦਰਮਿਆਨ ਹੁਣ ਸਿਆਸੀ ਕਲੇਸ਼ ਛਿੜ ਗਿਆ ਹੈ। ਆਮ ਆਦਮੀ ਪਾਰਟੀ ਨੇ ਜਿੱਥੇ ਹਿਮਾਚਲ ਪ੍ਰਦੇਸ਼ ਦੀ ਕਾਂਗਰਸ ਸਰਕਾਰ ਨੂੰ ਨਿਸ਼ਾਨੇ 'ਤੇ ਲਿਆ ਹੈ, ਉੱਥੇ ਪੰਜਾਬ ਕਾਂਗਰਸ 'ਤੇ ਵੀ ਸੁਆਲ ਖੜ੍ਹੇ ਕੀਤੇ ਹਨ। ਚੇਤੇ ਰਹੇ ਕਿ ਹਿਮਾਚਲ ਸਰਕਾਰ ਨੇ ਲੰਘੇ ਸਾਲ 12 ਦਸੰਬਰ ਨੂੰ ਗਜ਼ਟ ਨੋਟੀਫਿਕੇਸ਼ਨ ਜਾਰੀ ਕਰਕੇ ਹਾਈਡਰੋ ਪ੍ਰੋਜੈਕਟਾਂ 'ਤੇ 'ਭੌਂ ਮਾਲੀਆ ਸੈੱਸ' ਲਗਾ ਦਿੱਤਾ ਹੈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੂੰ ਇਸ ਸੈੱਸ ਵਜੋਂ ਸਾਲਾਨਾ ਕਰੀਬ 433 ਕਰੋੜ ਰੁਪਏ ਤਾਰਨੇ ਪੈਣਗੇ। ਹਿਮਾਚਲ ਦੇ 'ਭੌਂ ਮਾਲੀਆ ਸੈੱਸ' ਦਾ ਕਰੀਬ 200 ਕਰੋੜ ਦਾ ਵਿੱਤੀ ਬੋਝ ਇਕੱਲੇ ਪੰਜਾਬ 'ਤੇ ਪਵੇਗਾ, ਜਦੋਂ ਕਿ ਹਰਿਆਣਾ ਤੇ ਰਾਜਸਥਾਨ ਵੀ ਇਸ ਤੋਂ ਪ੍ਰਭਾਵਿਤ ਹੋਣਗੇ। ਇਸ ਤੋਂ ਪਹਿਲਾਂ ਹਿਮਾਚਲ ਪ੍ਰਦੇਸ਼ ਸਰਕਾਰ ਨੇ 'ਜਲ ਸੈੱਸ' ਲਗਾ ਦਿੱਤਾ ਸੀ, ਜਿਸ ਦਾ 400 ਕਰੋੜ ਦਾ ਵਿੱਤੀ ਭਾਰ ਪੰਜਾਬ 'ਤੇ ਪੈਣਾ ਸੀ ਪ੍ਰੰਤੂ ਹਿਮਾਚਲ ਪ੍ਰਦੇਸ਼ ਦੀ ਹਾਈ ਕੋਰਟ ਨੇ ਇਸ ਜਲ ਸੈੱਸ ਨੂੰ ਗੈਰ ਸੰਵਿਧਾਨਿਕ ਕਰਾਰ ਦੇ ਦਿੱਤਾ ਸੀ। ਕੇਂਦਰ ਸਰਕਾਰ ਨੇ ਵੀ ਇਸ ਨੂੰ ਗੈਰ ਕਾਨੂੰਨੀ ਐਲਾਨ ਦਿੱਤਾ ਸੀ। ਹੁਣ ਹਿਮਾਚਲ ਨੇ ਨਵਾਂ ਭੌਂ ਮਾਲੀਆ ਸੈੱਸ ਲਗਾ ਦਿੱਤਾ ਹੈ। ਆਮ ਆਦਮੀ ਪਾਰਟੀ ਦੇ ਬੁਲਾਰੇ ਨੀਲ ਗਰਗ ਨੇ ਹਿਮਾਚਲ ਦੇ ਭੌਂ ਮਾਲੀਆ ਸੈੱਸ ਨੂੰ ਸਿੱਧੇ ਤੌਰ 'ਤੇ ਪੰਜਾਬ ਦੀ ਜੇਬ 'ਤੇ ਹਮਲਾ ਕਰਾਰ ਦਿੱਤਾ ਹੈ ਅਤੇ ਕਿਹਾ ਹੈ ਕਿ 'ਆਪ' ਤਰਫ਼ੋਂ ਇਸ ਦੇ ਖਿਲਾਫ਼ ਹਰ ਫ਼ਰੰਟ 'ਤੇ ਲੜਾਈ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਹਿਮਾਚਲ ਦੀ ਕਾਂਗਰਸ ਸਰਕਾਰ ਨੇ ਚੰਡੀਗੜ੍ਹ 'ਤੇ ਆਪਣਾ ਦਾਅਵਾ ਕਰ ਦਿੱਤਾ ਸੀ ਅਤੇ ਹੁਣ ਭੌਂ ਮਾਲੀਆ ਸੈੱਸ ਲਗਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਆਪਣਾ ਸਟੈਂਡ ਸਪੱਸ਼ਟ ਕਰੇ ਕਿ ਕੀ ਉਹ ਇਸ ਮਾਮਲੇ 'ਤੇ ਪੰਜਾਬ ਨਾਲ ਹੈ। ਉਨ੍ਹਾ ਕਿਹਾ ਕਿ ਕੇਂਦਰ ਨੂੰ ਵੀ ਇਸ ਮੁੱਦੇ 'ਚ ਦਖਲ ਦੇਣਾ ਚਾਹੀਦਾ ਹੈ। ਨੀਲ ਗਰਗ ਨੇ ਕਿਹਾ ਕਿ ਭੌਂ ਮਾਲੀਆ ਸੈੱਸ ਦੀ ਵਾਪਸੀ ਬਾਰੇ ਹਿਮਾਚਲ ਸਰਕਾਰ ਨੂੰ ਲਿਖਿਆ ਜਾਵੇਗਾ। ਦੂਸਰੇ ਪਾਸੇ ਹਿਮਾਚਲ ਪ੍ਰਦੇਸ਼ ਦੇ ਮਾਲ ਮੰਤਰੀ ਜਗਤ ਸਿੰਘ ਨੇਗੀ ਦਾ ਕਹਿਣਾ ਹੈ ਕਿ ਹਿਮਾਚਲ ਸਰਕਾਰ ਨੂੰ ਆਪਣੇ ਸੂਬੇ 'ਚ ਜ਼ਮੀਨ 'ਤੇ ਭੌਂ ਮਾਲੀਆ ਲੈਣ ਦਾ ਅਧਿਕਾਰ ਹੈ ਅਤੇ ਪੰਜਾਬ ਦਾ ਵਿਰੋਧ ਬੇਤੁਕਾ ਹੈ। ਉਨ੍ਹਾ ਕਿਹਾ ਕਿ ਪਹਿਲਾਂ ਹੀ ਹਿਮਾਚਲ ਨਾਲ ਅਨਿਆਂ ਹੋ ਰਿਹਾ ਹੈ।

## ਅਦਾਲਤ ਦਾ ਦਰਵਾਜ਼ਾ ਖੜਕਾਵਾਂਗੇ : ਗੋਇਲ

**ਚੰਡੀਗੜ੍ਹ :** ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਿਮਾਚਲ ਸਰਕਾਰ ਵੱਲੋਂ 'ਭੌਂ ਮਾਲੀਆ ਸੈੱਸ' ਲਾਏ ਜਾਣ ਦੇ ਫ਼ੈਸਲੇ ਦੇ ਖ਼ਿਲਾਫ਼ ਸਟੈਂਡ ਲੈਂਦਿਆਂ ਕਿਹਾ ਕਿ ਜੇਕਰ ਹਿਮਾਚਲ ਨੇ ਕੋਈ ਬੋਝ ਪੰਜਾਬ 'ਤੇ ਪਾਇਆ ਤਾਂ ਪੰਜਾਬ ਸਰਕਾਰ ਅਦਾਲਤ ਦਾ ਰੁਖ਼ ਕਰੇਗੀ। ਉਨ੍ਹਾ ਕਿਹਾ ਕਿ ਹਿਮਾਚਲ ਸਰਕਾਰ ਨੇ ਬਿਨਾਂ ਕਿਸੇ ਹਿੱਸੇਦਾਰ ਸੂਬਿਆਂ ਨਾਲ ਮਸ਼ਵਰਾ ਕੀਤੇ ਭੌਂ ਮਾਲੀਆ ਸੈੱਸ ਲਾਉਣ ਦਾ ਫ਼ੈਸਲਾ ਕੀਤਾ ਹੈ, ਜੋ ਪੂਰੀ ਤਰ੍ਹਾਂ ਗੈਰ-ਵਾਜਬ ਹੈ। ਗੋਇਲ ਨੇ ਕਿਹਾ ਕਿ ਪੰਜਾਬ ਦੇ ਡੈਮ ਤਾਂ 62 ਸਾਲ ਪੁਰਾਣੇ ਹਨ ਅਤੇ ਇਹ ਜਨਤਿਕ ਹਿੱਤਾਂ ਲਈ ਉਸਾਰੇ ਗਏ ਸਨ। ਜਲ ਸਰੋਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਕੋਲ ਆਪਣਾ ਇਤਰਾਜ਼ ਦਰਜ ਕਰਾ ਦਿੱਤਾ ਹੈ, ਪ੍ਰੰਤੂ ਬੀ ਬੀ ਐੱਮ ਬੀ ਵੀ ਔਖ ਦੇ ਸਮਿਆਂ 'ਚ ਪੰਜਾਬ ਦੇ ਨਾਲ ਕਦੇ ਨਹੀਂ ਖੜੀ। ਉਨ੍ਹਾ ਕਿਹਾ ਕਿ ਪਹਾੜਾਂ ਦਾ ਬਰਸਾਤੀ ਪਾਣੀ ਪੰਜਾਬ 'ਚ ਹੜ੍ਹਾਂ ਦਾ ਕਾਰਨ ਬਣਿਆ ਅਤੇ ਪੰਜਾਬ ਨੂੰ ਹਮੇਸ਼ਾ ਖ਼ਮਿਆਜ਼ਾ ਭੁਗਤਣਾ ਪਿਆ। ਉਨ੍ਹਾਂ ਕਿਹਾ ਕਿ ਉੱਪਰੋਂ ਹੁਣ

• ਬਾਕੀ ਸਫਾ 2 'ਤੇ

## ਸੁਰਜੀਤ ਕੌਰ ਬੈਂਸ ਦਾ ਦੇਹਾਂਤ



**ਚੰਡੀਗੜ੍ਹ (ਰੈਕਟਰ ਕਥੂਰੀਆ/ ਕਾਰਤਿਕਾ ਕਲਿਆਣੀ ਸਿੰਘ)**

ਪੰਜਾਬੀ ਦੀ ਬਹੁ-ਵਿਧਾਵੀ ਲੇਖਕਾ ਸੁਰਜੀਤ ਕੌਰ ਬੈਂਸ (86) ਦਾ ਸੰਖੇਪ ਬਿਮਾਰੀ ਤੋਂ ਬਾਅਦ ਮੰਗਲਵਾਰ ਤੜਕਸਾਰ ਮੁਹਾਲੀ ਦੇ ਆਪਣੇ ਘਰ ਵਿਚ ਦੇਹਾਂਤ ਹੋ ਗਿਆ। ਉਹ 86 ਵਰ੍ਹਿਆਂ ਦੇ ਸਨ।ਉਨ੍ਹਾ ਦਾ ਅੰਤਮ ਸੰਸਕਾਰ 8 ਜਨਵਰੀ ਨੂੰ ਦੁਪਹਿਰ 12.30 ਵਜੇ ਬਲੌਂਗੀ ਦੇ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ।

ਪੰਜਾਬੀ ਕਵਿਤਾ, ਕਹਾਣੀ ਅਤੇ ਵਾਰਤਕ ਵਿਚ ਇੱਕੋ ਜਿੰਨੀ ਸ਼ਿੱਦਤ ਅਤੇ ਸਮਰੱਥਾ ਨਾਲ਼ ਲਿਖਣ ਵਾਲੇ ਸੁਰਜੀਤ ਕੌਰ ਬੈਂਸ 10 ਦੇ ਕਰੀਬ ਪੁਸਤਕਾਂ ਦੇ ਰਚੇਤਾ ਸਨ। ਉਨ੍ਹਾ ਦੀਆਂ ਬੇਹੱਦ ਪਸੰਦ ਕੀਤੀਆਂ ਗਈਆਂ ਕਿਤਾਬਾਂ ਵਿਚ ਇਕ ਰਾਤ ਜਾਗਦੀ ਏ (1969), ਰੀਝਾਂ (2006), ਸੁਨੈਣਾ (2008), ਰੇਸ਼ਮੀ ਕੁੜੀ (2014), ਸੁਣ ਸੁਰਜੀਤ (2018) ਅਤੇ ਮੈਂ ਤੇ ਮੇਰੇ (2023) ਸ਼ਾਮਲ ਹਨ।ਉਨ੍ਹਾ ਦੀਆਂ ਲਿਖਤਾਂ ਨਾ ਸਿਰਫ਼ ਜੀਵਨ ਦੀਆਂ ਗਹਿਰਾਈਆਂ ਨੂੰ ਉਜਾਗਰ ਕਰਦੀਆਂ ਹਨ, ਸਗੋਂ ਔਰਤਾਂ ਦੇ ਅੰਦਰੂਨੀ ਸੰਘਰਸ਼ਾਂ ਅਤੇ ਸਮਾਜਿਕ ਹਕੀਕਤਾਂ ਨੂੰ ਵੀ ਬੇਬਾਕ ਤਰੀਕੇ ਨਾਲ ਪੇਸ਼ ਕਰਦੀਆਂ ਹਨ।

ਸੁਰਜੀਤ ਕੌਰ ਬੈਂਸ ਆਪਣੀ ਲਿਖਤਾਂ ਵਾਂਗ ਹੀ ਬੇਹੱਦ ਦਿਲਚਸਪ ਅਤੇ ਜ਼ਿੰਦਾ-ਦਿਲ ਇਨਸਾਨ ਸਨ। ਉਨ੍ਹਾ ਉਮਰ ਭਰ ਜ਼ਿੰਦਗੀ ਦੀਆਂ ਤਮਾਮ ਮੁਸੀਬਤਾਂ ਦਾ ਹੱਸ ਕੇ ਟਾਕਰਾ ਹੀ ਨਹੀਂ ਕੀਤਾ, ਸਗੋਂ ਸ਼ਬਦਾਂ ਦੇ ਆਸਰੇ ਨਵੇਂ ਰਾਹ-ਰਸਤੇ ਤਲਾਸ਼ ਕਰਨ ਵਿਚ ਵੀ ਸਫਲ ਰਹੇ।

ਸੁਰਜੀਤ ਕੌਰ ਬੈਂਸ ਦੇ ਅਚਾਨਕ ਦੇਹਾਂਤ 'ਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸਾਬਕਾ ਚੇਅਰਮੈਨ ਸ਼ੇਖ਼ ਬਾਬਾ ਫ਼ਰੀਦ ਚੇਅਰ

• ਬਾਕੀ ਸਫਾ 2 'ਤੇ

## ਰਾਮ ਰਹੀਮ ਨੂੰ ਪੈਰੋਲ ਦੇਣਾ ਤੇ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਚਿੰਤਾ ਦਾ ਵਿਸ਼ਾ : ਕਾਲਾਬੂਲਾ



**ਧੂਰੀ (ਰਣਜੀਤ ਪੇਧਨੀ/ਬਿੰਨੀ ਗਰਗ)**-ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਇਕ ਵਾਰ ਮੁੜ ਪੈਰੋਲ ਦੇ ਦਿੱਤੀ ਗਈ ਹੈ, ਜੋ ਕਿ ਸਿੱਖ ਹਿਰਦਿਆਂ ਲਈ ਭਾਰੀ ਠੇਸ ਦੀ ਗੱਲ ਹੈ ਕਿਉਂਕਿ ਡੇਰਾ ਮੁਖੀ ਕਤਲ ਤੇ ਜਬਰ ਜ਼ਨਾਹ ਦੇ ਗੰਭੀਰ ਦੋਸ਼ਾਂ ਦੇ ਨਾਲ ਦਸਮ ਪਾਤਸ਼ਾਹ ਦੇ ਸਵਾਂਗ ਰਚਨ ਦਾ ਵੀ ਦੋਸ਼ੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਉਸ ਦੇ ਕੀਤੇ ਦੀ ਸਜ਼ਾ ਅਦਾਲਤ ਵੱਲੋਂ ਦਿੱਤੀ ਗਈ ਹੈ।ਇਸ ਦੇ ਬਾਵਜੂਦ ਸਰਕਾਰਾਂ ਰਾਮ ਰਹੀਮ ਨੂੰ ਵਾਰ ਵਾਰ ਪੈਰੋਲ ਦੇ ਰਹੀਆਂ ਹਨ।ਉਨ੍ਹਾਂ ਗੁੱਸਾ ਜਤਾਉਂਦਿਆਂ ਕਿਹਾ ਕਿ ਇੱਕ ਪਾਸੇ ਸਿੱਖ ਕੈਦੀ, ਜੋ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ, ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ, ਜਦਕਿ ਦੂਜੇ ਪਾਸੇ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ 'ਤੇ ਛੱਡਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਆਪਣਾ ਦੋਹਰਾ ਮਾਪਦੰਡ ਵਰਤ ਰਹੀ ਹੈ ਤੇ ਲੋਕਾਂ ਨੂੰ ਇਹ ਜਾਣਨ ਦਾ ਹੱਕ ਹੈ ਕਿ ਰਾਮ ਰਹੀਮ ਨੂੰ ਲਗਾਤਾਰ ਪੈਰੋਲ ਕਿਉਂ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਵੱਲੋਂ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇਣ ਦਾ ਵਿਰੋਧ ਕੀਤਾ ਜਾਂਦਾ ਹੈ, ਪਰ ਫਿਰ ਵੀ ਸਰਕਾਰਾਂ ਉਸ ਨੂੰ ਪੈਰੋਲ ਦੇ ਰਹੀਆਂ ਹਨ, ਜਦਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਰਾਮ ਰਹੀਮ ਨੂੰ ਵਾਰ ਵਾਰ ਪੈਰੋਲ ਮਿਲਣ ਕਾਰਨ ਸੂਬਾ ਸਰਕਾਰ 'ਤੇ ਕਈ ਤਰ੍ਹਾਂ ਦੇ ਸਵਾਲ ਉੱਠ ਰਹੇ ਹਨ।

## ਗੁਰਨਾਇਕ ਸਿੰਘ ਤੇ ਅਕਸਨੀਰ ਕੌਰ ਨੇ ਸ਼ੂਟਿੰਗ ਮੁਕਾਬਲਿਆਂ 'ਚ ਨਾਂਅ ਰੌਸ਼ਨ ਕੀਤਾ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਲਈ ਇਹ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਖਿਡਾਰੀਆਂ ਨੂੰ 69ਵੇਂ ਰਾਸ਼ਟਰੀ ਰਾਈਫਲ ਸ਼ੂਟਿੰਗ ਮੁਕਾਬਲੇ ਜੋ 5 ਜਨਵਰੀ ਤੋਂ 9 ਜਨਵਰੀ ਤੱਕ ਭੁਪਾਲ ਵਿਖੇ ਕੀਤੇ ਜਾ ਹਨ, ਵਿੱਚ ਪੰਜਾਬ ਦੀ ਅਗਵਾਈ ਕਰਨ ਦਾ ਮੌਕਾ ਮਿਲਿਆ।ਸਕੂਲ ਦੇ ਵਿਦਿਆਰਥੀ ਗੁਰਨਾਇਕ ਸਿੰਘ ਤੇ ਅਕਸਨੀਰ ਕੌਰ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਸਟੇਟ ਦੀ ਪ੍ਰਤੀਨਿਧਤਾ ਕਰਕੇ ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ, ਜੋ ਸਕੂਲ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ੍ਰੀਮਤੀ ਨਮਿਤਾ ਬਾਂਸਲ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਗੀਤਾ ਪਿੱਲੇ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹ ਉਹਨਾਂ ਲਈ ਬੜੇ ਫ਼ਖਰ ਦੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਪੱਧਰ ਤੇ ਨਾਮਣਾ ਖੱਟਿਆ ਹੈ।ਉਨ੍ਹਾਂ ਕਿਹਾ ਕਿ ਉਹ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ ਤੇ ਚੰਗਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੀ ਹਰ ਸੰਭਵ ਮਦਦ ਕਰਨ ਦੀ ਕੋਸ਼ਿਸ਼ ਕਰਦੇ ਰਹਿਣਗੇ ਤਾਂ ਜੁ ਉਹ ਚੰਗੇ ਖਿਡਾਰੀ ਹੋਣ ਦੇ ਨਾਲ-ਨਾਲ ਚੰਗੇ ਇਨਸਾਨ ਵੀ ਬਣ ਸਕਣ।

# ਟਰੰਪ ਕੁਦਰਤੀ ਸਰੋਤਾਂ ਨਾਲ ਭਰਪੂਰ ਦੇਸ਼ਾਂ 'ਤੇ ਆਪਣਾ ਥਾਣੇਦਾਰੀ ਰੋਹਬ ਵਰਤ ਰਿਹੈ : ਕਾਮਰੇਡ ਵਿਰਕ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸਿਰਸਾ ਦੀ ਮੀਟਿੰਗ ਕਾਮਰੇਡ ਬਲਵੰਤ ਸਿੰਘ ਸੰਤਨਗਰ ਦੀ ਪ੍ਰਧਾਨਗੀ ਹੇਠ ਬਾਬਾ ਬੰਤਾ ਸਿੰਘ ਭਵਨ ਰਾਣੀਆਂ ਵਿਖੇ ਹੋਈ।ਮੀਟਿੰਗ ਦੌਰਾਨ ਲੇਖਕ ਕਰਨੈਲ ਸਿੰਘ ਅਸਪਾਲ ਦੀ ਪਤਨੀ ਬੀਬੀ ਬੇਅੰਤ ਕੌਰ ਦੇ ਦੇਹਾਂਤ 'ਤੇ ਸ਼ੋਕ ਪ੍ਰਗਟ ਕੀਤਾ ਗਿਆ।ਵੈਨੇਜ਼ੁਏਲਾ ਦੇ ਰਾਸ਼ਟਰਪਤੀ ਦੇ ਪਰਿਵਾਰ ਨੂੰ ਅਮਰੀਕਾ ਦੁਆਰਾ ਗ੍ਰਿਫ਼ਤਾਰ ਕੀਤੇ ਜਾਣ ਤੇ ਉਨ੍ਹਾਂ ਦੇ ਦੇਸ਼ 'ਤੇ ਹਮਲੇ 'ਤੇ ਚਿੰਤਾ ਅਤੇ ਵਿਰੋਧ ਪ੍ਰਗਟ ਕੀਤਾ ਗਿਆ।31 ਦਸੰਬਰ 2025 ਨੂੰ ਸੇਵਾਮੁਕਤ ਹੋਏ ਪ੍ਰੋ. ਹਰਵਿੰਦਰ ਸਿੰਘ ਸਿਰਸਾ ਵੀ ਅੱਜ ਮੀਟਿੰਗ ਵਿੱਚ ਸ਼ਾਮਲ ਹੋਏ।ਮੀਟਿੰਗ ਵਿੱਚ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁਵਰਨ ਸਿੰਘ ਵਿਰਕ ਨੇ ਕਿਹਾ ਕਿ ਪ੍ਰੋਫੈਸਰ ਹਰਵਿੰਦਰ ਸਿੰਘ ਸਿਰਸਾ ਦੀ ਪ੍ਰਗਤੀਸ਼ੀਲ ਵਚਨਬੱਧਤਾ ਭਵਿੱਖ ਵਿੱਚ ਪਾਰਟੀ ਲਈ ਮਾਰਗ ਦਰਸ਼ਕ ਵਜੋਂ ਕੰਮ ਕਰੇਗੀ।ਉਨ੍ਹਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਟਰੰਪ ਕੁਦਰਤੀ ਸਰੋਤਾਂ ਨਾਲ ਭਰਪੂਰ ਦੇਸ਼ਾਂ 'ਤੇ ਆਪਣਾ ਥਾਣੇਦਾਰੀ ਰੋਹਬ ਵਰਤ ਰਹੇ ਹਨ, ਜੋ ਨਿੰਦਣਯੋਗ ਹੈ।ਮੋਦੀ ਸਰਕਾਰ ਮਨਰੇਗਾ ਦਾ ਨਾਮ ਬਦਲ ਕੇ ਇਸ ਨੂੰ ਖਤਮ ਕਰਨ ਤੇ ਤੁਲੀ ਹੋਈ ਹੈ।ਡਾ. ਸੁਖਦੇਵ ਸਿੰਘ ਜੰਮੂ ਨੇ ਨਾਗਪੁਰ ਵਿੱਚ ਹੋਈ ਰਾਸ਼ਟਰੀ ਪ੍ਰੀਸ਼ਦ ਦੀ ਮੀਟਿੰਗ ਵਿੱਚ ਤੈਅ ਕੀਤੇ ਗਏ ਕਾਰਜਾਂ 'ਤੇ ਚਰਚਾ ਕਰਦੇ ਹੋਏ ਕਿਹਾ ਕਿ ਬਿਜਲੀ ਇੰਜੀਨੀਅਰਾਂ, ਕਰਮਚਾਰੀ ਸੰਗਠਨਾਂ ਤੇ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ 15 ਜਨਵਰੀ ਨੂੰ ਜੀਂਦ ਵਿੱਚ ਇੱਕ ਮਹਾਂਪੰਚਾਇਤ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਰਿਆਣਾ ਭਰ ਦੇ ਕਿਸਾਨ ਤੇ ਮਜ਼ਦੂਰ ਹਿੱਸਾ ਲੈਣਗੇ।16 ਜਨਵਰੀ ਨੂੰ ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ 2025 ਦੇ ਵਿਰੁੱਧ ਜ਼ਿਲ੍ਹਾ ਹੈੱਡਕੁਆਰਟਰ 'ਤੇ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮਜ਼ਦੂਰ, ਕਰਮਚਾਰੀ ਤੇ ਕਿਸਾਨ ਸੰਗਠਨਾਂ ਨੇ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਹੈ।ਮੀਟਿੰਗ ਵਿੱਚ ਪ੍ਰੋਫੈਸਰ ਹਰਵਿੰਦਰ ਸਿੰਘ ਸਿਰਸਾ, ਪ੍ਰੀਤਪਾਲ ਸਿੱਧੂ, ਬਲਰਾਜ ਵਣੀ, ਤਿਲਕ ਰਾਜ ਵਿਨਾਇਕ, ਭਜਨ ਲਾਲ ਬਾਜੇਕਾ, ਪਾਲਾ ਸਿੰਘ ਚੀਮਾ, ਹੈਪੀ ਬਖਸ਼ੀ, ਲਛਮਣ ਸਿੰਘ ਸ਼ੇਖਾਵਤ, ਹਰਦੇਵ ਜੋਸ਼, ਬਲਵੰਤ ਸਿੰਘ, ਕੁਲਦੀਪ ਕਰੀਵਾਲਾ, ਗੁਰਨਾਮ ਸਿੰਘ ਕਰੀਵਾਲਾ, ਬਲਦੇਵ ਬਰਾੜ ਦਮਦਮਾ ਤੇ ਜਸਬੀਰ ਸਿੰਘ ਨਕੌੜਾ ਆਦਿ ਸ਼ਾਮਲ ਸਨ।



## ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਪਿੰਡ ਗਲੋਟੀ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਭਰਪੂਰ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਭਾਈ ਮਨਸਾ ਸਿੰਘ ਪਿੰਡ ਗਲੋਟੀ ਤੋਂ ਆਰੰਭ ਹੋਇਆ।ਗੁਰੂ ਸਾਹਿਬ ਦੀ ਪਵਿੱਤਰ ਹਜ਼ੂਰੀ ਵਿੱਚ ਗੁਰਬਾਣੀ ਕੀਰਤਨ ਦੇ ਜਾਪ ਤੇ ਸ਼ਬਦ-ਕੀਰਤਨ ਨਾਲ ਸਜਿਆ। ਇਹ ਨਗਰ ਕੀਰਤਨ ਸ਼ਹਿਰ ਕੋਟ ਈਸੇ ਖਾਂ ਦੇ ਵੱਖ-ਵੱਖ ਇਲਾਕਿਆਂ ਵਿਚੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਪਿੰਡ ਗਲੋਟੀ ਵਿਖੇ ਸਮਾਪਤ ਹੋਇਆ।ਨਗਰ ਕੀਰਤਨ ਦੌਰਾਨ ਸੰਗਤ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਨੂੰ ਨਤਮਸਤਕ ਹੋ ਕੇ ਸ਼ਰਧਾ ਭੇਟ ਕੀਤੀ ਗਈ।ਰਾਹ ਵਿੱਚ ਹਰ ਥਾਂ ਸੰਗਤ ਲਈ ਚਾਹ-ਪਾਣੀ, ਲੰਗਰ ਦੇ ਪ੍ਰਬੰਧ ਕੀਤੇ ਗਏ।ਸਥਾਨਕ ਨਿਵਾਸੀਆਂ ਤੇ ਸੰਗਤ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਨਗਰ ਕੀਰਤਨ ਦਾ ਭਰਪੂਰ ਸਵਾਗਤ ਕੀਤਾ ਗਿਆ।

## ਡੀ ਬੀ ਯੂ 'ਚ 'ਨਸ਼ਿਆਂ ਵਿਰੁੱਧ ਯੁਵਾ' ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀਐੱਲਐੱਸਏ), ਫਤਿਹਗੜ੍ਹ ਸਾਹਿਬ ਦੇ ਸਹਿਯੋਗ ਨਾਲ ਮਹਾਂਪ੍ਰਗਿਆ ਸੈਮੀਨਾਰ ਹਾਲ ਵਿਖੇ 'ਨਸ਼ਿਆਂ ਵਿਰੁੱਧ ਯੁਵਾ' ਵਿਸ਼ੇ 'ਤੇ ਇੱਕ ਜਾਗਰੂਕਤਾ ਸੈਮੀਨਾਰ ਦਾ ਸਫਲਤਾਪੂਰਵਕ ਆਯੋਜਨ ਕੀਤਾ।ਇਹ ਸੈਮੀਨਾਰ ਰਾਸ਼ਟਰੀ ਮੁਹਿੰਮ 'ਨਸ਼ਿਆਂ ਨੂੰ ਨਾਂਹ ਕਹੋ' ਦੇ ਤਹਿਤ ਕਰਵਾਇਆ ਗਿਆ ਸੀ, ਜੋ ਸਮਾਜਿਕ ਜ਼ਿੰਮੇਵਾਰੀ ਤੇ ਯੁਵਾ ਸਸ਼ਕਤੀਕਰਨ ਪ੍ਰਤੀ ਯੂਨੀਵਰਸਿਟੀ ਦੀ ਮਜ਼ਬੂਤ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ।ਇਸ ਪ੍ਰੋਗਰਾਮ ਨੂੰ ਉੱਘੇ ਮਹਿਮਾਨਾਂ ਅਰੁਣ ਗੁਪਤਾ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਤਿਹਗੜ੍ਹ ਸਾਹਿਬ ਤੇ ਸ੍ਰੀ ਅਸ਼ੋਕ ਕੁਮਾਰ ਚੌਹਾਨ, ਸੀਜੇਐੱਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਤਿਹਗੜ੍ਹ ਸਾਹਿਬ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਇਹ ਸੈਮੀਨਾਰ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਦੀ ਰਹਿਨਮਾਈ ਤਹਿਤ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਸ਼ੋਕ ਚੌਹਾਨ ਨੇ ਨਸ਼ਿਆਂ ਦੀ ਦੁਰਵਰਤੋਂ ਦੇ ਮਨੋਵਿਗਿਆਨਕ, ਸਮਾਜਿਕ ਤੇ ਕਾਨੂੰਨੀ ਨਤੀਜਿਆਂ 'ਤੇ ਵਿਚਾਰ-ਵਟਾਂਦਰਾ ਕੀਤਾ, ਰੋਕਥਾਮ, ਜਾਗਰੂਕਤਾ ਤੇ ਪੁਨਰਵਾਸ ਵਿੱਚ ਵਿਦਿਅਕ ਸੰਸਥਾਵਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ।ਇਸ ਮੌਕੇ ਸ੍ਰੀ ਅਸ਼ੋਕ ਕੁਮਾਰ ਚੌਹਾਨ ਨੇ ਦੇਸ਼ ਭਗਤ ਯੂਨੀਵਰਸਿਟੀ ਦੇ ਇੰਡੀਅਨ ਸੈਂਟਰ ਦਾ ਵੀ ਦੌਰਾ ਕੀਤਾ ਤੇ ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦੇ ਸਮਰਪਤ ਯਤਨਾਂ ਦੀ ਸ਼ਲਾਘਾ ਕੀਤੀ।

## ਸਰਬੰਸ ਦਾਨੀ ਦਸਮੇਸ਼ ਪਿਤਾ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਗੁਰਦੁਆਰਾ ਗੁਰੂ ਰਵਿਦਾਸ ਸਾਹਿਬ ਮਲਕਾਨਾ ਪੱਤੀ ਸਮਾਣਾ ਵਿਖੇ ਸਰਬੰਸਦਾਨੀ, ਸਾਹਿਬ-ਏ-ਕਮਾਲ, ਦਸਵੇਂ ਗੁਰੂ ਕਲਗੀਧਰ ਪਾਤਸ਼ਾਹ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਉਪਰੰਤ ਬੀਬੀ ਨੂਰਗੁਣਤਾਸ ਕੌਰ, ਭਾਈ ਕੁਲਜਿੰਦਰ ਸਿੰਘ, ਅਰਸ਼ ਬੇਦੀ ਤੇ ਵੱਖ-ਵੱਖ ਬੱਚਿਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ।ਸਮਾਗਮ ਵਿੱਚ ਕਵੀ ਹੀਰਾ ਸਿੰਘ ਕੋਮਲ, ਬਲਵੰਤ ਸਿੰਘ ਪ੍ਰੀਤ ਤੇ ਤਜਿੰਦਰ ਸਿੰਘ ਸ਼ਾਹੀ ਨੇ ਗੁਰੂ ਸਾਹਿਬ ਜੀ ਦੀ ਸਿਫ਼ਤ ਵਿੱਚ ਨਜ਼ਮਾਂ ਗਾਇਨ ਕੀਤੀਆਂ।ਗੁਰਦੁਆਰਾ ਕਮੇਟੀ ਦੇ ਪ੍ਰਧਾਨ ਭਾਈ ਰਾਜ ਸਿੰਘ ਨੇ ਆਖਿਆ ਕਿ ਗੁਰੂ ਸਾਹਿਬ ਨੇ ਵੱਡੀਆਂ ਕੁਰਬਾਨੀਆਂ ਕਰਕੇ ਖ਼ਾਲਸਾ ਪੰਥ ਦੀ ਸਾਜਣਾ ਕੀਤੀ ਸੀ।ਦਸਮੇਸ਼ ਪਿਤਾ ਨੇ ਸਦੀਆਂ ਤੋਂ ਦੱਬੇ-ਕੁਚਲੇ ਲੋਕਾਂ ਨੂੰ ਆਪਣਾ ਰੂਪ ਬਖ਼ਸ਼ਿਸ਼ ਕੀਤਾ।ਗੁਰਦੁਆਰਾ ਸਾਹਿਬ ਦੀ ਕਮੇਟੀ ਵੱਲੋਂ ਪਾਠੀ ਸਿੰਘਾਂ, ਰਾਗੀ ਸਿੰਘਾਂ ਤੇ ਬੱਚਿਆਂ ਦਾ ਸਨਮਾਨ ਕੀਤਾ।ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਬਲਰਾਜ ਸਿੰਘ ਫੌਜੀ, ਅਵਤਾਰ ਸਿੰਘ, ਗੁਰਸੇਵਕ ਸਿੰਘ, ਬਾਬਾ ਬਲਵਿੰਦਰ ਸਿੰਘ ਮੁੱਖ ਗੰਥੀ, ਮਾਸਟਰ ਬਲਦੇਵ ਸਿੰਘ ਤੇ ਗੁਰਪ੍ਰੀਤ ਸਿੰਘ(ਵਿੱਕੀ), ਕਰਮ ਦਿਓਲ, ਵੀਰ ਭਾਨ ਅਰੋੜਾ ਆਦਿ ਹਾਜ਼ਰ ਸਨ।

# ਸਰਕਾਰ ਦੇ ਚਾਰ ਸਾਲ ਬੀਤਣ ਦੇ ਬਾਵਜੂਦ ਅਧਿਆਪਕ ਮਸਲੇ ਜਿਉਂ ਦੇ ਤਿਉਂ!

**ਮੈਰੀਟੋਰੀਅਸ, ਕੰਪਿਊਟਰ ਅਧਿਆਪਕ, ਕੱਚੇ ਅਧਿਆਪਕ ਤੇ ਐੱਨ ਐੱਸ ਕਿਉ ਐੱਫ ਅਧਿਆਪਕਾਂ ਨੂੰ ਸਰਕਾਰ ਤੁਰੰਤ ਪੱਕਾ ਕਰੇ : ਡੀ ਟੀ ਐੱਫ**

**ਮਾਨਸਾ/ਮੋਗਾ (ਆਤਮਾ ਸਿੰਘ ਪਮਾਰ/ਇਕਬਾਲ ਸਿੰਘ ਖਹਿਰਾ)**-ਭਗਵੰਤ ਮਾਨ ਸਰਕਾਰ ਨੂੰ ਸੱਤਾ 'ਚ ਆਇਆਂ ਚਾਰ ਸਾਲ ਦਾ ਸਮਾਂ ਹੋਣ ਵਾਲਾ ਹੈ, ਪ੍ਰੰਤੂ ਸਿੱਖਿਆ ਦੇ ਕਾਇਆ ਕਲਪ ਕਰਨ ਵਰਗੇ ਨਾਅਰੇ ਨਾਲ ਸੱਤਾ 'ਚ ਆਈ ਇਸ ਸਰਕਾਰ ਵੱਲੋਂ ਅਧਿਆਪਕਾਂ ਦਾ ਕੋਈ ਵੀ ਮਸਲਾ ਹੱਲ ਨਹੀਂ ਕੀਤਾ ਗਿਆ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐੱਫ਼ ਨੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਭਗਵੰਤ ਮਾਨ ਤੇ ਕੇਜਰੀਵਾਲ ਵੱਲੋਂ ਸਰਕਾਰ ਬਣਨ ਤੋਂ ਪਹਿਲਾਂ ਅਧਿਆਪਕਾਂ ਦੀਆਂ ਰੈਲੀਆਂ 'ਚ ਜਾ ਕੇ ਭਰੋਸੇ ਦਿੱਤੇ ਗਏ ਸਨ ਕਿ ਸਰਕਾਰ ਬਣਨ ਦੇ ਪਹਿਲੇ ਦਿਨ ਸਾਡਾ ਹਰਾ ਪੈੱਨ ਤੁਹਾਡੇ ਹੱਕ 'ਚ ਚੱਲੇਗਾ। ਇਹ ਭਰੋਸੇ ਨਿਰਾ ਝੂਠ ਨਿਕਲੇ। ਪੰਜਾਬ ਦੇ ਮੈਰੀਟੋਰੀਅਸ ਸਕੂਲਾਂ ਦੇ ਅਧਿਆਪਕ ਨਿੱਤ ਦਿਨ ਸੜਕਾਂ 'ਤੇ ਰੁਲ ਰਹੇ ਹਨ, ਉਨ੍ਹਾਂ ਦੁਆਰਾ ਪੜ੍ਹਾਏ ਗਏ ਵਿਦਿਆਰਥੀ ਅੱਜ ਵੱਡੇ ਵੱਡੇ ਅਹੁਦਿਆਂ 'ਤੇ ਕੰਮ ਕਰ ਰਹੇ ਹਨ, ਪ੍ਰੰਤੂ ਉਹ ਖੁਦ ਠੇਕੇ ਦੀ ਨੌਕਰੀ ਦਾ ਸੰਤਾਪ ਹੰਢਾ ਰਹੇ ਹਨ। ਇਸੇ ਤਰ੍ਹਾਂ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਮੰਤਰੀ ਨੇ ਅਨੇਕਾਂ ਵਾਰ ਭਰੋਸਾ ਦਿੱਤਾ, ਪਰ ਉਨ੍ਹਾਂ ਦਾ ਕੋਈ ਮਸਲਾ ਹੱਲ ਨਹੀਂ ਹੋਇਆ, ਸਿੱਟੇ ਵਜੋਂ ਉਹ ਵੀ ਲਗਾਤਾਰ ਸੰਘਰਸ਼ ਦੇ ਮੈਦਾਨ ਵਿੱਚ ਹਨ। ਸਭ ਤੋਂ ਵੱਧ ਚਰਚਾ 'ਚ ਰਹੇ ਕੱਚੇ ਅਧਿਆਪਕ ਜੋ 20-20 ਸਾਲ ਤੋਂ ਨਿਗੂਣੀ ਤਨਖਾਹ 'ਤੇ ਕੰਮ ਕਰ ਰਹੇ ਹਨ, ਉਨ੍ਹਾਂ ਨਾਲ ਤਾਂ ਬਹੁਤ ਵੱਡਾ ਝੂਠ ਬੋਲਿਆ ਗਿਆ, ਉਨ੍ਹਾਂ ਦੇ ਤਨਖਾਹ ਵਾਧੇ ਨੂੰ ਹੀ ਪੱਕਾ ਕਰਨਾ ਦੱਸਿਆ ਗਿਆ ਤੇ ਉਹ ਅੱਜ ਵੀ ਆਪਣੇ ਰੈਗੂਲਰ ਹੋਣ ਲਈ ਸੜਕਾਂ 'ਤੇ ਹਨ। ਇਸੇ ਤਰ੍ਹਾਂ ਸਕੂਲਾਂ 'ਚ ਆਊਟ ਸੋਰਸਿੰਗ 'ਤੇ ਰੱਖੇ ਐੱਨ ਐੱਸ ਕਿਉ ਐੱਫ ਅਧਿਆਪਕ ਵੀ ਪੱਕੇ ਹੋਣ ਲਈ ਜੱਦੋ ਜਹਿਦ ਕਰ ਰਹੇ ਹਨ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਮੁਲਾਜ਼ਮ ਤੇ ਅਧਿਆਪਕ ਇਸ ਵਾਰ ਸਰਕਾਰ ਨਾਲ ਤਿੱਖੀ ਟੱਕਰ ਲੈਣ ਦੇ ਰੌਅ 'ਚ ਹਨ, ਕਿਉਂਕਿ ਮੁਲਾਜ਼ਮ ਸਰਕਾਰ ਦਾ ਆਖਰੀ ਸਾਲ ਹੋਣ ਕਰਕੇ ਤਿੱਖੇ ਸੰਘਰਸ਼ਾਂ ਲਈ ਲਾਮਬੰਦੀ ਲਈ ਜੁੱਟ ਗਏ ਹਨ।

## ਮੀਡੀਆ ਕਲੱਬ ਨੇ ਡੀ ਸੀ ਤੇ ਐੱਸ ਐੱਸ ਪੀ ਨੂੰ ਸੌਂਪਿਆ ਮੰਗ ਪੱਤਰ



**ਮਾਨਸਾ (ਰੀਤਵਾਲ, ਪਮਾਰ)**-ਬੀਤੇ ਦਿਨੀਂ ਪੁਲਸ ਵੱਲੋਂ ਪੱਤਰਕਾਰਾਂ 'ਤੇ ਦਰਜ ਕੀਤੇ ਝੂਠੇ ਮਾਮਲੇ ਦੀ ਮੀਡੀਆ ਕਲੱਬ ਮਾਨਸਾ ਵੱਲੋਂ ਨਿਖੇਧੀ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਡੀ ਸੀ ਮਾਨਸਾ ਰਾਹੀਂ ਤੇ ਡੀਜੀਪੀ ਪੰਜਾਬ ਨੂੰ ਐੱਸ ਐੱਸ ਪੀ ਮਾਨਸਾ ਰਾਹੀਂ ਮੰਗ ਪੱਤਰ ਭੇਜ ਕੇ ਪੱਤਰਕਾਰਾਂ 'ਤੇ ਦਰਜ ਮਾਮਲੇ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ।ਐੱਸ ਪ੍ਰਧਾਨ ਜਗਦੀਸ਼ ਬਾਂਸਲ ਤੇ ਬਲਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਮੀਡੀਆ ਕਲੱਬ ਮਾਨਸਾ ਦੀ ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ ਵੱਖ ਸਟੇਸ਼ਨਾਂ ਦੇ ਵੱਡੀ ਗਿਣਤੀ 'ਚ ਪੱਤਰਕਾਰ ਸ਼ਾਮਲ ਹੋਏ।ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਵੱਲੋਂ ਸਰਕਾਰ ਤੋਂ ਮੰਗ ਕੀਤੀ ਕਿ ਪ੍ਰੈੱਸ ਦੀ ਆਜ਼ਾਦੀ ਨੂੰ ਬਹਾਲ ਰੱਖਣ ਲਈ ਸਰਕਾਰ ਤੁਰੰਤ ਕਦਮ ਚੁੱਕੇ ਤੇ ਝੂਠੇ ਦਰਜ ਮਾਮਲੇ ਨੂੰ ਰੱਦ ਕੀਤਾ ਜਾਵੇ।ਮੀਟਿੰਗ ਵਿੱਚ ਪਰਮਦੀਪ ਰਾਣਾ, ਜਗਸੀਰ ਬਿੱਲੂ, ਤਰਸੇਮ ਸੈਮੀ, ਸੁਰੇਸ਼ ਪਾਇਲਟ, ਸੰਜੀਵ ਲੱਕੀ, ਗਿਆਨ ਸਿੰਘ, ਪੁਨੀਤ ਗਰਗ, ਸੁਮਿਤ ਸੇਠੀ, ਵਿੱਕੀ ਰਾਣਾ, ਮੁਨੀਸ਼ ਸ਼ਰਮਾ, ਮੰਗਾ ਰੱਲਾ, ਅਮਨਦੀਪ ਸਿੰਘ, ਸੋਨੂ ਕੁਮਾਰ ਤੇ ਸਰਦੂਲਗੜ੍ਹ ਯੂਨਾਈਟਡ ਮੀਡੀਆ ਕਲੱਬ ਦੇ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ, ਬਲਜੀਤ ਪਾਲ, ਜਸਵਿੰਦਰ ਜੋੜਕੀਆ, ਵਿਨੋਦ ਜੈਨ, ਜੀ ਐਮ ਅਰੋੜਾ, ਪ੍ਰਕਾਸ਼ ਜੈਲਦਾਰ, ਝੁਨੀਰ ਤੋਂ ਪ੍ਰਧਾਨ ਬਲਜਿੰਦਰ ਸਿੰਘ ਚੌਹਾਨ, ਸੰਜੀਵ ਕੁਮਾਰ, ਗੁਰਵਿੰਦਰ ਭੋਲਾ, ਜਸਵਿੰਦਰ ਜਟਾਣਾ, ਮੀਡੀਆ ਕਲੱਬ ਸਰਦੂਲਗੜ੍ਹ ਤੋਂ ਪ੍ਰਧਾਨ ਬੁੱਧਰਾਮ ਬਾਂਸਲ, ਸੰਜੀਵ ਸਿੰਗਲਾ, ਰਣਜੀਤ ਗਰਗ, ਗੁਰਜੀਤ ਸੰਧੂ, ਵਰਿੰਦਰ ਸੋਨੀ, ਦਲਜੀਤ ਸਿੰਘ ਆਦਿ ਪੱਤਰਕਾਰ ਵੱਡੀ ਗਿਣਤੀ 'ਚ ਸ਼ਾਮਲ ਹੋਏ।

## ਅਗਾਮੀ ਨਗਰ ਕੌਂਸਲ ਚੋਣਾਂ ਲਈ ਸ਼ੁਭਮ ਸ਼ਰਮਾ ਵੱਲੋਂ ਕਾਂਗਰਸੀ ਵਰਕਰਾਂ ਨਾਲ ਮੀਟਿੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਅਗਾਮੀ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਹਲਕਾ ਧੂਰੀ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ।ਇਸੇ ਲੜੀ ਤਹਿਤ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਨੌਜਵਾਨ ਆਗੂ ਸ਼ੁਭਮ ਸ਼ਰਮਾ ਸ਼ੁਭੀ ਵੱਲੋਂ ਕਾਂਗਰਸ ਪਾਰਟੀ ਵਰਕਰਾਂ ਤੇ ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦਾ ਮੁੱਖ ਮਨੋਰਥ ਚੋਣਾਂ ਦੀ ਤਿਆਰੀ ਤੇ ਪਾਰਟੀ ਦੀ ਮਜ਼ਬੂਤੀ ਲਈ ਰਣਨੀਤੀ ਤਿਆਰ ਕਰਨਾ ਸੀ।ਮੀਟਿੰਗ ਦੌਰਾਨ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ਼ੁਭਮ ਸ਼ਰਮਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਵਿਕਾਸ ਤੇ ਲੋਕ ਹਿੱਤਾਂ ਦੀ ਪਹਿਰੇਦਾਰ ਰਹੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਪਾਰਟੀ ਇੱਕਜੁੱਟ ਹੋ ਕੇ ਮੈਦਾਨ ਵਿੱਚ ਉਤਰੇਗੀ ਤੇ ਸ਼ਹਿਰ ਦੇ ਵਿਕਾਸ ਲਈ ਵਚਨਬੱਧ ਉਮੀਦਵਾਰਾਂ ਨੂੰ ਅੱਗੇ ਲਿਆਂਦਾ ਜਾਵੇਗਾ।ਉਨ੍ਹਾਂ ਵਰਕਰਾਂ ਨੂੰ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਦਾ ਪ੍ਰਚਾਰ ਕਰਨ ਦੀ ਅਪੀਲ ਕੀਤੀ।ਇਸ ਮੀਟਿੰਗ ਵਿੱਚ ਹਾਜ਼ਰ ਹੋਏ ਸਾਰੇ ਆਗੂਆਂ ਨੇ ਇੱਕਸੁਰ ਵਿੱਚ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰ ਦੇਣਗੇ।ਮੀਟਿੰਗ ਦੇ ਅਖੀਰ ਵਿੱਚ ਸ਼ੁਭਮ ਸ਼ਰਮਾ ਨੇ ਸਾਰੇ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਵਰਕਰਾਂ ਦੇ ਮਾਣ-ਸਤਿਕਾਰ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

## ਬੈਂਕ ਆਫ਼ ਇੰਡੀਆ ਵੱਲੋਂ ਪੈਨਸ਼ਨਾਂ ਰੋਕਣ ਤੇ ਬਕਾਏ ਨਾ ਪਾਉਣ ਦੀ ਐਸੋਸੀਏਸ਼ਨ ਵੱਲੋਂ ਸਖ਼ਤ ਨਿੰਦਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਪੰਜਾਬ ਦੀ ਜ਼ਿਲ੍ਹਾ ਮੋਗਾ ਇਕਾਈ ਨੂੰ ਜਾਣਕਾਰੀ ਪ੍ਰਾਪਤ ਹੋਈ ਹੈ ਕਿ ਬਹੁਤ ਸਾਰੇ ਬੈਂਕਾਂ ਖਾਸ ਕਰਕੇ ਬੈਕ ਆਫ਼ ਇੰਡੀਆ ਵੱਲੋਂ ਪੈਨਸ਼ਨਰਾਂ ਫੈਮਲੀ ਪੈਨਸ਼ਨਰਾਂ ਦੀਆਂ ਦਸੰਬਰ 2025 ਮਹੀਨੇ ਦੀਆਂ ਪੈਨਸ਼ਨਾਂ ਰੋਕ ਦਿੱਤੀਆਂ ਗਈਆਂ ਹਨ।ਮਿਲੀ ਜਾਣਕਾਰੀ ਅਨੁਸਾਰ ਬੈਂਕ ਅਧਿਕਾਰੀਆਂ ਅਨੁਸਾਰ ਭਾਵੇਂ ਪੈਨਸ਼ਨਰਾਂ ਨੇ ਡਿਜੀਟਲ ਸਾਰਟੀਫਿਕੇਟ ਆਨਲਾਈਨ ਕਰ ਦਿੱਤੇ ਹਨ, ਪਰ ਉਨ੍ਹਾਂ ਦੀਆਂ ਹਾਰਡ ਕਾਪੀਆਂ ਨਾ ਪ੍ਰਾਪਤ ਹੋਣ ਕਾਰਨ ਪੈਨਸ਼ਨਾਂ ਰੋਕੀਆਂ ਗਈਆਂ ਹਨ, ਜਦੋਂ ਕਿ ਪੰਜਾਬ ਸਰਕਾਰ ਨੇ ਇੱਕ ਪੈਨਸ਼ਨਰ ਪੋਰਟਲ ਲਾਂਚ ਕਰਕੇ ਡਿਜੀਟਲ ਲਾਈਵ ਸਾਰਟੀਫਿਕੇਟ ਤੇ ਈ ਕੇ ਵਾਈ ਸੀ ਅਨਲਾਈਨ ਭਰਨ ਦੀ ਸਹੂਲਤ ਦਿੱਤੀ ਗਈ ਹੈ, ਪਰ ਬੈਂਕ ਅਧਿਕਾਰੀਆਂ ਦਾ ਇਹ ਰਵੱਈਆ ਨਿੰਦਣਯੋਗ ਹੈ ਕਿ ਹਾਰਡ ਕਾਪੀ ਨਾ ਦੇਣ 'ਤੇ ਸਾਰੇ ਪੈਨਸ਼ਨਰਾਂ ਫੈਮਲੀ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਰੋਕ ਦਿੱਤੀਆਂ ਹਨ ਤੇ ਉਨ੍ਹਾਂ ਨੂੰ ਫਾਕੇ ਦੀ ਜ਼ਿੰਦਗੀ ਜੀਣ ਲਈ ਮਜਬੂਰ ਕਰ ਦਿੱਤਾ ਹੈ, ਜੋ ਕਿ ਅਤੀ ਨਿੰਦਣਯੋਗ ਹੈ।ਜਥੇਬੰਦੀ ਦੇ ਆਗੂਆਂ ਸੁਖਮੰਦਰ ਸਿੰਘ ਸੁਖਦੇਵ ਸਿੰਘ, ਸਰਬਜੀਤ ਸਿੰਘ ਦੌਧਰ, ਸੂਬਾ ਪ੍ਰਧਾਨ ਭਜਨ ਸਿੰਘ ਗਿੱਲ, ਸੂਬਾ ਜਨਰਨ ਸਕੱਤਰ ਸੁਰਿੰਦਰ ਰਾਮ ਕੁੱਸਾ, ਵਿੱਤ ਸਕੱਤਰ ਪ੍ਰੇਮ ਕੁਮਾਰ, ਇੰਦਰਜੀਤ ਸਿੰਘ ਸੋਹ ਪਰਮਜੀਤ ਸਿੰਘ ਸੇਵਾਮੁਕਤ ਸੁਪਰਡੈਂਟ, ਬਲਵੀਰ ਸਿੰਘ ਮੋਗਾ, ਬਿੱਕਰ ਸਿੰਘ ਮਾਛੀਕੇ, ਜਸਵੰਤ ਸਿੰਘ, ਸੁਰਿੰਦਰ ਪਾਲ ਸਿੰਘ, ਜੋਰਾਵਰ ਸਿੰਘ, ਕੇਹਰ ਸਿੰਘ ਕਿਸ਼ਨਪੁਰਾ ਆਗੂਆਂ ਨੇ ਮੰਗ ਕੀਤੀ ਕਿ ਜਿਨ੍ਹਾਂ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਰੋਕੀਆਂ ਗਈਆਂ ਹਨ ਤੇ ਬਕਾਏ ਦੀਆਂ ਕਿਸ਼ਤਾਂ ਨਹੀਂ ਪਾਈਆਂ ਗਈਆਂ, ਉਹ ਤੁਰੰਤ ਪਾਈਆਂ ਜਾਣ।ਜੇਕਰ 15 ਜਨਵਰੀ ਤੱਕ ਪੈਨਸ਼ਨਾਂ ਤੇ ਬਕਾਏ ਨਾ ਪਾਏ ਗਏ ਤਾਂ ਆਉਣ ਵਾਲੇ ਦਿਨਾਂ ਵਿੱਚ ਸਬੰਧਤ ਬੈਂਕਾਂ ਅੱਗੇ ਧਰਨੇ ਲਾਏ ਜਾਣਗੇ, ਜਿਸ ਦੀ ਜ਼ਿੰਮੇਵਾਰੀ ਸਬੰਧਤ ਬੈਂਕ ਅਧਿਕਾਰੀਆਂ ਦੀ ਹੋਵੇਗੀ।

# ਖੰਨਾ-ਸਮਰਾਲਾ ਰੋਡ 'ਤੇ ਨੰਬਰੀ ਦਰੱਖਤਾਂ ਦੀ ਧੜੱਲੇ ਨਾਲ ਵਢਾਈ, ਵਿਭਾਗ ਬੇਖ਼ਬਰ




**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਤੋਂ ਸਮਰਾਲਾ ਜਾਣ ਵਾਲੀ ਸੜਕ ਦੇ ਨਾਲ-ਨਾਲ ਵਣ ਵਿਭਾਗ ਦੀ ਜ਼ਮੀਨ ਉੱਤੇ ਖੜ੍ਹੇ ਹਰੇ-ਭਰੇ ਨੰਬਰੀ ਦਰੱਖਤ ਆਏ ਦਿਨ ਵੱਢੇ ਕੱਟੇ ਹੋਏ ਮਿਲ ਰਹੇ ਹਨ, ਪਰ ਹੈਰਾਨੀ ਦੀ ਗੱਲ ਇਹ ਹੈ ਕਿ ਵਣ ਵਿਭਾਗ ਦੇ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਨੂੰ ਇਨ੍ਹਾਂ ਵੱਢੇ ਦਰੱਖਤਾਂ ਵੱਲ ਧਿਆਨ ਨਹੀਂ ਦਿੱਸਦਾ। ਸਬੰਧਤ ਰੇਂਜ ਅਫ਼ਸਰ ਸਮਰਾਲਾ ਨਾਲ ਜਦੋਂ ਵੀ ਇਸ ਸਬੰਧੀ ਗੱਲ ਕੀਤੀ ਜਾਂਦੀ ਹੈ ਤਾਂ ਉਹ ਹਰ ਵਾਰ ਇਹ ਕਹਿ ਕੇ ਗੱਲ ਟਾਲ ਦਿੰਦੇ ਹਨ ਕਿ ਵਣ ਗਾਰਡ ਨੂੰ ਭੇਜ ਕੇ ਜਾਣਕਾਰੀ ਲੈਂਦੇ ਹਾਂ, ਪਰ ਹਕੀਕਤ ਵਿੱਚ ਮੌਕੇ 'ਤੇ ਕੋਈ ਠੋਸ ਕਾਰਵਾਈ ਨਹੀਂ ਦਿਖਾਈ ਦਿੰਦੀ।ਲੋਕਾਂ ਵਿੱਚ ਇਹ ਚਰਚਾ ਹੈ ਕਿ ਸਖ਼ਤ ਸਰਦੀ ਦੌਰਾਨ ਵਣ ਗਾਰਡ ਤੇ ਵਣ ਬਲਾਕ ਅਫ਼ਸਰ ਦਫ਼ਤਰਾਂ ਤੱਕ ਹੀ ਸੀਮਿਤ ਰਹਿੰਦੇ ਹਨ, ਜਿਸ ਦਾ ਫ਼ਾਇਦਾ ਚੁੱਕ ਕੇ ਅਸਮਾਜਿਕ ਤੱਤ ਬੇਖ਼ੌਫ਼ ਹੋ ਕੇ ਦਰੱਖਤਾਂ ਦੀ ਕਟਾਈ ਕਰ ਰਹੇ ਹਨ।ਖੰਨਾ ਤੋਂ ਏ. ਐੱਸ. ਕਾਲਜ ਵੱਲ ਜਾਂਦੇ ਹੋਏ ਕਈ ਨੰਬਰੀ ਦਰੱਖਤ ਆਰੀ ਨਾਲ ਸਿਰਫ਼ ਤਣੇ ਤੋਂ ਉੱਪਰਲੇ ਹਿੱਸੇ ਤੋਂ ਵੱਢੇ ਹੋਏ ਸਪੱਸ਼ਟ ਦਿਖਾਈ ਦਿੰਦੇ ਹਨ।ਇਸੇ ਤਰ੍ਹਾਂ ਪਿੰਡ ਸਲੌਦੀ ਦੇ ਬੱਸ ਅੱਡੇ ਨੇੜੇ ਵੀ ਕਈ ਛੋਟੇ-ਵੱਡੇ ਦਰੱਖਤ ਕੱਟੇ ਜਾ ਚੁੱਕੇ ਹਨ।ਇਸ ਸਭ ਦੇ ਬਾਵਜੂਦ ਵਣ ਵਿਭਾਗ ਵੱਲੋਂ ਹੁਣ ਤੱਕ ਕਿਸੇ ਵੀ ਮਾਮਲੇ ਵਿੱਚ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਗਈ।ਇਸ ਸਬੰਧੀ ਅਵਤਾਰ ਸਿੰਘ ਉਟਾਲਾਂ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਕਿਹਾ ਕਿ ਕੁਝ ਦਰੱਖਤ ਵੱਡੀਆਂ ਝਾੜੀਆਂ ਦਾ ਰੂਪ ਧਾਰ ਲੈਂਦੇ ਹਨ, ਜੋ ਸੜਕਾਂ 'ਤੇ ਆਉਂਦੇ-ਜਾਂਦੇ ਰਾਹੀਆਂ ਲਈ ਮੁਸ਼ਕਲ ਤੇ ਹਾਦਸਿਆਂ ਦਾ ਖ਼ਤਰਾ ਬਣ ਸਕਦੇ ਹਨ।ਅਜਿਹੇ ਦਰੱਖਤਾਂ ਦੀ ਕਟਾਈ ਲਈ ਵਿਭਾਗ ਨੂੰ ਸੂਚਿਤ ਕਰਨ ਦੇ ਬਾਵਜੂਦ ਕੋਈ ਸੁਣਵਾਈ ਨਹੀਂ ਹੁੰਦੀ, ਜਦਕਿ ਦੂਜੇ ਪਾਸੇ ਕੁਝ ਕਾਰੋਬਾਰੀਆਂ ਨਾਲ ਮਿਲੀਭੁਗਤ ਕਰਕੇ ਹਰੇ-ਭਰੇ ਦਰੱਖਤ ਬਿਨਾਂ ਮਨਜ਼ੂਰੀ ਦੇ ਵੱਢੇ ਜਾ ਰਹੇ ਹਨ।ਉਨ੍ਹਾਂ ਮੰਗ ਕੀਤੀ ਕਿ ਖੰਨਾ-ਸਮਰਾਲਾ ਰੋਡ ਉੱਤੇ ਪਿਛਲੇ ਸਮੇਂ ਦੌਰਾਨ ਦਰੱਖਤਾਂ 'ਤੇ ਲਗਾਏ ਗਏ ਨੰਬਰ ਮੁੜ ਤੋਂ ਦਰਜ ਕੀਤੇ ਜਾਣ, ਕਿਉਂਕਿ ਪੁਰਾਣੇ ਨੰਬਰ ਮਿਟ ਚੁੱਕੇ ਹਨ।ਇਸ ਤੋਂ ਇਲਾਵਾ ਪਹਿਲੀ ਗਿਣਤੀ ਅਤੇ ਮੌਜੂਦਾ ਗਿਣਤੀ ਵਿਚਕਾਰ ਕਿੰਨੇ ਦਰੱਖਤ ਘਟੇ ਹਨ, ਇਸ ਬਾਰੇ ਵਿਸਥਾਰਪੂਰਕ ਰਿਪੋਰਟ ਜਨਤਕ ਕੀਤੀ ਜਾਵੇ।ਨਾਲ ਹੀ ਇਹ ਵੀ ਸਪੱਸ਼ਟ ਕੀਤਾ ਜਾਵੇ ਕਿ ਖੰਨਾ-ਸਮਰਾਲਾ ਰੋਡ ਉੱਤੇ ਕਿੰਨੇ ਕਾਰੋਬਾਰੀਆਂ ਕੋਲ ਰਸਤੇ ਦੀ ਮਨਜ਼ੂਰੀ ਹੈ ਅਤੇ ਕਿੰਨੇ ਬਿਨਾਂ ਮਨਜ਼ੂਰੀ ਦੇ ਸਰਕਾਰੀ ਜ਼ਮੀਨ ਦੀ ਵਰਤੋਂ ਕਰ ਰਹੇ ਹਨ ਤੇ ਉਨ੍ਹਾਂ ਖ਼ਿਲਾਫ਼ ਕੀ ਕਾਰਵਾਈ ਕੀਤੀ ਗਈ ਹੈ।

## ਗੁਰੂ ਗੋਬਿੰਦ ਸਿੰਘ ਪਾਰਕ ਦੇ ਵਿਕਾਸ ਕਾਰਜਾਂ ਲਈ 50 ਲੱਖ ਦੀ ਗਰਾਂਟ ਜਾਰੀ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਲੋਕ ਭਲਾਈ ਦੇ ਕੰਮਾਂ ਤਹਿਤ ਫੰਡਾਂ ਦੇ ਗੱਫੇ ਦੇਣ ਦਾ ਸਿਲਸਿਲਾ ਜਾਰੀ ਹੈ ਤੇ ਇਸੇ ਤਹਿਤ ਇਸ ਇਤਿਹਾਸਕ ਸ਼ਹਿਰ ਦੇ ਕੋਟਕਪੂਰਾ ਚੌਂਕ ਦੇ ਨਜ਼ਦੀਕ ਗੁਰੂ ਗੋਬਿੰਦ ਸਿੰਘ ਪਾਰਕ ਨੂੰ ਹੋਰ ਖੂਬਸੂਰਤ ਬਣਾਉਣ ਲਈ 50 ਲੱਖ ਦੀ ਗਰਾਂਟ ਜਾਰੀ ਕੀਤੀ ਗਈ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਇਸ ਸਬੰਧੀ 50 ਲੱਖ ਰੁਪਏ ਦਾ ਚੈੱਕ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੂੰ ਸੌਂਪਦੇ ਵਕਤ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਪੈਸੇ ਨਾਲ ਜਿੱਥੇ ਸ਼ਹਿਰ ਦੀ ਦਿੱਖ ਵਿੱਚ ਸੁਧਾਰ ਹੋਵੇਗਾ, ਉਥੇ ਨਾਲ ਹੀ ਸ਼ਹਿਰ ਦੇ ਲੋਕਾਂ ਨੂੰ ਸੈਰ ਕਰਨ ਲਈ ਵਧੀਆ ਥਾਂ ਮਿਲੇਗੀ।ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਵੱਲੋਂ ਇਸ ਪਾਰਕ ਦੀ ਖੂਬਸੂਰਤੀ ਵਿੱਚ ਚਾਰ ਚੰਨ ਲਾਉਣ ਲਈ, ਜੋ ਪੈਸੇ ਦੀ ਮੰਗ ਕੀਤੀ ਗਈ ਸੀ, ਉਸ ਨੂੰ ਸਰਕਾਰ ਨੇ ਪੂਰਾ ਕਰ ਦਿੱਤਾ ਹੈ।ਉਨ੍ਹਾਂ ਲੋਕਾਂ ਨੂੰ ਖਾਸ ਕਰ ਬਜ਼ੁਰਗਾਂ ਤੇ ਨੌਜਵਾਨਾਂ ਨੂੰ ਇਸ ਪੈਸੇ ਨਾਲ ਬਣਾਈ ਜਾਣ ਵਾਲੀ ਇਸ ਸੈਰਗਾਹ ਦਾ ਆਪਣੀ ਸਿਹਤ ਤੇ ਬੱਚਿਆਂ ਦੇ ਖੇਡਣ ਲਈ ਵੱਧ ਤੋਂ ਵੱਧ ਲਾਹਾ ਲਿਆ ਜਾਵੇ।ਉਨ੍ਹਾਂ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੂੰ ਵੀ ਕਿਹਾ ਕਿ ਇਸ ਕੰਮ ਨੂੰ ਜਲਦ ਤੋਂ ਜਲਦ ਸੁਚੱਜੇ ਢੰਗ ਨਾਲ ਮੁਕੰਮਲ ਕਰ ਲਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਭਲਾਈ ਅਫਸਰ ਜਗਮੋਹਨ ਸਿੰਘ ਮਾਨ ਵੀ ਹਾਜ਼ਰ ਸਨ।

## ਪੈਨਸ਼ਨਰ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਭਵਨ ਲੁਧਿਆਣਾ ਵਿਖੇ ਪੈਨਸ਼ਨਰ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ (ਰਜਿ:) ਦੀ ਮਹੀਨਾਵਾਰ ਮੀਟਿੰਗ ਚੇਅਰਮੈਨ ਦਲੀਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਨਵੇਂ ਸਾਲ 2026 ਦੀ ਪੰਜਾਬ ਭਰ ਦੇ ਪੈਨਸ਼ਨਰਾਂ ਨੂੰ ਵਧਾਈ ਦਿੱਤੀ ਗਈ ਤੇ ਪਿਛਲਾ ਲੇਖਾ ਜੋਖਾ ਕੀਤਾ ਗਿਆ। ਜਨਰਲ ਸਕੱਤਰ ਨਿਰਮਲ ਸਿੰਘ ਲਲਤੋ ਵੱਲੋਂ ਪਿਛਲੀਆਂ ਗਤੀਵਿਧੀਆਂ ਸਾਂਝੀਆਂ ਕੀਤੀਆਂ ਗਈਆਂ। ਵਿੱਤ ਮੁਖੀ ਰਾਜਿੰਦਰ ਕੁਮਾਰ ਨੇ ਸਾਲ ਭਰ ਦੀ ਆਮਦਨ, ਖ਼ਰਚੇ ਦੀ ਰਿਪੋਰਟ ਪੇਸ਼ ਕੀਤੀ, ਜਿਸ ਨੂੰ ਹਾਊਸ ਨੇ ਪ੍ਰਵਾਨਗੀ ਦਿੱਤੀ।ਮਹੀਨਾ ਜਨਵਰੀ ਵਿੱਚ ਜਿਨ੍ਹਾਂ ਪੈਨਸ਼ਨਰਾਂ ਦਾ ਜਨਮ ਦਿਨ ਸੀ, ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ।ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਰਹਿੰਦਾ ਡੀ ਏ 42% ਤੋਂ 58% ਕੀਤਾ ਜਾਵੇ।ਪਿਛਲਾ ਸਾਰਾ ਭੁਗਤਾਨ ਸਮੂਹ ਪੈਨਸ਼ਨਰਾਂ ਨੂੰ ਇਸ ਸਾਲ ਕੀਤਾ ਜਾਵੇ, ਮਹਿੰਗਾਈ ਭੱਤੇ ਦੀ ਕਿਸ਼ਤ ਸਾਲ 2025 ਵਿੱਚ ਕੋਈ ਨਹੀਂ ਮਿਲੀ, ਦਿੱਤੀ ਜਾਵੇ।2004 ਤੋਂ ਬੰਦ ਕੀਤੀ ਪੈਨਸ਼ਨ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਨੂੰ ਦਿੱਤੀ ਜਾਵੇ, ਜੁਲਾਈ 2020 ਤੋਂ ਲਾਗੂ ਕੀਤੇ ਸੈਂਟਰਲ ਸਕੇਲ ਖਤਮ ਕਰਕੇ ਪੰਜਾਬ ਦੇ ਮੁਲਾਜ਼ਮਾਂ 'ਤੇ ਪੰਜਾਬ ਦੇ ਸਕੇਲ ਲਾਗੂ ਕੀਤੇ ਜਾਣ, ਹਰ ਮਹਿਕਮੇ ਵਿੱਚ ਪੱਕੀ ਭਰਤੀ ਕੀਤੀ ਜਾਵੇ, ਠੇਕੇਦਾਰੀ ਪ੍ਰਣਾਲੀ ਖਤਮ ਕੀਤੀ ਜਾਵੇ, ਸਰਕਾਰ ਨੂੰ ਫੌਰੀ ਮੁਲਾਜ਼ਮ ਜਥੇਬੰਦੀਆਂ ਨਾਲ ਗੱਲ ਕਰਕੇ ਗੱਲਬਾਤ ਦਾ ਰਸਤਾ ਅਪਣਾਇਆ ਜਾਵੇ।ਮੀਟਿੰਗ ਨੂੰ ਸੁਸ਼ੀਲ ਕੁਮਾਰ, ਦਰਸ਼ਨ ਸਿੰਘ ਪੰਜਾਬ ਰੋਡਵੇਜ਼, ਰਾਜਿੰਦਰ ਸਿੰਘ ਲਲਤੋਂ, ਸਤੀਸ਼ ਸਚਦੇਵਾ, ਜੋਗਿੰਦਰ ਲਾਲ ਰਾਏ, ਚਰਨਜੀਵ ਪ੍ਰਕਾਸ਼, ਮੇਜਰ ਸਿੰਘ ਨੱਤ, ਹਰਵੰਤ ਸਿੰਘ ਮਾਂਗਟ, ਪਵਿੱਤਰ ਸਿੰਘ, ਗੁਰਚਰਨ ਸਿੰਘ ਦੁੱਗਾ, ਸ਼ਾਮ ਸੁੰਦਰ ਸ਼ਰਮਾ, ਮਦਨ ਲਾਲ ਸ਼ਰਮਾ ਨੇ ਸੰਬੋਧਨ ਕੀਤਾ। ਸਮੂਹ ਪੈਨਸ਼ਨਰਜ਼ ਨੇ ਨਵੇਂ ਸਾਲ 2026 ਦਾ ਕੈਲੰਡਰ ਵੀ ਰਿਲੀਜ਼ ਕੀਤਾ। ਅੰਤ ਵਿੱਚ ਚੇਅਰਮੈਨ ਦਲੀਪ ਸਿੰਘ ਨੇ ਸਭਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਗਦਰੀ ਬਾਬਾ ਸੋਹਨ ਸਿੰਘ ਭਕਨਾ ਜੀ ਤੇ ਪਹਿਲੀ ਔਰਤ ਅਧਿਆਪਕਾ ਮੈਡਮ ਸਵਿੱਤਰੀ ਬਾਈ ਫੂਲੇ ਜੀ ਨੂੰ ਜਨਮ ਦਿਨ ਮੌਕੇ ਯਾਦ ਕੀਤਾ ਗਿਆ।

## ਸਫਾ 1 ਦੇ ਬਾਕੀ...

### ਜੇ ਐੱਨ ਯੂ 'ਚ ਲੱਗੇ...

ਖਾਲਿਦ ਤੇ ਸ਼ਰਜੀਲ ਇਮਾਮ ਨਾਲ ਅਜਿਹਾ ਇਸ ਲਈ ਕੀਤਾ ਜਾ ਰਿਹਾ ਹੈ, ਕਿਉਂਕਿ ਉਹ ਮੁਸਲਮਾਨ ਹਨ। ਉਨ੍ਹਾਂ ਨਾਲ ਨਾਇਨਸਾਫੀ ਹੋਈ ਹੈ। ਸੁਪਰੀਮ ਕੋਰਟ ਦਾ ਫੈਸਲਾ ਬਹੁਤ ਹੀ ਮੰਦਭਾਗਾ ਹੈ। ਸੀ ਪੀ ਆਈ (ਐੱਮ) ਦੇ ਆਗੂ ਹਨਾਨਮੁੱਲ੍ਹਾ ਨੇ ਕਿਹਾ ਕਿ ਪਿਛਲੇ 50 ਸਾਲਾਂ ਵਿੱਚ ਇਸ ਤਰ੍ਹਾਂ ਦੇ ਨਾਅਰੇ 100 ਵਾਰ ਲਾਏ ਗਏ ਹਨ। ਹਾਲਾਂਕਿ ਨਾਅਰੇ ਲਾਉਂਦੇ ਸਮੇਂ ਸਾਵਧਾਨੀ ਵਰਤਣੀ ਚਾਹੀਦੀ ਹੈ। ਇਸੇ ਦੌਰਾਨ ਜੇ ਐੱਨ ਯੂ ਸਕਿਉਰਟੀ ਚੀਫ ਨੇ ਵਸੰਤ ਕੁੰਜ ਪੁਲਸ ਨੂੰ ਪੱਤਰ ਲਿਖ ਕੇ ਸਾਬਰਮਤੀ ਹੋਸਟਲ ਦੇ ਬਾਹਰ ਨਾਅਰੇ ਲਾਉਣ ਲਈ ਐੱਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ ਹੈ। ਉਸ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਖਿਲਾਫ ਭੜਕਾਊ ਨਾਅਰੇਬਾਜ਼ੀ ਕੀਤੀ ਗਈ।

### ਸ਼੍ਰੋਮਣੀ ਕਮੇਟੀ ਸਿੱਟ ਨਾਲ...

ਤਾਇਨਾਤ ਤਤਕਾਲੀ ਮੁਲਾਜ਼ਮਾਂ ਨੇ ਨਹੀਂ ਨਿਭਾਈ। ਇਸ ਤਰ੍ਹਾਂ ਉਹ ਸਿੱਧੇ ਤੌਰ 'ਤੇ ਦੋਸ਼ੀ ਹੋਣ ਕਰਕੇ ਹੀ ਉਨ੍ਹਾਂ ਉਪਰ ਸਖ਼ਤ ਕਾਰਵਾਈ ਕੀਤੀ ਗਈ ਅਤੇ ਇਸ ਦੇ ਨਾਲ ਹੀ ਕਈ ਵੱਡੇ ਅਧਿਕਾਰੀਆਂ ਨੂੰ ਪ੍ਰਬੰਧਕੀ ਤੌਰ 'ਤੇ ਕਾਰਵਾਈ ਦਾ ਸਾਹਮਣਾ ਕਰਨਾ ਪਿਆ।ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਪੰਜਾਬ ਸਰਕਾਰ ਚਲਾ ਰਹੀ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਕੀਤੀ ਜਾ ਰਹੀ ਬਿਆਨਬਾਜ਼ੀ ਨੂੰ ਵੀ ਸਿੱਖ ਸੰਸਥਾ ਨੂੰ ਜਾਣਬੁਝ ਕੇ ਬਦਨਾਮ ਕਰਨ ਵਾਲੀ ਹਰਕਤ ਕਰਾਰ ਦਿੱਤਾ। ਪ੍ਰਤਾਪ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਬਲਤੇਜ ਪੰਨੂ ਵੱਲੋਂ ਇਹ ਕਹਿਣਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਪਾਸ ਪਾਵਨ ਸਰੂਪਾਂ ਦੇ ਸਬੰਧ ਵਿਚ ਇਕ ਡਾਇਰੀ ਹੈ, ਜੋ ਸੰਗਤਾਂ ਵਿਚ ਭੁਲੇਖਾ ਪੈਦਾ ਕਰਨ ਵਾਲੀ ਗੱਲ ਹੈ। ਅਜਿਹਾ ਕੋਈ ਵੀ ਵਿਧਾਨ ਨਹੀਂ, ਜਿਸ ਤਰ੍ਹਾਂ ਡਾਇਰੀ ਆਦਿ ਬਾਰੇ ਪ੍ਰਚਾਰ ਕੀਤਾ ਜਾ ਰਿਹਾ ਹੈ।

### ਖ਼ਾਲਿਦ ਤੇ ਸ਼ਰਜੀਲ...

ਵੀਟਵੇਂ ਸੰਗਰਾਮ ਨਾਲ਼ ਸਿਰਜੀ ਸਾਂਝੀ ਵਿਰਾਸਤ ਦੀ ਪਰੰਪਰਾ ਨੂੰ ਬੁਲੰਦ ਕਰਨ ਦੀ ਬਜਾਏ ਉਸ ਨੂੰ ਮੇਸਣ ਦਾ ਰਾਹ ਫੜਨਾ ਹੈ। ਕਮੇਟੀ ਨੇ ਕਿਹਾ ਕਿ ਦੁਨੀਆ ਨੇ ਸਰੇਆਮ ਦੰਗੇ ਭੜਕਾਉਣ ਵਾਲੇ ਅਨਸਰਾਂ ਨੂੰ ਹਿੱਕਾਂ ਥਾਪੜਦੇ ਦੇਖਿਆ ਹੈ, ਉਹ ਸਾਰੇ ਸੱਤਾ ਦਾ ਆਨੰਦ ਮਾਣ ਰਹੇ ਹਨ, ਸਮਾਜ ਵਿਚ ਨਫ਼ਰਤ ਦੀ ਖੇਤੀ ਕਰਨ ਵਾਲੇ ਅਤੇ ਬਲਾਤਕਾਰੀਆਂ ਨੂੰ ਜੇਲ੍ਹਾਂ ਤੋਂ ਛੋਟ ਦੇ ਕੇ ਉਹਨਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ, ਇਹ ਕਿੱਥੋਂ ਦਾ ਇਨਸਾਫ਼ ਹੈ?

ਦੇਸ਼ ਭਗਤ ਯਾਦਗਾਰ ਕਮੇਟੀ ਨੇ ਪੰਜਾਬ ਅਤੇ ਦੇਸ਼-ਵਿਦੇਸ਼ ਵਸਦੇ ਪੰਜਾਬੀਆਂ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਉਹ ਉਮਰ ਖ਼ਾਲਿਦ ਅਤੇ ਸ਼ਰਜੀਲ ਨੂੰ ਇਨਸਾਫ਼ ਦਿਵਾਉਣ ਲਈ ਜ਼ੋਰਦਾਰ ਆਵਾਜ਼ ਬੁਲੰਦ ਕਰਨ।

### ਸੁਰਜੀਤ ਕੌਰ ਬੈਂਸ...

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਡਾ. ਦੀਪਕ ਮਨਮੋਹਨ ਸਿੰਘ, ਪੰਜਾਬੀ ਸਾਹਿਤ ਸਭਾ ਮੋਹਾਲੀ ਦੇ ਪ੍ਰਧਾਨ ਡਾ. ਸ਼ਿੰਦਰਪਾਲ ਸਿੰਘ, ਜਨਰਲ ਸਕੱਤਰ ਡਾ. ਸਵੈ ਰਾਜ ਸੰਧੂ, ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ, ਜਨਰਲ ਸਕੱਤਰ ਭੁਪਿੰਦਰ ਮਲਿਕ ਅਤੇ ਪ੍ਰਸਿੱਧ ਲੇਖਕਾਂ ਜਸਬੀਰ ਭੁੱਲਰ, ਜੰਗ ਬਹਾਦਰ ਗੋਇਲ, ਗੁਰਨਾਮ ਕੰਵਰ, ਡਾ. ਸੁਖਦੇਵ ਸਿੰਘ ਸਿਰਸਾ, ਦਵਿੰਦਰ ਦਮਨ, ਜਸਵੰਤ ਦਮਨ, ਡਾ. ਗੁਰਮਿੰਦਰ ਸਿੱਧੂ, ਡਾ. ਬਲਦੇਵ ਸਿੰਘ ਖਹਿਰਾ, ਅਤੈ ਸਿੰਘ, ਸੁਰਿੰਦਰ ਅਤੈ ਸਿੰਘ, ਹਰਭਜਨ ਕੌਰ ਢਿੱਲੋਂ, ਅਮਰਜੀਤ ਕੋਮਲ, ਕਮਲ ਦੁਸਾਂਝ, ਪ੍ਰਿੰ. ਗੁਰਦੇਵ ਪਾਲ ਕੌਰ, ਮਨਮੋਹਨ ਸਿੰਘ ਦਾਓਂ, ਉਮਰਾਓ ਸਿੰਘ, ਹਰਪ੍ਰੀਤ ਕੌਰ ਸੰਧੂ ਅਤੇ ਮਲਕੀਅਤ ਬਸਰਾ ਨੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਵਾਰ ਨਾਲ਼ ਦਿਲੀ ਸੰਵੇਦਨਾ ਪ੍ਰਗਟਾਈ ਹੈ।

### ਬਿਜਲੀ ਮੁਲਾਜ਼ਮਾਂ ਦੀ ...

ਆਗੂਆਂ ਨੇ ਪਾਵਰ ਮੈਨੇਜਮੈਂਟ ਕੋਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਕੀਤੇ ਸਮਝੌਤੇ ਇਨ-ਬਿਨ ਲਾਗੂ ਕਰਨ ਦੀ ਜ਼ੋਰਦਾਰ ਮੰਗ ਕੀਤੀ।ਆਗੂਆਂ 16 ਪ੍ਰਤੀਸ਼ਤ ਮਹਿੰਗਾਈ ਭੱਤਾ ਅਤੇ ਸਕੇਲਾਂ ਦਾ ਏਰੀਅਰ ਜਾਰੀ ਕਰਨ ਸਮੇਤ ਕੱਚੇ ਕਾਮੇ ਪੱਕੇ ਕਰਨ, ਬਿਜਲੀ ਨਿਗਮ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ, ਤਰੱਕੀਆਂ ਵਿੱਚ ਪਾਈ ਜਾ ਰਹੀ ਖੜੋਤ ਦੂਰ ਕਰਨ ਦੀ ਮੰਗ ਕੀਤੀ। ਆਗੂਆਂ 21 ਜਨਵਰੀ ਦੇ ਮੁੱਖ ਦਫਤਰ ਅੱਗੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਕਰਨ 'ਤੇ ਜ਼ੋਰ ਦਿੱਤਾ।

ਛੇਵੇਂ ਦਿਨ ਪੂਰੇ ਉਤਸਾਹ ਨਾਲ 14 ਮੁਲਾਜ਼ਮ ਅਤੇ ਪੈਨਸ਼ਨਰ ਆਗੂ ਪੂਰਨ ਸਿੰਘ ਗੁੰਮਟੀ, ਗੁਰਵਿੰਦਰ ਸਿੰਘ ਹਜਾਰਾ, ਸੁਖਵਿੰਦਰ ਭਗਤ, ਤਰਲੋਚਨ ਸਿੰਘ ਮਾਹਲਪੁਰ, ਬਲਰਾਜ ਸਿੰਘ ਆਦਮਪੁਰ, ਅਸ਼ਵੀਰ ਸਿੰਘ ਖੰਨਾ, ਅਵਤਾਰ ਸਿੰਘ ਜੈਤੋ, ਵਿਸ਼ਾਲ ਜੈਤੋ, ਰਾਜਵੀਰ ਸਿੰਘ ਜੈਤੋ, ਸਤਵਿੰਦਰ ਸਿੰਘ, ਹਰਪ੍ਰੀਤ ਸਿੰਘ , ਮਨਪ੍ਰੀਤ ਸਿੰਘ, ਮਨਜੀਤ ਕੁਮਾਰ, ਲਖਵੀਰ ਸਿੰਘ ਅਤੇ ਮਹਿੰਦਰਪਾਲ ਸਿੰਘ 24 ਘੰਟੇ ਲਈ ਲੜੀਵਾਰ ਭੁੱਖ ਹੜਤਾਲ 'ਤੇ ਬੈਠੇ।

### ਅਦਾਲਤ ਦਾ ...

ਹਿਮਾਚਲ ਸਰਕਾਰ ਸੈੱਸ ਲਾਉਣ ਦੇ ਰਾਹ ਪੈ ਗਈ ਹੈ। ਉਨ੍ਹਾ ਕਿਹਾ ਕਿ ਭੌਂ ਮਾਲੀਆ ਸੈੱਸ ਦੇ ਸਮੁੱਚੇ ਫ਼ੈਸਲੇ ਨੂੰ ਪੰਜਾਬ ਸਰਕਾਰ ਘੋਖ ਰਹੀ ਹੈ। ਜਲ ਸਰੋਤ ਮੰਤਰੀ ਨੇ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਪੰਜਾਬ ਨਾਲ ਧੱਕਾ ਕੀਤਾ ਹੈ ਅਤੇ ਹੁਣ ਹਿਮਾਚਲ ਸਰਕਾਰ ਦੇ ਫ਼ੈਸਲੇ 'ਤੇ ਪੰਜਾਬ ਕਾਂਗਰਸ ਨੂੰ ਵੀ ਆਪਣੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ। ਕੇਂਦਰ ਸਰਕਾਰ ਨੇ ਵੀ ਪੰਜਾਬ ਨਾਲ ਅਨਿਆਂ ਹੀ ਕੀਤਾ ਹੈ ਅਤੇ ਹੜ੍ਹ ਪ੍ਰਭਾਵਤਾਂ ਲਈ ਮੁਆਵਜ਼ਾ ਰਾਸ਼ੀ ਦੇ ਮਾਮਲੇ 'ਤੇ ਕੇਂਦਰ ਨੇ 20 ਹਜ਼ਾਰ ਕਰੋੜ ਦੀ ਥਾਂ ਪੰਜਾਬ ਨੂੰ ਸਿਰਫ਼ 1600 ਕਰੋੜ ਰੁਪਏ ਹੀ ਦਿੱਤੇ ਸਨ।

## ਚਾਕੂ ਦੀ ਨੋਕ 'ਤੇ ਲੁੱਟ-ਖੋਹ ਕਰਨ ਵਾਲੇ 2 ਗਿ੍ਫ਼ਤਾਰ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੁਲਸ ਨੇ ਸਬਜ਼ੀ ਮੰਡੀ ਨੂੰ ਜਾ ਰਹੇ ਇੱਕ ਵਿਅਕਤੀ ਨੂੰ ਚਾਕੂ ਮਾਰ ਕੇ ਖੋਹ ਕਰਨ ਵਾਲੇ ਦੋ ਵਿਅਕਤੀਆਂ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ।ਡੀਐਸਪੀ ਸ੍ਰੀ ਹਰਵਿੰਦਰ ਸਿੰਘ ਖਹਿਰਾ ਨੇ ਕਿਹਾ ਕਿ ਸਵੇਰੇ ਕਰੀਬ ਸਾਢੇ ਚਾਰ ਵਜੇ ਬਾਲ ਕ੍ਰਿਸ਼ਨ ਉਰਫ ਕਾਲੂ ਆਪਣੀ ਸਕੂਟਰੀ 'ਤੇ ਸਵਾਰ ਹੋ ਕੇ ਆਪਣੇ ਘਰੋਂ ਸਬਜ਼ੀ ਮੰਡੀ ਸੁਨਾਮ ਨੂੰ ਜਾ ਰਿਹਾ ਸੀ ਤਾਂ ਜਦੋਂ ਬਾਲ ਕ੍ਰਿਸ਼ਨ ਉਰਫ਼ ਕਾਲੂ ਬਜ਼ਾਰ ਪੁੱਜਿਆ ਤਾਂ ਦੋ ਨਾਮਲੂਮ ਲੜਕੇ, ਜਿਨ੍ਹਾਂ ਦੇ ਮੂੰਹ ਮਫਲਰ ਨਾਲ ਬੰਨੇ ਹੋਏ ਸਨ, ਮੋਟਰਸਾਇਕਲ 'ਤੇ ਸਵਾਰ ਹੋ ਕੇ ਆਏ, ਜਿਨ੍ਹਾਂ ਬਾਲ ਕ੍ਰਿਸ਼ਨ ਨੂੰ ਕਿਹਾ ਕਿ ਪੈਸੇ ਕੱਢ। ਉਨ੍ਹਾਂ ਬਾਲ ਕ੍ਰਿਸ਼ਨ ਉਰਫ ਕਾਲੂ ਉਕਤ ਦੇ ਜੇਬ ਵਿੱਚ ਹੱਥ ਪਾਇਆ ਤੇ ਉਸ ਦੀ ਜੇਬ ਵਿੱਚੋਂ 2000 ਲੁੱਟ ਲਏ। ਜਿਥੇ ਦੋਨੋਂ ਨੌਜਵਾਨ ਬਾਲ ਕ੍ਰਿਸ਼ਨ ਨਾਲ ਹੱਥੋਪਾਈ ਹੋ ਗਏ ਤੇ ਮੋਟਰਸਾਇਕਲ ਦੇ ਪਿੱਛ ਉਤਰੇ ਨੌਜਵਾਨ ਨੇ ਆਪਣੀ ਜੇਬ ਵਿੱਚੋਂ ਚਾਕੂ ਕੱਢ ਕੇ ਬਾਲ ਕ੍ਰਿਸ਼ਨ ਉਰਫ ਕਾਲੂ ਨੂੰ ਮਾਰ ਦੇਣ ਦੀ ਨੀਅਤ ਨਾਲ 5 ਵਾਰ ਕਰਕੇ ਮੌਕੇ ਤੋਂ ਆਪਣੇ ਮੋਟਰਸਾਇਕਲ ਸਮੇਤ ਫਰਾਰ ਹੋ ਗਏ ਸਨ।ਇਸ ਸਬੰਧੀ ਸਰਤਾਜ ਸਿੰਘ ਚਾਹਲ ਐਸਐਸਪੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਾਰਦਾਤ ਨੂੰ ਟਰੇਸ ਕਰਨ ਲਈ ਥਾਣਾ ਸਿਟੀ ਸੁਨਾਮ ਤੇ ਸੀ.ਆਈ.ਏ ਸੰਗਰੂਰ ਦੀਆ ਟੀਮਾਂ ਦਾ ਗਠਨ ਕੀਤਾ ਗਿਆ, ਜਿਸ 'ਤੇ ਇੰਸਪੈਕਟਰ ਪ੍ਰਤੀਕ ਜਿੰਦਲ ਮੁੱਖ ਅਫ਼ਸਰ ਥਾਣਾ ਸਿਟੀ ਸੁਨਾਮ ਤੇ ਪੁਲਸ ਦੀਆਂ ਵੱਖ-ਵੱਖ ਟੀਮਾਂ ਨੇ ਪਤਾ ਕਰਨ 'ਤੇ ਪਾਇਆ ਕਿ ਵਾਰਦਾਤ ਨੂੰ ਕੁਲਦੀਪ ਸਿੰਘ ਉਰਫ਼ ਵਾਸੀ ਸੂਲਰ ਘਰਾਟ ਜ਼ਿਲ੍ਹਾ ਸੀਂਡਾ ਸੰਗਰੂਰ, ਗੁਰਦੀਪ ਸਿੰਘ ਉਰਫ ਗੋਲਡੀ ਵਾਸੀ ਪਿੰਡ ਤਰਬੰਜਾਰਾ ਥਾਣਾ ਦਿੜਬਾ ਜ਼ਿਲ੍ਹਾ ਸੰਗਰੂਰ ਨੇ ਅੰਜਾਮ ਦਿੱਤਾ ਹੈ, ਜਿਸ 'ਤੇ ਮੁਕੱਦਮਾ ਉਕਤ ਵਿੱਚ ਦੋਸ਼ੀਆਨ ਕੁਲਦੀਪ ਸਿੰਘ ਉਰਫ਼ ਸੀਡਾ, ਗੁਰਦੀਪ ਸਿੰਘ ਉਰਫ ਗੋਲਡੀ ਉਕਤਾਨ ਦੌਰਾਨੇ ਤਫ਼ਤੀਸ਼ ਹਸਬ ਜ਼ਾਬਤਾ ਅਨੁਸਾਰ ਗ੍ਰਿਫਤਾਰ ਕਰਕੇ ਇਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਗਿਆ ਚਾਕੂ ਤੇ ਮੋਟਰਸਾਇਕਲ ਮਾਰਕਾ ਸਪਲੈਂਡਰ ਰੰਗ ਕਾਲਾ ਬਰਾਮਦ ਕਰਾਏ ਗਏ ਹਨ।

## ਪ੍ਰਕਾਸ਼ ਦਿਹਾੜੇ ਮੌਕੇ ਖ਼ੂਨਦਾਨ ਕੈਂਪ ਲਗਾਇਆ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਨੁੱਖਤਾ ਦੇ ਭਲੇ ਲਈ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਯੂਨੀਵਰਸਲ ਵੈੱਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿੱਚ 337ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਬਲਵਿੰਦਰ ਸਿੰਘ ਆਲਪੁਰ ਨੇ ਪਹਿਲੀ ਵਾਰ ਖ਼ੂਨ ਦਾਨ ਕਰਕੇ ਉਦਘਾਟਨ ਕੀਤਾ, ਜਦੋਂ ਕਿ ਜਸਵਿੰਦਰ ਸਿੰਘ ਭੱਪਲ 54ਵੀਂ ਵਾਰ, ਗੁਰਤੇਜ ਸਿਉਣਾ ਨੇ 34ਵੀਂ ਵਾਰ, ਗੁਰਮੀਤ ਸਿੰਘ ਬਿਸ਼ਨਗੜ੍ਹ ਨੇ 10ਵੀਂ ਵਾਰ, ਅਮਨਦੀਪ ਸਿੰਘ ਰਾਮਗੜ੍ਹ ਨੇ 8ਵੀਂ ਵਾਰ, ਰਾਮ ਸਰੂਪ ਗੰਗਰੌਲਾ, ਹਰਪ੍ਰੀਤ ਸਿੰਘ ਭੱਪਲ, ਹਰਦੀਪ ਸਿੰਘ ਤਾਸਲਪੁਰ ਤੇ ਜਗਜੀਤ ਸਿੰਘ ਕਰਨਪੁਰ ਨੇ ਵੀ ਖ਼ੂਨ ਦਾਨ ਕੀਤਾ।ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਤ ਕਰਦਿਆਂ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਤੰਦਰੁਸਤ ਇਨਸਾਨਾਂ ਵੱਲੋਂ ਖ਼ੂਨ ਦਾਨ ਕਰਕੇ ਲੰਮਾ ਸਮਾਂ ਤੰਦਰੁਸਤੀ ਭਰਿਆ ਜੀਵਨ ਬਤੀਤ ਕਰ ਸਕਦੇ ਹਨ।ਇਸ ਮੌਕੇ ਗੋਲਡਨ ਸਟਾਰ ਡੋਨਰ ਸੁਖਦੀਪ ਸਿੰਘ ਸੋਹਲ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਮਨਵਿੰਦਰ ਸਿੰਘ ਮਨੀ ਟੌਹੜਾ, ਭਾਈ ਜਰਨੈਲ ਸਿੰਘ ਝੰਡੀ, ਬੀਬੀ ਪਾਰਬਤੀ, ਅਵਤਾਰ ਸਿੰਘ ਬਲਬੇੜਾ ਤੇ ਕਿਰਪਾਲ ਸਿੰਘ ਪੰਜੌਲਾ ਹਾਜ਼ਰ ਸਨ।

## ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦਾ ਵਫ਼ਦ ਮਨਪ੍ਰੀਤ ਇਆਲੀ ਨੂੰ ਮਿਲਿਆ



**ਮੁੱਲਾਂਪੁਰ ਦਾਖਾਂ (ਗੁਰਮੇਲ ਮੈਲਡੇ)**-ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਦਾ ਇੱਕ ਭਰਵਾਂ ਵਫ਼ਦ ਸਮੂਹ ਕਨਵੀਨਰਾਂ, ਕੋ-ਕਨਵੀਨਰਾਂ ਤੇ ਆਜ਼ਾਦ ਧਿਰਾਂ ਦੀ ਅਗਵਾਈ ਵਿੱਚ ਵਿਧਾਨ ਸਭਾ ਵਿੱਚ ਵਿਰੋਧੀ ਪਾਰਟੀ ਅਕਾਲੀ ਦਲ ਦੇ ਆਗੂ ਮਨਪ੍ਰੀਤ ਇਆਲੀ ਨੂੰ ਮਿਲਿਆ, ਜਿਸ ਵਿੱਚ ਭਜਨ ਸਿੰਘ ਗਿੱਲ, ਸੁਰਿੰਦਰ ਪੁਆਰੀ, ਪ੍ਰਿਤਪਾਲ ਸਿੰਘ, ਗੁਰਮੇਲ ਸਿੰਘ ਮੈਲਡੇ, ਸੁਰਿੰਦਰ ਰਾਮ ਕੁੱਸਾ ਤੇ ਬਾਕੀ ਕਨਵੀਨਰਾਂ ਨੇ ਪੰਜਾਬ ਸਰਕਾਰ ਦੁਆਰਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਪਿਛਲੇ ਲੰਮੇਂ ਸਮੇਂ ਤੋਂ ਅੱਖੋਂ ਪਰੋਖੇ ਕਰਨ ਤੇ ਮੀਟਿੰਗਾਂ ਦੇ ਕੇ ਮੀਟਿੰਗਾਂ ਨਾ ਕਰਨ ਦਾ ਮੁੱਦਾ ਮਨਪ੍ਰੀਤ ਇਆਲੀ ਦੇ ਧਿਆਨ ਵਿੱਚ ਲਿਆਂਦਾ।ਸਾਂਝਾ ਫਰੰਟ ਆਗੂਆਂ ਨੇ ਇੱਕਲੀ ਇੱਕਲੀ ਮੰਗ ਦਾ ਵਿਸਥਾਰਤ ਵਿਉਰਾ ਪੇਸ਼ ਕਰਦਿਆਂ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਦਾ ਬਣਦਾ ਡੀ ਏ ਕੇਂਦਰ ਸਰਕਾਰ ਨਾਲੋਂ 16% ਘੱਟ ਦੇਣ, ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਉਸ ਨੂੰ ਲਾਗੂ ਨਾ ਕਰਨਾ, ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ 1-1-2016 ਤੋਂ ਪਹਿਲੇ ਪੈਨਸ਼ਨਰਾਂ 'ਤੇ 2.59 ਦਾ ਗੁਣਾਂਕ ਲਾਗੂ ਕਰਨ ਤੇ ਨੈਸ਼ਨਲ ਪੇ ਸੋਧ ਵਿਧੀ ਰਾਹੀਂ ਪੈਨਸ਼ਨਾਂ ਸੋਧਣ ਤੋਂ ਇਨਕਾਰ, ਮੁਲਾਜ਼ਮਾਂ ਦੇ ਕੱਟੇ ਗਏ 37 ਭੱਤੇ ਬਹਾਲ ਕਰਨ ਤੋਂ ਆਨਾ-ਕਾਨੀ, ਪ੍ਰੋਬੇਸ਼ਨ ਪੀਰੀਅਡ 3 ਸਾਲ ਤੋਂ ਘਟਾ ਕੇ 1 ਸਾਲ ਸਮੇਤ ਭੱਤਿਆ ਕਰਨ ਦੇ ਮਾਨਯੋਗ ਹਾਈ ਕੋਰਟ ਦੇ ਫੈਸਲੇ ਲਾਗੂ ਨਾ ਕਰਨੇ, ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਲਾਗੂ ਕਰਨੇ, ਠੇਕੇ, ਆਊਟ ਸੋਰਸ ਤੇ ਇਨਲਿਸਟਮੈਂਟ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ ਤੇ ਉਨ੍ਹਾਂ ਨੂੰ ਘੱਟੋ ਘੱਟ ਉਜਰਤ ਦੇ ਘੇਰੇ 'ਚ ਲਿਆਉਣ ਵਰਗੀਆਂ ਅਹਿਮ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਇਸ 'ਤੇ ਵਿਧਾਨ ਸਭਾ 'ਚ ਅਕਾਲੀ ਦਲ ਦੇ ਆਗੂ ਮਨਪ੍ਰੀਤ ਸਿੰਘ ਇਆਲੀ ਨੇ ਵਫ਼ਦ ਨੂੰ ਪੂਰਾ ਭਰੋਸਾ ਦਿੱਤਾ ਕਿ ਉਹ ਆਪਣੇ ਸਾਰੇ ਪਲੇਟਫਾਰਮਾਂ ਤੋਂ ਅਤੇ ਵਿਧਾਨ ਸਭਾ ਵਿੱਚ ਪੂਰੇ ਜ਼ੋਰ ਨਾਲ ਇਹ ਮੰਗਾਂ ਮਸਲੇ ਉਠਾਉਣਗੇ ਤੇ ਪੰਜਾਬ ਸਰਕਾਰ 'ਤੇ ਦਬਾਅ ਬਣਾਉਣਗੇ ਕਿ ਇਹ ਮੰਗਾਂ ਮਸਲੇ ਤੁਰੰਤ ਹੱਲ ਕੀਤੇ ਜਾਣ। ਇਸ ਮੌਕੇ ਫਰੰਟ ਵਿੱਚ ਸ਼ਾਮਲ ਵੱਖ ਵੱਖ ਜਥੇਬੰਦੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪਠਾਨਕੋਟ 'ਚ 15 ਸਾਲ ਦਾ ਬੱਚਾ ਜਸੂਸੀ ਦੇ ਦੋਸ਼ਾਂ ਤਹਿਤ ਗ੍ਰਿਫ਼ਤਾਰ

**ਪਠਾਨਕੋਟ (ਦਵਿੰਦਰ ਸਿੰਘ)**- ਪਾਕਿਸਤਾਨ ਦੀ ਖੁਫ਼ੀਆ ਏਜੰਸੀ ਆਈ ਐਸ ਆਈ ਲਈ ਜਸੂਸੀ ਕਰਨ ਦੇ ਦੋਸ਼ਾਂ ਤਹਿਤ ਪਠਾਨਕੋਟ ਪੁਲਿਸ ਨੇ ਇੱਕ 15 ਸਾਲ ਦੇ ਬੱਚੇ ਨੂੰ ਗ੍ਰਿਫ਼ਤਾਰ ਕੀਤਾ ਹੈ। ਉਹ ਪਿਛਲੇ ਇਕ ਸਾਲ ਤੋਂ ਪਾਕਿਸਤਾਨ ਵਿਖੇ ਆਈ ਐਸ ਆਈ ਦੇ ਹੈਂਡਲਰਾਂ ਨੂੰ ਸੂਚਨਾਵਾਂ ਦੇ ਰਿਹਾ ਸੀ । ਪੁਲਿਸ ਨੇ ਉਸ ਦੇ ਮੋਬਾਈਲ ਫੋਨ ਤੋਂ ਇਸ ਸਬੰਧੀ ਅਹਿਮ ਸਬੂਤ ਬਰਾਮਦ ਹਨ। ਇਹ ਨਬਾਲਗ ਜੰਮੂ ਦੇ ਸਾਂਬਾ ਜ਼ਿਲ੍ਹੇ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ, ਜਿਸ ਨੂੰ ਗ੍ਰਿਫ਼ਤਾਰ ਕਰਕੇ ਪੁਲਿਸ ਨੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸ੍ਰੀ ਬਾਵਾ ਲਾਲਾ ਦੇ ਜਨਮ ਦਿਹਾੜੇ 'ਤੇ ਜਿਲ੍ਹਾ ਪੱਧਰੀ ਛੁੱਟੀ ਲਈ ਮੰਗ ਪੱਤਰ ਦਿੱਤਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਤਿਗੁਰੂ ਸ੍ਰੀ ਬਾਵਾ ਲਾਲਾ ਜੀ ਦੇ 671ਵੇਂ ਜਨਮ ਦਿਹਾੜੇ 'ਤੇ 20 ਜਨਵਰੀ ਨੂੰ ਜਿਲ੍ਹਾ ਪੱਧਰੀ ਛੁੱਟੀ ਕਰਨ ਦੇ ਸਬੰਧ ਵਿੱਚ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਦੀ



ਅਗਵਾਈ ਵਿੱਚ ਬਾਵਾ ਲਾਲ ਦਿਆਲ ਜੀ ਦੇ ਸੇਵਕਾਂ ਨੇ ਡਿਪਟੀ ਕਮਿਸ਼ਨਰ ਸ਼੍ਰੀ ਅਦਿੱਤਿਆ ਉੱਪਲ ਨੂੰ ਮੰਗ ਪੱਤਰ ਦਿੱਤਾ। ਇਸ ਮੌਕੇ ਗੱਲ ਕਰਦਿਆਂ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਸ੍ਰੀ ਲਾਲ ਦਵਾਰਾ ਮੰਦਿਰ ਚੈਰੀਟੇਬਲ ਸੋਸਾਇਟੀ (ਰਜਿ:), ਗੁਰਦਾਸਪੁਰ ਦੇ ਸਮੂਹ ਬਾਵਾ ਲਾਲ ਦੇ ਸੇਵਕਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਸਤਿਗੁਰੂ ਸ੍ਰੀ ਬਾਵਾ ਲਾਲ ਜੀ ਦਾ ਜਨਮ ਦਿਹਾੜਾ 20 ਜਨਵਰੀ ਨੂੰ ਦਰਬਾਰ ਸ੍ਰੀ ਧਿਆਨਪੁਰ ਧਾਮ ਵਿਖੇ ਬਹੁਤ ਹੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਦਿਨ ਦੇਸ਼ ਵਿਦੇਸ਼ ਤੋਂ ਸੰਗਤਾਂ ਦਰਬਾਰ ਸ੍ਰੀ ਧਿਆਨਪੁਰ ਧਾਮ ਵਿੱਚ ਨਤਮਸਤਕ ਹੁੰਦੀਆਂ ਹਨ। ਸਤਿਗੁਰੂ ਸ੍ਰੀ ਬਾਵਾ ਲਾਲ ਜੀ ਦੇ ਜਨਮ ਦਿਹਾੜੇ ਵਾਲੇ ਦਿਨ ਇੱਕ ਵੱਡੇ ਮੇਲੇ ਦੀ ਤਰ੍ਹਾਂ ਮਾਹੌਲ ਹੁੰਦਾ ਹੈ। ਇਸ ਲਈ 20 ਜਨਵਰੀ ਨੂੰ ਗੁਰਦਾਸਪੁਰ ਵਿਖੇ ਜਿਲ੍ਹਾ ਪੱਧਰੀ ਛੁੱਟੀ ਘੋਸ਼ਿਤ ਕੀਤੀ ਜਾਵੇ।




# ਗਰੀਬੀ ਤੋਂ ਤੰਗ ਆ ਕੇ 2 ਬੱਚਿਆਂ ਸਣੇ ਪਿਤਾ ਵੱਲੋਂ ਖੁਦਕੁਸ਼ੀ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਪਿੰਡ ਸ਼ਾਹਪੁਰਾ 'ਚ ਗਰੀਬੀ ਤੋਂ ਤੰਗ ਆ ਕੇ ਇੱਕ ਪਿਤਾ ਨੇ ਦੋ ਧੀਆਂ ਸਮੇਤ ਜ਼ਹਿਰ ਖਾ ਕੇ ਖੁਦਕੁਸ਼ੀ ਕਰ ਲਈ। ਪ੍ਰਾਪਤ ਜਾਣਕਾਰੀ ਅਨੁਸਾਰ ਲਵਪ੍ਰੀਤ ਸਿੰਘ ਲੰਬੇ ਸਮੇਂ ਤੋਂ ਬੇਰੁਜ਼ਗਾਰੀ ਅਤੇ ਆਰਥਿਕ ਤੰਗੀਆਂ ਨਾਲ ਜੂਝ ਰਿਹਾ ਸੀ, ਜਿਸ ਕਾਰਨ ਉਸ ਨੇ ਇਹ ਸਖ਼ਤ ਕਦਮ ਚੁੱਕਿਆ। ਲਵਪ੍ਰੀਤ ਨੇ ਆਪਣੀ ਪਤਨੀ ਅਤੇ ਬੇਟੇ ਨੂੰ ਅਟਾਰੀ ਕੰਮ 'ਤੇ ਛੱਡਕੇ ਵਾਪਿਸ ਆਉਣ ਤੋਂ ਬਾਅਦ ਘਰ ਆ ਕੇ ਆਪਣੀਆਂ ਦੋ ਧੀਆਂ ਜਸਪ੍ਰੀਤ ਕੌਰ (8 ਸਾਲ) ਵੀਰਪਾਲ ਕੌਰ (6 ਸਾਲ) ਸਣੇ ਜ਼ਹਿਰ ਖਾ ਲਿਆ। ਜਦੋਂ ਉਨ੍ਹਾਂ ਦੀ ਹਾਲਤ ਵਿਗੜ ਗਈ, ਤਾਂ ਉਨ੍ਹਾਂ ਨੂੰ ਅੰਮ੍ਰਿਤਸਰ ਦੇ ਇੱਕ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਹਨਾਂ ਦੀ ਮੌਤ ਹੋ ਗਈ । ਉਪਰੰਤ ਤੁਰੰਤ ਹੀ ਪੁਲਿਸ ਨੂੰ ਘਟਨਾ ਦੀ ਸੂਚਨਾ ਦਿੱਤੀ ਗਈ ਅਤੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ। ਮ੍ਰਿਤਕ ਲਵਪ੍ਰੀਤ ਦੀ ਪਤਨੀ ਕੁਲਦੀਪ ਕੌਰ ਸਦਮੇ ਵਿੱਚ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਲਵਪ੍ਰੀਤ ਇੱਕ ਮਿਹਨਤੀ ਆਦਮੀ ਸੀ, ਪਰ ਬੇਰੁਜ਼ਗਾਰੀ ਨੇ ਉਸ ਨੂੰ ਨਿਰਾਸ਼ਤਾ ਵੱਲ ਧੱਕ ਦਿੱਤਾ।

# ਹਲਕਾ ਇੰਚਾਰਜ ਸੇਖਵਾਂ ਨੇ 3 ਕਰੋੜ ਦੀ ਲਾਗਤ ਨਾਲ ਵੱਖ-ਵੱਖ ਸੜਕਾਂ ਦੇ ਰੱਖੇ ਨੀਂਹ ਪੱਥਰ

**ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)** ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡਾਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਮੰਗਲਵਾਰ ਕਰੀਬ 3 ਕਰੋੜ 1 ਲੱਖ ਰੁਪਏ ਦੀ ਲਾਗਤ ਦੇ ਵੱਖ-ਵੱਖ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ ।ਇਸ ਮੌਕੇ ਗੱਲ ਕਰਦਿਆਂ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪਿੰਡ ਜਾਗੋਵਾਲ ਬੇਟ ਤੋਂ ਕਿਸ਼ਨਪੁਰ ਧਾਵੇ ਦੀ ਸੜਕ ਜਿਸ ਦੀ ਲੰਬਾਈ 4.15 ਕਿਲੋਮੀਟਰ ਹੈ, ਲਾਗਤ 1 ਕਰੋੜ 3 ਲੱਖ ਰੁਪਏ, ਸ਼ਾਲਾ ਚੱਕ ਸਰੀਫ ਰੋਡ ਤੋਂ ਡੇਰੇ ਪੀਰੋ ਲੰਗੇ ਜਿਸ ਦੀ ਲੰਬਾਈ 5.39 ਕਿਲੋਮੀਟਰ, ਜਿਸ ਦੀ ਲਾਗਤ 82 ਲੱਖ ਰੁਪਏ, ਪਸਵਾਲ ਤੋਂ ਜਾਗੋਵਾਲ 2.49 ਕਿਲੋਮੀਟਰ ਜਿਸ ਲਾਗਤ 61 ਲੱਖ ਰੁਪਏ ਅਤੇ ਸ਼ਾਲਾ ਚੱਕ ਸ਼ਰੀਫ ਤੋਂ ਦਾਰਾਪੁਰ ਜਿਸ ਦੀ ਲੰਬਾਈ 2.68 ਕਿਲੋਮੀਟਰ ਜੋ ਕਿ 55 ਲੱਖ ਰੁਪਏ ਦੀ



ਲਾਗਤ ਨਾਲ ਬਣ ਕੇ ਤਿਆਰ ਹੋਣਗੀਆਂ। ਸੇਖਵਾਂ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਵਿਕਾਸ ਕੰਮ ਜਾਰੀ ਹਨ, ਜਿਸ ਲਈ ਕਾਦੀਆਂ ਹਲਕੇ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਵੱਖ-ਵੱਖ ਪਿੰਡਾਂ ਵਿੱਚ ਸੜਕ ਬਣਾਉਣ ਦੇ ਕੰਮ ਚੱਲ ਰਹੇ ਹਨ। ਉਨਾਂ ਅੱਗੇ ਕਿਹਾ ਕਿ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦਾ ਨਵੀਨੀਕਰਨ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਸਟੇਡੀਅਮ ਬਣਾਉਣ, ਡੇਰਿਆਂ ਦੇ ਰਸਤੇ ਪੱਕੇ ਕਰਨ ਸਮੇਤ ਵੱਖ-ਵੱਖ ਵਿਕਾਸ ਕਾਰਜ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸਮੁੱਚੇ ਹਲਕੇ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰ ਰਹੇ ਹਨ ਅਤੇ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਦਾ ਲੋਕਾਂ ਤੱਕ ਲਾਭ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।

# ਹਾਦਸਾਗ੍ਰਸਤ ਹਾਲਤ ਮਿਲੀ ਲਵਾਰਿਸ ਸਵਿਫਟ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪੈਂਦੇ ਪਿੰਡ ਮੁੱਤੋਂ ਦੇ ਨਜ਼ਦੀਕ ਇੱਕ ਸਵਿਫਟ ਗੱਡੀ ਦੇ ਹਾਦਸਾਗ੍ਰਸਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਰੂਟ ਨੰਬਰ 88403 'ਤੇ ਤਾਇਨਾਤ ਸੜਕ ਸੁਰੱਖਿਆ ਫੋਰਸ ਦੀ ਟੀਮ ਨੂੰ ਇੱਕ ਰਾਹਗੀਰ ਨੇ ਸੂਚਨਾ ਦਿੱਤੀ ਕਿ ਪਿੰਡ ਮੁੱਤੋਂ ਦੇ ਕੋਲ ਇੱਕ ਚਿੱਟੇ ਰੰਗ ਦੀ ਸਵਿਫਟ ਗੱਡੀ, ਜਿਸ ਦਾ ਨੰਬਰ ਪੀ ਬੀ 06186799 ਹੈ, ਬੁਰੀ ਤਰ੍ਹਾਂ ਹਾਦਸਾਗ੍ਰਸਤ ਹੋਈ ਪਈ ਹੈ। ਮੌਕੇ 'ਤੇ ਕੋਈ ਮੌਜੂਦ ਨਹੀਂ ਸੀ। ਏ ਐੱਸ ਆਈ ਪ੍ਰਵੀਨ ਕੁਮਾਰ ਦੀ ਅਗਵਾਈ ਹੇਠ ਜਦੋਂ ਐੱਸ ਐੱਸ ਐੱਫ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ, ਤਾਂ ਉੱਥੇ ਗੱਡੀ ਦੇ ਕੋਲ ਕੋਈ ਵੀ ਵਿਅਕਤੀ ਮੌਜੂਦ ਨਹੀਂ ਸੀ। ਗੱਡੀ ਲਵਾਰਿਸ ਹਾਲਤ ਵਿੱਚ ਖੜ੍ਹੀ ਮਿਲੀ। ਹੋਰ ਕਿਸੇ ਹਾਦਸੇ ਨੂੰ ਰੋਕਣ ਲਈ ਐੱਸ ਐੱਸ ਐੱਫ SSF ਟੀਮ ਨੇ ਤੁਰੰਤ ਕਾਰਵਾਈ ਕਰਦੇ ਹੋਏ ਗੱਡੀ ਨੂੰ ਸੜਕ ਦੇ ਇੱਕ ਪਾਸੇ ਕਰਵਾਇਆ ਅਤੇ ਟ੍ਰੈਫਿਕ ਕੋਨਸ ਲਗਾ ਕੇ ਬੈਰੀਕੇਡਿੰਗ ਕਰ ਦਿੱਤੀ ਤਾਂ ਜੋ ਆਉਣ-ਜਾਣ ਵਾਲੀ ਟ੍ਰੈਫਿਕ ਵਿੱਚ ਕੋਈ ਵਿਘਨ ਨਾ ਪਵੇ। ਇਸ ਘਟਨਾ ਸਬੰਧੀ ਸਬੰਧਿਤ ਥਾਣਾ ਕਾਠਗੜ੍ਹ ਦੇ ਡਿਊਟੀ ਅਫਸਰ ਏ ਐੱਸ ਆਈ ਰਾਮ ਸ਼ਾਹ, ਐੱਮ ਐੱਸ ਸੀ ਕਾਠਗੜ੍ਹ ਤੇ ਕੰਟਰੋਲ ਰੂਮ ਨਵਾਂਸ਼ਹਿਰ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਪੁਲਿਸ ਵੱਲੋਂ ਹੁਣ ਗੱਡੀ ਦੇ ਮਾਲਕ ਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।



# ਸਿੱਖਿਆ ਦਾ ਨਿੱਜੀਕਰਨ ਬੰਦ ਕਰਕੇ ਇਕਸਾਰ ਸਕੂਲ ਪ੍ਰਣਾਲੀ ਲਾਗੂ ਕੀਤੀ ਜਾਵੇ : ਬਾਕੀਪੁਰ, ਨੂਰ

**ਤਰਨ ਤਾਰਨ (ਗਿਆਨ ਸੈਦਪੁਰੀ)**- ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਇਕਾਈ ਤਰਨ ਤਾਰਨ ਵੱਲੋਂ ਗਾਂਧੀ ਪਾਰਕ ਵਿਖੇ ਨਵੇਂ ਸਾਲ 2026 ਦਾ ਕਲੰਡਰ ਜਾਰੀ



ਕੀਤਾ ਗਿਆ। ਇਸ ਸਮੇਂ ਜਥੇਬੰਦਕ ਸਕੱਤਰ ਅੰਮ੍ਰਿਤਪਾਲ ਸਿੰਘ ਬਾਕੀਪੁਰ ਅਤੇ ਜਨਰਲ ਸਕੱਤਰ ਨਰਿੰਦਰ ਨੂਰ ਨੇ ਦੱਸਿਆ ਕਿ ਸਰਕਾਰਾਂ ਸਿੱਖਿਆ ਦਾ ਨਿੱਜੀਕਰਨ ਤੇ ਵਪਾਰੀਕਰਨ ਕਰਕੇ ਗਰੀਬ ਲੋਕਾਂ ਤੋਂ ਸਿੱਖਿਆ ਦਾ ਹੱਕ ਖੋਹ ਕੇ ਧਨਾਢਾਂ ਦੇ ਹਵਾਲੇ ਕਰ ਰਹੀਆਂ ਹਨ। ਲੱਖਾਂ ਬੱਚੇ ਅਜੇ ਵੀ ਸਿੱਖਿਆ ਤੋਂ ਵਾਂਝੇ ਹਨ। ਸਕੂਲਾਂ ਵਿੱਚ ਅਧਿਆਪਕਾਂ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਹਨ ਅਤੇ ਜਿਥੇ ਕਿਤੇ ਅਧਿਆਪਕ ਹਨ ਉਹਨਾਂ ਨੂੰ ਸਰਕਾਰਾਂ ਨੇ ਸਿੱਖਿਆ ਲੈਣ ਦੀ ਬਜਾਏ ਗੈਰ-ਵਿਦਿਅਕ ਕੰਮਾਂ ਵਿਚ ਉਲਝਾਇਆਂ ਹੋਇਆ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ 2025 ਦਾ ਸਾਲ ਅਜਿਹਾ ਸਾਲ ਰਿਹਾ ਹੈ ਕਿ ਪੰਜਾਬ ਸਰਕਾਰ ਨੇ ਇੱਕ ਵੀ ਡੀ.ਏ.ਦੀ ਕਿਸ਼ਤ ਜਾਰੀ ਨਹੀਂ ਕੀਤੀ।ਪੇਂਡੂ ਤੇ ਬਾਰਡਰ ਭੱਤਾ ਬੰਦ ਕੀਤਾ ਹੋਇਆ ਹੈ। ਸਾਲ 2022 ਵਿੱਚ ਇਸ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਝੂਠਾ ਨੋਟੀਫਿਕੇਸ਼ਨ ਜਾਰੀ ਕਰਕੇ ਮੁਲਾਜ਼ਮਾਂ ਨਾਲ ਧੋਖਾ ਕੀਤਾ ਹੈ।ਇਹ ਅਜਿਹੀ ਸਰਕਾਰ ਹੈ ਜੋ ਕੋਰਟ ਦੇ ਫੈਸਲਿਆਂ ਨੂੰ ਵੀ ਲਾਗੂ ਨਹੀਂ ਕਰ ਰਹੀ। ਲਗਾਤਾਰ ਸਰਵਿਸ ਨਿਯਮਾਂ ਵਿੱਚ ਸੋਧਾਂ ਕਰਕੇ ਲੰਬੇ ਸੰਘਰਸ਼ਾਂ ਤੋਂ ਬਾਅਦ ਮਿਲੇ ਸਕੇਲਾਂ ਨੂੰ ਇੱਕ-ਇੱਕ ਕਰਕੇ ਖੋਰਾ ਲਾ ਰਹੀ ਹੈ। ਐਮੀਨੈਂਸ ਸਕੂਲਾਂ ਦੇ ਨਾਂ 'ਤੇ ਸਰਕਾਰ ਨੇ ਵੰਡੀਆਂ ਪਾ ਦਿੱਤੀਆਂ ਹਨ ਜੋ ਬਾਕੀ ਵਿਦਿਆਰਥੀਆਂ ਨਾਲ ਧੋਖਾ ਹੈ। ਜਥੇਬੰਦੀ ਮੰਗ ਕਰਦੀ ਹੈ ਕਿ ਸਾਰੇ ਵਿਦਿਆਰਥੀਆਂ ਨੂੰ ਮਿਆਰੀ ਅਤੇ ਇੱਕਸਾਰ ਵਿੱਦਿਆ ਦਿੱਤੀ ਜਾਵੇ। ਅਧਿਆਪਕਾਂ ਦੀਆਂ ਠੇਕਾ ਅਧਾਰਿਤ ਭਰਤੀਆਂ ਬੰਦ ਕਰਕੇ ਪੂਰੀਆਂ ਤਨਖਾਹਾਂ 'ਤੇ ਰੈਗੂਲਰ ਭਰਤੀਆਂ ਕੀਤੀਆਂ ਜਾਣ। ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿਚ ਸ਼ਾਮਲ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵੀ ਕੁਮਾਰ, ਕੰਵਲਜੀਤ ਝਾਮਕਾ,ਪਰਮਜੀਤ ਸਿੰਘ ਨਾਗੋਕੇ,ਮੈਡਮ ਕੁਲਬੀਰ ਕੌਰ ਨਾਗੋਕੇ ਆਦਿ ਹਾਜ਼ਰ ਸਨ।

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੈਬਨਿਟ ਮੰਤਰੀ ਸੌਂਦ ਤੇ ਹੋਰ ਹਾਜ਼ਰ ਹੋਏ

**ਸ੍ਰੀ ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੱਖ-ਵੱਖ ਚੱਲਦੇ ਮਾਮਲਿਆਂ ਸਬੰਧੀ ਸੋਮਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਪਾਸ ਪੰਜਾਬ ਸਰਕਾਰ ਦੇ ਕੈਬਨਿਟ ਮੰਤਰ ਸ. ਤਰੁਣਪ੍ਰੀਤ ਸਿੰਘ ਸੌਂਦ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਕੁਝ ਮੈਂਬਰ ਤੇ ਅਹੁਦੇਦਾਰ ਅਤੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ, ਆਨਰੇਰੀ ਸਕੱਤਰ ਤੇ ਕੁਝ ਮੈਂਬਰ ਆਪੋ-ਆਪਣੇ ਪੱਖ ਲੈ ਕੇ ਹਾਜ਼ਰ ਹੋਏ। ਇਨ੍ਹਾਂ ਨਾਲ ਸਬੰਧਤ ਮਾਮਲਿਆਂ ਨੂੰ ਵਾਰੀ-ਵਾਰੀ ਸੁਣਿਆ ਅਤੇ ਵਿਚਾਰਿਆ ਗਿਆ। ਸੌਂਧ ਨੰਗੇ ਪੈਰ ਚੱਲ ਕੇ ਸ੍ਰੀ ਦਰਬਾਰ ਸਾਹਿਬ ਪੁੱਜੇ ਅਤੇ ਉੱਥੋਂ ਦੇਗ ਕਰਵਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋਏ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਨੇ ਦੱਸਿਆ ਕਿ ਪੰਜਾਬ ਦੇ ਕੈਬਨਿਟ ਮੰਤਰੀ ਸ. ਤਰੁਣਪ੍ਰੀਤ ਸਿੰਘ ਸੌਂਦ ਪਾਸੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਜੀਵਨ ਸਿੰਘ (ਭਾਈ ਜੈਤਾ ਜੀ) ਦੀ ਯਾਦਗਾਰ ਵਿੱਚ ਤਿਆਰ ਕੀਤੀਆਂ ਗਈਆਂ ਤਸਵੀਰਾਂ ਵਿੱਚ ਸਿੱਖ ਸਿਧਾਂਤਾਂ, ਮਰਯਾਦਾ ਅਤੇ ਭਾਵਨਾਵਾਂ ਦੇ ਵਿਰੁੱਧ ਪੇਸ਼ਕਾਰੀ ਸਬੰਧੀ ਸਪੱਸ਼ਟੀਕਰਨ ਮੰਗਿਆ ਗਿਆ , ਜੋ ਉਨ੍ਹਾਂ ਨੇ ਸਿੰਘ ਸਾਹਿਬ ਜੀ ਨੂੰ ਪੇਸ਼ ਕਰ ਦਿੱਤਾ ਹੈ। ਇਸ ਸਬੰਧੀ ਮੰਤਰੀ ਸੌਂਦ ਨੇ ਮੰਨਿਆ ਹੈ ਕਿ ਜੋ ਕੁਝ ਕੁਤਾਹੀਆਂ ਹੋਈਆਂ ਹਨ ਉਨ੍ਹਾਂ ਨੂੰ ਸਿੱਖ ਭਾਵਨਾਵਾਂ ਮੁਤਾਬਕ ਠੀਕ ਕਰ ਦਿੱਤਾ ਗਿਆ ਹੈ ਅਤੇ ਕੁਝ ਕਾਰਜ ਅਜੇ ਚੱਲ ਰਿਹਾ ਹੈ। ਬਗੀਚਾ ਸਿੰਘ ਨੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਪਾਸੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬੀਤੇ ਸਮੇਂ ਹੋਏ ਆਦੇਸ਼ ਦੀ ਰੋਸ਼ਨੀ ਵਿੱਚ ਇਹ ਜਾਣਕਾਰੀ ਮੰਗੀ ਗਈ ਸੀ ਕਿ ਉਨ੍ਹਾਂ ਦੇ ਕਿਹੜੇ ਮੈਂਬਰ ਅੰਮ੍ਰਿਤਧਾਰੀ ਹਨ ਅਤੇ ਕਿਹੜੇ ਨਹੀਂ ਹਨ। ਇਸ ਸਬੰਧੀ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਨਿੱਝਰ, ਆਨਰੇਰੀ ਸਕੱਤਰ ਸ. ਰਮਣੀਕ ਸਿੰਘ ਸਮੇਤ ਮੈਂਬਰ ਪ੍ਰੋ. ਸੁਖਬੀਰ ਸਿੰਘ ਤੇ ਭਾਈ ਮਹਿੰਦਰ ਸਿੰਘ ਹਾਜ਼ਰ ਹੋਏ, ਜਿਨ੍ਹਾਂ ਨੇ ਮੰਗੀ ਗਈ ਜਾਣਕਾਰੀ ਦਿੱਤੀ। ਜਥੇਦਾਰ ਗੜਗੱਜ ਨੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਨੂੰ ਹੋਰ ਸਮਾਂ ਦਿੰਦਿਆਂ ਕਿਹਾ ਕਿ ਉਹ ਸੰਸਥਾ ਦੇ ਸਮੂਹ ਮੈਂਬਰਾਂ ਨੂੰ ਪ੍ਰੇਰਨਾ ਦੇ ਕੇ ਉਨ੍ਹਾਂ ਦਾ ਅੰਮ੍ਰਿਤਧਾਰੀ ਹੋਣਾ ਯਕੀਨੀ ਬਣਾਉਣ ਤਾਂ ਜੋ ਸੰਵਿਧਾਨ ਦੀ ਪਾਲਣਾ ਹੋਵੇ।

# ਈ-ਰਿਕਸ਼ਿਆਂ ਦੀ ਲਗਾਤਾਰ ਵਧ ਰਹੀ ਗਿਣਤੀ ਚਿੰਤਾ ਦਾ ਵਿਸ਼ਾ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਦੀ ਆਬਾਦੀ ਦੇ ਹਿਸਾਬ ਨਾਲ ਈ-ਰਿਕਸ਼ਿਆਂ ਦੀ ਵੱਧਦੀ ਗਿਣਤੀ ਚਿੰਤਾ ਦਾ ਵਿਸ਼ਾ ਬਣਦੀ ਜਾ ਰਹੀ ਹੈ ਜਿਸ ਵੱਲ ਨਗਰ ਕੌਂਸਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਗੌਰ ਕਰਨ ਦੀ ਲੋੜ ਹੈ। ਜਾਣਕਾਰੀ ਅਨੁਸਾਰ ਸ਼ਹਿਰ ਅੰਦਰ ਮੌਜੂਦਾ ਸਮੇਂ ਵਿੱਚ ਲਗਭਗ ਤਿੰਨ ਹਜ਼ਾਰ ਤੋਂ ਵੱਧ ਈ ਰਿਕਸ਼ੇ ਦੌੜ ਰਹੇ ਹਨ। ਜੋ ਸ਼ਹਿਰ ਦੀਆਂ ਸੜਕਾਂ ਦੇ ਹਿਸਾਬ ਨਾਲ ਬਹੁਤ ਜ਼ਿਆਦਾ ਲੱਗ ਰਹੇ ਹਨ। ਅੱਜ ਤੋਂ ਕੁਝ ਸਾਲ ਪਹਿਲਾਂ ਜਦ ਸ਼ਹਿਰ ਅੰਦਰ ਕੋਈ ਵੀ ਈ ਰਿਕਸ਼ਾ ਨਹੀਂ ਸੀ ਤਾਂ ਇਹੋ ਸੜਕਾਂ ਸਨ ਜਦ ਕਿ ਹੁਣ ਵੀ ਉਹ ਸੜਕਾਂ ਹਨ ਜੋ ਨਾ ਚੌੜੀਆਂ ਹੋਈਆਂ ਅਤੇ ਨਾ ਹੀ ਲੰਬੀਆਂ ਹੋਈਆਂ ਹਨ। ਟਰੈਫਿਕ ਦੀ ਸਮੱਸਿਆ ਤਾਂ ਪਹਿਲਾਂ ਹੀ ਕਾਫੀ ਸੀ ਅਤੇ ਹੁਣ ਟਰੈਫਿਕ ਦੀ ਸਮੱਸਿਆ ਬਾਰੇ ਬਹੁਤੀ ਗੱਲ ਕਰਨੀ ਦੀ ਲੋੜ ਹੀ ਨਹੀਂ ਜਿਸ ਨੂੰ ਆਮ ਲੋਕਾਂ ਦੇ ਨਾਲ ਨਾਲ ਟਰੈਫਿਕ ਵਿਭਾਗ ਵੀ ਭਲੀਭਾਂਤੀ ਸਮਝ ਰਿਹਾ ਹੈ। ਟਰੈਫਿਕ ਵਿਭਾਗ ਦੀ ਕੋਸ਼ਿਸ਼ ਦੇ ਬਾਵਜੂਦ ਟਰੈਫਿਕ ਅਜੇ ਤੱਕ ਪੂਰੀ ਤਰ੍ਹਾਂ ਕੰਟਰੋਲ ਨਹੀਂ ਹੋ ਰਹੀ। ਆਰ.ਟੀ.ਓ. ਗੁਰਦਾਸਪੁਰ ਨੂੰ ਚਾਹੀਦਾ ਹੈ ਕਿ ਇਨ੍ਹਾਂ ਈ ਰਿਕਸ਼ਿਆਂ ਦੀ ਪਹਿਚਾਣ ਵਜੋਂ ਇਨ੍ਹਾਂ ਦੇ ਨੰਬਰੀ ਪਲੇਟਾਂ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਵਾਪਰਨ 'ਤੇ ਇਨ੍ਹਾਂ ਦੀ ਪਹਿਚਾਣ ਹੋ ਸਕੇ। ਇਸ ਤੋਂ ਇਲਾਵਾ ਨਗਰ ਕੌਂਸਲ ਗੁਰਦਾਸਪੁਰ ਨੂੰ ਇਨ੍ਹਾਂ ਈ-ਰਿਕਸ਼ਿਆਂ ਦੀ ਪਹਿਚਾਣ ਲਈ ਆਪਣੇ ਪੱਧਰ 'ਤੇ ਨੰਬਰ ਪਲੇਟਾਂ ਲਗਵਾਉਣੀਆਂ ਚਾਹੀਦੀਆਂ ਹਨ ਜਿਸ ਨਾਲ ਇਨ੍ਹਾਂ ਦੀ ਪਹਿਚਾਣ ਹੋ ਸਕੇ। ਇਸ ਸਭ ਦੇ ਨਾਲ-ਨਾਲ ਟਰੈਫਿਕ ਪੁਲਿਸ ਨੂੰ ਵੀ ਈ ਰਿਕਸ਼ਾ ਚਾਲਕਾਂ ਤੇ ਡਰਾਈਵਰਾਂ ਦੇ ਲਾਈਸੈਂਸ ਤੇ ਹੋਰ ਕਾਗਜਾਂ ਦੀ ਸਮੇਂ-ਸਮੇਂ ਸਿਰ ਚੈਕਿੰਗ ਕਰਦੇ ਰਹਿਣਾ ਚਾਹੀਦਾ ਹੈ। ਇਸ ਸਬੰਧੀ ਟਰੈਫ਼ਿਕ ਇੰਚਾਰਜ ਸਤਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵਲੋਂ ਜਲਦ ਹੀ ਸੈਮੀਨਾਰ ਲਗਾ ਕੇ ਈ ਰਿਕਸ਼ਾ ਚਾਲਕਾਂ ਨੂੰ ਆਵਾਜਾਈ ਨਿਯਮਾਂ ਬਾਰੇ ਸਮਝਾਇਆ ਜਾਵੇਗਾ ।

# ਰੈਸਟੋਰੈਂਟ ਦੇ ਮਾਲਿਕ ਸਾਬਕਾ ਸਰਪੰਚ ਨੇ ਖੁਦ ਨੂੰ ਮਾਰੀ ਗੋਲੀ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਅੰਮ੍ਰਿਤਸਰ ਨੈਸ਼ਨਲ ਹਾਈਵੇ 'ਤੇ ਬਬਰੀ ਨਾਕੇ ਦੇ ਨਜ਼ਦੀਕ ਚਾਏ ਚੂਰੀ ਰੈਸਟੋਰੈਂਟ ਦੇ ਮਾਲਕ ਨੇ ਰੈਸਟੋਰੈਂਟ ਦੇ ਵਿਚ ਆਪਣੇ ਆਪ ਨੂੰ ਗੋਲੀ ਮਾਰ ਲਈ। ਨੌਜਵਾਨ ਮਨਪ੍ਰੀਤ ਸਿੰਘ ਪਿੰਡ ਜੀਵਨਵਾਲ ਦਾ ਸਾਬਕਾ ਸਰਪੰਚ ਵੀ ਹੈ ਅਤੇ ਕਾਂਗਰਸ ਪਾਰਟੀ ਨਾਲ ਸੰਬੰਧ ਰੱਖਦਾ ਹੈ। ਫਿਲਹਾਲ ਉਸ ਵੱਲੋਂ ਆਪਣੇ ਆਪ ਨੂੰ ਗੋਲੀ ਮਾਰਨ ਦੇ ਕਾਰਨਾਂ ਦਾ ਪਤਾ ਨਹੀਂ ਲੱਗਿਆ ਹੈ। ਗੋਲੀ ਚੱਲਣ ਦੀ ਸੂਚਨਾ ਮਿਲਣ ਤੋਂ ਬਾਅਦ ਤੁਰੰਤ ਮੌਕੇ 'ਤੇ ਪੁਲਿਸ ਦੇ ਸੀਨੀਅਰ ਅਧਿਕਾਰੀ ਡੀ.ਐਸ.ਪੀ. ਸਿਟੀ ਮੋਹਨ ਸਿੰਘ ਤੇ ਐਸ.ਐਚ.ਓ. ਸਦਰ ਅਮਨਦੀਪ ਸਿੰਘ ਪਹੁੰਚੇ ਜਿਨ੍ਹਾਂ ਵਲੋਂ ਨੌਜਵਾਨ ਨੂੰ ਹਸਪਤਾਲ ਦੇ ਵਿਚ ਦਾਖਿਲ ਕਰਵਾਇਆ ਗਿਆ। ਡਾਕਟਰ ਵਲੋਂ ਜਾਣਕਾਰੀ ਦਿੰਦੇ ਹੋਏ ਕਿਹਾ ਗਿਆ ਕਿ ਨੌਜਵਾਨ ਦੀ ਹਾਲਤ ਗੰਭੀਰ ਹੈ ਅਤੇ ਇਲਾਜ ਜਾਰੀ ਹੈ।

# ਜੇ ਐੱਮ ਕੇ ਇੰਟਰਨੈਸ਼ਨਲ ਸਕੂਲ 'ਚ ਆਰਟ ਆਫ ਲਿਵਿੰਗ ਦਾ ਚਾਰ ਦਿਨਾ ਕੋਰਸ ਸੰਪੰਨ

**ਪਠਾਨਕੋਟ (ਦਵਿੰਦਰ ਸਿੰਘ)**- ਜੇ ਐਮ ਕੇ ਇੰਟਰਨੈਸ਼ਨਲ ਸਕੂਲ ਵਿੱਚ ਆਰਟ ਆਫ ਲਿਵਿੰਗ ਵੱਲੋਂ ਆਯੋਜਿਤ ਚਾਰ ਦਿਨਾਂ ਦਾ ਡੀ ਐਸ ਐਨ (ਡਾਇਨਾਮਿਜ਼ਮ ਫ਼ਾਰ ਸੈਲਫ ਐਂਡ ਨੇਸ਼ਨ) ਕੋਰਸ ਸਫਲਤਾ ਪੂਰਵਕ ਸੰਪੰਨ ਹੋਇਆ। ਇਹ ਕੋਰਸ ਸਕੂਲ ਵਿਖੇ ਵਾਈਸ ਚੇਅਰਪਰਸਨ ਅਤੇ ਕੋਰਸ ਸੰਯੋਜਕ ਵੰਦਨਾ ਸੂਦ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ



ਵਿੱਚ ਸਕੂਲ ਦੇ ਸਾਰੇ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਭਾਗ ਲਿਆ। ਕੋਰਸ ਦੌਰਾਨ ਭਾਗੀਦਾਰਾਂ ਨੂੰ ਯੋਗ ਅਤੇ ਧਿਆਨ ਦੀਆਂ ਪ੍ਰਭਾਵਸ਼ਾਲੀ ਤਕਨੀਕਾਂ ਬਾਰੇ ਵਿਸਥਾਰਪੂਰਕ ਜਾਣਕਾਰੀ ਦਿੱਤੀ ਗਈ। ਵਾਈਸ ਚੇਅਰਪਰਸਨ ਅਤੇ ਕੋਰਸ ਸੰਯੋਜਕ ਵੰਦਨਾ ਸੂਦ ਨੇ ਦੱਸਿਆ ਕਿ ਜੇ ਐਮ ਕੇ ਇੰਟਰਨੈਸ਼ਨਲ ਸਕੂਲ ਵਿੱਚ ਇਸ ਕੋਰਸ ਦੇ ਆਯੋਜਨ ਦਾ ਮੁੱਖ ਉਦੇਸ਼ ਅਧਿਆਪਕਾਂ ਦੇ ਵਿਅਕਤੀਤਵ ਅਤੇ ਕਾਰਗੁਜ਼ਾਰੀ ਵਿੱਚ ਸਕਾਰਾਤਮਕ ਸੁਧਾਰ ਲਿਆਉਣਾ ਅਤੇ ਉਨ੍ਹਾਂ ਦੀ ਪਾਠਨ-ਪੜ੍ਹਾਉਣ ਦੀ ਸਮਰਥਾ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਡੀ ਐਸ ਐਨ ਕੋਰਸ ਰਾਹੀਂ ਅਧਿਆਪਕ ਨਾ ਸਿਰਫ਼ ਆਪਣੇ ਅੰਦਰ ਆਤਮ-ਵਿਸ਼ਵਾਸ ਅਤੇ ਸੰਤੁਲਨ ਵਿਕਸਿਤ ਕਰਦੇ ਹਨ, ਸਗੋਂ ਵਿਦਿਆਰਥੀਆਂ ਦੀਆਂ ਲੋੜਾਂ ਨੂੰ ਬਿਹਤਰ ਢੰਗ ਨਾਲ ਸਮਝ ਕੇ ਉਨ੍ਹਾਂ ਨੂੰ ਪ੍ਰਭਾਵਸ਼ਾਲੀ ਸਿੱਖਿਆ ਦੇਣ ਦੇ ਯੋਗ ਵੀ ਬਣਦੇ ਹਨ। ਇਸ ਦੌਰਾਨ ਆਰਟ ਆਫ ਲਿਵਿੰਗ ਦੇ ਪ੍ਰਸ਼ਿਕਸ਼ਕ ਦੀਪਕ ਸ਼ਰਮਾ ਨੇ ਚਾਰ ਦਿਨਾਂ ਦੀ ਟ੍ਰੇਨਿੰਗ ਤੋਂ ਬਾਅਦ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਸੁਦਰਸ਼ਨ ਕ੍ਰਿਆ ਵਰਗੀ ਸ਼ਕਤੀਸ਼ਾਲੀ ਸਵਾਸ ਤਕਨੀਕ ਦੇ ਮਹੱਤਵ ਬਾਰੇ ਦੱਸਦੇ ਹੋਏ ਕਿਹਾ ਕਿ ਇਹ ਮਨ ਨੂੰ ਸ਼ਾਂਤੀ, ਸਪਸ਼ਟਤਾ ਅਤੇ ਰਚਨਾਤਮਕਤਾ ਪ੍ਰਦਾਨ ਕਰਦੀ ਹੈ। ਸਕੂਲ ਦੇ ਪ੍ਰਿੰਸਿਪਲ ਨੀਤੀ ਕੋਚਰ ਨੇ ਸਕੂਲ ਪ੍ਰਬੰਧਨ ਵੱਲੋਂ ਆਰਟ ਆਫ ਲਿਵਿੰਗ ਦੇ ਸਾਰੇ ਸੇਵਾਦਾਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਜੇ ਐਮ ਕੇ ਇੰਟਰਨੈਸ਼ਨਲ ਸਕੂਲ ਦੇ ਅਸਿਸਟੈਂਟ ਡਾਇਰੈਕਟਰ ਚਰਨਜੀਤ ਸਿੰਘ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ 'ਤੇ ਨਗਰ ਕੀਰਤਨ ਸਜਾਇਆ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਪਿੰਡ ਵਜ਼ੀਰ ਭੁੱਲਰ ਵਿਖੇ ਗੁਰਦੁਆਰਾ ਸ੍ਰੀ ਚਰਨ ਕਮਲ ਸਾਹਿਬ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਪੰਜ ਪਿਆਰਿਆਂ ਦੀ



ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜੋ ਪਿੰਡ ਵਜ਼ੀਰ ਭੁੱਲਰ ਦੀ ਪਰਕਰਮਾ ਕਰਦੇ ਹੋਏ ਪਹਿਲਾਂ ਕੂਕਿਆਂ ਦੇ ਬੋਹੜਾਂ ਲਾਗੇ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਉਪਰੰਤ ਪੁਰਾਣੇ ਪਿੰਡ ਦੀ ਪਰਕਰਮਾ ਕਰਦੇ ਹੋਏ ਸਰਕਾਰੀ ਪ੍ਰਾਇਮਰੀ ਸਕੂਲ ਵਾਲੇ ਗੁਰਦੁਆਰਾ ਸਾਹਿਬ 'ਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਉੱਥੋਂ ਚੱਲ ਕੇ ਸੰਗਤਾਂ ਨੇ ਸਾਬਕਾ ਸਰਪੰਚ ਜਸਵੰਤ ਸਿੰਘ ਦੇ ਗ੍ਰਹਿ ਵਿਖੇ ਛੋਲੇ ਪੂੜੀਆਂ ਦਾ ਲੰਗਰ ਛਕਿਆ। ਰਾਗੀ ਸਿੰਘ ਬਾਬਾ ਦਵਿੰਦਰ ਸਿੰਘ ਅਤੇ ਬਾਬਾ ਅਵਤਾਰ ਸਿੰਘ ਦੇ ਕੀਰਤਨੀ ਜਥੇ ਵੱਲੋਂ ਰਸਮਈ ਕੀਰਤਨ ਕਰਦਿਆਂ ਕਲੋਨੀ ਅਜੀਤ ਨਗਰ ਪੁੱਜੇ, ਓਥੇ ਕਲੋਨੀ ਵਾਸੀਆਂ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਪੰਜ ਪਿਆਰਿਆਂ ਅਤੇ ਨਾਲ ਆਏ ਗੁਰੂ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ ਅਤੇ ਕੜ੍ਹੀ ਚਾਵਲ ਅਤੇ ਪ੍ਰਸ਼ਾਦੇ ਦਾ ਅਟੁੱਟ ਲੰਗਰ ਛਕਾਇਆ ਗਿਆ। ਇਸ ਉਪਰੰਤ ਸੰਗਤਾਂ ਨੇ ਵਜ਼ੀਰ ਭੁੱਲਰ ਗੁਰਦੁਆਰਾ ਸਾਹਿਬ ਚਾਲੇ ਪਾਏ। ਇਸ ਮੌਕੇ ਇਲਾਕੇ ਦੀਆਂ ਸੰਗਤਾਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਕਪੂਰ ਸਿੰਘ ਭੁੱਲਰ, ਬਾਬਾ ਬਲਬੀਰ ਸਿੰਘ, ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਜਸਬੀਰ ਸਿੰਘ, ਤਰਸੇਮ ਸਿੰਘ ਹੀਰਾ, ਗੁਰਪ੍ਰੀਤ ਸਿੰਘ ਭੁੱਟੋ, ਬਾਬਾ ਸਵਿੰਦਰ ਸਿੰਘ, ਬਾਬਾ ਸਤਨਾਮ ਸਿੰਘ, ਸਾਬਕਾ ਸਰਪੰਚ ਜਸਵੰਤ ਸਿੰਘ, ਮਾਤਾ ਸਵਿੰਦਰ ਕੌਰ ਰੱਖੜਾ, ਇੰਦਰਜੀਤ ਸਿੰਘ ਸ਼ਾਹ, ਗ੍ਰੰਥੀ ਬਾਬਾ ਕੁਲਜੀਤ ਸਿੰਘ, ਦਵਿੰਦਰ ਸਿੰਘ ਖੋਜਕੀਪੁਰ, ਸੰਤੋਖ ਸਿੰਘ ਬੱਲੀ, ਫੌਜੀ ਸੁਖਵਿੰਦਰ ਸਿੰਘ, ਬਲਦੇਵ ਸਿੰਘ, ਸੁਖਵਿੰਦਰ ਸਿੰਘ, ਬਾਬਾ ਦਰਸ਼ਨ ਸਿੰਘ, ਡੀ ਐਸ ਪੀ ਕਸ਼ਮੀਰ ਸਿੰਘ ਕਾਹਲੋਂ, ਫੌਜੀ ਪਟਵਾਰੀ ਰਣਜੀਤ ਸਿੰਘ , ਰਾਮ ਸਿੰਘ, ਬਲਦੇਵ ਸਿੰਘ ਭੱਪੀ ਸੁਖਜਿੰਦਰ ਸਿੰਘ ਮਿੰਟੂ, ਦਿਲਬਾਗ ਸਿੰਘ, ਸੂਬਾ ਸਿੰਘ, ਬਲਵੰਤ ਸਿੰਘ, ਸੁਖਵਿੰਦਰ ਸਿੰਘ ਰੇਲਵੇ, ਸੁਖਦੇਵ ਸਿੰਘ, ਮਨਪ੍ਰੀਤ ਸਿੰਘ, ਸੌਰਵ, ਨਿਸ਼ਾਨ ਸਿੰਘ, ਕੰਵਲਜੀਤ ਸਿੰਘ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ 15 ਤੋਂ : ਸੰਧੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ,ਕੰਵਲਜੀਤ ਸਿੰਘ)**- ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦੇ ਲੋਕ ਸਭਾ ਇੰਚਾਰਜ ਤੇ ਚੇਅਰਮੈਨ ਜਿਲ੍ਹਾ ਯੋਜਨਾ ਕਮੇਟੀ ਗੁਰਪ੍ਰਤਾਪ ਸਿੰਘ ਸੰਧੂ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 15 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਅਧੀਨ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਨਕਦੀ ਰਹਿਤ ਇਲਾਜ ਮਿਲੇਗਾ। ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਹੀਂ ਰੱਖੀ ਗਈ ਹੈ ਅਤੇ ਰਾਜ ਦੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਵਿੱਚ ਸ਼ਾਮਿਲ ਕੀਤਾ ਗਿਆ ਹੈ।ਸੰਧੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 15 ਜਨਵਰੀ ਨੂੰ ਇਸ ਯੋਜਨਾ ਦਾ ਸਰਕਾਰੀ ਤੌਰ 'ਤੇ ਆਗਾਜ਼ ਕਰਨਗੇ। ਉਨ੍ਹਾਂ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵੱਲੋਂ ਚਲਾਈਆਂ ਸਿਹਤ ਯੋਜਨਾਵਾਂ ਵਿੱਚ ਕੇਵਲ 5 ਲੱਖ ਰੁਪਏ ਤੱਕ ਦੀ ਕਵਰੇਜ ਮਿਲਦੀ ਸੀ, ਪਰ ਮਾਨ ਸਰਕਾਰ ਨੇ ਇਤਿਹਾਸਕ ਫੈਸਲਾ ਲੈਂਦੇ ਹੋਏ ਇਸ ਸੀਮਾ ਨੂੰ ਦੋਗੁਣਾ ਕਰਕੇ 10 ਲੱਖ ਰੁਪਏ ਕਰ ਦਿੱਤਾ ਹੈ।

# ਅੱਜ ਲੱਗੇਗਾ ਅੱਖਾਂ ਦਾ ਫ੍ਰੀ ਜਾਂਚ ਕੈਂਪ

**ਪੱਟੀ (ਬਲਦੇਵ ਸਿੰਘ ਸੰਧੂ)**- ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਵਿੱਚ ਆਪਣਾ ਯੋਗਦਾਨ ਪਾਉਂਦੀ ਆ ਰਹੀ ਹੈ। ਇਸੇ ਲੜੀ ਤਹਿਤ ਸੁਸਾਇਟੀ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ



ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਮੁਫ਼ਤ ਚੈਕ ਅੱਪ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ 7 ਜਨਵਰੀ ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 12:30 ਵਜੇ ਤੱਕ ਗੁਰਦੁਆਰਾ ਨਾਮ ਜਪੋ ਸਾਹਿਬ, ਪਿੰਡ ਨਦੋਹਰ ਤਹਿਸੀਲ ਪੱਟੀ ਵਿਖੇ ਲਗਾਇਆ ਜਾਵੇਗਾ। ਮੁੱਖ ਪ੍ਰਬੰਧਕ ਗੁਰਪ੍ਰੀਤ ਸਿੰਘ ਕੇਨੈਡਾ ਨੇ ਦੱਸਿਆ ਕਿ ਸ਼ੰਕਰਾ ਆਈ ਕੇਅਰ ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਅਤੇ ਐਨਕਾਂ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ, ਜਿਨ੍ਹਾਂ ਮਰੀਜ਼ਾਂ ਨੂੰ ਅਪਰੇਸ਼ਨ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਬਿਨਾਂ ਕਿਸੇ ਖ਼ਰਚੇ ਦੇ ਲੈਂਜ ਪਵਾ ਕੇ ਅਪਰੇਸ਼ਨ ਦੀ ਸਹੂਲਤ ਵੀ ਦਿੱਤੀ ਜਾਵੇਗੀ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਚਵਿੰਡਾ (ਖੁਸ਼ਹਾਲ ਸੁੰਦਰ)**- ਅੰਮ੍ਰਿਤਸਰ ਜ਼ਿਲ੍ਹੇ 'ਚ ਪੈਂਦੇ ਇਤਿਹਾਸਕ ਕਸਬਾ ਚਵਿੰਡਾ ਦੇਵੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਸਵੇਂ ਪਾਤਸ਼ਾਹ ਸਰਬੰਸਦਾਨੀ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਖਾਲਸਾ ਪੁਰੀ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸੇਵਾਦਾਰ ਬਾਬਾ ਦੀਦਾਰ ਸਿੰਘ ਤੇ ਬਾਬਾ ਦਰਸ਼ਨ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ 3 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਕੀਤੀ ਗਈ ਸੀ ਜਿਸ ਦੇ 5 ਜਨਵਰੀ ਨੂੰ ਭੋਗ ਪੈਣ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਪਿੰਡ ਦੇ ਵੱਖ-ਵੱਖ ਬਜ਼ਾਰਾਂ ਵਿਚੋਂ ਹੁੰਦਾ ਹੋਇਆ ਗੁਰਦੁਆਰਾ ਖਾਲਸਾ ਪੁਰੀ ਵਿਖੇ ਸਮਾਪਤ ਹੋਇਆ। ਇਸ ਵਿਸ਼ਾਲ ਨਗਰ ਕੀਰਤਨ ਦਾ ਨਗਰ ਅਤੇ ਬਜ਼ਾਰ ਵਾਲਿਆਂ ਨੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ। ਨਗਰ ਕੀਰਤਨ ਵਿਚ ਗੱਤਕਾ ਪਾਰਟੀਆਂ ਵੱਲੋਂ ਆਪੋ ਆਪਣੇ ਜੌਹਰ ਵਿਖਾਏ ਗਏ । ਬਜ਼ਾਰ ਵਾਸੀਆਂ ਵੱਲੋਂ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਨੂੰ ਸਿਰੋਪਾ ਭੇਟ ਕਰਕੇ ਸਵਾਗਤ ਕੀਤਾ ਗਿਆ ਅਤੇ ਸਾਰੇ ਪਿੰਡ ਅਤੇ ਬਜ਼ਾਰ ਵਾਲਿਆਂ ਨੇ ਸੰਗਤਾਂ ਲਈ ਗੁਰੂ ਕੇ ਅਤੁੱਟ ਲੰਗਰ ਲਗਾਏ। ਇਸ ਮੌਕੇ ਗੁਰਦੁਆਰਾ ਖਾਲਸਾ ਪੁਰੀ ਦੇ ਪ੍ਰਧਾਨ ਦੀਦਾਰ ਸਿੰਘ, ਗ੍ਰੰਥੀ ਦਰਸ਼ਨ ਸਿੰਘ, ਪੰਜ ਪਿਆਰੇ ਸਿਮਰਨ ਸਿੰਘ, ਸੁੱਖਮਨਦੀਪ ਸਿੰਘ, ਸੱਜਨ ਸਿੰਘ, ਰੋਬਨਦੀਪ ਸਿੰਘ, ਸੰਨੀ ਸਿੰਘ, ਬਲਜੀਤ ਸਿੰਘ ਗਤਕਤਾ ਕੋਚ ਦਲਜੀਤ ਸਿੰਘ ਤੇ ਰਾਜੂ ਸਿੰਘ, ਸੇਵਾਦਾਰ ਜਗਦੀਸ਼ ਸਿੰਘ, ਬੱਲਜੀਤ ਸਿੰਘ, ਕਮਲਜੀਤ ਸਿੰਘ, ਦਿਲਾਵਰ ਸਿੰਘ, ਯੁਵਰਾਜ ਸਿੰਘ, ਜਸਪਾਲ ਸਿੰਘ, ਸੋਨੂੰ ਸਿੰਘ, ਬਲਜਿੰਦਰ ਸਿੰਘ (ਟਿੰਕਾ) ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# 4 ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਸਫਾਈ ਕਰਮਚਾਰੀ ਪ੍ਰੇਸ਼ਾਨ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਐਲੀਮੈਂਟਰੀ ਟੀਚਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਕੰਮ ਕਰ ਰਹੇ 173 ਸਫਾਈ ਕਰਮਚਾਰੀਆਂ ਨੂੰ ਪਿਛਲੇ ਚਾਰ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਸਮੂਹ ਸਫਾਈ ਕਰਮਚਾਰੀ ਆਰਥਿਕ ਅਤੇ ਮਾਨਸਿਕ ਪ੍ਰੇਸ਼ਾਨੀ ਦੇ ਦੌਰ 'ਚੋਂ ਗੁਜਰ ਰਹੇ ਹਨ। ਇਹ ਸਫਾਈ ਕਰਮਚਾਰੀ ਨਿਗੂਣੀਆਂ ਤਨਖਾਹਾਂ 'ਤੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲੇ ਦੇ ਵੱਖ-ਵੱਖ ਸਕੂਲਾਂ 'ਚ ਕੰਮ ਕਰਦੇ ਸਫਾਈ ਕਰਮਚਾਰੀਆਂ ਨੂੰ ਸਤੰਬਰ 2025 ਤੋਂ ਦਸੰਬਰ 2025 ਤੱਕ 4 ਮਹੀਨਿਆਂ ਦੀ ਤਨਖਾਹ ਨਹੀਂ ਮਿਲੀ। ਐਲੀਮੈਂਟਰੀ ਟੀਚਰ ਯੂਨੀਅਨ ਆਗੂਆਂ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ ਦੇ ਦਫਤਰ ਤੋਂ ਇਹ ਤਨਖਾਹਾਂ ਜਾਰੀ ਕਰ ਦਿੱਤੀਆਂ ਜਾਂਦੀ ਹਨ ਪਰ ਇਸ ਸਬੰਧੀ ਜ਼ਿਲ੍ਹਾ ਸਿੱਖਿਆ (ਐਲੀਮੈਂਟਰੀ) ਦਫਤਰ ਵਲੋਂ ਪਹਿਲਾਂ ਇਨ੍ਹਾਂ ਸਫਾਈ ਕਰਮਚਾਰੀਆਂ ਦੀਆਂ ਤਨਖਾਹਾਂ ਸਬੰਧੀ ਬਿੱਲ ਸੈਕੰਡਰੀ ਜ਼ਿਲ੍ਹਾ ਸਿੱਖਿਆ ਦਫਤਰ ਨੂੰ ਭੇਜੇ ਜਾਂਦੇ ਹਨ ਅਤੇ ਇਸ ਉਪਰੰਤ ਸੈਕੰਡਰੀ ਜ਼ਿਲ੍ਹਾ ਸਿੱਖਿਆ ਦਫਤਰ ਵਲੋਂ ਇਹ ਬਿੱਲ ਬਣਾ ਕੇ ਖਜ਼ਾਨਾ ਦਫਤਰ ਨੂੰ ਭੇਜੇ ਜਾਂਦੇ ਹਨ, ਜਿਸ ਦੇ ਬਾਅਦ ਖਜ਼ਾਨਾ ਦਫਤਰ ਵਲੋਂ ਸਫਾਈ ਕਰਮਚਾਰੀਆਂ ਦੀਆਂ ਤਨਖਾਹਾਂ ਉਨ੍ਹਾਂ ਦੇ ਖਾਤਿਆਂ ਵਿੱਚ ਪਾਈਆਂ ਜਾਂਦੀਆਂ ਹਨ। ਅਧਿਆਪਕ ਆਗੂਆਂ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਸਫਾਈ ਕਰਮਚਾਰੀਆਂ ਦੀਆਂ ਤਨਖਾਹਾਂ ਦੀ ਪ੍ਰਕਿਰਿਆ ਨੂੰ ਸੁਖਾਲੀ ਕਰਕੇ ਸਿੱਧੀਆਂ ਬਲਾਕ ਪ੍ਰਾਇਮਰੀ ਸਿੱਖਿਆ ਦਫਤਰਾਂ ਰਾਹੀਂ ਦਿੱਤੀਆਂ ਜਾਣ ਅਤੇ ਬਕਾਇਆ ਚਾਰ ਮਹੀਨਿਆਂ ਦੀਆਂ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ।

# ਵਧੀਕ ਕਮਿਸ਼ਨਰ ਵੱਲੋਂ ਬਾਇਓ-ਰੀਮੀਡੀਏਸ਼ਨ ਕੰਮ ਦੀ ਸਮੀਖਿਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨਗਰ ਨਿਗਮ ਅੰਮ੍ਰਿਤਸਰ ਦੀ ਨਿਗਰਾਨੀ ਹੇਠ ਭਗਤਾਂਵਾਲਾ ਡੰਪ ਸਾਈਟ 'ਤੇ ਪੁਰਾਣੇ ਕੂੜੇ ਦੇ ਬਾਇਓ-ਰੀਮੀਡੀਏਸ਼ਨ ਦਾ ਕੰਮ ਲਗਾਤਾਰ ਤਰੱਕੀ ਕਰ ਰਿਹਾ ਹੈ। ਨਗਰ ਨਿਗਮ ਅੰਮ੍ਰਿਤਸਰ ਦੇ ਕਮਿਸ਼ਨਰ ਸ਼੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਕਮਿਸ਼ਨਰ ਸ਼੍ਰੀ ਸੁਰਿੰਦਰ ਸਿੰਘ ਵੱਲੋਂ ਡੰਪ ਸਾਈਟ ਦਾ ਦੌਰਾ ਕਰਕੇ ਚੱਲ ਰਹੇ ਬਾਇਓ-ਰੀਮੀਡੀਏਸ਼ਨ ਕੰਮ ਦੀ ਸਮੀਖਿਆ ਕੀਤੀ ਗਈ। ਕਮਿਸ਼ਨਰ ਨੇ ਕੂੜੇ ਦੀ ਵਿਗਿਆਨਕ ਪ੍ਰਕਿਰਿਆ ਲਈ ਲਗਾਈ ਗਈ ਆਧੁਨਿਕ ਮਸ਼ੀਨਰੀ ਵਾਲੀਆਂ ਵੱਖ-ਵੱਖ ਥਾਵਾਂ ਦਾ ਜਾਇਜ਼ਾ ਲਿਆ ਅਤੇ ਰੋਜ਼ਾਨਾ ਪ੍ਰਗਤੀ ਦੀ ਸਮੀਖਿਆ ਕੀਤੀ। ਉਨ੍ਹਾਂ ਇਕੋਸਟੈਨ ਕੰਪਨੀ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਕੰਮ ਨੂੰ ਹੋਰ ਤੇਜ਼ ਕਰਨ ਅਤੇ ਨਿਰਧਾਰਤ ਸਮਾਂ-ਸੀਮਾ ਵਿੱਚ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਨਾਲ ਹੀ ਉਨ੍ਹਾਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਤੋਂ ਇਕੱਠੇ ਕੀਤੇ ਜਾ ਰਹੇ ਤਾਜ਼ਾ ਕੂੜੇ ਦੀ ਢੁਆਈ ਵਿੱਚ ਲੱਗੇ ਵਾਹਨਾਂ ਦੀ ਸੁਚਾਰੂ ਆਵਾਜਾਈ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਰੋਜ਼ਾਨਾ ਕੂੜਾ ਚੁੱਕਣ ਦੀ ਪ੍ਰਕਿਰਿਆ ਪ੍ਰਭਾਵਿਤ ਨਾ ਹੋਵੇ।

# ਦਿਵਿਆਂਗਾਂ ਦੀ ਮਦਦ ਕਰਨਾ ਸਾਡਾ ਮੁੱਢਲਾ ਫਰਜ਼ : ਚੇਅਰਮੈਨ ਰਿੰਟੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ,ਕੰਵਲਜੀਤ ਸਿੰਘ)**- ਜਿਲ੍ਹਾ ਪ੍ਰਸ਼ਾਸਨ ਵਲੋਂ ਅਲਿਮਕੋ ਦੀ ਸਹਾਇਤਾ ਨਾਲ ਸਰਕਾਰੀ ਪਹਿਲ ਸਕੂਲ ਰਿਸੋਰਸ ਸੈਂਟਰ ਕਰਮਪੁਰਾ ਵਿਖੇ ਕੈਂਪ ਲਗਾ ਕੇ ਲੋੜਵੰਦ ਵਿਅਕਤੀਆਂ



ਨੂੰ ਸਹਾਇਕ ਉਪਕਰਣ ਦਿੱਤੇ ਗਏ। ਇਸ ਮੌਕੇ ਸੰਬੋਧਨ ਕਰਦੇ ਹੋਏ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸ: ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮੈਨੂੰ ਖੁਸ਼ੀ ਹੋਈ ਹੈ ਕਿ ਮੈਂ ਇਨ੍ਹਾਂ ਲੋੜਵੰਦਾਂ ਦੇ ਕੰਮ ਆ ਸਕਿਆਂ ਹਾਂ। ਉਨ੍ਹਾਂ ਕਿਹਾ ਕਿ ਅੱਜ ਇਨ੍ਹਾਂ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਹੋਈਆਂ ਹਨ ਅਤੇ ਛੇਤੀ ਹੀ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਸ਼ੇਸ਼ ਕੈਂਪ ਲਗਾ ਕੇ ਬਾਕੀ ਰਹਿੰਦੇ ਲੋਕਾਂ ਤੱਕ ਵੀ ਲੋੜੀਂਦੀ ਸਹਾਇਤਾ ਸਮੱਗਰੀ ਪਹੁੰਚਾਈ ਜਾਵੇਗੀ। ਉਨਾਂ ਕਿਹਾ ਕਿ ਦਿਵਿਆਂਗ ਵਿਅਕਤੀਆਂ ਦੀ ਮਦਦ ਕਰਨਾ ਸਾਡਾ ਮੁੱਢਲਾ ਫਰਜ਼ ਹੈ ਅਤੇ ਇਹ ਸਾਡੇ ਸਮਾਜ ਦਾ ਇਕ ਅਹਿਮ ਹਿੱਸਾ ਹਨ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ 170 ਦਿਵਿਆਂਗ ਵਿਅਕਤੀਆਂ ਨੂੰ ਅਲਿਮਕੋ ਦੀ ਸਹਾਇਤਾ ਨਾਲ ਪਹਿਲ ਸਕੂਲ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪ ਵਿੱਚ ਤਕਰੀਬਨ 28 ਲੱਖ ਰੁਪਏ ਦੀ ਲਾਗਤ ਵਾਲੇ 302 ਉਪਕਰਨ ਵੰਡੇ ਗਏ। ਉਨਾਂ ਦੱਸਿਆ ਕਿ ਕੈਂਪ ਦੌਰਾਨ ਬੈਟਰੀ ਵਾਲੇ ਟਰਾਈਸਾਈਕਲ, ਵੀਲ੍ਹ ਚੇਅਰ ਅਤੇ ਹੋਰ ਉਪਕਰਣਾਂ ਦੀ ਵੰਡ ਲੋੜਵੰਦਾਂ ਨੂੰ ਕੀਤੀ ਗਈ ਹੈ। ਇਸ ਮੌਕੇ ਜਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਸ: ਕਮਲਜੀਤ ਸਿੰਘ, ਕੌਂਸਲਰ ਹਰਪਨ ਔਜਲਾ, ਪ੍ਰੈਜੀਡੈਂਟ ਸਪੈਸ਼ਲ ਓਲੰਪਿਕ ਸ: ਕਮਲਜੀਤ ਸਿੰਘ ਗਿੱਲ, ਸ: ਗੁਰਮਹਿੰਦਰ ਸਿੰਘ, ਨੋਟਲ ਇੰਚਾਰਜ ਸ: ਧਰਮਿੰਦਰ ਸਿੰਘ, ਸ: ਪਰਮਿੰਦਰ ਸਿੰਘ ਕੜਿਆਲ, ਸੁਖਰਾਜ ਸਿੰਘ, ਮੇਜ਼ਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਦਿਵਿਆਂਗ ਵਿਅਕਤੀ ਹਾਜ਼ਰ ਸਨ।

# ਸੇਵਾ ਮੁਕਤ ਆਫਿਸਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਨਵੇਂ ਸਾਲ ਦਾ ਕਲੰਡਰ ਰਿਲੀਜ਼

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਸੇਵਾ ਮੁਕਤ ਵੈਲਫੇਅਰ ਆਫਿਸਰ ਐਸੋਸੀਏਸਨ ਵੱਲੋਂ ਤਿਆਰ ਨਵੇਂ ਸਾਲ 2026 ਦਾ ਕਲੰਡਰ ਸਿੱਖਿਆ ਬੋਰਡ ਦੇ ਸੇਵਾ ਮੁਕਤ ਉਪ ਸਕੱਤਰ ਸ਼ਾਮ ਲਾਲ ਗੁਪਤਾ



ਵੱਲੋਂ ਰਲੀਜ਼ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸ੍ਰੀ ਗੁਪਤਾ ਸਿੱਖਿਆ ਬੋਰਡ ਦੇ ਸਮੂਹ ਸੇਵਾ ਮੁਕਤ ਕਰਮਚਾਰੀ ਅਤੇ ਅਧਿਕਾਰੀਆਂ ਨੂੰ ਨਵੇਂ ਸਾਲ ਦੀਆਂ ਸੁਭ ਇਛਾਵਾਂ ਦਿੰਦੇ ਹੋਏ ਉਨਾਂ ਦੀ ਤੰਦਰੁਸਤੀ ਅਤੇ ਲੰਮੀ ਉਮਰ ਦੀ ਕਾਮਨਾ ਕੀਤੀ ਗਈ। ਇਸ ਮੌਕੇ ਗਲਬਾਤ ਕਰਦਿਆਂ ਐਸੋਸੀਏਸਨ ਦੇ ਪ੍ਰਧਾਨ ਰਣਜੀਤ ਸਿੰਘ ਮਾਨ ਅਤੇ ਜਨਰਲ ਸਕੱਤਰ ਹਰਬੰਸ ਸਿੰਘ ਢੋਲੇਵਾਲ ਕਨਵੀਨਰ ਗੁਰਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਪਿਛਲੇ ਦਿਨੀ ਚੈਅਰਮੈਨ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਕੀਤੀ ਗਈ ਕਿ ਸੇਵਾ ਮੁਕਤ ਅਧਿਕਾਰੀਆਂ ਕਰਮਚਾਰੀਆਂ ਦੇ ਜੋ ਬਕਾਏ ਪੈਂਡਿਗ ਪਏ ਹਨ ਉਹ ਤੁਰੰਤ ਜਾਰੀ ਕੀਤੇ ਜਾਣ ਮੀਟਿੰਗ ਵਿੱਚ ਫੈਸਲਾ ਹੋਇਆ ਸੀ ਕਿ ਜਿਨ੍ਹਾਂ ਅਧਿਕਾਰੀਆਂ ਕਰਮਚਾਰੀਆਂ ਦੀ ਗੁਰੈਚਟੀ ਬਕਾਇਆ ਹੈ ਉਹ ਛੇ ਕਿਸ਼ਤਾਂ ਵਿੱਚ ਫਰਵਰੀ ਤੋਂ ਦੇਣੀ ਸ਼ੁਰੂ ਕਰ ਦਿੱਤੀ ਜਾਵੇ। ਚੇਅਰਮੈਨ ਸਾਹਿਬ ਨੇ ਵਿਸ਼ਵਾਸ ਦਿਵਾਇਆ ਕਿ ਬਾਕੀ ਰਹਿੰਦੇ ਬਕਾਏ ਵੀ ਇਸ ਤੋਂ ਤੁਰੰਤ ਬਾਅਦ ਦੇਣੇ ਸ਼ੁਰੂ ਕਰ ਦਿੱਤੇ ਜਾਣਗੇ। ਅੱਜ ਇੱਕ ਵਾਰ ਫੇਰ ਚੇਅਰਮੈਨ ਨੂੰ ਮਿਲ ਕੇ ਇਸ ਦੀ ਪੁਸ਼ਟੀ ਵੀ ਕਰਵਾ ਲਈ ਗਈ ਹੈ ਫਰਵਰੀ ਮਹੀਨੇ ਤੋਂ ਗੁਰੈਚਟੀ ਦੀ ਅਦਾਇਗੀ ਸ਼ੁਰੂ ਹੋ ਜਾਵੇਗੀ ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਮਾਨ, ਗੁਰਦੀਪ ਸਿੰਘ ਢਿੱਲੋਂ, ਹਰਬੰਸ ਸਿੰਘ ਬਾਗੜੀ, ਮੇਘ ਰਾਜ ਗੋਇਲ, ਮਹਿਮਾ ਸਿੰਘ ਢੀਂਡਸਾ, ਸ਼ਾਮ ਲਾਲ ਗੁਪਤਾ, ਅਨਿਲ ਸ਼ਰਮਾ, ਮਲੂਕ ਸਿੰਘ, ਕਰਮਜੀਤ ਸਿੰਘ, ਗੁਰਦੀਪ ਸਿੰਘ ਅਤੇ ਜਤਿੰਦਰ ਸਿੰਘ ਮਾਨ ਸ਼ਾਮਲ ਹੋਏ।

# ਕਾਮਰੇਡ ਗੁਰਨਾਮ ਸਿੰਘ ਸੰਧੂ ਦਾ ਅੰਤਮ ਸੰਸਕਾਰ, ਭੋਗ 9 ਨੂੰ

**ਗੁਰਦਾਸਪੁਰ (ਜਨਕ ਮਹਾਜਨ)**- ਸਾਬਕਾ ਅਧਿਆਪਕ ਆਗੂ ਅਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਸਰਗਰਮ ਮੈਂਬਰ ਕਾਮਰੇਡ ਗੁਰਨਾਮ ਸਿੰਘ ਸੰਧੂ ਉਸ ਸਮੇਂ ਸਦੀਵੀ ਵਿਛੋੜਾ ਦੇ ਗਏ ਜਦ ਉਹ ਅੰਤਰਰਾਸ਼ਟਰੀ ਮੈਰਾਥਨ ਦੌੜ ਖੇਡ ਮੁਕਾਬਲੇ ਵਿੱਚ ਹਿਸਾ ਲੈਂਦਿਆਂ ਸਿੱਖ ਨੈਸ਼ਨਲ ਕਾਲਜ ਕਾਦੀਆਂ ਦੇ ਮੈਦਾਨ ਵਿੱਚ ਦੌੜ ਰਹੇ ਸਨ। ਉਹ 83 ਸਾਲ ਦੇ ਸਨ। ਉਹ ਗੌਰਮੈਂਟ ਟੀਚਰ ਯੂਨੀਅਨ ਜਿਲਾ ਗੁਰਦਾਸਪੁਰ ਦੇ ਆਗੂ ਵੀ ਰਹੇ ਅਤੇ ਪੰਜਾਬ ਸਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਵਿਚ ਮੁਲਾਜ਼ਮਾਂ ਦੇ ਹੱਕਾਂ ਹਿੱਤਾਂ ਲਈ ਲਗਾਤਾਰ ਜੂਝਦੇ ਰਹੇ। ਸੇਵਾ ਮੁਕਤੀ ਬਾਅਦ ਉਹ ਮਜ਼ਦੂਰਾਂ ਅਤੇ ਕਿਸਾਨਾਂ ਦੇ ਹਿੱਤਾਂ ਵਾਸਤੇ ਸੰਘਰਸ਼ੀਲ ਜਥੇਬੰਦੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਲੱਗੇ ਅਤੇ ਲਗਾਤਾਰ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਸਰਗਰਮ ਕਾਰਕੁਨ ਵਜੋਂ ਕੰਮ ਕਰ ਰਹੇ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਉਹਨਾਂ ਦੇ ਜੱਦੀ ਪਿੰਡ ਠੱਕਰ ਸੰਧੂ ਵਿਖੇ ਕਰ ਦਿੱਤਾ ਗਿਆ। ਇਸ



ਵਕਤ ਆਈ ਆਰ ਐਮ. ਪੀ. ਆਈ. ਪਾਰਟੀ ਦੇ ਆਗੂਆਂ ਵਲੋਂ ਉਨ੍ਹਾਂ ਉੱਪਰ ਲਾਲ ਝੰਡਾ ਪਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਮੱਖਣ ਸਿੰਘ ਕੁਹਾੜ ਅਤੇ ਧਿਆਨ ਸਿੰਘ ਠਾਕੁਰ ( ਸੂਬਾ ਕਮੇਟੀ ਮੈਂਬਰ ਆਰ ਐਮ ਪੀ ਆਈ ) ਕਾਮਰੇਡ ਸੰਤੋਖ ਸਿੰਘ ਔਲਖ (ਜਿਲਾ ਕਮੇਟੀ ਮੈਂਬਰ) ਰਘਬੀਰ ਸਿੰਘ ਚਾਹਲ, ਕੁਲਦੀਪ ਸਿੰਘ ਕੋਹਾੜ, ਪ੍ਰਿਥੀਪਾਲ ਸਿੰਘ ਬੁੱਟਰ, ਸੁਰਜੀਤ ਸਿੰਘ ਨਾਥਪੁਰ, ਕਾਮਰੇਡ ਅਮਰੀਕ ਸਿੰਘ ਅਤੇ ਸਰਵਣ ਸਿੰਘ ਠਕਰ ਸੰਧੂ ਅਤੇ ਹੋਰ ਬਹੁਤ ਸਾਰੇ ਪਾਰਟੀ ਮੈਂਬਰ ਹਾਜ਼ਰ ਸਨ। ਉਹ ਆਪਣੇ ਪਿੱਛੇ ਪਤਨੀ ਕਰਤਾਰ ਕੌਰ ਸਾਬਕਾ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਆਗੂ ਤੇ ਇਕ ਬੇਟਾ ਡਾਕਟਰ ਨਰਿੰਦਰ ਪਾਲ ਸਿੰਘ ਸੰਧੂ ਜੋ ਖੇਤੀਬਾੜੀ ਵਿਭਾਗ ਵਿਚ ਗਜਟਡ ਅਫਸਰ ਹਨ ਅਤੇ ਦੋ ਬੇਟੀਆਂ ਛੱਡ ਗਏ ਹਨ। ਉਨ੍ਹਾਂ ਦੀ ਅਚਾਨਕ ਮੌਤ 'ਤੇ ਕਾਮਰੇਡ ਅਜੀਤ ਸਿੰਘ ਠੱਕਰ ਸੰਧੂ, ਕਾਮਰੇਡ ਰਘਬੀਰ ਸਿੰਘ ਪਕੀਵਾਂ (ਕੇਂਦਰੀ ਕਮੇਟੀ ਮੈਂਬਰ), ਕਾਮਰੇਡ ਸ਼ਿਵ ਤੇ ਨੱਥਾ ਸਿੰਘ (ਜਿਲਾ ਪ੍ਰਧਾਨ ਅਤੇ ਸਕੱਤਰ ਆਰ ਐਮ ਪੀ ਆਈ), ਸ਼ਮਸ਼ੇਰ ਸਿੰਘ ਨਵਾਂ ਪਿੰਡ, ਸੁਰਜੀਤ ਸਿੰਘ ਘੁਮਾਣ, ਹਰਜੀਤ ਸਿੰਘ ਕਾਹਲੋਂ, ਪੈਨਸ਼ਨਰ ਐਸੋਸੀਏਸ਼ਨ ਦੇ ਜਿਲ੍ਹਾ ਸਕੱਤਰ ਸਵਿੰਦਰ ਸਿੰਘ ਔਲਖ ਤੇ ਪ੍ਰਧਾਨ ਜਵੰਦ ਸਿੰਘ, ਮੰਗਤ ਚੰਚਲ, ਪਿਆਰਾ ਸਿੰਘ ਡਡਵਾਂ, ਪ੍ਰੋਫੈਸਰ ਸਰਬਜੀਤ ਸਿੰਘ ਛੀਨਾ ਲੇਹਲ, ਬਲਰਾਜ ਸਿੰਘ ਬੱਲਾ, ਰਾਜੂ ਲੇਹਲ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨਮਿਤ ਭੋਗ 9 ਜਨਵਰੀ 2026 ਨੂੰ ਉਨ੍ਹਾਂ ਦੇ ਜੱਦੀ ਪਿੰਡ ਠੱਕਰ ਸੰਧੂ ਵਿਖੇ ਪਵੇਗਾ।

## ਉੱਤਰਾਖੰਡੀ ਸੜਕਾਂ ’ਤੇ

ਉੱਤਰਾਖੰਡ ਦੇ ਚਰਚਿਤ ਅੰਕਿਤਾ ਭੰਡਾਰੀ ਹੱਤਿਆ ਕਾਂਡ ਨੇ ਇੱਕ ਵਾਰ ਫਿਰ ਸਿਆਸੀ ਖਲਬਲੀ ਮਚਾ ਦਿੱਤੀ ਹੈ। ਭਾਜਪਾ ਦੇ ਕੌਮੀ ਜਨਰਲ ਸਕੱਤਰ ਤੇ ਉੱਤਰਾਖੰਡ ਵਿੱਚ ਪਾਰਟੀ ਮਾਮਲਿਆਂ ਦੇ ਇੰਚਾਰਜ ਦੁਸ਼ਯੰਤ ਗੌਤਮ ਨੇ ਆਪਣੇ ਉੱਤੇ ਲੱਗੇ ਦੋਸ਼ਾਂ ਨੂੰ ਝੂਠਾ ਕਰਾਰ ਦਿੰਦਿਆਂ ਦਿੱਲੀ ਹਾਈ ਕੋਰਟ ਵਿੱਚ ਕਾਂਗਰਸ, ਆਮ ਆਦਮੀ ਪਾਰਟੀ, ਅਭਿਨੇਤਰੀ ਉਰਮਿਲਾ ਸਨਾਵਰ ਤੇ ਕੁਝ ਹੋਰ ਸੋਸ਼ਲ ਮੀਡੀਆ ਯੂਜ਼ਰਜ਼ ਖਿਲਾਫ ਮਾਣਹਾਨੀ ਦਾ ਮੁਕੱਦਮਾ ਦਰਜ ਕਰਵਾ ਕੇ ਦੋ ਕਰੋੜ ਰੁਪਏ ਦੇ ਹਰਜਾਨੇ ਦੀ ਮੰਗ ਕੀਤੀ ਹੈ। ਉਰਮਿਲਾ ਸਨਾਵਰ ਨੇ ਸੋਸ਼ਲ ਮੀਡੀਆ ’ਤੇ ਇੱਕ ਆਡੀਓ ਕਲਿੱਪ ਪਾਈ ਸੀ, ਜਿਸ ਵਿੱਚ ਸਾਬਕਾ ਭਾਜਪਾ ਵਿਧਾਇਕ ਸੁਰੇਸ਼ ਰਾਠੌਰ ਦੀ ਆਵਾਜ਼ ਦੱਸਦਿਆਂ ਦੁਸ਼ਯੰਤ ਗੌਤਮ ਨੂੰ ਅੰਕਿਤਾ ਭੰਡਾਰੀ ਮਾਮਲੇ ਵਿੱਚ ਉਹ ‘ਵੀ ਆਈ ਪੀ’ ਦੱਸਿਆ ਗਿਆ, ਜਿਸ ਨੇ ਕਥਿਤ ਤੌਰ ’ਤੇ ਯੌਨ ਸੰਬੰਧ ਬਣਾਉਣ ਲਈ ਦਬਾਅ ਪਾਇਆ ਸੀ। ਇਸ ਤੋਂ ਬਾਅਦ ਉੱਤਰਾਖੰਡ ਦੇ ਸ਼ਹਿਰਾਂ ਵਿੱਚ ਦੁਸ਼ਯੰਤ ਗੌਤਮ ਦੀ ਫੋਟੋ ਨਾਲ ਪੁਤਲੇ ਸਾੜਨ ਦਾ ਸਿਲਸਿਲਾ ਲਗਾਤਾਰ ਚੱਲ ਰਿਹਾ ਹੈ।

ਅੰਕਿਤਾ ਭੰਡਾਰੀ ਰਿਜ਼ਾਰਟ ਵਿੱਚ ਰਿਸੈਪਸ਼ਨਿਸਟ ਸੀ ਤੇ ਉਸ ਦੀ 2022 ਵਿੱਚ ਹੱਤਿਆ ਕਰ ਦਿੱਤੀ ਗਈ ਸੀ। ਜਾਂਚ ਵਿੱਚ ਪਾਇਆ ਗਿਆ ਸੀ ਕਿ ਰਿਜ਼ਾਰਟ ਮਾਲਕ ਪੁਲਕਿਤ ਆਰੀਆ (ਸਾਬਕਾ ਭਾਜਪਾ ਆਗੂ ਦਾ ਬੇਟਾ) ਤੇ ਉਸ ਦੇ ਦੋ ਸਹਿਯੋਗੀਆਂ ਨੇ ਅੰਕਿਤਾ ਨੂੰ ਯੌਨ ਸੇਵਾਵਾਂ ਦੇਣ ਤੋਂ ਇਨਕਾਰ ਕਰਨ ’ਤੇ ਨਹਿਰ ਵਿੱਚ ਧੱਕਾ ਦੇ ਕੇ ਮਾਰ ਦਿੱਤਾ ਸੀ। ਕੋਰਟ ਨੇ ਤਿੰਨਾਂ ਨੂੰ ਉਮਰ-ਭਰ ਕੈਦ ਦੀ ਸਜ਼ਾ ਸੁਣਾਈ ਸੀ। ਉੱਤਰਾਖੰਡ ਪੁਲਸ ਦੀ ਜਾਂਚ ਵਿੱਚ ਕਿਸੇ ‘ਵੀ ਆਈ ਪੀ’ ਦੀ ਸ਼ਮੂਲੀਅਤ ਦੀ ਗੱਲ ਸਾਹਮਣੇ ਆਈ ਸੀ, ਪਰ ਉਹ ਕੌਣ ਸੀ, ਉਸ ਨੂੰ ਦਬਾ ਦਿੱਤਾ ਗਿਆ। ਉਰਮਿਲਾ ਸਨਾਵਰ, ਜੋ ਖੁਦ ਨੂੰ ਸੁਰੇਸ਼ ਰਾਠੌਰ ਦੀ ਪਤਨੀ ਦੱਸਦੀ ਹੈ, ਨੇ ਦਾਅਵਾ ਕੀਤਾ ਹੈ ਕਿ ਜਿਸ ਕਥਿਤ ‘ਵੀ ਆਈ ਪੀ’ ਦਾ ਨਾਂਅ ਆਇਆ ਸੀ, ਉਹ ਦੁਸ਼ਯੰਤ ਗੌਤਮ ਹੈ। ਗੌਤਮ ਨੇ ਇਸ ਦਾ ਖੰਡਨ ਕਰਦਿਆਂ ਕਿਹਾ ਕਿ ਉਹ ਅੰਕਿਤਾ ਭੰਡਾਰੀ ਨੂੰ ਨਹੀਂ ਜਾਣਦੇ। ਰਾਠੌਰ ਨੇ ਵੀ ਆਡੀਓ ਨੂੰ ਏ ਆਈ ਜਨਰੇਟਡ ਦੱਸ ਕੇ ਖਾਰਜ ਕੀਤਾ ਤੇ ਸਨਾਵਰ ’ਤੇ ਬਲੈਕਮੇਲਿੰਗ ਦਾ ਦੋਸ਼ ਲਾਇਆ।

ਉੱਤਰਾਖੰਡ ਦੇ ਲੋਕ ਤੇ ਕਾਂਗਰਸ ਮੰਗ ਕਰ ਰਹੇ ਹਨ ਕਿ ਮਾਮਲੇ ਦੀ ਸੀ ਬੀ ਆਈ ਜਾਂਚ ਕਰਵਾਈ ਜਾਵੇ ਤੇ ਗੌਤਮ ਨੂੰ ਗ੍ਰਿਫਤਾਰ ਕੀਤਾ ਜਾਵੇ। ਚਾਰ ਜਨਵਰੀ ਨੂੰ ਅੰਕਿਤਾ ਨੂੰ ਇਨਸਾਫ ਦਿਵਾਉਣ ਲਈ ਹੋਏ ਵੱਡੇ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਬਜ਼ੁਰਗ ਮਹਿਲਾਵਾਂ ਨੇ ਵੀ ਹਿੱਸਾ ਲਿਆ। ਭਾਜਪਾ ਨਾਲ ਜੁੜੀਆਂ ਕਾਰਕੁੰਨ ਵੀ ਸੜਕਾਂ ’ਤੇ ਦਿਖਾਈ ਦਿੱਤੀਆਂ। ਉਨ੍ਹਾਂ ਕਿਹਾ ਕਿ ਜੇ ਦੁਸ਼ਯੰਤ ਗੌਤਮ ਪਾਕ-ਸਾਫ ਹਨ ਤਾਂ ਉੱਤਰਾਖੰਡ ਦੀ ਭਾਜਪਾ ਸਰਕਾਰ ਸੀ ਬੀ ਆਈ ਜਾਂਚ ਲਈ ਕੇਂਦਰ ਸਰਕਾਰ ਨੂੰ ਕਿਉਂ ਨਹੀਂ ਲਿਖ ਰਹੀ? ਪ੍ਰਦਰਸ਼ਨਾਂ ਵਿੱਚ ਭਾਜਪਾਈਆਂ ਦੇ ਸ਼ਾਮਲ ਹੋਣ ਤੋਂ ਸਾਫ ਹੈ ਕਿ ਮਾਮਲਾ ਗੜਬੜ ਹੈ।

## ਭਾਰਤ-ਬੰਗਲਾਦੇਸ਼ ਸੰਬੰਧਾਂ ਦਾ ਬਦਲਦਾ ਰੂਪ

**ਹਰਪ੍ਰੀਤ ਸਿੰਘ ਬਰਾੜ**

ਭਾਰਤ ਅਤੇ ਬੰਗਲਾਦੇਸ਼ ਦੇ ਸਬੰਧ 1971 ਵਿੱਚ ਬੰਗਲਾਦੇਸ਼ ਦੀ ਆਜ਼ਾਦੀ ਨਾਲ ਸ਼ੁਰੂ ਹੋਏ। ਉਸ ਸਮੇਂ ਭਾਰਤ ਨੇ ਪਾਕਿਸਤਾਨ ਦੇ ਖ਼ਿਲਾਫ਼ ਜੰਗ ਵਿੱਚ ਬੰਗਲਾਦੇਸ਼ ਦਾ ਖੁੱਲ੍ਹ ਕੇ ਸਮਰਥਨ ਕੀਤਾ। ਇਹ ਸਹਾਇਤਾ ਬੰਗਲਾਦੇਸ਼ ਦੇ ਲੋਕਾਂ ਲਈ ਇਤਿਹਾਸਕ ਸੀ ਅਤੇ ਇਸ ਨਾਲ ਦੋਹਾਂ ਦੇਸ਼ਾਂ ਵਿਚਕਾਰ ਦੋਸਤੀ ਦੀ ਮਜ਼ਬੂਤ ਨੀਂਹ ਰੱਖੀ ਗਈ। ਆਜ਼ਾਦੀ ਤੋਂ ਬਾਅਦ ਭਾਰਤ ਨੂੰ ਬੰਗਲਾਦੇਸ਼ ਦਾ ਸਭ ਤੋਂ ਨੇੜਲਾ ਅਤੇ ਭਰੋਸੇਯੋਗ ਮਿੱਤਰ ਮੰਨਿਆ ਗਿਆ।

ਸਮੇਂ ਦੇ ਨਾਲ ਇਹ ਸੰਬੰਧ ਸਿਰਫ਼ ਦੋਸਤੀ ਤੱਕ ਸੀਮਿਤ ਨਹੀਂ ਰਹੇ ਅਤੇ ਇਨ੍ਹਾਂ ਵਿੱਚ ਤਣਾਅ ਵੀ ਸ਼ਾਮਲ ਹੋਣ ਲੱਗਾ। ਭਾਰਤ ਨੇ ਲੰਮੇ ਸਮੇਂ ਤੱਕ ਬੰਗਲਾਦੇਸ਼ ਵਿੱਚ ਸ਼ੇਖ ਹਸੀਨਾ ਅਤੇ ਉਨ੍ਹਾ ਦੀ ਪਾਰਟੀ ਆਵਾਮੀ ਲੀਗ ਦਾ ਸਮਰਥਨ ਕੀਤਾ। ਭਾਰਤ ਨੂੰ ਲੱਗਦਾ ਸੀ ਕਿ ਇਹ ਪਾਰਟੀ ਖੇਤਰ ਦੀ ਸਥਿਰਤਾ ਲਈ ਲਾਭਕਾਰੀ ਹੈ ਅਤੇ ਭਾਰਤ ਨਾਲ ਸਹਿਯੋਗ ਬਣਾਈ ਰੱਖੇਗੀ। ਇਸ ਕਾਰਨ ਭਾਰਤ ਨੇ ਬੰਗਲਾਦੇਸ਼ ਦੀ ਅੰਦਰੂਨੀ ਰਾਜਨੀਤੀ ਵਿੱਚ ਹੋਰ ਧਾਰਾਵਾਂ ਵੱਲ ਘੱਟ ਧਿਆਨ ਦਿੱਤਾ।ਇਸ ਨੀਤੀ ਦਾ ਨਤੀਜਾ ਇਹ ਨਿਕਲਿਆ ਕਿ ਬੰਗਲਾਦੇਸ਼ ਦੀਆਂ ਕਈ ਰਾਜਨੀਤਕ ਪਾਰਟੀਆਂ ਅਤੇ ਆਮ ਲੋਕਾਂ ਵਿੱਚ ਇਹ ਭਾਵਨਾ ਪੈਦਾ ਹੋਈ ਕਿ ਭਾਰਤ ਸਿਰਫ਼ ਇੱਕ ਪੱਖ ਦਾ ਸਾਥ ਦੇ ਰਿਹਾ ਹੈ। ਸਮੇਂ ਦੇ ਨਾਲ ਇਹ ਸੋਚ ਅਵਿਸ਼ਵਾਸ ਵਿੱਚ ਬਦਲ ਗਈ। ਸਰਹੱਦੀ ਮੁੱਦੇ, ਗੈਰਕਾਨੂੰਨੀ ਪ੍ਰਵਾਸ, ਪਾਣੀ ਦੀ ਵੰਡ ਅਤੇ ਸੁਰੱਖਿਆ ਵਰਗੇ ਮਸਲਿਆਂ ਨੇ ਵੀ ਦੋਹਾਂ ਦੇਸ਼ਾਂ ਦੇ ਰਿਸ਼ਤਿਆਂ ਵਿੱਚ ਕੜਵਾਹਟ ਪੈਦਾ ਕੀਤੀ।2024 ਵਿੱਚ ਬੰਗਲਾਦੇਸ਼ ਵਿੱਚ ਹੋਏ ਵੱਡੇ ਪੱਧਰ ਦੇ ਲੋਕ ਅੰਦੋਲਨ ਨੇ ਇਸ ਅਵਿਸ਼ਵਾਸ ਨੂੰ ਖੁੱਲ੍ਹ ਕੇ ਸਾਹਮਣੇ ਲਿਆ ਦਿੱਤਾ। ਲੋਕਾਂ ਨੇ ਸਿਰਫ਼ ਸਰਕਾਰ ਦੇ ਖ਼ਿਲਾਫ਼ ਹੀ ਨਹੀਂ, ਸਗੋਂ ਉਸ ਪੂਰੀ ਪ੍ਰਣਾਲੀ ਦੇ ਖ਼ਿਲਾਫ਼ ਆਵਾਜ਼ ਉਠਾਈ, ਜਿਸ ਨੂੰ ਉਹ ਭਾਰਤ-ਸਮਰਥਿਤ ਸਮਝਦੇ ਸਨ। ਜਦੋਂ ਸ਼ੇਖ ਹਸੀਨਾ ਸੱਤਾ ਤੋਂ ਹਟ ਕੇ ਭਾਰਤ ਆਈ, ਤਾਂ ਇਸ ਘਟਨਾ ਨੇ ਭਾਰਤ-ਬੰਗਲਾਦੇਸ਼ ਸੰਬੰਧਾਂ ਬਾਰੇ ਕਈ ਸਵਾਲ ਖੜ੍ਹੇ ਕਰ ਦਿੱਤੇ।

ਇਸ ਨਾਲ ਬੰਗਲਾਦੇਸ਼ ਵਿੱਚ ਭਾਰਤ ਪ੍ਰਤੀ ਅਵਿਸ਼ਵਾਸ ਹੋਰ ਵਧ ਗਿਆ ਅਤੇ ਲੋਕਾਂ ਨੂੰ ਇਹ ਮਹਿਸੂਸ ਹੋਣ ਲੱਗਾ ਕਿ ਭਾਰਤ ਉਨ੍ਹਾਂ ਦੀ ਅੰਦਰੂਨੀ ਰਾਜਨੀਤੀ ਵਿੱਚ ਨਿਰਪੱਖ ਨਹੀਂ ਰਿਹਾ। ਦੂਜੇ ਪਾਸੇ ਭਾਰਤ ਦੀ ਇਹ ਸੋਚ ਵੀ ਰਹੀ ਹੈ ਕਿ ਬੰਗਲਾਦੇਸ਼ ਨੇ 1971 ਦੀ ਆਜ਼ਾਦੀ ਦੀ ਲੜਾਈ ਵਿੱਚ ਭਾਰਤ ਦੇ ਯੋਗਦਾਨ ਨੂੰ ਪੂਰੀ ਤਰ੍ਹਾਂ ਨਹੀਂ ਮੰਨਿਆ। ਇਹ ਗਿਲੇ-ਸ਼ਿਕਵੇ ਸੰਬੰਧਾਂ ਨੂੰ ਹੋਰ ਜਟਿਲ ਬਣਾਉਂਦੇ ਗਏ।ਅੱਜ ਦੇ ਦੌਰ ਵਿੱਚ ਭਾਰਤ-ਬੰਗਲਾਦੇਸ਼ ਸੰਬੰਧ ਸਿਰਫ਼ ਸਰਕਾਰੀ ਪੱਧਰ ਤੱਕ ਸੀਮਿਤ ਨਹੀਂ ਰਹੇ। ਇਹ ਲੋਕਾਂ ਦੀ ਸੋਚ, ਭਾਵਨਾਵਾਂ ਅਤੇ ਭਰੋਸੇ ਨਾਲ ਜੁੜੇ ਹੋਏ ਹਨ। ਵੀਜ਼ਾ ਸੇਵਾਵਾਂ ਵਿੱਚ ਰੁਕਾਵਟ, ਤਿੱਖੇ ਬਿਆਨ ਅਤੇ ਕੂਟਨੀਤਕ ਤਣਾਅ ਇਸ ਗੱਲ ਦਾ ਸੰਕੇਤ ਹਨ ਕਿ ਸੰਬੰਧ ਇਕ ਨਾਜ਼ੁਕ ਮੋੜ ’ਤੇ ਖੜ੍ਹੇ ਹਨ।

ਭਵਿੱਖ ਵਿੱਚ ਜੇ ਬੰਗਲਾਦੇਸ਼ ਵਿੱਚ ਨਵੀਂ ਸਰਕਾਰ ਬਣਦੀ ਹੈ ਤਾਂ ਦੋਹਾਂ ਦੇਸ਼ਾਂ ਦੇ ਰਿਸ਼ਤਿਆਂ ਦੀ ਦਿਸ਼ਾ ਬਦਲ ਸਕਦੀ ਹੈ।ਫਿਰ ਵੀ, ਦੋਹਾਂ ਦੇਸ਼ਾਂ ਦਾ ਸਾਂਝਾ ਇਤਿਹਾਸ, ਸੱਭਿਆਚਾਰਕ ਨੇੜਤਾ ਅਤੇ ਆਰਥਿਕ ਸਹਿਯੋਗ ਇਹ ਦਰਸਾਉਂਦੇ ਹਨ ਕਿ ਰਿਸ਼ਤਿਆਂ ਨੂੰ ਸੁਧਾਰਨ ਦੀ ਸੰਭਾਵਨਾ ਅਜੇ ਵੀ ਮੌਜੂਦ ਹੈ। ਭਾਰਤ ਅਤੇ ਬੰਗਲਾਦੇਸ਼ ਲਈ ਲਾਜ਼ਮੀ ਹੈ ਕਿ ਉਹ ਇਕ-ਦੂਜੇ ਨੂੰ ਬਰਾਬਰੀ ਦੇ ਸਾਥੀ ਵਜੋਂ ਦੇਖਣ, ਲੋਕਾਂ ਦੀਆਂ ਭਾਵਨਾਵਾਂ ਦੀ ਕਦਰ ਕਰਨ ਅਤੇ ਖੁੱਲ੍ਹੇ ਸੰਵਾਦ ਰਾਹੀਂ ਭਰੋਸਾ ਮੁੜ ਕਾਇਮ ਕਰਨ।ਜੇ ਦੋਵੇਂ ਦੇਸ਼ ਸਮਝਦਾਰੀ ਅਤੇ ਨਵੀਂ ਸੋਚ ਨਾਲ ਅੱਗੇ ਵਧਣ ਤਾਂ ਭਾਰਤ-ਬੰਗਲਾਦੇਸ਼ ਦੇ ਸੰਬੰਧ ਮੁੜ ਮਜ਼ਬੂਤ ਹੋ ਸਕਦੇ ਹਨ ਅਤੇ ਦੱਖਣੀ ਏਸ਼ੀਆ ਵਿੱਚ ਅਮਨ ਅਤੇ ਸਥਿਰਤਾ ਲਈ ਇਕ ਵਧੀਆ ਮਿਸਾਲ ਬਣ ਸਕਦੇ ਹਨ।

**# ਸੰਪਰਕ : 99140-96501**

## ਟਿੱਬੀ ਈਥਾਨੋਲ ਪਲਾਂਟ
# ਨਿੱਤ ਬਦਲਦੀ ਸਿਆਸੀ ਫਿਜ਼ਾ ਅੰਦਰ ਜਮਹੂਰੀ ਹੱਕ



ਡਾ. ਬਲਜਿੰਦਰ ਸਿੰਘ

ਅੱਜ ਸਾਰੀ ਦੁਨੀਆ ਬਹੁਤ ਤੇਜ਼ੀ ਨਾਲ ਇੱਕ ਸਰਵ-ਵਿਆਪੀ ਸੰਕਟ ਵਿੱਚੋਂ ਦੀ ਗੁਜ਼ਰ ਰਹੀ ਹੈ। ਅਜਿਹੀ ਹਾਲਤ ’ਚ ਸਾਡੇ ਮੁਲਕ ਅੰਦਰ ਵੀ ਘਟਨਾ ਪ੍ਰਵਾਹ ਬਹੁਤ ਹੀ ਤੇਜ਼ ਰਫ਼ਤਾਰ ਨਾਲ ਚੱਲ ਰਿਹਾ ਹੈ। ਜਦੋਂ ਵੀ ਸਮਾਜ ਅੰਦਰ ਉੱਥਲਾਂ-ਪੁਥਲਾਂ ਹੁੰਦੀਆਂ ਹਨ ਤਾਂ ਉਹੀ ਸਮਾਂ ਹੀ ਸਭ ਤੋਂ ਬਿਹਤਰ ਹੁੰਦਾ ਹੈ- ਵੱਦਾਨੀ ਸੱਟਾਂ ਮਾਰਨ ਦਾ।

ਪਰ ਜਦੋਂ ਆਸ-ਪਾਸ ਨਿਗਾਹ ਮਾਰਦੇ ਹਾਂ ਤਾਂ ਦੇਖਦੇ ਹਾਂ ਕਿ ਲੋਕ ਦੋਖੀ ਜਮਹੂਰੀਅਤ ਵਿਰੋਧੀ ਤਾਕਤਾਂ ਦਾ ਵਾਰ ਬਹੁਤ ਹੀ ਤਿੱਖਾ ਹੈ। ਸਾਡੇ ਗੁਆਂਢੀ ਸੂਬੇ ਅਤੇ ਸਾਡੇ ਸੂਬੇ ਨਾਲ ਕੰਧ ਸਾਂਝੀ ਵਾਲੇ ਇਲਾਕੇ ਅੰਦਰ ਜ਼ੀਰਾ ਸ਼ਰਾਬ ਫੈਕਟਰੀ ਦੀ ਤਰਜ਼ ’ਤੇ ਇੱਕ ਵੱਡ ਅਕਾਰੀ ਈਥਾਨੋਲ ਤਿਆਰ ਕਰਨ ਵਾਲੀ ਫੈਕਟਰੀ ਰਾਜਸਥਾਨ ਦੇ ਹਨੂੰਮਾਨਗੜ੍ਹ ਜ਼ਿਲੇ ਦੇ ਟਿੱਬੀ ਕਸਬੇ ’ਚ ਉਸਾਰੀ ਜਾ ਰਹੀ ਹੈ। ਈਥਾਨੋਲ ਦੇ ਵਪਾਰ ਦੀ ਅਹਿਮੀਅਤ ਸਰਕਾਰ ਦੇ ਇੱਕ ਮਾਸਟਰ ਸਟਰੋਕ ਯਾਨੀ ਕਿ ਸਰਕਾਰ ਦੇ ਇੱਕ ਨੋਟੀਫਿਕੇਸ਼ਨ ਜਾਰੀ ਕਰਨ ਦੇ ਨਾਲ ਹੀ ਅਸਮਾਨੀ ਛੂਹ ਗਈ ਹੈ। ਇਹ ਖਰਬਾਂ ਦਾ ਵਪਾਰ ਬਣ ਗਿਆ ਹੈ। ਕੇਂਦਰੀ ਮੰਤਰੀ ਨਿਤਿਨ ਗਡਕਰੀ ਦੀ ਈਥਾਨੋਲ ਦੇ ਵਪਾਰ ’ਚੋਂ ਕਮਾਏ ਚਰਚਾ ਦਾ ਵਿਸ਼ਾ ਬਣੇ ਮੁਨਾਫ਼ੇ ਕਿਸੇ ਹੋਰ ਜਾਣਕਾਰੀ ਦੇ ਮੁਥਾਜ਼ ਨਹੀਂ ਹਨ।

ਮੱਧ ਭਾਰਤ ਦੇ ਲੋਕਾਂ ਦਾ ਜਲ, ਜੰਗਲ, ਜ਼ਮੀਨ ਤੋਂ ਉਜਾੜਾ ਕਰਨ ਦੀ ਤਰਜ਼ ’ਤੇ ਇੱਥੇ ਟਿੱਬੀ ’ਚ ਵੀ ਲੋਕਾਂ ਨੂੰ ਪੁਲਸ ਧਾੜਾਂ ਦੇ ਧੱਕੇ ਨਾਲ ਚੁੱਪ ਕਰਾਇਆ ਜਾ ਰਿਹਾ ਹੈ। ਪ੍ਰਭਾਵਤ ਹੋਣ ਵਾਲੇ ਲੋਕ ਪਿਛਲੇ ਡੇਢ ਸਾਲ ਤੋਂ ਆਪਣੇ ਜਮਹੂਰੀ ਹੱਕਾਂ ਦੀ ਰਾਖੀ ਲਈ ਧਰਨੇ ’ਤੇ ਡਟੇ ਹੋਏ ਹਨ। ਪੁਲਸੀ ਧਾੜਾਂ ਦੀਆਂ ਗੋਲੀਆਂ-ਲਾਠੀਆਂ ਦੀ ਪ੍ਰਵਾਹ ਨਾ ਕਰਦਿਆਂ ਲੋਕਾਂ ਨੇ ਪੁਲਸ ਨਾਕਿਆਂ ਨੂੰ ਪਰ੍ਹਾਂ ਵਗਾਹ ਮਾਰਿਆ ਅਤੇ ਫੈਕਟਰੀ ਦੀ ਚਾਰਦੀਵਾਰੀ ਨੂੰ ਤੋੜ ਦਿੱਤਾ। 17 ਦਸੰਬਰ 2025 ਨੂੰ ਧਰਨਾਕਾਰੀ ਲੋਕਾਂ ਦੇ ਹੱਕ ’ਚ ਇੱਕ ਮਹਾਂਪੰਚਾਇਤ ਦਾ ਆਯੋਜਨ ਕੀਤਾ ਗਿਆ, ਜਿਸ ’ਚ ਵੱਡੀ ਪੱਧਰ ’ਤੇ ਕਿਸਾਨ ਤੇ ਹੋਰ ਜਥੇਬੰਦੀਆਂ ਨੇ ਸ਼ਿਰਕਤ ਕੀਤੀ ਅਤੇ ਨਤੀਜੇ ਵਜੋਂ ਫੈਕਟਰੀ ਦੇ ਪ੍ਰੋਪੋਜ਼ਲ ਨੂੰ ਇੱਕ ਵਾਰੀ ਠੰਢੇ ਬਸਤੇ ’ਚ ਪਾ ਦਿੱਤਾ ਗਿਆ ਹੈ। ਇਹ ਲੋਕਾਂ ਦੇ ਏਕੇ ਦੀ ਹੀ ਜਿੱਤ ਹੈ।

ਬਿਜਲੀ ਬਿੱਲ ਦੇ ਵਿਰੋਧ ’ਚ ਵੀ ਸੰਘਰਸ਼ਸ਼ੀਲ ਤਬਕੇ ਸਾਂਝੇ ਘੋਲਾਂ ਲਈ ਵਿਓਂਤਾਂ ਬਣਾ ਰਹੇ ਹਨ। ਬੀਜ ਬਿੱਲ 2025 ਵੀ ਲੋਕਾਂ ਲਈ ਬਹੁਤ ਵੱਡੇ ਖ਼ਤਰੇ ਲੈ ਕੇ ਆ ਰਿਹਾ ਹੈ ਅਤੇ ਪਾਰਲੀਮੈਂਟ ਦੇ ਮੌਜੂਦਾ ਸੈਸ਼ਨ ’ਚ ਬਗੈਰ ਕੋਈ ਪਾਰਲੀਮਾਨੀ ਤੌਰ-ਤਰੀਕਾ ਅਪਣਾਏ ਪੇਸ਼ ਕੀਤੇ ਜਾਣ ਵਾਲੇ ਐਟਮੀ ਊਰਜਾ ਨਾਲ ਸਬੰਧਤ ਸ਼ਾਂਤੀ ਬਿੱਲ, ਮਨਰੇਗਾ ਨੂੰ ਬਦਲ ਕੇ ਨਵਾਂ ਵੀ ਜੀ ਰਾਮ ਜੀ ਸ਼ਗੂਫਾ ਲਿਆਉਣਾ ਵੀ ਇਸ ਸਰਕਾਰ ਦੇ ਇਸ ਪਾਰਲੀਮਾਨੀ ਸੈਸ਼ਨ ਦਾ ਅਜੰਡਾ ਹੈ। ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਪੇਂਡੂ ਲੋਕਾਂ ਖਾਸ ਕਰ ਮਜ਼ਦੂਰਾਂ ਦੀ ਬੇਰੁਜ਼ਗਾਰੀ ਦਾ ਕੋਈ ਪ੍ਰਬੰਧ ਨਾ ਕਰਨ ਦੀ ਬਜਾਏ ਸਾਲ ਦੇ 100 ਦਿਨ ਲਈ ਪੱਕਾ ਰੁਜ਼ਗਾਰ ਮੁਹੱਈਆ ਕਰਨ ਦੀ ਗਾਰੰਟੀ ਦੇਣ ਵਾਲੇ ਮਨਰੇਗਾ ਕਾਨੂੰਨ ਨੂੰ ਸੋਧ ਕੇ ਇਸ ਗਾਰੰਟੀ ਨੂੰ ਖਤਮ ਕੀਤਾ ਜਾ ਰਿਹਾ ਹੈ। ਇਹ ਵੀ ਜਾਣਕਾਰੀ ਮਿਲੀ ਹੈ ਕਿ ਇਸ ਬਿੱਲ ਨੂੰ ਪਾਸ ਕਰਨ ਤੋਂ ਪਹਿਲਾਂ ਸਰਕਾਰ ਨੇ 19.3 ਲੱਖ ਮਜ਼ਦੂਰਾਂ ਦੇ ਨਾਂਅ ਮਨਰੇਗਾ ਦੇ ਆਪਣੇ ਰਜਿਸਟਰਾਂ ’ਚੋਂ ਕੱਟ ਦਿੱਤੇ ਹਨ, ਤਾਂ ਜੋ ਲਾਭਪਾਤਰੀਆਂ ਦੀ ਗਿਣਤੀ ਘੱਟ ਦਿਖਾਈ ਜਾ ਸਕੇ।

ਇਹਦੇ ਨਾਲ ਹੀ ਅਦਾਲਤੀ ਪ੍ਰਕਿਰਿਆ ਵੀ ਲੋਕਾਂ ਨੂੰ ਕੋਈ ਰਾਹਤ ਨਹੀਂ ਪਹੁੰਚਾ ਰਹੀ। ਲੋਕਾਂ ਦੇ ਜਮਹੂਰੀ ਹੱਕਾਂ ਦੀ ਗੱਲ ਕਰਨ ਵਾਲੇ ਲੋਕਾਂ ਨੂੰ ਸਾਲਾਂਬੱਧੀ ਜੇਲ੍ਹਾਂ ’ਚ ਸੁੱਟਿਆ ਗਿਆ ਹੈ। ਕੋਈ ਸੁਣਵਾਈ ਨਹੀਂ ਹੋ ਰਹੀ ਅਤੇ ਨਾ ਹੀ ਕੋਈ ਜ਼ਮਾਨਤ ਦਿੱਤੀ ਜਾ ਰਹੀ ਹੈ। ਸਿਤਮਜ਼ਰੀਫੀ ਹੈ ਕਿ ਸਾਲਾਂ ਬੱਧੀ ਜੇਲ੍ਹਾਂ ਦੀਆਂ ਸੀਖਾਂ ਪਿੱਛੇ ਆਪਣੀ ਜ਼ਿੰਦਗੀ ਦੇ ਬਿਹਤਰੀਨ ਵਰ੍ਹੇ ਬਿਤਾਉਣ ਵਾਲਿਆਂ ਵਿਰੁੱਧ ਘੜੇ ਗਏ ਝੂਠੇ ਮਾਮਲਿਆਂ ਦੀ ਅਜੇ ਮੁੱਢਲੀ ਸੁਣਵਾਈ ਵੀ ਸ਼ੁਰੂ ਨਹੀਂ ਹੋਈ। ਦੂਜੇ ਪਾਸੇ ਸਰਕਾਰ ਆਵਦੀ ਮਰਜ਼ੀ ਨਾਲ ਕਿਸੇ ਦੇ ਖਿਲਾਫ ਕਿਸੇ ਵੀ ਕੇਸ ਨੂੰ ਖਾਰਜ ਕਰਨ ਲਈ ਕਾਹਲੀ ਹੈ ਅਤੇ ਅਜਿਹੇ ਮਾਮਲਿਆਂ ’ਚ ਤਾਂ ਸੰਵਿਧਾਨਕ ਪ੍ਰਕਿਰਿਆਵਾਂ ਨੂੰ ਵੀ ਅਣਦੇਖਾ ਕੀਤਾ ਜਾਂਦਾ ਹੈ। ਹਿੰਦੂਤਵਵਾਦੀ ਹਿੰਸਕ ਗੈਂਗਾਂ ਦੀ ਲਿੰਚਿੰਗ ਦੇ ਸ਼ਿਕਾਰ ਯੂ ਪੀ ਦੇ ਅਸ਼ਫਾਕ ਦਾ ਮਾਮਲਾ ਸਾਡੇ ਸਾਹਮਣੇ ਹੈ। ਯੂ ਪੀ ਸਰਕਾਰ ਨੇ ਇਹ ਕਹਿੰਦਿਆਂ ਕੇਸ ਵਾਪਸ ਲੈਣ ਦੀ ਗਵਰਨਰ ਨੂੰ ਸਿਫਾਰਸ਼ ਕੀਤੀ ਕਿ ਇਸ ਕੇਸ ਦੇ ਜਾਰੀ ਰਹਿਣ ਨਾਲ ਫਿਰਕੂ ਸਦਭਾਵਨਾ ਨੂੰ ਬਣਾਏ ਰੱਖਣਾ ਔਖਾ ਹੋ ਜਾਵੇਗਾ ਅਤੇ ਇਹ ਕਿ ਅਸ਼ਫਾਕ ਲਿੰਚਿੰਗ ’ਚ ਬੰਦੂਕਾਂ ਦੀ ਨਹੀਂ, ਬਲਕਿ ਲਾਠੀਆਂ, ਡੰਡਿਆਂ ਦੀ ਵਰਤੋਂ ਕੀਤੀ ਗਈ ਸੀ। ਇਹ ਸਿਫਾਰਿਸ਼ ਉਦੋਂ ਕੀਤੀ ਗਈ ਹੈ, ਜਦੋਂਕਿ ਅਸ਼ਫਾਕ ਦੀ ਬੇਟੀ ਨੇ ਮੁਜਰਮਾਂ ਦੀ ਪਹਿਚਾਣ ਅਦਾਲਤ ’ਚ ਨਸ਼ਰ ਕੀਤੀ ਹੋਈ ਹੈ ਅਤੇ ਉਸ ਦੇ ਪਰਵਾਰ ਵਾਲੇ ਇਸ ਮਾਮਲੇ ਦੀ ਬਕਾਇਦਾ ਰੂਪ ’ਚ ਪੈਰਵਾਈ ਕਰ ਰਹੇ ਹਨ। ਇਸ ਤੋਂ ਪਹਿਲਾਂ ਗੁਜਰਾਤ ਦੰਗਿਆਂ ਦੌਰਾਨ ਬਲਾਤਕਾਰ ਦੇ ਦੋਸ਼ੀਆਂ ਨੂੰ ਗੁਜਰਾਤ ਸਰਕਾਰ ਵੱਲੋਂ ਮਾਫ਼ੀ ਬਖ਼ਸ਼ ਕੇ ਰਿਹਾਅ ਕਰਕੇ ਉਹਨਾਂ ਦੇ ਜੇਲ੍ਹੋਂ ਬਾਹਰ ਆਉਣ ’ਤੇ ਗਲਾਂ ’ਚ ਹਾਰ ਪਾ ਸੁਆਗਤ ਕਰਨਾ ਕਿਸ ਤੋਂ ਭੁੱਲਿਆ ਹੈ।

ਇੱਥੇ ਭੀਮਾ ਕੋਰੇਗਾਓਂ ਦੇ ਮਾਮਲੇ ’ਤੇ ਵੀ ਨਜ਼ਰਸਾਨੀ ਮਾਰ ਲਈਏ। ਪੰਜ ਸਾਲਾਂ ਤੋਂ ਉੱਪਰ ਸਮਾਂ ਬੀਤ ਜਾਣ ਦੇ ਬਾਵਜੂਦ ਇਸ ਮਾਮਲੇ ’ਚ ਪੈਰਵਾਈ ਸ਼ੁਰੂ ਨਹੀਂ ਹੋਈ। ਦੇਸ਼ ਦੇ ਨਾਮਵਰ ਬੁੱਧੀਜੀਵੀ ਅਤੇ ਸਟੇਜ ਕਲਾਕਾਰਾਂ/ਗਾਇਕਾਂ ਸਮੇਤ ਹੋਰ ਕਾਰਕੁਨ ਇਸ ਝੂਠੇ ਕੇਸ ’ਚ ਫਸਾਏ ਹੋਏ ਹਨ ਅਤੇ ਜੇਲ੍ਹਾਂ ਦੀਆਂ ਸੀਖਾਂ ਪਿੱਛੇ ਬੰਦ ਹਨ। ਜਦੋਂ ਕਿਤੇ ਵੀ ਉਹਨਾਂ ਦੀ ਜ਼ਮਾਨਤ ਦੀ ਗੱਲ ਤੁਰਦੀ ਹੈ ਤਾਂ ‘ਦੇਸ਼ ਦੀ ਨਿਰਪੱਖ ਨਿਆਂ ਪ੍ਰਣਾਲੀ’ ਕੋਈ ਨਾ ਕੋਈ ਅੜੰਗਾ ਡਾਹ ਉਹਨਾਂ ਨੂੰ ਜੇਲ੍ਹੋਂ ਬਾਹਰ ਨਹੀਂ ਆਉਣ ਦੇ ਰਹੀ। ਹੁਣ ਕਿਤੇ ਜਾ ਕੇ ਗੌਤਮ ਨਵਲੱਖਾ ਦੀ ਜੂਹਬੰਦੀ ਟੁੱਟੀ ਹੈ, ਪਰ ਉਹਨੂੰ ਉਹਦੇ ਹੋਰਨਾਂ ਸਾਥੀ ਬੁੱਧੀਜੀਵੀਆਂ ਦੀ ਤਰ੍ਹਾਂ ਕੇਸ ਦੇ ਚਲਦੇ ਰਹਿਣ ਤੱਕ ਸਮੇਂ ਲਈ ਪੁਲਸ ਸਾਹਮਣੇ ਆਪਣੀ ਹਾਜ਼ਰੀ ਭਰਨ ਅਤੇ ਮੁਲਕੋਂ ਬਾਹਰ ਨਾ ਜਾਣ ਦੀ ਵਡੇਰੀ ਜੂਹਬੰਦੀ ਅਜੇ ਵੀ ਕਾਇਮ ਹੈ ਅਤੇ ਪਤਾ ਨਹੀਂ ਇਹ ਕੇਸ ਕਿੰਨਾ ਚਿਰ ਹੋਰ ਲਮਕੇ, ਜਿਹੋ ਜਿਹਾ ਕਿ ਅਦਾਲਤੀ ਅਮਲ ਦਾ ਖ਼ਾਸਾ ਰਿਹਾ ਹੈ।

ਬੀਤੀ 17 ਦਸੰਬਰ ਨੂੰ ਹੀ ‘ਦ ਵਾਇਰ’ ਦੇ ਪੱਤਰਕਾਰ ਜਹਾਂਗੀਰ ਅਲੀ ਦੇ ਸ੍ਰੀਨਗਰ ਸਥਿਤ ਦਫ਼ਤਰ ਦੀ ਤਲਾਸ਼ੀ ਲਈ ਛਾਪੇਮਾਰੀ ਕੀਤੀ ਗਈ। ਉਸ ਦਾ ਦੋਸ਼ ਸਿਰਫ ਇਹ ਸੀ ਕਿ ਉਹਨੇ ਕਿਸ਼ਤਵਾੜ ਸਥਿਤ ਰਾਤਲੇ ਹਾਈਡਲ ਪ੍ਰੋਜੈਕਟ ਅੰਦਰ ਹੋ ਰਹੀ ਘਪਲੇਬਾਜ਼ੀ ਦੀ ਰਿਪੋਰਟ ਛਾਇਆ ਕੀਤੀ ਸੀ। ਜਹਾਂਗੀਰ ਅਲੀ ਕੋਈ ਇਕੱਲਾ ਪੱਤਰਕਾਰ ਨਹੀਂ ਹੈ, ਜਿਸ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਬਲਕਿ ਇਹ ਸਿਲਸਿਲਾ ਤਾਂ ਜ਼ਬਰ ਦੀ ਇੱਕ ਕੜੀ ਦਾ ਹਿੱਸਾ ਹੈ ਜਿਹੜਾ ਕੇਂਦਰੀ ਅਜੰਸੀਆਂ ਤੇ ਪੁਲਸ ਨੇ ਪਿਛਲੇ ਸਾਲਾਂ ਤੋਂ ਜੰਮੂ ਕਸ਼ਮੀਰ ਦੇ ਪੱਤਰਕਾਰਾਂ ਖਿਲਾਫ ਵਿੱਢਿਆ ਹੋਇਆ ਹੈ। ਇਹਦੇ ਤਹਿਤ ਬਹੁਤ ਵੱਡੀ ਗਿਣਤੀ ’ਚ ਪੱਤਰਕਾਰਾਂ ਨੂੰ ਜੇਲ੍ਹੀਂ ਡੱਕਿਆ ਹੋਇਆ ਹੈ ਅਤੇ ਉਹਨਾਂ ਨੂੰ ਖੱਜਲਖੁਆਰ ਕੀਤਾ ਜਾ ਰਿਹਾ ਹੈ।

ਇਹ ਸਾਰਾ ਘਟਨਾਕ੍ਰਮ ਇਹ ਦਿਖਾਉਣ ਲਈ ਕਾਫ਼ੀ ਹੈ ਕਿ ਭਾਰਤ ਦੀ ਜਮਹੂਰੀਅਤ ਦਾ ਖਾਸਾ ਕੀ ਹੈ? ਇਹ ਕਿਹਨਾਂ ਲੋਕਾਂ ਲਈ ਹੈ? ਇਹਦੀ ਵਾਗਡੋਰ ਕੀਹਦੇ ਹੱਥਾਂ ’ਚ ਹੈ? ਪੁਲਸ, ਨਿਆਂ ਪਾਲਿਕਾ-ਅਦਾਲਤਾਂ, ਚੋਣ ਕਮਿਸ਼ਨ, ਈ ਡੀ, ਐੱਨ ਆਈ ਏ, ਸੀ ਬੀ ਆਈ ਵਰਗੇ ਸਰਕਾਰੀ ਅਦਾਰੇ ਜਿਹਨਾਂ ਨੂੰ ਮੁਲਕ ਅੰਦਰ ਜਮਹੂਰੀਅਤ ਦੀ ਰਾਖੀ ਲਈ ਤਾਇਨਾਤ ਕੀਤਾ ਹੋਇਆ ਹੈ, ਕੀਹਦੇ ਹੱਥਾਂ ’ਚ ਖੇਡ ਰਹੇ ਹਨ?

ਮੋਦੀ ਦੀ ਅਗਵਾਈ ਵਾਲੀ ਕੇਂਦਰੀ ਹਕੂਮਤ ਦੇ ਪਿਛਲੇ ਬਾਰਾਂ ਸਾਲਾਂ ਦੇ ਰਿਕਾਰਡ ’ਤੇ ਮੋਟੀ ਨਜ਼ਰ ਮਾਰਿਆਂ ਹੀ ਪਤਾ ਚੱਲ ਜਾਂਦਾ ਹੈ ਕਿ ਹਾਕਮ ਜਮਾਤਾਂ ਨੇ ਜਮਹੂਰੀਅਤ ਦਾ ਜਿਹੜਾ ਪਰਦਾ ਪਾ ਕੇ ਰੱਖਿਆ ਹੋਇਆ ਸੀ ਉਹ ਲੀਰੋ-ਲੀਰ ਹੋ ਗਿਆ ਹੈ। ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਦੀ ਜੋੜੀ ਹੀ ਹੈ, ਜੋ ਮੂਹਰੇ ਲੱਗ ਕੇ ਕਾਰਪੋਰੇਟਾਂ ਦੇ ਸਿੱਧੇ ਹੀ ਹੱਕ ’ਚ ਜਾਣ ਵਾਲੇ ਸਾਰੇ ਫੈਸਲੇ ਲੈ ਰਹੇ ਹਨ। ਕਿਸ ਨੂੰ ਕਿਹੜੇ ਸਰਕਾਰੀ ਅਦਾਰੇ ਦਾ ਮਾਲਕ ਬਣਾਉਣਾ ਹੈ? ਕਿਸ ਨੂੰ ਕਿਹੜੀ ਬੰਦਰਗਾਹ, ਹਵਾਈ ਅੱਡਾ, ਖਾਣ, ਪਬਲਿਕ ਸੈਕਟਰ ਅਦਾਰੇ ਦਾ ਕਿਹੜਾ ਵਿਭਾਗ ਕਿਹੜੇ ਕਾਰਪੋਰੇਟ ਦੀ ਝੋਲੀ ਪਾਉਣਾ ਹੈ? ਇਹ ਇਹੀ ਦੋਨੋਂ ਹੀ ਫੈਸਲਾ ਕਰਦੇ ਹਨ ਅਤੇ ਅਜਿਹੀ ਕੋਈ ਵੀ ਧੁੰਦਲੀ ਮਹੀਨ ਲਾਈਨ ਵੀ ਬਾਕੀ ਨਹੀਂ ਰਹੀ, ਜੋ ਇਹ ਦਿਖਾ ਦੇਵੇ ਕਿ ਨਹੀਂ ਇਹ ਤਾਂ ਐਸ ਜਮਹੂਰੀ ਤੇ ਪਾਰਲੀਮਾਨੀ ਤੌਰ-ਤਰੀਕਿਆਂ ਮੁਜਬ ਫੈਸਲੇ ਲੈ ਰਹੇ ਹਨ। ਅਖੇ ਇਹ ਤਾਂ ਜਮਹੂਰੀ ਢੰਗ-ਤਰੀਕਿਆਂ ਦੀ ਪਾਲਣਾ ਕਰਦਿਆਂ ਹੀ ਕਾਰਵਾਈਆਂ ਕਰ ਰਹੇ ਹਨ ਪਾਰਲੀਮੈਂਟ ’ਚ ਆਪਣੀ ਬਹੁਗਿਣਤੀ ਦੇ ਜ਼ੋਰ ਬਿਨਾਂ ਕਿਸੇ ਨਾਲ ਕੋਈ ਰਸਮੀ ਸਲਾਹ-ਮਸ਼ਵਰੇ ਦੇ ਕਾਨੂੰਨ ਘੜੇ ਜਾ ਰਹੇ ਹਨ ਅਤੇ ਉਹ ਵੀ ਅਜਿਹੇ ਜਿਹੜੇ ਇੱਕ ਖਾਸ ਕਾਰਪੋਰੇਟ ਘਰਾਣੇ ਨੂੰ ਲਾਭ ਪਹੁੰਚਾਉਣ ਵਾਲੇ ਹੁੰਦੇ ਹਨ। ਜਦੋਂ ਸਰਕਾਰ ਦੇ ਉਹਨਾਂ ਫੈਸਲਿਆਂ ਖਿਲਾਫ ਲੋਕ ਆਪਣੀ ਆਵਾਜ਼ ਬੁਲੰਦ ਕਰਦੇ ਹਨ ਤਾਂ ਪੁਲਸ, ਨੀਮ ਫੌਜੀ ਬਲਾਂ ਅਤੇ ਡੀ ਆਰ ਜੀ ਵਰਗੇ ਹੋਰ ਬਲਾਂ ਦੀਆਂ ਧਾੜਾਂ ਉਹਨਾਂ ਦਾ ਰਾਹ ਰੋਕੀ ਖੜ੍ਹੀਆਂ ਹੁੰਦੀਆਂ ਹਨ ਅਤੇ ਲੋਕਾਂ ਨੂੰ ਝੂਠੇ ਕੇਸਾਂ ’ਚ ਫਸਾਉਣ ਲਈ ਰੱਸੇ-ਪੈੜੇ ਵੱਟਦੀਆਂ ਹਨ ਅਤੇ ਅਦਾਲਤਾਂ ਵੀ ਹਾਕਮਾਂ ਦੀ ਬੋਲੀ ਬੋਲਦਿਆਂ ਹਾਕਮਾਂ ਦੀ ਸੇਵਾ ਕਰਨ ਦਾ ਆਪਣਾ ‘ਪਾਵਨ’ ਫਰਜ਼ ਨਿਭਾਉਣਾ ਨਹੀਂ ਭੁੱਲਦੀਆਂ।

ਅਜਿਹੀ ਹਾਲਤ ’ਚ ਲੋਕਾਂ ਸਾਹਮਣੇ ਆਪਣਾ ਹੀਜ-ਪਿਆਜ ਨੰਗਾ ਹੋ ਜਾਣ ਕਰਕੇ ਲੋਕਾਂ ’ਤੇ ਆਪਣੀ ਹਕੂਮਤ ਬਣਾਈ ਰੱਖਣ ਲਈ ਹਾਕਮ ਜਮਾਤਾਂ ਸਿੱਧਿਆਂ ਹੀ ਲੋਕਾਂ ਨੂੰ ਗੁੰਮਰਾਹ ਕਰਨ ਲਈ ਲੋਕਾਂ ਅੰਦਰ ਵੰਡੀਆਂ ਪਾਉਣ ਲਈ ਵਿਓਂਤਾਂ ਘੜਦੀਆਂ ਹਨ ਅਤੇ ਕਦੇ ਹਿੰਦੂ-ਮੁਸਲਿਮ, ਕਦੇ ਭਾਸ਼ਾ, ਕਦੇ ਬੋਲੀ, ਕਦੇ ਇਲਾਕਾ, ਕਦੇ ਲਵ ਜੇਹਾਦ, ਕਦੇ ਪਹਿਰਾਵੇ ਦਾ ਰੇੜਕਾ ਖੜ੍ਹਾ ਕਰਦੀਆਂ ਹਨ। ਪੰਜਾਬ ਅੰਦਰ ਪੰਜਾਬ ਯੂਨੀਵਰਸਿਟੀ ਦਾ ਮਸਲਾ, ਚੰਡੀਗੜ੍ਹ ਨੂੰ ਪੰਜਾਬ ਹਵਾਲੇ ਕਰਨ ਤੋਂ ਰੋਕ ਬਣਨ ਦਾ ਨੋਟੀਫਿਕੇਸ਼ਨ ਜਾਰੀ ਕਰਨ ਆਦਿ ਨੂੰ ਇਸੇ ਰੌਸ਼ਨੀ ’ਚ ਰੱਖਦਿਆਂ ਹੀ ਦੇਖਣਾ ਚਾਹੀਦਾ ਹੈ ਕਿ ਕਿਸੇ ਵੀ ਅਜਿਹੇ ਰੇੜਕੇ ਨੂੰ ਖੜ੍ਹਾ ਕਰਨ ਪਿੱਛੇ ਕੀ ਹਾਲਤਾਂ ਕੰਮ ਕਰ ਰਹੀਆਂ ਹਨ?

ਸੂਝਵਾਨ ਲੋਕਾਂ ਨੂੰ ਹਾਕਮਾਂ ਦੀਆਂ ਇਹਨਾਂ ਸ਼ੈਤਾਨੀ ਚਾਲਾਂ ਤੋਂ ਸਾਵਧਾਨ ਰਹਿਣ ਅਤੇ ਇਹਨਾਂ ਦਾ ਡਟਵਾਂ ਮੁਕਾਬਲਾ ਕਰਦਿਆਂ ਆਪਣੇ ਏਕੇ ਦੇ ਜ਼ੋਰ ਆਪਣੀ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਦਿਆਂ ਆਪਣੇ ਸੰਘਰਸ਼ਾਂ ਦੀ ਧਾਰ ਆਪਣੇ ਹਕੀਕੀ ਦੁਸ਼ਮਣਾਂ ਵੱਲ ਸੇਧਤ ਕਰਨੀ ਚਾਹੀਦੀ ਹੈ।

**# ਸੰਪਰਕ : 94170-79720**

# ਕਬੱਡੀ ਪੰਜਾਬ ਤੇ ਨੌਜਵਾਨੀ ਦੀ ਰੂਹ



ਹਰਵਿੰਦਰ ਸਿੰਘ ਅੱਲੂਵਾਲ

ਕਬੱਡੀ ਪੰਜਾਬ ਦਾ ਦਿਲ ਹੈ। ਇਹ ਸਿਰਫ਼ ਇੱਕ ਖੇਡ ਨਹੀਂ, ਸਗੋਂ ਪੰਜਾਬੀ ਸੱਭਿਆਚਾਰ, ਪਿੰਡਾਂ ਦੀ ਮਿੱਟੀ, ਅਖਾੜਿਆਂ ਦੀ ਮਿਹਨਤ ਅਤੇ ਗੱਭਰੂਆਂ ਦੇ ਹੌਸਲੇ ਦੀ ਪਹਿਚਾਣ ਹੈ। ਕਬੱਡੀ ਨੂੰ ਮਾਂ ਖੇਡ ਐਵੇਂ ਹੀ ਨਹੀਂ ਕਿਹਾ ਜਾਂਦਾ। ਇਸ ਨੇ ਪਿੰਡਾਂ ਦੀਆਂ ਛੋਟੇ-ਛੋਟੇ ਖੇਡ ਮੈਦਾਨਾਂ ਤੋਂ ਜਨਮ ਲੈ ਕੇ ਅੱਜ ਵਿਸ਼ਵ ਪੱਧਰ ਦੇ ਹਾਈ-ਪ੍ਰੋਫਾਈਲ ਮੈਦਾਨਾਂ ਤੱਕ ਆਪਣਾ ਮਕਾਮ ਬਣਾਇਆ ਹੈ ਅਤੇ ਅੰਤਰਰਾਸ਼ਟਰੀ ਮੰਚਾਂ ’ਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ।

ਕਬੱਡੀ ਦਿਮਾਗੀ ਚਾਲਾਂ ਨਾਲੋਂ ਵੱਧ ਪੱਟਾਂ ਦੇ ਜ਼ੋਰ, ਮਜ਼ਬੂਤ ਸਰੀਰ, ਅਡਿੱਗ ਇਰਾਦੇ ਅਤੇ ਵੱਡੇ ਹੌਸਲਿਆਂ ਦੀ ਖੇਡ ਹੈ। ਇਹ ਖੇਡ ਸਾਨੂੰ ਅਨੁਸ਼ਾਸਨ, ਸਬਰ, ਸਾਂਝੀਵਾਲਤਾ ਅਤੇ ਹਿੰਮਤ ਸਿਖਾਉਂਦੀ ਹੈ।ਉਹੀ ਮੱਲ ਜੋ ਪੰਜਾਬੀ ਸੱਭਿਆਚਾਰ ਦੀ ਰੂਹ ਹਨ। ਪੰਜਾਬ ਦੀ ਧਰਤੀ, ਕਿਸਾਨੀ ਦੀ ਮਿਹਨਤ, ਭੰਗੜੇ ਦੀ ਤਾਲ, ਸਾਂਝੀ ਰਸਮ-ਰਿਵਾਜ ਅਤੇ ਅਖਾੜਿਆਂ ਦੀ ਮਿੱਟੀ, ਇਹ ਸਭ ਮਿਲ ਕੇ ਕਬੱਡੀ ਨੂੰ ਜਿਉਂਦਾ ਰੱਖਦੇ ਹਨ।

ਮੈਂ ਪਿਛਲੇ ਲਗਭਗ 15 ਸਾਲਾਂ ਤੋਂ ਬਤੌਰ ਸਾਇੰਸ ਮਾਸਟਰ ਸਰਕਾਰੀ ਹਾਈ ਸਕੂਲ ਮਹਿਮਦਵਾਲ ਵਿਖੇ ਸੇਵਾਵਾਂ ਨਿਭਾ ਰਿਹਾ ਹਾਂ। ਅਧਿਆਪਨ ਦੇ ਨਾਲ-ਨਾਲ ਨੌਜਵਾਨੀ ਨੂੰ ਸਹੀ ਰਸਤੇ ’ਤੇ ਤੋਰਨਾ ਮੇਰੀ ਜ਼ਿੰਮੇਵਾਰੀ ਵੀ ਹੈ। ਮੇਰੇ ਹੀ ਇਲਾਕੇ ਦੇ ਪਿੰਡ ਮਹਿਮਦਵਾਲ ਨੇ ਕਬੱਡੀ ਨੂੰ ਉਹ ਗੱਭਰੂ ਦਿੱਤੇ ਹਨ, ਜੋ ਅੱਜ ਖੇਡ ਦੇ ਮੈਦਾਨਾਂ ਵਿੱਚ ਛਾਏ ਹੋਏ ਹਨ। ਸੰਦੀਪ ਸਿੰਘ ਅਤੇ ਜੋਤਾ ਮਹਿਮਦਵਾਲੀਆ, ਗੱਗੀ ਖੀਰਾਂਵਾਲੀ, ਬੁਲਟ ਵਰਗੇ ਖਿਡਾਰੀਆਂ ਨੇ ਅਨੇਕਾਂ ਟੂਰਨਾਮੈਂਟ ਜਿੱਤੇ, ਟਰੈਕਟਰ, ਮੋਟਰਸਾਈਕਲਾਂ ਅਤੇ ਕਾਰਾਂ ਵਰਗੇ ਵੱਡੇ ਇਨਾਮ ਹਾਸਲ ਕੀਤੇ ਅਤੇ ਪਿੰਡ ਦਾ ਨਾਂਅ ਦੂਰ-ਦੂਰ ਤੱਕ ਰੌਸ਼ਨ ਕੀਤਾ।

ਇਹਨਾਂ ਗੱਭਰੂਆਂ ਵੱਲ ਵੇਖ ਕੇ ਅੱਜ ਪਿੰਡ ਦੇ ਹੋਰ ਨੌਜਵਾਨ ਵੀ ਅਖਾੜਿਆਂ ਵਿੱਚ ਕੁੱਦ ਪਏ ਹਨ। ਇਸੇ ਪਿੰਡ ਦੀ ਗਰਾਊਂਡ ਵਿੱਚ ਹਰ ਰੋਜ਼ ਸ਼ਾਮ ਨੂੰ ਕੋਚ ਧਰਮਿੰਦਰ ਸਿੰਘ ਨਿਸ਼ਕਾਮ ਭਾਵਨਾ ਨਾਲ ਮੁਫ਼ਤ ਕੋਚਿੰਗ ਦੇ ਕੇ ਨਵੀਂ ਪੀੜ੍ਹੀ ਨੂੰ ਕਬੱਡੀ ਨਾਲ ਜੋੜ ਰਹੇ ਹਨ, ਜੋ ਸੱਚਮੁੱਚ ਸ਼ਲਾਘਾਯੋਗ ਉਪਰਾਲਾ ਹੈ।

ਅੱਜ ਪਿੰਡ ਪੱਧਰ ’ਤੇ ਨੌਜਵਾਨੀ ਨੂੰ ਸਾਂਭਣ ਦੀ ਸਭ ਤੋਂ ਵੱਡੀ ਲੋੜ ਹੈ। ਜੇਕਰ ਹਰ ਪਿੰਡ ਵਿੱਚ ਵਧੀਆ ਗਰਾਊਂਡ, ਚੰਗੀਆਂ ਜਿੰਮਾਂ ਅਤੇ ਸਿਹਤਮੰਦ ਸਾਹਿਤ ਉਪਲੱਬਧ ਹੋਵੇ, ਤਾਂ ਨਿਸਚਿਤ ਤੌਰ ’ਤੇ ਨੌਜਵਾਨੀ ਨੂੰ ਸਹੀ ਦਿਸ਼ਾ ਵੱਲ ਮੋੜਿਆ ਜਾ ਸਕਦਾ ਹੈ। ਖਿਡਾਰੀਆਂ ਨੂੰ ਭੰਡਣ ਦੀ ਥਾਂ, ਉਨ੍ਹਾਂ ਤੋਂ ਪ੍ਰੇਰਣਾ ਲੈ ਕੇ ਨੌਜਵਾਨਾਂ ਨੂੰ ਉਨ੍ਹਾਂ ਦੇ ਕਦਮਾਂ ’ਤੇ ਤੋਰਨਾ ਚਾਹੀਦਾ ਹੈ।

ਇਨ੍ਹਾਂ ਸਭ ਦੇ ਨਾਲ ਇੱਕ ਹੋਰ ਗੰਭੀਰ ਮਸਲੇ ਵੱਲ ਧਿਆਨ ਦੇਣ ਦੀ ਲੋੜ ਹੈ। ਪਿਛਲੇ ਕੁਝ ਦਿਨਾਂ ਤੋਂ ਮਾਂ ਖੇਡ ਕਬੱਡੀ ਨੂੰ ਨਸ਼ਿਆਂ ਨਾਲ ਜੋੜ ਕੇ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਬਿਲਕੁਲ ਗਲਤ ਹੈ। ਕਬੱਡੀ ਅਤੇ ਨਸ਼ੇ ਦਾ ਕੋਈ ਵੀ ਆਪਸੀ ਸੰਬੰਧ ਨਹੀਂ। ਖੇਡ ਅਨੁਸ਼ਾਸਨ, ਸਿਹਤ ਅਤੇ ਮਿਹਨਤ ਦੀ ਪ੍ਰਤੀਕ ਹੈ, ਜਦਕਿ ਨਸ਼ਾ ਇਸ ਦਾ ਸਿੱਧਾ ਵਿਰੋਧੀ ਹੈ।

ਜੇਕਰ ਕਬੱਡੀ ਨੂੰ ਨਸ਼ਿਆਂ ਨਾਲ ਜੋੜ ਕੇ ਪੇਸ਼ ਕੀਤਾ ਗਿਆ, ਤਾਂ ਇਸ ਨਾਲ ਜਿੱਥੇ ਮਾਂ ਖੇਡ ਦੀ ਬਦਨਾਮੀ ਹੋਵੇਗੀ, ਉਥੇ ਮਾਪੇ ਆਪਣੇ ਬੱਚਿਆਂ ਨੂੰ ਗਰਾਊਂਡਾਂ ਵਿੱਚ ਭੇਜਣ ਤੋਂ ਵੀ ਕਤਰਾਉਣ ਲੱਗ ਪੈਣਗੇ। ਇਹ ਸਥਿਤੀ ਖੇਡ ਅਤੇ ਨੌਜਵਾਨੀ ਦੋਵਾਂ ਲਈ ਖ਼ਤਰਨਾਕ ਹੈ। ਹਾਂ, ਇਹ ਗੱਲ ਮੰਨੀ ਜਾ ਸਕਦੀ ਹੈ ਕਿ ਕੁਝ ਗਿਣਤੀ ਦੇ ਖਿਡਾਰੀ ਗਲਤ ਰਸਤੇ ’ਤੇ ਚਲੇ ਗਏ ਹੋਣ, ਪਰ ਅਜਿਹੇ ਵਿਅਕਤੀ ਕਬੱਡੀ ਦੀ ਪਛਾਣ ਨਹੀਂ ਹੁੰਦੇ ਅਤੇ ਨਾ ਹੀ ਉਹ ਲੰਮੇ ਸਮੇਂ ਤੱਕ ਖੇਡ ਦੇ ਮੈਦਾਨਾਂ ਵਿੱਚ ਟਿਕ ਸਕਦੇ ਹਨ।



ਇਸ ਲਈ ਲੋੜ ਹੈ ਕਿ ਮਾਂ ਖੇਡ ਕਬੱਡੀ ਨੂੰ ਬਦਨਾਮ ਕਰਨ ਦੀ ਥਾਂ ਇਸ ਨੂੰ ਹੋਰ ਵਧਣ-ਫੁੱਲਣ ਦਿੱਤਾ ਜਾਵੇ ਅਤੇ ਇਸ ਵਿੱਚ ਸੁਧਾਰ ਲਈ ਢੁਕਵੇਂ ਉਪਰਾਲੇ ਕੀਤੇ ਜਾਣ। ਨਾਲ ਹੀ ਖਿਡਾਰੀਆਂ ਦੀ ਸੁਰੱਖਿਆ ਅਤੇ ਖੇਡ ਦੀ ਪਵਿੱਤਰਤਾ ਨੂੰ ਯਕੀਨੀ ਬਣਾਉਣਾ ਸਮੇਂ ਦੀ ਮੰਗ ਹੈ, ਤਾਂ ਜੋ ਕੋਈ ਵੀ ਖਿਡਾਰੀ ਆਪਣੇ ਹੀ ਰਾਜ ਵਿੱਚ ਅਸੁਰੱਖਿਅਤ ਮਹਿਸੂਸ ਨਾ ਕਰੇ। ਅਸੀਂ ਪਿਛਲੇ ਕੁਝ ਕੁ ਸਮੇਂ ਦੇ ਵਿੱਚ ਹੀ ਆਪਣੇ ਕਈ ਹੋਣਹਾਰ ਹੀਰੇ ਗਵਾ ਚੁੱਕੇ ਹਾਂ।

**# ਸੰਪਰਕ : 94650-02801**

# ਵਹਾਬੀਆਂ ਦਾ ਸੰਘਰਸ਼ ਬਰਤਾਨਵੀ ਹਕੂਮਤ ਤੋਂ ਜ਼ਮੀਨਾਂ ਬਚਾਉਣ ਦਾ ਸੀ

**ਪਿਰਥੀਪਾਲ ਸਿੰਘ ਮਾੜੀਮੇਘਾ**

ਹਿੰਦੁਸਤਾਨ ਦੀ ਆਜ਼ਾਦੀ ਲਈ ਜਨਤਕ ਘੋਲ ਦਾ ਮੁੱਢ ਭਾਵੇਂ 13 ਅਪ੍ਰੈਲ 1919 ਨੂੰ ਜਲ੍ਹਿਆਂਵਾਲੇ ਬਾਗ਼ ਨੇ ਬੰਨ੍ਹਿਆ ਸੀ, ਪਰ ਇਸ ਤੋਂ ਪਹਿਲਾਂ 1830 ਦੇ ਸ਼ੁਰੂ ਵਿੱਚ ਅੰਗਰੇਜੀ ਹਕੂਮਤ ਦੀ ਕਰੂਰਤਾ ਭਰੀ ਨੀਤੀ ਵਿਰੁੱਧ ਵਹਾਬੀ ਬਗਾਵਤ ਹੋਈ ਸੀ। ਮਦਰਾਸ ਪਰੈਜ਼ੀਡੈਂਸੀ ਦੇ ਇਲਾਕੇ ਰੰਪਾ ਵਿੱਚ ਛੋਟੇ ਕਿਸਾਨ ਕਬੀਲੇ, ਜੋ ਗੁਦਾਵਰੀ ਅਤੇ ਵਿਸ਼ਾਖਾਪਟਨਮ ਦੇ ਪਹਾੜੀ ਜ਼ਿਲ੍ਹਿਆਂ ਵਿੱਚ ਰਹਿੰਦੇ ਸਨ, ਉਨ੍ਹਾਂ ਵੀ 1879 ਤੋਂ 1880 ਤੱਕ ਅੰਗਰੇਜ਼ਾਂ ਦੀ ਜ਼ਾਲਮ ਨੀਤੀ ਨੂੰ ਵੰਗਾਰਿਆ ਸੀ। ਇਸ ਕਬੀਲੇ ਦੀ ਵਸੋਂ 20 ਲੱਖ ਵੱਧ ਸੀ।

ਹਿੰਦ ਦੀਆਂ ਕਿਸਾਨ-ਮਜ਼ਦੂਰ ਬਗਾਵਤਾਂ ਹਿੰਦੁਸਤਾਨੀ ਜਗੀਰਦਾਰਾਂ ਅਤੇ ਅੰਗਰੇਜ਼ੀ ਹਕੂਮਤ ਵਿਰੋਧੀ ਹੋਈਆਂ ਤੋਂ ਬਿਨਾਂ ਜਨਤਾ ਦਾ ਰੋਸ ਧਾਰਮਿਕ ਅਤੇ ਸੰਪ੍ਰਦਾਇਕ ਲਹਿਰਾਂ ਦੇ ਰੂਪ ਵਿੱਚ ਵੀ ਪ੍ਰਗਟ ਹੁੰਦਾ ਰਿਹਾ। ਨਾ ਕੇਵਲ ਆਰਥਿਕਤਾ ਉੱਤੇ ਜਗੀਰਦਾਰੀ ਰਿਵਾਜ ਭਾਰੂ ਸੀ, ਸਗੋਂ ਬਹੁਗਿਣਤੀ ਵਸੋਂ ਦੇ ਮਨਾਂ ’ਤੇ ਜਗੀਰਦਾਰੀ ਨਿਯਮ ਤੇ ਵਤੀਰੇ ਭਾਰੂ ਸਨ। ਇਸੇ ਕਰਕੇ ਹੀ ਜਗੀਰਦਾਰਾਂ ਅਤੇ ਅੰਗਰੇਜ਼ਾਂ ਵਿਰੁੱਧ ਘੋਲ ਅਕਸਰ ਸੱਚੇ ਧਰਮ ਦਾ ਝੰਡਾ ਉੱਚਾ ਰੱਖਣ ਦੇ ਰੂਪ ਵਿੱਚ ਸਾਹਮਣੇ ਆਉਂਦੇ ਰਹੇ।

ਵਹਾਬੀ ਸੁੰਨੀ ਮੁਸਲਮਾਨਾਂ ਦਾ ਇੱਕ ਫਿਰਕਾ ਹੈ। ਇਹ ਫਿਰਕਾ ਮੁਗਲਾਂ ਵੱਲੋਂ ਹਿੰਦੁਸਤਾਨ ’ਤੇ ਰਾਜ ਕਰਨ ਸਮੇਂ ਆਣ ਵੱਸਿਆ ਸੀ। ਮੁਗਲਾਂ ਦਾ ਤੇ ਅੰਗ੍ਰੇਜ਼ਾਂ ਦਾ ਫ਼ਰਕ ਇਹ ਸੀ ਕਿ ਅੰਗਰੇਜ਼ ਤੇ ਹਿੰਦੁਸਤਾਨ ਦੀ ਜਾਇਦਾਦ ਲੁੱਟ ਕੇ ਇੰਗਲੈਂਡ ਲੈ ਜਾਂਦੇ ਸਨ, ਪਰ ਮੁਗਲ ਬਾਦਸ਼ਾਹ ਜ਼ਿਆਦਾਤਰ ਆਪਣੀ ਵਸੋਂ ਹਿੰਦੁਸਤਾਨ ਵਿੱਚ ਹੀ ਵਸਾ ਦਿੰਦੇ ਸਨ। ਇਸ ਕਰਕੇ ਹੀ ਵਹਾਬੀਆਂ ਦੀ ਜ਼ਿਆਦਾਤਰ ਵਸੋਂ ਉੱਤਰੀ ਭਾਰਤ ਦੇ ਇਲਾਕਿਆਂ ’ਚ ਵਸ ਗਈ ਸੀ। ਵਹਾਬਵਾਦ ਮੁਸਲਿਮ ਧਰਮ ਵਿੱਚ ਸ਼ੁਧਤਾ ਅਤੇ ਅੰਗਰੇਜ਼ਾਂ ਦਾ ਵਿਰੋਧੀ ਸੀ। ਇਸ ਅੰਦੋਲਨ ਦਾ ਨਾਂਅ ਮੁਹੰਮਦ ਇਬਨ- ਅਬਦ- ਅਲ- ਵਹਾਬ ਦੇ ਨਾਂਅ ਰੱਖਿਆ ਗਿਆ ਸੀ।

ਵਹਾਬੀਆਂ ਦੀ ਲਹਿਰ, ਜੋ 1830 ਤੋਂ 1870 ਤੱਕ ਚੱਲੀ ਸੀ, ਬਰਤਾਨਵੀ ਹਕੂਮਤ ਉਸ ਨੂੰ ਮੁਕੰਮਲ ਤੌਰ ’ਤੇ ਕੁਚਲਣ ਵਿੱਚ ਕਾਮਯਾਬ ਨਾ ਹੋਈ। ਹਕੀਕਤ ਵਿੱਚ ਵਹਾਬੀ ਬਗਾਵਤ ਨੇ ਹੀ 1857 ਦੇ ਗ਼ਦਰ ਦੀ ਗਰਾਊਂਡ ਤਿਆਰ ਕੀਤੀ ਸੀ।ਵਹਾਬੀ ਭਾਵੇਂ ਧਾਰਮਿਕ ਲਹਿਰ ਸੀ, ਪਰ ਈਸਟ ਇੰਡੀਆ ਕੰਪਨੀ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਹੜੱਪਣ ਕਰਕੇ ਇਹ ਲੋਕ ਲਹਿਰ ਦੇ ਰੂਪ ਧਾਰ ਗਈ। ਹਿੰਦੁਸਤਾਨ ਦੇ ਵਹਾਬੀ ਮੁਸਲਮਾਨ ਮੁਹੰਮਦੀਆ ਤਾਰਿਕਾ ਵਜੋਂ ਜਾਣੇ ਜਾਂਦੇ ਸਨ। ਇਹਨਾਂ ਦਾ ਮੋਢੀ ਫਕੀਰ ਸੱਯਦ ਅਹਿਮਦ ਬਰੇਲਬੀ ਬਰੇਲੀ ਸ਼ਹਿਰ ਦਾ ਰਹਿਣ ਵਾਲਾ ਤੇ ਅਰਬ ਦੇ ਅਬਦੁਲ ਵਹਾਬ ਅਤੇ ਦਿੱਲੀ ਦੇ ਸ਼ਾਹ ਵਲੀਉੱਲਾ ਦੀ ਸਿੱਖਿਆ ਤੋਂ ਪ੍ਰਭਾਵਤ ਸੀ।

ਮੀਰ ਨਿਸਾਰ ਅਲੀ ਟੀਟੂ ਮੀਰ ਬੰਗਾਲ ਦਾ ਬਹਾਦਰ ਸਿਪਾਹੀ ਸੀ। ਉਸ ਦੇ 15000 ਦੇ ਕਰੀਬ ਸ਼ਰਧਾਲੂ ਸਨ, ਜੋ ਹਰ ਵੇਲੇ ਜਾਨ ਦੇਣ ਲਈ ਤਤਪਰ ਰਹਿੰਦੇ ਸਨ। ਟੀਟੂ ਮੀਰ ਨੇ ਈਸਟ ਇੰਡੀਆ ਕੰਪਨੀ ਦਾ ਮੁਕਾਬਲਾ ਕਰਨ ਲਈ ਬਾਂਸਾਂ ਦੀਆਂ ਚੋਭਾਂ ਨਾਲ ਕਿਲ੍ਹਾ ਤਿਆਰ ਕੀਤਾ ਅਤੇ ਲੜਾਈ ਵਿੱਚ ਵਾਂਸ ਦੀਆਂ ਡਾਂਗਾਂ ਇਸਤੇਮਾਲ ਕੀਤੀਆਂ ਸਨ। ਅਹਿਮਦ ਬਰੇਲਬੀ ਮਈ 1831 ਵਿੱਚ ਅੰਗਰੇਜ਼ਾਂ ਨਾਲ ਲੜਦਾ ਹੋਇਆ ਬਾਲਾਕੋਟ ਦੀ ਲੜਾਈ ਵਿੱਚ ਮਾਰਿਆ ਗਿਆ। ਉਸ ਤੋਂ ਬਾਅਦ ਟੀਟੂ ਮੀਰ ਦੀ ਵੀ 3 ਦਸੰਬਰ 1832 ਨੂੰ ਲੜਾਈ ਵਿੱਚ ਮੌਤ ਹੋ ਗਈ। ਟੀਟੂ ਮੀਰ ਦੀ ਬਹਾਦਰੀ ਦੇ ਕਿੱਸੇ ਅੱਜ ਵੀ ਬੰਗਾਲ ਵਿੱਚ ਗਾਏ ਜਾਂਦੇ ਹਨ।

ਅੰਗਰੇਜ਼ ਕੰਪਨੀ ਦੇ ਯੁੱਧ ਵਿੱਚ ਕਮਾਂਡਰ ਪੀਰ ਸ਼ਰੀਅਤ ਉੱਲਾ ਵੀ ਮਾਰਿਆ ਗਿਆ ਤੇ ਉਸ ਦੇ ਪੁੱਤਰ ਮੁਹੰਮਦ ਮਹਾਸ਼ਿਨ ਨੇ ਵਹਾਬੀ ਲਹਿਰ ਦੀ ਅਗਵਾਈ ਸੰਭਾਲ ਲਈ। ਜ਼ਮੀਨ ਦਾ ਲਗਾਨ ਅਤੇ ਵਿਆਜ ਦੀ ਅਦਾਇਗੀ ਦਾ ਬਾਈਕਾਟ ਜਾਰੀ ਰੱਖਿਆ। ਪੂਰਬੀ ਬੰਗਾਲ ਵਿੱਚ ਪੱਕੇ ਪੈਰ ਜਮਾਉਣ ਲਈ ਆਪਣੀ ਹਕੂਮਤ ਦਾ ਐਲਾਨ ਕਰ ਦਿੱਤਾ। ਚੰਗੇ ਢੰਗ ਨਾਲ ਸਰਕਾਰ ਚਲਾਉਣ ਲਈ ਖਲੀਫੇ (ਜ਼ਿਲ੍ਹਾ ਕਮਿਸ਼ਨਰ) ਥਾਪੇ ਤੇ ਉਨ੍ਹਾਂ ਦੀ ਡਿਊਟੀ ਸੀ ਲੋਕਾਂ ਨੂੰ ਨਿਆਂ ਦਿਵਾਉਣ, ਲਹਿਰ ਦਾ ਪ੍ਰਚਾਰ ਤੇ ਪਾਸਾਰ ਕਰਨ ਅਤੇ ਲਹਿਰ ਦੀ ਕਾਮਯਾਬੀ ਲਈ ਫੰਡ ਇਕੱਤਰ ਕਰਨਾ। ਝਗੜਿਆਂ ਦੇ ਹੱਲ ਲਈ ਆਪਣੀ ਅਦਾਲਤ ਵੀ ਬਣਾ ਦਿੱਤੀ ਗਈ। ਇਸ ਪ੍ਰਸਥਿਤੀ ਵਿੱਚ ਵਹਾਬੀ ਲਹਿਰ ਦੇ 40000 ਦੇ ਕਰੀਬ ਹਮਾਇਤੀ ਬਣ ਗਏ। ਵਹਾਬੀ ਆਗੂਆਂ ਨੇ ਗਲਤੀ ਕੀਤੀ ਕਿ ਕੰਪਨੀ ਦੇ ਨੀਲ ਦੀ ਫ਼ਸਲ ਪੈਦਾ ਕਰਨ ਵਾਲੇ ਵੱਡੇ ਕਿਸਾਨਾਂ ਨਾਲ ਮੱਥਾ ਲਾ ਲਿਆ ਤੇ ਕੰਪਨੀ ਦੀ ਵੱਡੀ ਫੌਜ ਅੱਗੇ ਪੇਸ਼ ਨਾ ਗਈ ਤੇ ਕਮਾਂਡਰ ਮੁਹੰਮਦ ਮਹਾਸ਼ਿਨ ਨੂੰ ਗ੍ਰਿਫਤਾਰ ਕਰ ਲਿਆ ਗਿਆ। ਸਾਲਾਂਬੱਧੀ ਉਨ੍ਹਾਂ ਨੂੰ ਜੇਲ੍ਹ ਵਿੱਚ ਕੈਦ ਰੱਖ ਕੇ ਤਸੀਹੇ ਦਿੱਤੇ। ਉਸ ਦੀ ਸਿਹਤ ਵਿਗੜਨ ਕਰਕੇ 1860 ਵਿੱਚ ਮੌਤ ਹੋ ਗਈ।

ਬੰਗਾਲ ਤੋਂ ਬਾਅਦ ਪਟਨਾ (ਬਿਹਾਰ) ਵਹਾਬੀ ਲਹਿਰ ਦੇ ਇਨਕਲਾਬੀਆਂ ਦਾ ਕੇਂਦਰ ਬਣ ਗਿਆ। ਸੱਯਦ ਅਹਿਮਦ ਬਰੇਲਵੀ ਦੇ ਪੈਰੋਕਾਰ ਪੀਰ ਜੀਆ ਮੀਆਂ ਦੀ ਸਰਪ੍ਰਸਤੀ ਹੇਠ ਪਟਨਾ ਦੇ ਦੋ ਭਰਾਵਾਂ ਇਨਾਇਤ ਅਲੀ ਤੇ ਵਿਲਾਇਤ ਅਲੀ ਨੇ ਜੌਨਪੁਰ ਦੇ ਕਰਾਮਤ ਅਲੀ ਅਤੇ ਜੈਨੂਦੀਨ ਨਾਲ ਰਲ ਕੇ ਵਹਾਬੀ ਲਹਿਰ ਨੂੰ ਸਰਗਰਮ ਰੱਖਿਆ। ਬਿਹਾਰ ਵਿੱਚ ਸਿਤਾਨਾ ਥਾਂ ਹੈ, ਜਿਥੇ ਵਹਾਬੀਆਂ ਨੇ ਗੁਪਤ ਟਿਕਾਣਾ ਬਣਾਇਆ ਹੋਇਆ ਸੀ। ਵਹਾਬੀਆਂ ਨੇ ਇਸ ਟਿਕਾਣੇ ਵਿੱਚ ਹਥਿਆਰ ਤੇ ਗੋਲੀ-ਸਿੱਕਾ ਜਮ੍ਹਾਂ ਕੀਤਾ ਹੋਇਆ ਸੀ।ਇਸ ਟਿਕਾਣੇ ’ਤੇ ਆਪਣੀ ਮਰਜ਼ੀ ਨਾਲ ਵਹਾਬੀ ਮੁਸਲਮਾਨ ਆਉਂਦੇ ਤੇ ਚੋਰੀ-ਚੋਰੀ ਫੌਜੀ ਟ੍ਰੇਨਿੰਗ ਲੈਂਦੇ ਸਨ। ਲਹਿਰ ਦੇ ਆਗੂਆਂ ਦੇ ਮਨਾਂ ਵਿੱਚ ਸੀ ਕਿ ਸਿਤਾਨਾ ਨੇ ਬਗਾਵਤ ਦਾ ਕੇਂਦਰ ਬਣਨਾ ਹੈ। ਵਹਾਬੀਆਂ ਨੇ ਧਾਰਿਆ ਹੋਇਆ ਸੀ ਕਿ ਇਸ ਕੇਂਦਰ ਤੋਂ ਕਾਫ਼ਰ ਅੰਗਰੇਜ਼ਾਂ ਵਿਰੁੱਧ ਲੜਨਾ ਹੈ।

ਵਹਾਬੀਆਂ ਨੇ ਬੰਬਈ, ਮੱਧ ਪ੍ਰਦੇਸ਼ ਅਤੇ ਹੈਦਰਾਬਾਦ ਦੇ ਵਹਾਬੀ ਪੈਰੋਕਾਰਾਂ ਨੂੰ ਵੀ ਨਾਲ ਰਲਾ ਲਿਆ। ਅੰਗਰੇਜ਼ਾਂ ਨੇ ਵਹਾਬੀ ਲਹਿਰ ਨੂੰ ਦਬਾਉਣ ਵਾਸਤੇ 1863 ਵਿੱਚ ਨੇੜਲੇ ਇਲਾਕਿਆਂ ਤੋਂ ਹੋਰ ਫੌਜ ਮੰਗਵਾ ਕੇ ਵਹਾਬੀਆਂ ਦੇ ਟਿਕਾਣੇ ’ਤੇ ਜ਼ੋਰਦਾਰ ਹਮਲਾ ਕਰ ਦਿੱਤਾ। ਆਹਮੋ-ਸਾਹਮਣੀ ਲੜਾਈ ਵਿੱਚ ਦੋਹਾਂ ਧਿਰਾਂ ਦਾ ਬਹੁਤ ਸਾਰਾ ਜਾਨੀ ਨੁਕਸਾਨ ਹੋਇਆ। ਵਹਾਬੀਆਂ ਨੂੰ ਅਫਗਾਨ ਵੱਲੋਂ ਵੀ ਹਮਾਇਤ ਮਿਲਦੀ ਸੀ। ਅਖੀਰ ਅੰਗਰੇਜ਼ੀ ਫੌਜ ਵਹਾਬੀਆਂ ਨੂੰ ਅਫਗਾਨਾਂ ਨਾਲੋਂ ਅਲੱਗ ਕਰਨ ਵਿੱਚ ਕਾਮਯਾਬ ਹੋ ਗਈ। ਇਸ ਪ੍ਰਸਥਿਤੀ ਵਿੱਚ ਅੰਗਰੇਜ਼ਾਂ ਨੇ ਵਹਾਬੀ ਲਹਿਰ ਨੂੰ ਕੁਚਲ ਦਿੱਤਾ।ਇਸੇ ਤਰ੍ਹਾਂ ਦਿੱਲੀ ਵਿਖੇ ਵੀ ਅੰਗਰੇਜ਼ਾਂ ਨੇ ਵਹਾਬੀਆਂ ਦਾ ਬੇਰਹਿਮੀ ਨਾਲ ਘਾਣ ਕੀਤਾ। ਅੰਗਰੇਜ਼ਾਂ ਦੀ ਜ਼ਾਲਮ ਨੀਤੀ ਕਰਕੇ ਇਹ ਲਹਿਰ ਹੌਲੀ-ਹੌਲੀ ਮੱਧਮ ਪੈ ਗਈ।

ਅੰਗਰੇਜ਼ਾਂ ਵੱਲੋਂ ਲਹਿਰ ਦੇ ਆਗੂਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਅਲੀ ਭਰਾਵਾਂ ਨੂੰ ਅੰਬਾਲੇ ਜੇਲ੍ਹ ਵਿੱਚ ਫਾਂਸੀ ਦੇ ਦਿੱਤੀ। ਅਹਿਮਦ ਉਲਾ ਦੀ ਪਟਨਾ ਜੇਲ੍ਹ ਵਿੱਚ 11 ਨਵੰਬਰ 1881 ਨੂੰ ਮੌਤ ਹੋ ਗਈ। ਮੁਹੰਮਦ ਅਬਦੁੱਲਾ ਨੂੰ ਕਲਕੱਤਾ ਦਾ ਚੀਫ ਜਸਟਿਸ ਕਤਲ ਕਰਨ ਕਰਕੇ ਟਾਊਨ ਹਾਲ ਦੇ ਸਾਹਮਣੇ ਫਾਂਸੀ ਦਿੱਤੀ ਗਈ। ਸ਼ੇਰ ਅਲੀ ਖਾਨ ਨੂੰ ਹਿੰਦੁਸਤਾਨ ਦੇ ਵਾਇਸਰਾ

ਏ ਲਾਰਡ ਮਿਓ ਦਾ ਕਤਲ ਕਰਨ ਦੇ ਸੰਬੰਧ ਵਿੱਚ 11 ਮਾਰਚ 1873 ਨੂੰ ਫਾਂਸੀ ’ਤੇ ਲਟਕਾ ਦਿੱਤਾ ਗਿਆ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ ਤਹਿਤ ਡੀ ਸੀ ਦਫਤਰਾਂ ਅੱਗੇ ਰੋਸ ਮੁਜ਼ਾਹਰੇ


ਮੋਗਾ


ਮਾਨਸਾ


ਬੁਢਲਾਡਾ


ਲੌਂਗੋਵਾਲ

## ਮਨਰੇਗਾ ਦੀ ਮੁੜ ਬਹਾਲੀ ਸਮੇਤ ਮਜ਼ਦੂਰ ਮੰਗਾਂ ਬਾਰੇ ਰਾਸ਼ਟਰਪਤੀ ਦੇ ਨਾਂਅ ਸੌਂਪੇ ਮੰਗ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)** : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ ਤਹਿਤ ਡੀ ਸੀ ਦਫਤਰ ਮੋਗਾ ਮੂਹਰੇ ਮਜ਼ਦੂਰ ਮੰਗਾਂ ਜਿਵੇਂ ਕੇਂਦਰ ਸਰਕਾਰ ਵੱਲੋਂ ਲਿਆਂਦਾ ਵੀਬੀ ਜੀ ਰਾਮ ਜੀ ਕਾਨੂੰਨ ਰੱਦ ਕਰਨ, ਚਾਰ ਲੇਬਰ ਕੋਡ ਰੱਦ ਕਰਨ, ਬਿਜਲੀ ਬਿੱਲ 2025 ਰੱਦ ਕਰਨ ਤੇ ਮਨਰੇਗਾ ਐਕਟ ਲਾਗੂ ਕਰਕੇ ਪੂਰਾ ਸਾਲ ਕੰਮ ਦੇਣ, ਦਿਹਾੜੀ 700 ਰੁਪਏ ਲਾਗੂ ਕਰਨ, ਪੈਨਸ਼ਨ ਰਾਸ਼ੀ 5000 ਰੁਪਏ ਕਰਨ, ਔਰਤਾਂ ਲਈ ਚੋਣ ਗਰੰਟੀ 1100 ਲਾਗੂ ਕਰਨ, ਹੜ੍ਹ/ਬਾਰਸ਼ ਦੇ ਪੀੜਤਾਂ ਲਈ ਮੁਆਵਜ਼ਾ, ਕਰਜ਼ਾ ਮੁਆਫੀ, ਮਕਾਨ ਮਾਲਕੀ ਹੱਕ ਆਦਿ ਲਈ ਵਿਸ਼ਾਲ ਧਰਨਾ ਦਿੱਤਾ ਗਿਆ।ਜਿੱਥੇ ਜ਼ਿਲ੍ਹੇ 'ਚੋਂ ਸੈਂਕੜੇ ਮਜ਼ਦੂਰ ਮਰਦ/ਔਰਤਾਂ ਤੋਂ ਇਲਾਵਾ ਕਿਸਾਨ ਵੀ ਸ਼ਾਮਲ ਹੋਏ।ਧਰਨੇ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਮੰਗਤ ਸਿੰਘ ਕਾਲੇਕੇ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਮੰਗਾ ਸਿੰਘ ਵੈਰੋਕੇ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਲਖਵੀਰ ਸਿੰਘ ਸਿੰਘਾਂਵਾਲਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਦਿਆਂ ਮਨਰੇਗਾ ਕਾਨੂੰਨ ਦੀ ਸਫ ਲਪੇਟੀ ਜਾ ਰਹੀ ਹੈ।ਇਸ ਤਰ੍ਹਾਂ ਕਿਰਤ ਕਾਨੂੰਨ ਜੋ ਕਿ ਕੁਝ ਮਜ਼ਦੂਰਾਂ ਦੇ ਹੱਕਾਂ ਦੀ ਗੱਲ ਕਰਦੇ ਸਨ, ਉਹ ਵੀ ਬਰਤਾਨਵੀ ਸਮੇਂ ਦੇ ਕਹਿ ਕੇ ਚਾਰ ਕੋਡ ਬਣਾ ਕੇ ਬਹੁਕੌਮੀ ਕੰਪਨੀਆਂ ਲਈ ਸਸਤੀ ਲੇਬਰ ਵਾਸਤੇ ਰਾਹ ਪੱਧਰਾ ਕਰ ਦਿੱਤਾ ਹੈ।ਬਿਜਲੀ ਬਿੱਲ 2025 ਲਾਗੂ ਹੋਣ ਨਾਲ ਗਰੀਬ ਤੇ ਆਮ ਖਪਤਕਾਰਾਂ ਦੀ ਪਹੁੰਚ ਤੋਂ ਬਿਜਲੀ ਦੂਰ ਹੋ ਜਾਵੇਗੀ, ਜਿਨ੍ਹਾਂ ਦਾ ਡੱਟਵਾਂ ਵਿਰੋਧ ਕਰਨ ਦਾ ਐਲਾਨ ਵੀ ਕੀਤਾ ਗਿਆ।

ਮਜ਼ਦੂਰ ਆਗੂਆਂ ਨੇ ਇਹ ਵੀ ਦੱਸਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਮੋਦੀ ਸਰਕਾਰ ਦੀ ਤਰ੍ਹਾਂ ਹੀ ਮਜ਼ਦੂਰ ਵਿਰੋਧੀ ਸਾਬਤ ਹੋਈ ਹੈ, ਜੋ ਕਿ ਮਜ਼ਦੂਰ ਮੰਗਾਂ ਬਾਰੇ ਮਜ਼ਦੂਰ ਮੋਰਚੇ ਨੂੰ ਨਾ ਮੀਟਿੰਗਾਂ ਦੇ ਕੇ ਇੱਕ ਵੀ ਮੀਟਿੰਗ ਲਾਗੂ ਨਹੀਂ ਕੀਤੀ ਗਈ, ਜੋ ਮਜ਼ਦੂਰਾਂ ਨਾਲ ਬੇਇਨਸਾਫ਼ੀ ਹੈ।ਆਗੂਆਂ ਵੱਲੋਂ ਪੰਜਾਬ ਸਰਕਾਰ ਦੇ ਨਾਮ ਡੀ ਸੀ ਮੋਗਾ ਨੂੰ ਮੰਗ ਪੱਤਰ ਵੀ ਸੌਂਪਿਆ।ਇਕੱਠ ਵੱਲੋਂ ਹੱਥ ਖੜ੍ਹੇ ਕਰਕੇ ਮਤਾ ਪਾਸ ਕੀਤਾ ਗਿਆ ਕਿ ਗ੍ਰਿਫ਼ਤਾਰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੁੱਖ ਆਗੂ ਮੁਕੇਸ਼ ਮਲੌਦ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।ਉਪਰੋਕਤ ਆਗੂਆਂ ਤੋਂ ਇਲਾਵਾ ਜਗਰਾਜ ਸਿੰਘ ਕੁੱਸਾ, ਜਗਤਾਰ ਸਿੰਘ ਰਾਮਾ, ਸ਼ਿੰਗਾਰਾ ਸਿੰਘ ਮੱਲੇਕੇ, ਹਾਕਮ ਸਿੰਘ ਕਾਲੇਕੇ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਇਕਬਾਲ ਸਿੰਘ ਸਿੰਘਾਂਵਾਲਾ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਮਾ: ਦਰਸ਼ਨ ਸਿੰਘ ਹਿੰਮਤਪੁਰਾ ਵੱਲੋਂ ਨਿਭਾਈ ਗਈ।

**ਮਾਨਸਾ (ਆਤਮਾ ਸਿੰਘ ਪਮਾਰ)** : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਸਥਾਨਕ ਜ਼ਿਲ੍ਹਾ ਕਚਹਿਰੀ ਵਿਖੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਮਜ਼ਦੂਰ ਮੁਕਤੀ ਮੋਰਚਾ ਦੇ ਗੁਰਸੇਵਕ ਸਿੰਘ ਮਾਨਬੀਬੜੀਆਂ, ਏਟਕ ਦੇ ਕਰਤਾ ਡੋਲਾ ਦੀ ਅਗਵਾਈ ਹੇਠ ਦੇਸ਼ ਦੀ ਰਾਸ਼ਟਰਪਤੀ ਦੇ ਨਾਂਅ ਜ਼ਿਲ੍ਹਾ ਅਧਿਕਾਰੀਆਂ ਨੂੰ ਮਜ਼ਦੂਰ ਮੰਗਾਂ ਸੰਬੰਧੀ ਮੰਗ ਪੱਤਰ ਸੌਂਪਣ ਉਪਰੰਤ ਰੋਸ ਮਾਰਚ ਕਰਕੇ ਮੋਦੀ ਸਰਕਾਰ ਦੀ ਅਰਥੀ ਵੀ ਫੂਕੀ ਗਈ।ਮੋਰਚੇ ਵੱਲੋਂ ਮਜ਼ਦੂਰ ਆਗੂ ਮੁਕੇਸ਼ ਮਲੌਦ ਦੀ ਨਜਾਇਜ਼ ਗ੍ਰਿਫ਼ਤਾਰੀ ਤੇ ਦਸ ਪੱਤਰਕਾਰਾਂ 'ਤੇ ਪਾਏ ਝੂਠੇ ਪਰਚੇ ਰੱਦ ਕਰਨ ਦੀ ਮੰਗ ਵੀ ਕੀਤੀ ਗਈ।ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕਾ. ਕ੍ਰਿਸ਼ਨ ਚੌਹਾਨ, ਮਜ਼ਦੂਰ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਘਰਾਗਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਕੇ 'ਵੀ ਬੀ ਜੀ ਰਾਮ ਜੀ' ਲਿਆ ਕੇ ਕੇਂਦਰੀ ਬਜਟ 'ਚੋਂ ਪੈਣ ਵਾਲਾ 90 ਫੀਸਦੀ ਹਿੱਸਾ ਘਟਾ ਕੇ 60 ਫੀਸਦੀ ਕਰਨ ਵਰਗੇ ਮਜ਼ਦੂਰ ਵਿਰੋਧੀ ਕਦਮਾਂ ਰਾਹੀਂ ਮਜ਼ਦੂਰਾਂ ਦਾ ਰੁਜ਼ਗਾਰ ਖੋਹ ਕੇ ਮਜ਼ਦੂਰਾਂ ਦੇ ਚੁੱਲਿਆਂ ਨੂੰ ਠੰਡਾ ਕਰਨ ਦੀ ਨੀਤੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਕਿਸਾਨ ਆਗੂ




ਜਿੰਦਰ ਕੌਰ, ਸੁਖਦੇਵ ਸਿੰਘ ਮਾਨਸਾ, ਧੰਨਾ ਸਿੰਘ ਬੱਪੀਆਣਾ, ਅੰਗਰੇਜ਼ ਸਿੰਘ ਘਰਾਂਗਣਾ, ਮੰਟੂ ਸਿੰਘ ਭੰਮੇ, ਹਾਕਮ ਸਿੰਘ ਖਿਆਲਾ, ਦਾਰਾ ਸਿੰਘ ਆਦਿ ਹਾਜ਼ਰ ਸਨ।

**ਬੁਢਲਾਡਾ (ਅਸ਼ੋਕ ਲਾਕੜਾ)** : ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ ਦੀ ਥਾਂ ਲੈਣ ਲਈ ਇੱਕ ਨਵਾਂ ਪੇਂਡੂ ਰੁਜ਼ਗਾਰ ਬਿੱਲ ਲਿਆਉਣਾ ਮਨਰੇਗਾ ਕਾਨੂੰਨ ਦਾ ਭੋਗ ਪਾਉਣ ਦੀ ਯੋਜਨਾ ਮਜ਼ਦੂਰ ਵਿਰੋਧੀ ਕਦਮ ਹੈ।15 ਜਨਵਰੀ ਨੂੰ ਮਾਨਸਾ ਵਿਖੇ ਰੋਸ ਰੈਲੀ ਦੀ ਤਿਆਰੀ ਸਬੰਧੀ ਵੱਖ ਵੱਖ ਪਿੰਡਾਂ ਰੱਲੀ, ਰੰਘੜਿਆਲ ਤੇ ਚੱਕ ਭਾਈਕੇ ਮਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੀਤਾਰਾਮ ਗੋਬਿੰਦਪੁਰਾ ਤੇ ਏਟਕ ਦੇ ਜਗਸੀਰ ਰਾਏਕੇ ਨੇ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਇਤਿਹਾਸਿਕ ਕਾਨੂੰਨ ਵਿੱਚੋਂ ਮਹਾਤਮਾ ਗਾਂਧੀ ਦਾ ਨਾਮ ਜਾਣਬੁੱਝ ਕੇ ਹਟਾਉਣਾ ਸਿਰਫ ਇੱਕ ਪ੍ਰਸ਼ਾਸਕੀ ਤਬਦੀਲੀ ਨਹੀਂ ਹੈ, ਸਗੋਂ ਇੱਕ ਡੂੰਘਾ ਫਾਸ਼ੀਵਾਦੀ ਵਿਚਾਰਧਾਰਕ ਕੰਮ ਹੈ, ਜੋ ਗਾਂਧੀ ਜੀ ਦੀਆਂ ਕਦਰਾਂ-ਕੀਮਤਾਂ ਤੇ ਵਿਰਾਸਤ ਪ੍ਰਤੀ ਭਾਜਪਾ ਦੀ ਨਫ਼ਰਤ ਨੂੰ ਉਜਾਗਰ ਕਰਦਾ ਹੈ।ਇਹ ਐਕਟ ਉਸ ਗੱਲ ਦੀ ਪੁਸ਼ਟੀ ਕਰਦਾ ਹੈ, ਜੋ ਭਾਰਤ ਦੇ ਲੋਕ ਪਹਿਲਾਂ ਹੀ ਜਾਣਦੇ ਹਨ ਕਿ ਭਾਜਪਾ ਤੇ ਇਸ ਦੇ ਵਿਚਾਰਧਾਰਕ ਸਲਾਹਕਾਰ ਅਸਲ ਵਿੱਚ ਨੱਥੂ ਰਾਮ ਗੋਡਸੇ ਦੇ ਸੱਚੇ ਚੇਲੇ ਹਨ।ਇੱਥੋਂ ਅਧਿਕਾਰ ਅਧਾਰਤ ਕਾਨੂੰਨ ਨੂੰ ਖਤਮ ਕਰਕੇ ਤੇ ਇਸ ਨੂੰ ਇੱਕ ਵਿਵੇਕਸ਼ੀਲ ਯੋਜਨਾ ਵਿੱਚ ਬਦਲ ਕੇ, ਸਰਕਾਰ ਗਾਰੰਟੀਸ਼ੁਦਾ ਰੁਜ਼ਗਾਰ ਦੇ ਵਿਚਾਰ ਨੂੰ ਕਮਜ਼ੋਰ ਕਰ ਰਹੀ ਹੈ ਤੇ ਪੇਂਡੂ ਮਜ਼ਦੂਰਾਂ ਨੂੰ ਸਰਕਾਰੀ ਕੰਟੇ ਤੇ ਠੇਕੇਦਾਰਾਂ ਵੱਲੋਂ ਚਲਾਏ ਜਾਣ ਵਾਲੇ ਤੰਤਰਾਂ ਦੇ ਰਹਿਮ 'ਤੇ ਛੱਡ ਰਹੀ ਹੈ।ਇਸ ਮੌਕੇ ਆਗੂਆਂ ਨੇ 15 ਜਨਵਰੀ ਨੂੰ ਮਾਨਸਾ ਵਿਖੇ ਪੁੱਜਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਮਨਰੇਗਾ, ਲੇਬਰ ਕੋਡ, ਬਿਜਲੀ ਤੇ ਬੀਜ ਬਿੱਲ ਨੂੰ ਰੱਦ ਕਰਾਉਣ ਲਈ ਰਾਸ਼ਟਰਪਤੀ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਵਿਆਲ ਸਿੰਘ ਬੁਢਲਾਡਾ, ਚਿਮਨ ਲਾਲ ਕਾਕਾ, ਪਵਨ ਸ਼ਰਮਾ, ਗੁਲਜ਼ਾਰ ਸਿੰਘ ਰੱਲੀ, ਪਰਉਪਕਾਰ ਸਿੰਘ, ਤਰਸੇਮ ਸਿੰਘ ਚੱਕਭਾਈਕੇ, ਮੱਖਣ ਰੰਘੜਿਆਲ, ਨੇਤਾ ਰਾਮ ਆਦਿ ਆਗੂਆਂ ਨੇ ਸੰਬੋਧਨ ਕੀਤਾ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ ਉੱਤੇ ਡੀਸੀ ਦਫ਼ਤਰ ਅੱਗੇ ਧਰਨਾ ਲਾ ਕੇ ਮਜ਼ਦੂਰ ਜਥੇਬੰਦੀਆਂ ਨੇ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਮਜ਼ਦੂਰ ਵਿਰੋਧੀ ਦੱਸਦਿਆਂ ਸਾਰੇ ਮਜ਼ਦੂਰ ਵਿਰੋਧੀ ਕਾਨੂੰਨ ਰੱਦ ਕਰਨ ਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਪ੍ਰਵਾਨ ਕਰਨ ਦੀ ਮੰਗ ਕੀਤੀ ਗਈ।ਧਰਨੇ ਨੂੰ ਸੰਬੋਧਨ ਕਰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੀਤ ਪ੍ਰਧਾਨ ਧਰਮਵੀਰ ਹਰੀਗੜ੍ਹ, ਕੁੱਲ ਹਿੰਦ ਮਜ਼ਦੂਰ ਸਭਾ ਦੇ ਸਤਪਾਲ ਰਾਜੋਮਾਜਰਾ, ਦਿਹਾਤੀ ਮਜ਼ਦੂਰ ਸਭਾ ਦੇ ਪਰਲਾਦ ਸਿੰਘ, ਮਨਰੇਗਾ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਸਿੰਘ ਕੰਡ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਪਰਮਜੀਤ ਕੌਰ ਭੀਮਾ ਖੇੜੀ, ਪੰਜਾਬ ਨਿਰਮਾਣ ਯੂਨੀਅਨ ਦੇ ਸੁਖਪਾਲ ਸਿੰਘ ਕਰਤਾਰਪਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਦੇ ਸਭ ਤੋਂ ਦੱਬੇ ਕੁਚਲੇ ਲੋਕਾਂ ਦੀ ਮੰਦੀ ਹਾਲਤ ਦਾ ਕਾਰਨ ਮਨੂਵਾਦੀ ਵਿਚਾਰਧਾਰਾ ਹੈ, ਜਾਤ ਪਾਤੀ ਵਿਤਕਰਾ ਤੇ ਜਾਇਦਾਦ ਤੋਂ ਵਾਂਝੇ ਕੀਤੇ ਇਹ ਲੋਕ ਸਦੀਆਂ ਤੋਂ ਸਮਾਜਿਕ ਕਾਣੀ ਵੰਡ ਦਾ ਸ਼ਿਕਾਰ ਹਨ। ਉਨ੍ਹਾਂ ਕਿਹਾ ਕਿ ਹੁਣ ਮਨਰੇਗਾ ਰਾਹੀਂ ਮਿਲਦੇ ਨਿਗੂਣੇ ਰੁਜ਼ਗਾਰ ਨੂੰ ਖੋਹ ਕੇ ਤੇ ਚਾਰ ਲੇਬਰ ਕੋਡ ਲਾਗੂ ਕਰਕੇ ਕੇਂਦਰ ਸਰਕਾਰ ਨੇ ਉਸੇ ਮਨੂਵਾਦੀ ਸੋਚ ਦਾ ਪ੍ਰਗਟਾਵਾ ਕੀਤਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨਗੀ ਮੰਡਲ ਵਿਚ ਗੁਰਵਿੰਦਰ ਬੌਡਾਂ, ਹਰੀ ਸਿੰਘ ਦੌਣ ਖੁਰਦ, ਸਤਪਾਲ ਸਿੰਘ ਬੈਠੇ ਸਟੇਜ ਸੈਕਟਰੀ ਦੀ ਭੂਮਿਕਾ ਡਾ. ਵਿਜੈਪਾਲ ਨੇ ਨਿਭਾਈ ਤੇ ਸਤਪਾਲ ਸਿੰਘ ਰੰਗ ਵਰਕਰ ਯੂਨੀਅਨ, ਗੁਰਮੀਤ ਸਿੰਘ ਛੱਜੂ ਭੱਟ, ਦਰਸ਼ਨ ਸਿੰਘ ਬੇਲੂ ਮਾਜਰਾ ਆਦਿ ਨੇ ਵੀ ਸੰਬੋਧਨ ਕੀਤਾ।

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸੱਪਲ/ਪ੍ਰਵੀਨ ਸਿੰਘ)** : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਵੱਲੋਂ ਮੰਗਲਵਾਰ ਡੀ ਸੀ ਦਫ਼ਤਰ ਅੱਗੇ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੇ ਸੂਬਾ ਸਕੱਤਰ ਲਖਵੀਰ ਸਿੰਘ ਲੌਂਗੋਵਾਲ, ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਹਰਭਗਵਾਨ ਸਿੰਘ ਮੂਣਕ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਭੂਪ ਚੰਦ ਚੰਨੋ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਸਵੀਰ ਕੌਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਨਿਰੰਜਣ ਸਿੰਘ ਚੁਨਾਗਰਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵੀ ਬੀ ਜੀ ਰਾਮ ਜੀ ਲਿਆ ਕੇ ਮਨਰੇਗਾ ਦਾ ਭੋਗ ਪਾਇਆ ਗਿਆ ਕਰਕੇ ਕੇਂਦਰੀ ਬਜਟ 'ਚੋਂ ਪੈਣ ਵਾਲਾ 90 ਫੀਸਦੀ ਹਿੱਸਾ ਘਟਾ ਕੇ 60 ਫੀਸਦੀ ਕਰਨ ਤੇ ਹਾੜ੍ਹੀ ਸਾਉਣੀ ਦੇ ਸੀਜ਼ਨ ਦੌਰਾਨ 2 ਮਹੀਨੇ ਕੰਮ ਬੰਦ ਕਰਨ ਨੂੰ ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਹੋਏ ਕਿਹਾ ਕਿ ਇਸ ਨਾਲ ਮਜ਼ਦੂਰਾਂ ਦੇ ਘਰਾਂ ਦੇ ਚੁੱਲ੍ਹਿਆਂ ਦੀ ਅੱਗ ਨੂੰ ਠੰਢਾ ਕਰਨਾ ਚਾਹੁੰਦੀ ਹਨ, ਕਿਉਂਕਿ ਹਰੀ ਕ੍ਰਾਂਤੀ ਤੇ ਨਿੱਜੀਕਰਨ ਦੀਆਂ ਨੀਤੀਆਂ ਕਾਰਨ ਮਜ਼ਦੂਰ ਪਹਿਲਾਂ ਹੀ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਹਨ।ਚਾਹੀਦਾ ਤਾਂ ਇਹ ਸੀ ਕਿ ਮਨਰੇਗਾ ਵਿੱਚ ਹੁੰਦੀ ਸਿਆਸੀ ਦਖਲਅੰਦਾਜ਼ੀ ਤੇ ਭ੍ਰਿਸ਼ਟਾਚਾਰੀ ਨੂੰ ਰੋਕ ਕੇ ਮਨਰੇਗਾ ਨੂੰ ਪੰਦਾਵਾਰੀ ਕੰਮਾਂ ਨਾਲ ਜੋੜ ਕੇ ਮਹਿੰਗਾਈ ਅਨੁਸਾਰ ਦਿਹਾੜੀ 'ਚ ਵਾਧਾ ਕਰਕੇ ਮਜ਼ਦੂਰਾਂ ਦੇ ਰੁਜ਼ਗਾਰ ਵਿੱਚ ਵਾਧਾ ਕੀਤਾ ਜਾਂਦਾ, ਪਰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰਾਂ ਦੀ ਕਿਰਤ ਦੀ ਲੁੱਟ ਕਰਵਉਣ ਤੇ ਸਰਮਾਏਦਾਰਾਂ ਕਾਰਪੋਰੇਟ ਘਰਾਣਿਆਂ ਨੂੰ ਮਜ਼ਦੂਰਾਂ ਦੀ ਲੁੱਟ ਕਰਨ ਲਈ ਰਾਹ ਪੱਧਰਾ ਕੀਤਾ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੋਗਿੰਦਰ ਸਿੰਘ ਬੰਧਨ, ਬਿੱਟੂ ਸਿੰਘ ਖੋਖਰ, ਗੋਪੀ ਸਿੰਘ ਗਿਰ, ਬਲਜੀਤ ਸਿੰਘ ਨਮੋਲ, ਰਮਨ ਕੁਮਾਰ ਮਲੋਟ, ਜਸਮੇਲ ਕੌਰ ਨੇ ਵੀ ਸੰਬੋਧਨ ਕੀਤਾ।ਅੱਜ ਦੇ ਇਕੱਠ ਨੇ ਮਜ਼ਦੂਰ ਆਗੂ ਮੁਕੇਸ਼ ਮਲੌਦ ਨੂੰ ਤੁਰੰਤ ਰਿਹਾਅ ਕਰਨ ਅਤੇ ਪੱਤਰਕਾਰਾਂ 'ਤੇ ਕੀਤੇ ਪਰਚੇ ਰੱਦ ਕਰਨ ਦੀ ਵੀ ਮੰਗ ਕੀਤੀ ਗਈ।

## ਕਾਤਰਾਂ

### ਮੋਕਸ਼ ਸਿੰਗਲਾ ਨੇ ਕਰਾਟੇ ਚੈਂਪੀਅਨਸ਼ਿਪ 'ਚ ਮੈਡਲ ਜਿੱਤੇ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਗੋਆ ਦੇ ਸ਼ਹਿਰ ਮਡਗਾਓਂ ਵਿਖੇ ਬੀਤੀ 28 ਦਸੰਬਰ ਨੂੰ ਹੋਏ ਤੀਜੇ ਸਾਊਥ ਏਸ਼ੀਅਨ ਕਰਾਟੇ ਚੈਂਪੀਅਨਸ਼ਿਪ ਵਿੱਚ ਸਮਾਣਾ ਦੇ ਸ੍ਰੀਮਤੀ ਗੀਤੂ ਸਿੰਗਲਾ ਤੇ ਤਜਿੰਦਰ ਸਿੰਗਲਾ ਦੇ ਸਪੁੱਤਰ ਮੋਕਸ਼ ਸਿੰਗਲਾ, ਜੋ ਕਿ ਸੇਂਟ ਥੈਰੇਸਾ ਕਾਨਵੈਂਟ ਸਕੂਲ ਦਾ ਵਿਦਿਆਰਥੀ ਹੈ, ਨੇ ਦੋ ਵੱਖ-ਵੱਖ ਇਵੈਂਟ ਵਿੱਚ ਭਾਗ ਲੈਂਦੇ ਹੋਏ ਇੱਕ ਗੋਲਡ ਤੇ ਇੱਕ ਸਿਲਵਰ ਮੈਡਲ ਜਿੱਤ ਕੇ ਜਿੱਥੇ ਆਪਣੇ ਪਰਿਵਾਰ ਦਾ ਨਾਮ ਰੌਸ਼ਨ ਕੀਤਾ, ਉਥੇ ਸ਼ਹਿਰ ਸਮਾਣਾ ਦਾ ਅਤੇ ਸਕੂਲ ਦਾ ਨਾਮ ਵੀ ਰੋਸ਼ਨ ਕੀਤਾ।

### ਪੁਲਸ ਵੱਲੋਂ ਵਿਦੇਸ਼ੀ ਪਿਸਤੌਲਾਂ ਸਮੇਤ ਤਿੰਨ ਗੈਂਗਸਟਰ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਥਾਨਾ ਥਰਮਲ ਦੀ ਪੁਲਸ ਨੇ ਟਰਾਂਸਪੋਰਟ ਨਗਰ ਕੋਲੋਂ ਤਿੰਨ ਗੈਂਗਸਟਰਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਵਿਦੇਸ਼ੀ ਪਿਸਤੌਲ ਤੇ ਕਾਰਤੂਸ ਬਰਾਮਦ ਕਰ ਲਏ ਹਨ।ਥਾਣਾ ਇੰਚਾਰਜ ਸ੍ਰੀ ਗੁਰਸ਼ਰਨ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਟਰਾਂਸਪੋਰਟ ਨਜ਼ਦੀਕ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ।ਇਸ ਦੌਰਾਨ ਇੱਕ ਵਰਨਾ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ 'ਚੋਂ ਤਿੰਨ ਵਿਦੇਸ਼ੀ ਪਿਸਤੌਲ ਤੇ 26 ਜ਼ਿੰਦਾ ਕਾਰਤੂਸ ਬਰਾਮਦ ਹੋਏ।ਉਨ੍ਹਾਂ ਦੱਸਿਆ ਕਿ ਕਾਰ 'ਚ ਸਵਾਰ ਤਿੰਨ ਕਥਿਤ ਗੈਂਗਸਟਰਾਂ ਕੁਲਦੀਪ ਸਿੰਘ ਗਿੱਲ, ਗੁਰਵਿੰਦਰ ਸਿੰਘ ਕੋਟਸ਼ਮੀਰ ਤੇ ਗਗਨਦੀਪ ਸਿੰਘ ਭੋਖੜਾ ਨੂੰ ਗ੍ਰਿਫ਼ਤਾਰ ਕਰਕੇ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।ਸੂਤਰਾਂ ਅਨੁਸਾਰ ਇਨ੍ਹਾਂ ਵੱਲੋਂ ਇੱਕ ਗੈਂਗਵਾਰ ਨੂੰ ਅੰਜਾਮ ਦਿੱਤਾ ਜਾਣਾ ਸੀ ਤੇ ਉਨ੍ਹਾਂ ਦੇ ਨਿਸ਼ਾਨੇ 'ਤੇ ਇੱਕ ਹੋਰ ਗੈਂਗਸਟਰ ਹੀ ਸੀ।ਪੁਲਸ ਵੱਲੋਂ ਕੀਤੀ ਕਾਰਵਾਈ ਸਦਕਾ ਇੱਕ ਵੱਡੀ ਗੈਂਗਵਾਰ ਘਟਨਾ ਨੂੰ ਰੋਕਣ 'ਚ ਕਾਮਯਾਬੀ ਹਾਸਲ ਕਰ ਲਈ ਹੈ।



ਵਧੀਆ ਸੇਵਾਵਾਂ ਬਦਲੇ ਡੀ ਐੱਸ ਪੀ ਜੋਰਾ ਸਿੰਘ ਕਾਂਗਰਾ ਨੂੰ ਸਨਮਾਨਤ ਕਰਦੇ ਹੋਏ ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ, ਨਾਲ ਹਨ ਐੱਸ ਪੀ ਬਾਲ ਕ੍ਰਿਸ਼ਨ ਸਿੰਗਲਾ ਤੇ ਐੱਸ ਪੀ ਸੰਦੀਪ ਮੰਡ। (ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)

## ਸੀ ਪੀ ਆਈ ਵੱਲੋਂ ਮਨਰੇਗਾ ਤੇ ਹੋਰ ਲੋਕ ਦੋਖੀ ਬਿੱਲਾਂ ਵਿਰੁੱਧ ਸੰਘਰਸ਼ ਦਾ ਐਲਾਨ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਵਿੱਚ ਮੋਦੀ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਿਆਉਣ, ਬਿਜਲੀ ਸੋਧ ਬਿਲ, ਬੀਜ ਬਿਲ, ਨਵਾਂ ਪ੍ਰਮਾਣੂ ਕਾਨੂੰਨ ਬਣਾਉਣ ਦੇ ਵਿਰੁੱਧ ਸੰਘਰਸ਼ ਵਿੱਢਣ ਦਾ ਫੈਸਲਾ ਕੀਤਾ ਗਿਆ।

ਮੀਟਿੰਗ ਦੀ ਪ੍ਰਧਾਨਗੀ ਡਾਕਟਰ ਅਰੁਣ ਮਿੱਤਰਾ ਨੇ ਕੀਤੀ।ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ ਨੇ ਬੋਲਦੇ ਹੋਏ ਕਿਹਾ ਕਿ ਉਪਰੋਕਤ ਸਾਰੇ ਕਾਨੂੰਨ ਲਿਆ ਕੇ ਸਰਕਾਰ ਨੇ ਮਿਹਨਤਕਸ਼ ਲੋਕਾਂ ਦੇ ਹੱਕਾਂ 'ਤੇ ਡੂੰਘੀ ਸੱਟ ਮਾਰੀ ਹੈ।ਮਨਰੇਗਾ ਕਾਨੂੰਨ ਖਤਮ ਕਰਨ ਦੇ ਨਾਲ ਘਟ ਆਮਦਨੀ ਵਾਲੇ ਪੇਂਡੂ ਲੋਕ, ਜਿਨ੍ਹਾਂ ਨੂੰ 100 ਦਿਨ ਕੰਮ ਦੀ ਗਰੰਟੀ ਮਨਰੇਗਾ ਦੇ ਕਾਨੂੰਨ ਹੇਠ ਸੀ, ਹੁਣ ਉਸ ਦੇ ਖਤਮ ਹੋਣ ਦੇ ਨਾਲ ਉਨ੍ਹਾਂ ਦੀ ਆਰਥਿਕਤਾ 'ਤੇ ਸੱਟ ਵੱਜੇਗੀ।ਚਾਰ ਲੇਬਰ ਕੋਡਾਂ ਦੇ ਰਾਹੀਂ ਦਹਾਕਿਆਂ ਬੱਧੀ ਸੰਘਰਸ਼ ਉਪਰੰਤ ਪ੍ਰਾਪਤ ਕੀਤੇ ਮਜ਼ਦੂਰਾਂ ਦੇ ਯੂਨੀਅਨ ਬਣਾਉਣ ਦੇ ਅਖਤਿਆਰ 'ਤੇ ਰੋਕ ਲੱਗ ਗਈ ਹੈ।ਕਿੱਤਾ ਮੁਖੀ ਸੁਰੱਖਿਆ ਬਾਬਤ ਕੋਡ ਦੇ ਰਾਹੀਂ ਕਾਮਿਆਂ ਨੂੰ ਵੱਖ ਵੱਖ ਅਦਾਰਿਆਂ ਵਿੱਚ ਮਿਲਣ ਵਾਲੇ ਕਿੱਤਾ ਮੁਖੀ ਸੁਰੱਖਿਆ ਦੇ ਹੱਕ ਕਮਜ਼ੋਰ ਕਰ ਦਿੱਤੇ ਗਏ ਹਨ।ਬੀਜ ਬਿਲ ਦੇ ਰਾਹੀਂ ਸਾਰੇ ਬੀਜ ਹੁਣ ਮਨਸੈਂਟੋ ਤੇ ਕਾਰਗਿਲ ਵਰਗੀਆਂ ਵਿਦੇਸ਼ੀ ਕੰਪਨੀਆਂ ਵੇਚਿਆ ਕਰਨਗੀਆਂ।ਇਸ ਨਾਲ ਸਾਡੀਆਂ ਖੇਤੀਬਾੜੀ ਯੂਨੀਵਰਸਿਟੀਆਂ ਬੇਮਾਨੀਆਂ ਹੋ ਜਾਣਗੀਆਂ ਤੇ ਜੀ ਐੱਮ ਬੀਜ ਤੇ ਟਰਮੀਨੇਟਰ ਬੀਜਾਂ ਦਾ ਖਤਰਾ ਬਹੁਤ ਵੱਧ ਜਾਏਗਾ। ਇਸ ਕਰਕੇ ਸਾਡੀ ਖੁਰਾਕ ਸੁਰੱਖਿਆ ਕਮਜ਼ੋਰ ਹੋ ਜਾਏਗੀ।ਬਿਜਲੀ ਬਿੱਲ ਰਾਹੀਂ ਬਿਜਲੀ ਦੇ ਸਮੁੱਚੇ ਪ੍ਰਬੰਧ ਨੂੰ ਨਿੱਜੀ ਖੇਤਰ ਨੂੰ ਸੌਂਪ ਕੇ ਬਿਜਲੀ ਮਹਿੰਗੀ ਹੋਣ ਦਾ ਖਤਰਾ ਵਧ ਜਾਏਗਾ।ਨਾਲ ਹੀ ਪ੍ਰਮਾਣੂ ਬਿਲ ਨੂੰ ਲਿਆਣ ਦੇ ਨਾਲ ਨਿੱਜੀ ਖੇਤਰ ਜੋ ਕਿ ਮੁਨਾਫਾ 'ਤੇ ਅਧਾਰਤ ਹੈ, ਨੂੰ ਇਸ ਖੇਤਰ ਵਿੱਚ ਜੋ ਕਿ ਸੁਰੱਖਿਆ ਦੀ ਦ੍ਰਿਸ਼ਟੀ ਤੋਂ ਬੜਾ ਮਹੱਤਵਪੂਰਨ ਹੈ, ਹਾਲਾਤ ਨੂੰ ਗੰਭੀਰ ਸਥਿਤੀ ਵਿੱਚ ਲਿਆਂਦਾ ਗਿਆ ਹੈ। ਦੁਰਘਟਨਾ ਦੀ ਸਥਿਤੀ ਦੇ ਵਿੱਚ ਵਿਦੇਸ਼ੀ ਕੰਪਨੀਆਂ ਦੀ ਜ਼ਿੰਮੇਵਾਰੀ ਨੂੰ ਖਤਮ ਕਰ ਦਿੱਤਾ ਗਿਆ ਹੈ। ਇਹ ਸਾਰੇ ਕਾਨੂੰਨ ਦੇਸ਼ ਨੂੰ ਗੰਭੀਰ ਹਾਲਾਤ ਵਿੱਚ ਸੁੱਟ ਦੇਣਗੇ ਤੇ ਆਮ ਜਨਤਾ ਤੇ ਆਰਥਿਕ ਬੋਝ ਬਹੁਤ ਵੱਧ ਜਾਏਗਾ।ਪਾਰਟੀ ਇਨ੍ਹਾਂ ਸਾਰਿਆਂ ਦੇ ਵਿਰੁੱਧ ਸੰਘਰਸ਼ ਕਰੇਗੀ।ਟਰੇਡ ਯੂਨੀਅਨਾਂ ਤੇ ਕਿਸਾਨਾਂ ਦੇ ਨਾਲ ਸੰਪਰਕ ਕਰਕੇ ਉਨ੍ਹਾਂ ਦੇ ਸੰਘਰਸ਼ਾਂ ਨੂੰ ਸਮਰਥਨ ਦਿੱਤਾ ਜਾਏਗਾ।

ਕੌਂਸਲ ਵਿੱਚ ਆਉਣ ਵਾਲੇ ਸਮੇਂ ਵਿੱਚ ਕੰਮ ਚਲਾਉਣ ਦੇ ਲਈ ਇੱਕ 24 ਮੈਂਬਰੀ ਐਗਜ਼ੈਕਟਿਵ ਕਮੇਟੀ ਬਣਾਈ ਗਈ।ਕਾਮਰੇਡ ਐੱਮ ਐੱਸ ਭਾਟੀਆ, ਡਾਕਟਰ ਰਜਿੰਦਰ ਪਾਲ ਸਿੰਘ ਔਲਖ ਤੇ ਕਾਮਰੇਡ ਚਮਕੌਰ ਸਿੰਘ ਦੀ ਸਹਾਇਕ ਸਕੱਤਰਾਂ ਵਜੋਂ ਚੋਣ ਵੀ ਕੀਤੀ ਗਈ।



## ਰਾਜਬੀਰ ਕੌਰ ਤੇ ਮਨਪ੍ਰੀਤ ਸਿੰਘ ਨੂੰ ਇਨਸਾਫ ਲਈ ਅਧਿਆਪਕ ਜਥੇਬੰਦੀਆਂ ਵੱਲੋਂ ਧਰਨਾ

### ਚੋਣ ਡਿਊਟੀ ਦੌਰਾਨ ਜ਼ਖਮੀ ਹੋਏ ਸਨ ਦੋਨੋਂ ਅਧਿਆਪਕ



**ਸੰਗਰੂਰ (ਪ੍ਰਵੀਨ ਸਿੰਘ)**-ਸੰਗਰੂਰ ਜ਼ਿਲ੍ਹੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫਤਰ ਦੇ ਬਾਹਰ ਧਰਨਾ ਲਗਾਇਆ ਗਿਆ।ਚੋਣ ਡਿਊਟੀ ਦੌਰਾਨ ਐਕਸੀਡੈਂਟ ਦਾ ਸ਼ਿਕਾਰ ਹੋਏ ਜ਼ਿਲ੍ਹਾ ਸੰਗਰੂਰ ਦੇ ਅਧਿਆਪਕ ਮੈਡਮ ਰਾਜਬੀਰ ਕੌਰ ਤੇ ਮਨਪ੍ਰੀਤ ਸਿੰਘ ਨੂੰ ਇਨਸਾਫ ਦਿਵਾਉਣ ਲਈ ਲਈ ਇਹ ਧਰਨਾ ਲਗਾਇਆ ਗਿਆ।ਇਸ ਮੌਕੇ ਅਧਿਆਪਕ ਆਗੂਆਂ ਦਾਤਾ ਸਿੰਘ, ਸੁਖਵਿੰਦਰ ਗਿਰ, ਦੇਵੀ ਦਿਆਲ, ਕ੍ਰਿਸ਼ਨ ਸਿੰਘ ਦੁੱਗਾਂ, ਅਵਤਾਰ ਸਿੰਘ ਭਲਵਾਨ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਮੈਡਮ ਰਾਜਵੀਰ ਕੌਰ ਜੋ ਕਿ ਐਸੋਸੀਏਟ ਅਧਿਆਪਕ ਹਨ ਤੇ ਉੱਕਾ ਪੱਕਾ ਤਨਖਾਹ 'ਤੇ ਕੰਮ ਕਰਦੇ ਹਨ, ਦੀ ਕਾਰ ਚੋਣ ਡਿਊਟੀ 'ਤੇ ਜਾਂਦੇ ਸਮੇਂ ਸੁਨਾਮ ਦੇ ਨੇੜੇ ਇੱਕ ਸੂਏ ਵਿੱਚ ਡਿੱਗੀ, ਜਿਸ ਕਾਰਨ ਉਨ੍ਹਾਂ ਦਾ ਗਿੱਟਾ ਤੇ ਗੋਡੇ ਦੀ ਚੱਪਣੀ ਟੁੱਟ ਗਈ ਅਤੇ ਕਾਰ ਦਾ ਨੁਕਸਾਨ ਹੋਇਆ। ਇਸ ਤੋਂ ਇਲਾਵਾ ਅਧਿਆਪਕ ਮਨਪ੍ਰੀਤ ਸਿੰਘ, ਜੋ ਕਿ ਆਪਣੀ ਚੋਣ ਡਿਊਟੀ ਪੂਰੀ ਕਰਨ ਤੋਂ ਬਾਅਦ ਘਰ ਜਾ ਰਹੇ ਸੀ, ਦਾ ਐਕਸੀਡੈਂਟ ਹੋਇਆ ਅਤੇ ਉਨ੍ਹਾਂ ਦੇ ਵੀ ਸੱਟਾਂ ਵੱਜੀਆਂ ਤੇ ਨਾਲ ਹੀ ਕਾਰ ਦੇ ਪਲਟਣ ਕਰਕੇ ਕਾਰ ਦਾ ਕਾਫੀ ਨੁਕਸਾਨ ਹੋਇਆ।ਅਧਿਆਪਕ ਆਗੂਆਂ ਰਘਵੀਰ ਸਿੰਘ ਭਵਾਨੀਗੜ੍ਹ, ਦਲਜੀਤ ਸਫੀਪੁਰ, ਸਰਬਜੀਤ ਪੁੰਨਾਂਵਾਲ, ਮੇਘ ਰਾਜ, ਬਲਵੀਰ ਚੰਦ ਲੌਂਗੋਵਾਲ, ਫਕੀਰ ਸਿੰਘ ਟਿੱਬਾ ਨੇ ਬੋਲਦਿਆਂ ਇਨ੍ਹਾਂ ਦੋਵਾਂ ਅਧਿਆਪਕਾਂ ਲਈ ਵੀਹ ਵੀਹ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਤੇ ਜ਼ਖ਼ਮੀ ਹਾਲਤ ਕਰਕੇ ਸਮੇਤ ਤਨਖਾਹ ਸਪੈਸ਼ਲ ਛੁੱਟੀ ਦੀ ਮੰਗ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੀਡੀਪੀਓ ਸੰਗਰੂਰ ਵੱਲੋਂ ਅਧਿਆਪਕਾਂ ਨੂੰ ਡੀ ਸੀ ਸੰਗਰੂਰ ਨਾਲ ਮੀਟਿੰਗ ਕਰਵਾ ਕੇ ਮੰਗਾਂ ਮਨਵਾਉਣ ਦੇ ਭਰੋਸੇ ਤੋਂ ਬਾਅਦ ਇਹ ਧਰਨਾ ਸਮਾਪਤ ਹੋਇਆ।ਇਸ ਮੌਕੇ ਰਾਣੋ ਖੇੜੀ ਗਿੱਲਾਂ ਆਸ਼ਾ ਵਰਕਰ ਯੂਨੀਅਨ, ਜੁਝਾਰ ਲੌਂਗੋਵਾਲ, ਰਮਨ ਕੁਮਾਰ ਮਲੋਟ ਬੇਰੁਜ਼ਗਾਰ ਸਾਂਝਾ ਮੋਰਚਾ, ਗੁਰਲਾਭ ਸਿੰਘ ਆਲੋਅਰਖ, ਗੁਰਸੇਵਕ ਸਿੰਘ ਕਲੇਰ ਨੇ ਸੰਬੋਧਨ ਕੀਤਾ।

ਇਸ ਮੌਕੇ ਬਲਦੇਵ ਸਿੰਘ ਬਡਰੁੱਖਾਂ, ਕਮਲਜੀਤ ਸਿੰਘ, ਕੁਲਵਿੰਦਰ ਸਿੰਘ ਬੀਕੇਯੂ ਰਾਜੇਵਾਲ, ਬਲਜੀਤ ਸਿੰਘ, ਫਕੀਰ ਸਿੰਘ ਟਿੱਬਾ, ਅਮਨ ਵਿਸ਼ਿਸ਼ਟ, ਕਰਮਜੀਤ ਨਦਾਮਪੁਰ, ਬਾਰਾ ਸਿੰਘ, ਸਤਿਨਾਮ ਉੱਭਾਵਾਲ, ਸੁਖਜਿੰਦਰ ਸਿੰਘ, ਯਾਦਵਿੰਦਰ ਧੂਰੀ, ਮਾਲਵਿੰਦਰ ਸਿੰਘ, ਸੁਖਦੇਵ ਸਿੰਘ ਚਗਾਲੀਵਾਲਾ, ਕੁਲਵੰਤ ਸਿੰਘ ਖਨੌਰੀ, ਹਰਜੀਤ ਸਿੰਘ ਗਲਵੱਟੀ, ਹਰੀਸ਼ ਕੁਮਾਰ ਆਦਿ ਤੋਂ ਬਿਨਾਂ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਤੇ ਮੁਲਾਜ਼ਮ ਆਗੂ ਹਾਜ਼ਰ ਸਨ।

## ਪੰਜਾਬ ਰੋਡਵੇਜ਼ ਪਨਬੱਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਪੰਜਾਬ ਭਰ ਦੇ ਡੀਪੂਆਂ ਅੱਗੇ ਗੇਟ ਰੈਲੀਆਂ

**ਫਿਰੋਜ਼ਪੁਰ (ਗੁਰਬਚਨ ਸਿੰਘ)**

ਪੰਜਾਬ ਰੋਡਵੇਜ਼ ਪਨਬੱਸ/ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਪੰਜਾਬ ਭਰ ਦੇ ਡਿਪੂਆਂ ਅੱਗੇ ਗੇਟ ਰੈਲੀਆਂ ਕਰਕੇ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ

ਫਿਰੋਜ਼ਪੁਰ ਡਿੱਪੂ ਵਿਖੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਅਤੇ ਡਿੱਪੂ ਪ੍ਰਧਾਨ ਜਤਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਸਰਕਾਰ 'ਤੇ ਵਾਅਦਾ ਖਿਲਾਫੀ ਦੇ ਗੰਭੀਰ ਦੋਸ਼ ਲਾਏ।ਸਰਕਾਰ ਦੀ ਵਾਅਦਾ ਖਿਲਾਫੀ ਤੇ ਨਿੱਜੀਕਰਨ ਦਾ ਵਿਰੋਧ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਪਰ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਇੱਕ ਵੀ ਕਰਮਚਾਰੀ ਰੈਗੂਲਰ ਨਹੀਂ ਕੀਤਾ ਗਿਆ।ਮੁੱਖ ਮੰਤਰੀ ਨਾਲ ਹੋਈਆਂ ਕਈ ਮੀਟਿੰਗਾਂ ਤੇ ਲਿਖਤੀ ਭਰੋਸਿਆਂ ਦੇ ਬਾਵਜੂਦ ਅਜੇ ਤੱਕ ਕੋਈ ਪਾਲਸੀ ਨਹੀਂ ਬਣੀ।ਉਲਟਾ ਸਰਕਾਰ ਵਿਭਾਗ ਵਿੱਚ ਆਪਣੀਆਂ ਬੱਸਾਂ ਪਾਉਣ ਦੀ ਬਜਾਏ 'ਕਿਲੋਮੀਟਰ ਸਕੀਮ' ਰਾਹੀਂ ਨਿੱਜੀਕਰਨ ਨੂੰ ਉਤਸ਼ਾਹਤ ਕਰ ਰਹੀ ਹੈ।ਟਰਾਂਸਪੋਰਟ ਵਿਭਾਗ ਦੀ ਹਾਲਤ ਇੰਨੀ ਮਾੜੀ ਹੈ ਕਿ ਮੁਲਾਜ਼ਮਾਂ ਨੂੰ ਤਨਖਾਹਾਂ ਦੇਣ ਲਈ ਵੀ ਸੰਘਰਸ਼ ਕਰਨਾ ਪੈ ਰਿਹਾ ਹੈ।

ਫਰੀ ਸਫਰ ਸਹੂਲਤ ਦਾ ਲਗਭਗ 1200 ਕਰੋੜ ਰੁਪਏ ਸਰਕਾਰ ਵੱਲ ਬਕਾਇਆ ਹੈ।ਜਬਰ ਤੇ ਗ੍ਰਿਫਤਾਰੀਆਂ ਦਾ ਰੋਸ ਜਨਰਲ ਸਕੱਤਰ ਮੁੱਖਪਾਲ ਸਿੰਘ ਨੇ ਦੱਸਿਆ ਕਿ ਸ਼ਾਂਤਮਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨੂੰ ਦਬਾਉਣ ਲਈ ਸਰਕਾਰ ਪੁਲਸ ਜਬਰ ਦਾ ਸਹਾਰਾ ਲੈ ਰਹੀ ਹੈ।ਅੰਦੋਲਨ ਦੌਰਾਨ 177 ਮੁਲਾਜ਼ਮਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਤੇ ਕਈਆਂ 'ਤੇ ਧਾਰਾ 307 ਵਰਗੇ ਨਜਾਇਜ਼ ਪਰਚੇ ਦਰਜ ਕੀਤੇ ਗਏ।ਅੱਜ ਵੀ 10 ਸਾਥੀ ਸੰਗਰੂਰ ਜੇਲ੍ਹ ਵਿੱਚ ਬੰਦ ਹਨ। ਮੁਲਾਜ਼ਮਾਂ ਨੇ ਕਾਲੇ ਬਿੱਲੇ ਲਾ ਕੇ ਡਿਊਟੀ ਕਰਦਿਆਂ ਇਹ ਸੁਨੇਹਾ ਦਿੱਤਾ ਕਿ ਉਹ ਆਜ਼ਾਦ ਦੇਸ਼ ਵਿੱਚ ਗੁਲਾਮਾਂ ਵਾਂਗ ਕੰਮ ਕਰਨ ਲਈ ਮਜਬੂਰ ਹਨ।ਅਗਲੇ ਸੰਘਰਸ਼ ਦਾ ਐਲਾਨ ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜੇਲ੍ਹ ਵਿੱਚ ਬੰਦ ਸਾਥੀਆਂ ਨੂੰ ਤੁਰੰਤ ਰਿਹਾਅ ਨਾ ਕੀਤਾ ਗਿਆ ਤੇ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ, ਤਾਂ 09 ਜਨਵਰੀ 2026 ਨੂੰ ਸੰਗਰੂਰ ਬੱਸ ਸਟੈਂਡ ਵਿਖੇ ਇੱਕ ਵਿਸ਼ਾਲ ਕਨਵੈਨਸ਼ਨ ਕਰਕੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਉਨ੍ਹਾਂ ਸਮੂਹ ਸਮਾਜਿਕ, ਕਿਸਾਨ ਤੇ ਮਜ਼ਦੂਰ ਜਥੇਬੰਦੀਆਂ ਨੂੰ ਟਰਾਂਸਪੋਰਟ ਵਿਭਾਗ ਨੂੰ ਬਚਾਉਣ ਲਈ ਸਹਿਯੋਗ ਦੀ ਅਪੀਲ ਕੀਤੀ।



## ਵਿਧਾਇਕ ਸਵਨਾ ਨੇ ਸੜਕਾਂ ਦਾ ਰੱਖਿਆ ਨੀਂਹ ਪੱਥਰ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਹਲਕਾ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਬਕਾਇਆ ਪਈਆਂ ਮੰਗਾਂ ਦੀ ਪੂਰਤੀ ਲਈ ਮੌਜੂਦਾ ਸਰਕਾਰ ਵਚਨਬੱਧ ਹੈ।ਇਸੇ ਲੜੀ ਤਹਿਤ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਲਗਭਗ 83 ਲੱਖ ਦੀ ਲਾਗਤ ਨਾਲ ਰਾਧਾ ਸਵਾਮੀ ਕਲੋਨੀ ਫਾਜ਼ਿਲਕਾ ਦੀਆਂ ਬਣਨ ਵਾਲੀਆਂ ਸੜਕਾਂ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਾਇਆ।ਵਿਧਾਇਕ ਦੀ ਧਰਮਪਤਨੀ ਖੁਸ਼ਬੂ ਸਵਨਾ ਵੀ ਨਾਲ ਮੌਜੂਦ ਰਹੇ। ਵਿਧਾਇਕ ਸਵਨਾ ਨੇ ਕਿਹਾ ਕਿ ਲੋਕਾਂ ਨੂੰ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਦੇਣ ਲਈ ਨਵੇਂ-ਨਵੇਂ ਪ੍ਰੋਜੈਕਟ ਉਲੀਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ, ਜਿੱਥੇ-ਜਿੱਥੇ ਵੀ ਸੜਕਾਂ ਬਣਨ ਵਾਲੀਆਂ ਹਨ ਉਥੇ ਸੜਕਾਂ ਬਣਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਰਾਹਗੀਰਾਂ ਨੂੰ ਪ੍ਰੇਸ਼ਾਨੀ ਨਾ ਝਲਣੀ ਪਵੇ, ਇਸ ਲਈ ਸੜਕਾਂ ਦੀ ਉਸਾਰੀ ਕਰਾਈ ਜਾ ਰਹੀ ਹੈ, ਤਾਂ ਜੁ ਦੇਰ ਸਵੇਰ ਸਮੇਂ ਜਦੋਂ ਮਰਜ਼ੀ ਬਿਨਾਂ ਕਿਸੇ ਖੱਜਲ-ਖੁਆਰੀ ਦੇ ਆਇਆ-ਜਾਇਆ ਜਾ ਸਕੇ।

## ਬਠਿੰਡਾ 'ਚ ਟਾਰਗੈੱਟ ਕਿਲਿੰਗ ਦੀ ਵਾਰਦਾਤ ਟਲੀ; ਅਰਸ਼ ਡੱਲਾ ਗੈਂਗ ਦੇ ਤਿੰਨ ਵਿਅਕਤੀ 4 ਪਿਸਤੌਲਾਂ ਸਮੇਤ ਗ੍ਰਿਫ਼ਤਾਰ

### ਗ੍ਰਿਫ਼ਤਾਰ ਕੀਤੇ ਮੁਲਜ਼ਮਾਂ 'ਚੋਂ ਇੱਕ ਵਿਅਕਤੀ ਯੋਜਨਾਬੱਧ ਗੋਲੀਬਾਰੀ ਨੂੰ ਅੰਜਾਮ ਦੇਣ ਲਈ ਕੈਨੇਡਾ ਤੋਂ ਪਹੁੰਚਿਆ ਸੀ ਬਠਿੰਡਾ : ਡੀਜੀਪੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ, ਕਾਊਂਟਰ ਇੰਟੈਲੀਜੈਂਸ (ਸੀ ਆਈ) ਬਠਿੰਡਾ ਨੇ ਬਠਿੰਡਾ ਪੁਲਸ ਨਾਲ ਤਾਲਮੇਲ ਕਰਕੇ ਅਰਸ਼ ਡੱਲਾ ਗੈਂਗ ਨਾਲ ਜੁੜੇ ਤਿੰਨ ਮੁਲਜ਼ਮਾਂ ਨੂੰ ਚਾਰ ਗੈਰ-ਕਾਨੂੰਨੀ ਪਿਸਤੌਲਾਂ ਸਮੇਤ ਚਾਰ ਮੈਗਜ਼ੀਨ ਤੇ 26 ਜ਼ਿੰਦਾ ਕਾਰਤੂਸ ਨਾਲ ਗ੍ਰਿਫ਼ਤਾਰ ਕਰਕੇ ਮਿੱਥ ਕੇ ਕਤਲ ਕਰਨ ਦੀ ਇੱਕ ਵਾਰਦਾਤ ਨੂੰ ਟਾਲ ਦਿੱਤਾ ਹੈ । ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਠਿੰਡਾ ਦੇ ਗਿੱਲ ਪੱਤੀ ਦੇ ਵਸਨੀਕ ਕੁਲਦੀਪ ਸਿੰਘ, ਜੋ ਇਸ ਵੇਲੇ ਕੈਨੇਡਾ ਵਿੱਚ ਰਹਿ ਰਿਹਾ ਹੈ, ਬਠਿੰਡਾ ਦੇ ਕੋਟਸ਼ਮੀਰ ਦਾ ਵਸਨੀਕ ਗੁਰਵਿੰਦਰ ਸਿੰਘ ਅਤੇ ਬਠਿੰਡਾ ਦੇ ਪਿੰਡ ਭੋਖੜਾ ਦੇ ਵਸਨੀਕ ਗਗਨਦੀਪ ਸਿੰਘ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ ਗਲੌਕ, ਇੱਕ ਜ਼ਿਗਾਨਾ, ਇੱਕ .30 ਬੋਰ ਦਾ ਪਿਸਤੌਲ ਅਤੇ ਇੱਕ .32 ਬੋਰ ਦਾ ਪਿਸਤੌਲ ਸ਼ਾਮਲ ਹਨ।ਚਾਰ ਪਿਸਤੌਲਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਬਿਨਾਂ ਰਜਿਸਟਰੇਸ਼ਨ ਨੰਬਰ ਵਾਲੀ ਇੱਕ ਹੁੰਡਈ ਵਰਨਾ ਕਾਰ ਵੀ ਜ਼ਬਤ ਕੀਤੀ ਹੈ, ਜਿਸਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਵਿੱਚ ਕਰ ਰਹੇ ਸਨ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿੱਚੋਂ ਇੱਕ ਕੁਲਦੀਪ ਸਿੰਘ ਹਾਲ ਹੀ ਵਿੱਚ ਯੋਜਨਾਬੱਧ ਗੋਲੀਬਾਰੀ ਨੂੰ ਅੰਜਾਮ ਦੇਣ ਲਈ ਵਿਸ਼ੇਸ਼ ਤੌਰ 'ਤੇ ਕੈਨੇਡਾ ਤੋਂ ਬਠਿੰਡਾ ਆਇਆ ਸੀ।ਸੀਨੀਅਰ ਪੁਲਿਸ ਸੁਪਰਡੈਂਟ (ਐੱਸ ਐੱਸ ਪੀ) ਬਠਿੰਡਾ ਅਮਨੀਤ ਕੌਂਡਲ ਨੇ ਕਿਹਾ ਕਿ ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਚੱਲ ਰਹੀ ਅੰਤਰ-ਗੈਂਗ ਦੁਸ਼ਮਣੀ ਵਿੱਚ ਆਪਣੀ ਸ਼ਮੂਲੀਅਤ ਬਾਰੇ ਵੀ ਖੁਲਾਸਾ ਕੀਤਾ।ਉਨ੍ਹਾਂ ਕਿਹਾ ਕਿ ਬਠਿੰਡਾ ਦੇ ਪੁਲਸ ਸਟੇਸ਼ਨ ਥਰਮਲ ਵਿਖੇ ਐੱਫਆਈਆਰ ਦਰਜ ਕੀਤੀ ਗਈ ਹੈ, ਜਦੋਂ ਕਿ ਅਗਲੇਰੇ ਪਿਛਲੇਰੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਏ.ਆਈ.ਜੀ. ਸੀ.ਆਈ. ਬਠਿੰਡਾ ਅਵਨੀਤ ਕੌਰ ਸਿੱਧੂ ਨੇ ਕਾਰਵਾਈ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਸੀ.ਆਈ. ਬਠਿੰਡਾ ਨੂੰ ਭਰੋਸੇਯੋਗ ਸੂਤਰਾਂ ਤੋਂ ਪੁਖਤਾ ਇਤਲਾਹ ਮਿਲੀ ਸੀ ਕਿ ਅਰਸ਼ ਡੱਲਾ ਗੈਂਗ ਨਾਲ ਜੁੜੇ ਸ਼ੂਟਰਾਂ ਕੋਲ ਗੈਰ-ਕਾਨੂੰਨੀ ਹਥਿਆਰ ਹਨ ਅਤੇ ਉਹ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦੀ ਸਾਜ਼ਿਸ਼ ਰਚ ਰਹੇ ਹਨ।ਉਨ੍ਹਾਂ ਕਿਹਾ ਕਿ ਇਤਲਾਹ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ, ਸੀ.ਆਈ. ਬਠਿੰਡਾ ਦੀ ਟੀਮ ਨੇ ਜ਼ਿਲ੍ਹਾ ਪੁਲਸ ਬਠਿੰਡਾ ਨਾਲ ਮਿਲ ਕੇ ਗੋਨਿਆਣਾ ਰੋਡ 'ਤੇ ਸੁੱਚਾ ਸਿੰਘ ਨਗਰ ਨੇੜੇ ਨਾਕਾ ਲਗਾਇਆ ਤੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧ ਵਿੱਚ ਬਠਿੰਡਾ ਦੇ ਥਰਮਲ ਸਥਿਤ ਪੁਲਸ ਸਟੇਸ਼ਨ ਵਿਖੇ ਆਰਮਜ਼ ਐਕਟ ਦੀ ਧਾਰਾ 25 ਤੇ 27 ਤਹਿਤ ਐਫਆਈਆਰ ਨੰਬਰ 3 ਮਿਤੀ 05.01.2026 ਅਧੀਨ ਕੇਸ ਦਰਜ ਕੀਤਾ ਗਿਆ ਹੈ।

# ਮੈਡੀਕਲ ਮਾਫੀਆ ਦੀਆਂ ਮਨਮਾਨੀਆਂ ਕਾਰਨ ਲੋਕਾਂ 'ਚ ਹਾਹਾਕਾਰ


**ਜ਼ੀਰਾ (ਰੂਪ ਸਿੰਘ ਸੰਧੂ)**-ਫਰਵਰੀ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਜੋ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨੂੰ ਚੰਗੀਆਂ ਸਿਹਤ ਤੇ ਸਿੱਖਿਆ ਸਹੂਲਤਾਂ ਦੇਣ ਦੇ ਵਾਅਦੇ ਪੰਜਾਬ ਵਾਸੀਆਂ ਨਾਲ ਕੀਤੇ ਗਏ ਸਨ, ਇਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 92 ਵਿਧਾਇਕਾਂ ਦਾ ਭਾਰੀ ਬਹੁਮੱਤ ਲੈ ਕੇ ਬਣੀ ਸਰਕਾਰ ਵੱਲੋਂ ਬਹੁਤ ਸਾਰੇ ਪਿੰਡਾਂ ਵਿੱਚ ਮੁਹੱਲਾ ਕਲੀਨਕ ਖੋਲ੍ਹੇ ਗਏ ਤਾਂ ਕਿ ਲੋਕਾਂ ਲਈ ਸਸਤੇ ਟੈਸਟ ਤੇ ਸਸਤਾ ਇਲਾਜ ਮੁਹੱਈਆ ਕਰਵਾਇਆ ਜਾ ਸਕੇ। ਇਨ੍ਹਾਂ ਮਹੱਲਾ ਕਲੀਨਿਕ ਕੇਂਦਰਾਂ ਤੇ ਸਰਕਾਰੀ ਹਸਪਤਾਲਾਂ ਰਾਹੀਂ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਮੁਹੱਈਆਂ ਕਰਵਾਉਣ ਦੀ ਭਰਪੂਰ ਕੋਸ਼ਿਸ਼ ਕੀਤੀ ਗਈ ਤੇ ਕੁਝ ਸਮੇਂ ਲਈ ਸਾਰਥਕ ਨਤੀਜੇ ਵੀ ਸਾਹਮਣੇ ਆਏ, ਸਰਕਾਰੀ ਹਸਪਤਾਲਾਂ ਦੇ ਸਟਾਫ ਵੱਲੋਂ ਮਰੀਜ਼ਾਂ ਨਾਲ ਘਟੀਆ, ਬੇਰੁਖੀ ਵਾਲਾ ਵਤੀਰਾ, ਸਫਾਈ ਦੀ ਘਾਟ, ਮਰੀਜ਼ਾਂ ਨੂੰ ਬਾਹਰੋਂ ਦਵਾਈਆਂ ਮੰਗਵਾਉਣ, ਬਾਹਰੋਂ ਟੈਸਟ ਕਰਵਾਉਣ ਲਈ ਮਜਬੂਰ ਕਰਨ ਕਰਨ ਵਾਲਾ ਵਤੀਰਾ ਭ੍ਰਿਸ਼ਟਾਚਾਰ ਦੇ ਦੈਂਤ ਕਰਕੇ ਲੋਕਾਂ ਦਾ ਸਰਕਾਰੀ ਇਲਾਜ ਪ੍ਰਤੀ ਵਿਸ਼ਵਾਸ ਬਹਾਲ ਕਰਨ ਵਿੱਚ ਸਫਲ ਨਹੀਂ ਹੋ ਸਕਿਆ, ਬਿਮਾਰੀਆਂ ਦੇ ਪ੍ਰਕੋਪ ਨੂੰ ਸਰਕਾਰੀ ਹਸਪਤਾਲ ਠੱਲ੍ਹ ਨਹੀਂ ਪਾ ਸਕੇ, ਸਿੱਟੇ ਵਜੋਂ ਭਿਆਨਕ ਬਿਮਾਰੀਆਂ ਦੇ ਚੰਬੇ ਹੋਏ ਤੇ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਹੇ ਮਰੀਜ਼ ਪ੍ਰਾਈਵੇਟ ਡਾਕਟਰਾਂ ਤੇ ਹਸਪਤਾਲਾਂ ਵਿੱਚੋਂ ਮਹਿੰਗਾ ਇਲਾਜ ਕਰਵਾਉਣ ਜਾਂ ਫਿਰ ਮੌਤ ਨੂੰ ਗਲੇ ਲਗਾਉਣ ਲਈ ਮਜਬੂਰ ਹਨ, ਕਿਉਂਕਿ ਡਾਕਟਰੀ ਕਿੱਤੇ 'ਤੇ ਮੈਡੀਕਲ ਮਾਫੀਆ ਕਾਬਜ਼ ਹੋ ਚੁੱਕਾ ਹੈ, ਕੋਈ ਵੀ ਡਾਕਟਰ ਜਦੋਂ ਦਵਾਈ ਲਿਖਦਾ ਹੈ ਤਾਂ ਉਹ ਸਿਰਫ ਮਿੱਥੇ ਹੋਏ ਮੈਡੀਕਲ ਸਟੋਰ ਤੋਂ ਹੀ ਮਿਲਦੀ ਹੈ, ਜਿਨ੍ਹਾਂ 'ਤੇ 50% ਤੋਂ ਵੀ ਵੱਧ ਪ੍ਰਿੰਟ ਰੇਟ ਲਿਖੇ ਹੁੰਦੇ ਹਨ। ਜ਼ਿਆਦਾਤਰ ਡਾਕਟਰਾਂ ਨੇ ਆਪਣੀਆਂ ਲਬਾਟਰੀਆਂ ਤੇ ਆਪਣੇ ਹੀ ਹਸਪਤਾਲਾਂ ਵਿੱਚ ਬਲੱਡ ਈਸੀਜੀ ਸੀਟੀ ਸਕੈਨ ਅਲਟਰਾ ਸਾਊਂਡ ਤੇ ਹੋਰ ਬਹੁਤ ਤਰ੍ਹਾਂ ਦੇ ਟੈਸਟਾਂ ਰਾਹੀਂ ਮਨਮਰਜ਼ੀ ਦੀਆਂ ਫੀਸਾਂ ਬਟੋਰ ਰਹੇ ਹਨ, ਜਾਂ ਫਿਰ ਭਾਰੀ ਕਮਿਸ਼ਨ ਲੈਣ ਦੇਣ ਵਾਲੀਆਂ ਲੈਬਾਟਰੀਆਂ, ਸੀਟੀ ਸਕੈਨ ਸੈਂਟਰਾਂ ਵਿੱਚ ਮਰੀਜ਼ਾਂ ਨੂੰ ਭੇਜਿਆ ਜਾਂਦਾ ਹੈ, ਮੈਡੀਕਲ ਗੋਰਖ ਧੰਦਾ ਇੰਨੀ ਚਰਮ ਸੀਮਾ 'ਤੇ ਪਹੁੰਚ ਚੁੱਕਾ ਹੈ ਕਿ ਕੇਂਦਰ ਵੱਲੋਂ ਆਈ ਉਸਮਾਨ ਸਕੀਮ ਅਧੀਨ ਪੰਜ ਲੱਖ ਵਾਲੇ ਕਾਰਡ ਖਾਲੀ ਕਰਕੇ ਮਰੀਜ਼ਾਂ ਦੇ ਵਾਰਸਾਂ ਨੂੰ ਨਗਦ ਪੇਮੈਂਟ ਕਰਾਉਣ, ਹੋਰ ਹਸਪਤਾਲ ਵਿੱਚ ਰੈਫਰ ਕਰਨ ਜਾਂ ਫਿਰ ਮਰੀਜ਼ ਨੂੰ ਘਰੇ ਲੈ ਜਾਣ ਲਈ ਤੁਗਲਕੀ ਫਰਮਾਨ ਜਾਰੀ ਕਰ ਦਿੱਤਾ ਜਾਂਦਾ ਹੈ, ਇਥੋਂ ਤੱਕ ਕਿ ਐਮਰਜੈਂਸੀ ਵਿੱਚ ਦਾਖਲ ਮਰੀਜ਼ਾਂ ਦੇ ਵਾਰਸਾਂ ਤੋਂ ਵੱਧ ਮਾਤਰਾ ਵਿੱਚ ਦਵਾਈਆਂ ਮੰਗਵਾ ਕੇ ਉਨ੍ਹਾਂ ਨੂੰ ਚੁਰਾ ਲਿਆ ਜਾਂਦਾ ਹੈ, ਸਭ ਤੋਂ ਵੱਧ ਮੈਡੀਕਲ ਮਾਫੀਏ ਦਾ ਕੁਹਾੜਾ ਚੱਲ ਰਿਹਾ ਹੈ ਗਰਭਵਤੀ ਔਰਤਾਂ 'ਤੇ ਪੈਸੇ ਦੀ ਲਾਲਸਾ ਖਾਤਰ, ਜਿਨ੍ਹਾਂ ਔਰਤਾਂ ਦੀ ਡਿਲੀਵਰੀ ਨੌਰਮਲ ਤਰੀਕੇ ਨਾਲ ਹੋ ਸਕਦੀ ਹੈ, ਛੋਟਾ ਜਾਂ ਵੱਡਾ ਪ੍ਰਸ਼ਨ ਕਰਕੇ ਦਰਜੀ ਦੇ ਕੱਪੜੇ ਵਾਂਗ ਸਰੀਰ ਨੂੰ ਪਾੜ ਕੇ ਸਿਉਂਤਾ ਜਾ ਰਿਹਾ ਹੈ। ਜੇਕਰ ਅੰਕੜੇ ਇਕੱਠੇ ਕੀਤੇ ਜਾਣ ਤਾਂ 80 ਫੀਸਦੀ ਦੀ ਤੋਂ ਵੱਧ ਗਰਭਵਤੀ ਔਰਤਾਂ ਦੀ ਸਰਜਰੀ ਕੀਤੀ ਜਾ ਰਹੀ ਹੈ। ਲਾਲਚ ਵਸ ਉਨ੍ਹਾਂ ਨੂੰ ਲੰਬੇ ਸਮੇਂ ਲਈ ਰੋਗੀ ਕਰ ਦਿੱਤਾ ਜਾਂਦਾ ਹੈ, ਡਰ ਕਾਰਨ ਔਰਤਾਂ ਵਿੱਚ ਦੂਜਾ ਬੱਚਾ ਨਾ ਲੈਣ ਦੀ ਰੁਚੀ ਘੱਟ ਰਹੀ ਹੈ। ਫਰੀਦਕੋਟ ਦਾ ਮੈਡੀਕਲ ਕਾਲਜ ਕਾਗਜ਼ਾਂ ਵਿੱਚ ਸਰਕਾਰੀ ਹੈ, ਜਰਜਰਾ ਹੋ ਚੁੱਕਾ ਪ੍ਰਬੰਧਕੀ ਢਾਂਚਾ ਪੀੜਤ ਮਰੀਜ਼ਾਂ ਨੂੰ ਕੁਝ ਦਿਨ ਦਾਖਲ ਰਹਿਣ ਤੋਂ ਬਾਅਦ ਖੁਦ ਹਸਪਤਾਲ ਛੱਡਣ ਲਈ ਮਜਬੂਰ ਕਰ ਰਿਹਾ ਹੈ। ਭਿਆਨਕ ਐਕਸੀਡੈਂਟਾਂ ਤੇ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਲੋਕ ਮੈਡੀਕਲ ਸਟਾਫ ਦੇ ਬੇਰੁਖੇ ਵਤੀਰੇ, ਡਾਕਟਰਾਂ ਵੱਲੋਂ ਢੁਕਵਾਂ ਇਲਾਜ ਨਾ ਹੋਣ ਕਰਕੇ ਲੁਧਿਆਣਾ ਦੇ ਡੀਐੱਮਸੀ ਵੱਲ ਚਾਲੇ ਪਾ ਦਿੰਦੇ ਹਨ, ਉੱਥੇ ਵੀ ਸਭ ਅੱਛਾ ਨਹੀਂ, ਕੋਈ ਪਾਰਕਿੰਗ ਦਾ ਪ੍ਰਬੰਧ ਨਾ ਹੋਣ ਕਰਕੇ ਮਰੀਜ਼ਾਂ ਦੇ ਵਾਰਸਾਂ ਨੂੰ ਮਹਿੰਗੀਆਂ ਪਾਰਕਾਂ ਵਿੱਚ ਆਪਣੀਆਂ ਗੱਡੀਆਂ ਪਾਰ ਕਰਨੀਆਂ ਪੈਂਦੀਆਂ ਹਨ, ਡੀਐੱਮਸੀ ਹਸਪਤਾਲ ਨੇ ਪ੍ਰਾਈਵੇਟ ਓਪੀਡੀ ਦਾ ਪ੍ਰਬੰਧ ਕਰ ਰੱਖਿਆ ਹੈ, ਜਿੱਥੇ ਮਰੀਜ਼ਾਂ ਨੂੰ 150 ਦੀ ਬਜਾਏ 750 ਰੁਪੈ ਅਦਾ ਕਰਨੇ ਪੈਂਦੇ ਹਨ ਅਤੇ ਮਰੀਜ਼ਾਂ ਨੂੰ ਪ੍ਰਾਈਵੇਟ ਤੌਰ 'ਤੇ ਦੇਖਣ ਨੂੰ ਹੀ ਤਰਜੀਹ ਦਿੱਤੀ ਜਾਂਦੀ ਹੈ। ਦੂਸਰੇ ਹਸਪਤਾਲਾਂ ਤੋਂ ਰੈਫਰ ਹੋਏ ਮਰੀਜ਼ਾਂ ਪਹਿਲਾਂ ਕੀਤੇ ਹੋਏ ਟੈਸਟਾਂ ਨੂੰ ਰੱਦੀ ਸਮਝ ਕੇ ਆਪਣੇ ਹਸਪਤਾਲ ਵਿੱਚੋਂ ਨਵੇਂ ਟੈਸਟ ਕਰਵਾਏ ਜਾਂਦੇ ਹਨ। ਐਮਰਜੈਂਸੀ ਤੇ ਵੈਂਟੀਲੇਟਰ 'ਤੇ ਰੱਖ ਕੇ ਮਰੀਜ਼ ਦੇ ਵਾਰਸਾਂ ਨੂੰ ਆਰਥਿਕ ਪੱਖੋਂ ਨਿੰਬੂ ਵਾਂਗ ਨਿਚੋੜ ਦਿੱਤਾ ਜਾਂਦਾ ਹੈ। ਹਰ ਤਰ੍ਹਾਂ ਦੀਆਂ ਫੀਸਾਂ ਅਡਵਾਂਸ ਵਿੱਚ ਜਮ੍ਹਾਂ ਕਰਾਈਆਂ ਜਾਂਦੀਆਂ ਹਨ, ਇੱਥੇ ਵੀ ਨਰਸਿੰਗ ਸਟਾਫ ਤੇ ਸਕਿਉਰਟੀ ਸਟਾਫ ਹੱਥੋਂ ਜਲੀਲਤਾ ਹੱਥ ਲੱਗਦੀ ਹੈ। ਚੰਡੀਗੜ੍ਹ ਦਾ ਪੀਜੀਆਈ ਹਸਪਤਾਲ ਇਲਾਜ ਪੱਖੋਂ ਕਾਫੀ ਹੱਦ ਤੱਕ ਬਿਹਤਰ ਮੰਨਿਆ ਜਾ ਰਿਹਾ ਹੈ, ਇੱਥੇ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ, ਜੰਮੂ ਕਸ਼ਮੀਰ ਤੇ ਰਾਜਸਥਾਨ ਦੇ ਭਾਰੀ ਗਿਣਤੀ ਵਿੱਚ ਮਰੀਜ਼ਾਂ ਦਾ ਜਮਾਵੜਾ ਹੋਣ ਕਰਕੇ ਦੂਰ ਦੁਰਾਡੇ ਤੋਂ ਆਏ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਸਵੇਰੇ 6 ਵਜੇ ਲਾਈਨ ਵਿੱਚ ਲੱਗਣਾ ਪੈਂਦਾ ਹੈ। ਕਰੀਬ ਤਿੰਨ-ਚਾਰ ਘੰਟੇ ਬਾਅਦ ਓਪੀਡੀ ਦਾ ਕਾਰਡ ਬਣਦਾ ਹੈ। ਡਾਕਟਰਾਂ ਪਾਸ ਪੁੱਜੇ ਇਨ੍ਹਾਂ ਕਾਰਡਾਂ ਨੂੰ ਡਾਕਟਰਾਂ ਦਾ ਸਹਾਇਕ ਸਿਫਾਰਸ਼ ਮੁਤਾਬਕ ਉਲਟਾ ਪੁਲਟਾ ਕਰ ਰਿਹਾ ਹੁੰਦਾ ਹੈ, ਕਿਉਂਕਿ ਪੀਜੀਆਈ ਵਿੱਚ ਮਰੀਜ਼ਾਂ ਦੇ ਲੜੀਵਾਰ ਵਾਰੀ ਆਉਣ ਦੀ ਉਡੀਕ ਵਾਲੀਆਂ ਸਕਰੀਨਾਂ ਨਹੀਂ ਲੱਗੀਆਂ ਹੋਈਆਂ ਤੇ ਨਾ ਹੀ ਕਿਸੇ ਤਰ੍ਹਾਂ ਦਾ ਟੋਕਣ ਵਗੈਰਾ ਮਿਲਦਾ ਹੈ। ਯੂਰੋਲੋਜੀ ਡਿਪਾਰਟਮੈਂਟ ਵਿੱਚ ਵੱਧ ਭੀੜ ਹੋਣ ਕਾਰਨ ਸਿਫਾਰਸ਼ੀ ਮਰੀਜ਼ਾਂ ਨੂੰ ਪਹਿਲ ਦੇਣ ਕਰਕੇ ਮਰੀਜ਼ਾਂ ਨੂੰ ਪੰਜ ਤੋਂ ਸੱਤ ਘੰਟੇ ਦੀ ਉਡੀਕ ਕਰਨੀ ਪੈਂਦੀ ਹੈ। ਮਰੀਜ਼ਾਂ ਦੇ ਵਾਰਸਾਂ ਲਈ ਬੈਠਣ ਦੇ ਢੁਕਵੇਂ ਪ੍ਰਬੰਧ ਨਾ ਹੋਣ ਕਰਕੇ ਮਰੀਜ਼ਾਂ ਦੇ ਵਾਰਸ ਬਾਹਰ ਭੁੰਜੇ ਬੈਠ ਕੇ ਟਾਈਮ ਪਾਸ ਕਰਦੇ ਹਨ। ਬਠਿੰਡਾ ਦੇ ਆਲ ਇੰਡੀਆ ਮੈਡੀਕਲ ਇੰਸਟੀਚਿਊਟ ਵਿੱਚ ਇਲਾਜ ਕਰਾਉਣ ਗਏ ਕਈ ਮਰੀਜ਼ਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਹਸਪਤਾਲ ਵਿੱਚ ਸਫਾਈ ਦਾ ਤਾਂ ਪੂਰਾ ਪ੍ਰਬੰਧ ਹੈ, ਪਰ ਬੈਡਰੂਮਾਂ, ਡਾਕਟਰਾਂ ਤੇ ਸਟਾਫ ਦੀ ਭਾਰੀ ਆਪ੍ਰੇਸ਼ਨ ਵਾਲੇ ਮਰੀਜ਼ਾਂ ਨੂੰ ਆਪ੍ਰੇਸ਼ਨ ਥੀਏਟਰ ਵਿੱਚ ਲਿਜਾਣ ਦੀ ਬਜਾਏ ਸਧਾਰਨ ਰੂਮ ਵਿੱਚ ਹੀ ਆਪ੍ਰੇਸ਼ਨ ਕਰ ਦਿੱਤਾ ਜਾਂਦਾ ਹੈ, ਜੋ ਮਨੁੱਖੀ ਅਧਿਕਾਰਾਂ, ਕਦਰਾਂ ਕੀਮਤਾਂ ਦੀ ਸਰੇਆਮ ਉਲੰਘਣਾ ਹੈ। ਚੰਡੀਗੜ੍ਹ ਤੇ ਅੰਮ੍ਰਿਤਸਰ ਫੋਰਟਿਸ ਹਸਪਤਾਲ ਦੇ ਕਿੱਸੇ ਵੀ ਚਰਚਾ ਵਿੱਚ ਹਨ ਕਿ ਕਿਵੇਂ ਇੱਕ ਬਾਡੀ ਬਿਲਡਰ ਦੀ ਗਲਤ ਇਲਾਜ ਕਰਕੇ ਮੌਤ ਤੇ ਹਰਪ੍ਰੀਤ ਜਵੰਦੇ ਦੇ ਪਰਿਵਾਰ ਤੇ ਪ੍ਰਸੰਸਕਾਂ ਦੀ ਕਿੱਦਾਂ ਲੁੱਟ ਕੀਤੀ। ਲੁਧਿਆਣੇ ਦੇ ਹਸਪਤਾਲਾਂ ਵਿੱਚ ਕਿਸ ਤਰ੍ਹਾਂ ਮ੍ਰਿਤਕ ਸਰੀਰਾਂ ਨੂੰ ਬਦਲ ਕੇ ਵਾਰਸਾਂ ਦੇ ਹਵਾਲੇ ਕੀਤਾ ਗਿਆ। ਇਨ੍ਹਾਂ ਖਬਰਾਂ ਨੇ ਹਸਪਤਾਲਾਂ ਵਿੱਚ ਹੁੰਦੀਆਂ ਲਾਪ੍ਰਵਾਹੀਆਂ ਦਾ ਜਨਾਜ਼ਾ ਕੱਢ ਕੇ ਰੱਖ ਦਿੱਤਾ। ਸਭ ਤੋਂ ਵੱਡੀ ਟੈਕਸ ਚੋਰੀ ਮੈਡੀਕਲ ਮਾਫੀਆ ਕਰ ਰਿਹਾ ਹੈ, ਕਿਉਂਕਿ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਰਸੀਦਾਂ ਤੇ ਬਿੱਲ ਵਗੈਰਾ ਨਹੀਂ ਦਿੱਤੇ ਜਾ ਰਹੇ, ਤਾਂ ਕਿ ਮਰੀਜ਼ ਦਾ ਕਿਸੇ ਤਰ੍ਹਾਂ ਦਾ ਨੁਕਸਾਨ ਹੋਣ ਦੀ ਸੂਰਤ ਵਿੱਚ ਵਾਰਸ ਉਸ ਦਾ ਕਲੇਮ ਨਾ ਕਰ ਸਕਣ। ਕਿਸੇ ਵੀ ਤਰ੍ਹਾਂ ਦਾ ਆਪ੍ਰੇਸ਼ਨ ਕਰਨ ਤੋਂ ਪਹਿਲਾਂ ਮਰੀਜ਼ ਤੇ ਉਨ੍ਹਾਂ ਦੇ ਵਾਰਸਾਂ ਦੇ ਪਹਿਲਾਂ ਹੀ ਦਸਤਖਤ ਕਰਵਾ ਕਿ ਹੱਥ ਵਡਵਾ ਲਏ ਜਾਂਦੇ ਹਨ ਕਿ ਜੇਕਰ ਮਰੀਜ਼ ਨੂੰ ਕੁਝ ਹੋ ਗਿਆ ਤਾਂ ਸਾਡੀ ਕੋਈ ਗਰੰਟੀ ਨਹੀਂ ਹੋਵੇਗੀ।

### ਇਲਾਜ ਕਰਵਾਉਣ ਤੋਂ ਅਸਮਰੱਥ ਮਰੀਜ਼ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ



## ਰਾਜੂ ਲੰਢੇਕੇ ਸਾਥੀਆਂ ਸਮੇਤ 'ਆਪ' 'ਚ ਹੋਏ ਸ਼ਾਮਲ

### ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਸਤਿਕਾਰ ਦਿੱਤਾ ਜਾਵੇਗਾ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਿੰਦਰ ਸਿੰਘ ਰਾਜੂ ਲੰਢੇਕੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਉਨ੍ਹਾਂ ਦਾ ਸਿਰੋਪਾਓ ਭੇਟ ਕਰਕੇ ਆਮ ਆਦਮੀ ਪਾਰਟੀ ਵਿੱਚ ਸਵਾਗਤ ਕੀਤਾ।ਇਸ ਮੌਕੇ ਬੋਲਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਅੱਜ ਸਮਾਜ ਦਾ ਹਰ ਵਰਗ ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਦੀਆਂ ਵਿਕਾਸ-ਮੁਖੀ ਨੀਤੀਆਂ ਤੋਂ ਖੁਸ਼ ਹੈ ਅਤੇ ਲੋਕ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਰਵਿੰਦਰ ਸਿੰਘ ਰਾਜੂ ਲੰਢੇਕੇ ਨੂੰ ਵਾਰਡ ਨੰਬਰ 2 ਦਾ ਵਾਰਡ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਸਤਿਕਾਰ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਰਵਿੰਦਰ ਸਿੰਘ ਰਾਜੂ ਲੰਢੇਕੇ ਆਪਣੀਆਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਲਗਨ ਨਾਲ ਨਿਭਾਉਣਗੇ, ਪਾਰਟੀ ਨੂੰ ਮਜ਼ਬੂਤ ਕਰਨ ਤੇ ਵਾਰਡ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣਗੇ।ਇਸ ਮੌਕੇ ਰਵਿੰਦਰ ਸਿੰਘ ਰਾਜੂ ਲੰਢੇਕੇ ਤੇ ਉਨ੍ਹਾਂ ਦੇ ਸਾਥੀਆਂ ਨੇ ਕਿਹਾ ਕਿ ਉਹ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਉਨ੍ਹਾਂ ਨੂੰ ਦਿੱਤੇ ਗਏ ਸਨਮਾਨ ਨੂੰ ਕਦੇ ਨਹੀਂ ਭੁੱਲਣਗੇ ਤੇ ਪਾਰਟੀ ਦੀ ਵਿਚਾਰਧਾਰਾ ਤੇ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ।ਇਸ ਮੌਕੇ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ ਤੇ ਸੰਨੀ ਧਾਲੀਵਾਲ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਵਲੰਟੀਅਰ ਮੌਜੂਦ ਸਨ।

## ਪੱਤਰਕਾਰਾਂ 'ਤੇ ਦਰਜ ਕੇਸ ਵਾਪਸ ਲਏ ਜਾਣ-ਕਾਲਮ ਨਵੀਸ ਮੰਚ ਪੰਜਾਬ



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਕਾਲਮ ਨਵੀਸ ਮੰਚ ਦੇ ਪੰਜਾਬ ਦੇ ਪ੍ਰਧਾਨ ਗੁਰਮੀਤ ਪਲਾਹੀ, ਜਰਨਲ ਸਕੱਤਰ ਗੁਰਚਰਨ ਨੂਰਪੁਰ ਵਿੱਤ ਸਕੱਤਰ ਦੀਦਾਰ ਸ਼ੇਤਰਾ, ਮੀਤ ਪ੍ਰਧਾਨ ਗਿਆਨ ਸਿੰਘ ਰਿਟਾਇਰ ਡੀਪੀਆਰਓ, ਡਾ. ਚਰਨਜੀਤ ਸਿੰਘ ਗੁਮਟਾਲਾ ਤੇ ਰਵਿੰਦਰ ਚੋਟ ਆਦਿ ਮੈਂਬਰਾਂ ਤੇ ਅਹੁਦੇਦਾਰਾਂ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ ਸਰਕਾਰ ਵੱਲੋਂ ਪੱਤਰਕਾਰ ਮਨਿੰਦਰਜੀਤ ਸਿੱਧੂ ਲੋਕ ਆਵਾਜ਼ ਟੀ ਵੀ, ਮਿੰਟੂ ਗੁਰੂਸਰੀਆ ਤੇ ਆਰ ਟੀ ਆਈ ਕਾਰਕੁੰਨ ਮਨਕਿਰਤ ਗੋਇਲ ਵੱਲੋਂ ਸਰਕਾਰ ਨੂੰ ਹੈਲੀਕਾਪਟਰ ਮਾਮਲੇ 'ਤੇ ਸਵਾਲ ਪੁੱਛੇ ਜਾਣ 'ਤੇ ਕੇਸ ਦਰਜ ਕੀਤੇ ਗਏ।ਇਸ ਦੀ ਨਿਖੇਧੀ ਕਰਦਿਆਂ ਕਾਲਮ ਨਵੀਸ ਮੰਚ ਦੇ ਆਗੂਆਂ ਨੇ ਕਿਹਾ ਕਿ ਲੋਕਤੰਤਰ ਵਿੱਚ ਪ੍ਰੈੱਸ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਮੰਨਿਆ ਜਾਂਦਾ ਹੈ।ਪ੍ਰੈੱਸ ਦਾ ਫਰਜ਼ ਬਣਦਾ ਹੈ ਕਿ ਉਹ ਲੋਕ ਹਿੱਤਾਂ ਦੀ ਗੱਲ ਕਰੇ।ਇਸ ਸਬੰਧੀ ਸੱਤਾ ਨੂੰ ਸਵਾਲ ਕਰਨੇ ਵੀ ਪ੍ਰੈੱਸ ਦਾ ਸਭ ਤੋਂ ਵੱਡਾ ਫਰਜ਼ ਹੈ।ਪੰਜਾਬ ਸਰਕਾਰ ਨੇ ਪੱਤਰਕਾਰਾਂ 'ਤੇ ਪਰਚੇ ਦਰਜ ਕਰਕੇ ਇੱਕ ਤਰ੍ਹਾਂ ਨਾਲ ਪ੍ਰੈੱਸ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਹੈ, ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ।ਕਿਸੇ ਵੀ ਖਿੱਤੇ ਵਿੱਚ ਜਦੋਂ ਪ੍ਰੈੱਸ ਲੋਕਾਂ ਦੀ ਆਵਾਜ਼ ਨਹੀਂ ਬਣਦੀ ਤਾਂ ਉਸ ਖਿੱਤੇ ਵਿੱਚ ਤਾਨਾਸ਼ਾਹੀ ਪ੍ਰਵਿਰਤੀਆਂ ਭਾਰੂ ਹੋ ਜਾਂਦੀਆਂ ਹਨ।ਇਸ ਲਈ ਲੋਕਤਾਂਤਰਿਕ ਕਦਰਾਂ ਕੀਮਤਾਂ ਲਈ ਪ੍ਰੈੱਸ ਦੀ ਆਜ਼ਾਦੀ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਨ੍ਹਾਂ ਪੱਤਰਕਾਰਾਂ 'ਤੇ ਦਰਜ ਕੀਤੇ ਕੇਸ ਤੁਰੰਤ ਵਾਪਸ ਲੈਣੇ ਚਾਹੀਦੇ ਹਨ ਤੇ ਪ੍ਰੈੱਸ ਦੀ ਆਜ਼ਾਦੀ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਣਾ ਚਾਹੀਦਾ ਹੈ।

## ਸਵਿੱਤਰੀ ਬਾਈ ਫੂਲੇ ਦੀ ਜਨਮ ਵਰ੍ਹੇਗੰਢ 'ਤੇ ਜਾਗਰੂਕਤਾ ਰੈਲੀ




**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਿਸਾਲੀਆ ਖੇੜਾ ਵਿਖੇ ਲੱਗੇ 7 ਦਿਨਾ ਐੱਨ ਐੱਸ ਐੱਸ ਕੈਂਪ ਦੌਰਾਨ ਸਵਿੱਤਰੀ ਬਾਈ ਫੂਲੇ ਦੀ ਜਨਮ ਵਰ੍ਹੇਗੰਢ 'ਤੇ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਜਾਗਰੂਕਤਾ ਰੈਲੀ ਕੱਢੀ ਗਈ ਅਤੇ ਸਮਾਜਕ ਜਾਗਰੂਕਤਾ ਤੇ ਸਫਾਈ ਨਾਲ ਸਬੰਧਤ ਪ੍ਰੋਗਰਾਮ ਕੀਤੇ ਗਏ। ਪ੍ਰੋਗਰਾਮ ਦੀ ਸ਼ੁਰੂਆਤ ਸਵਿੱਤਰੀ ਬਾਈ ਫੂਲੇ ਦੀ ਜਨਮ ਵਰ੍ਹੇਗੰਢ ਦੇ ਮੌਕੇ 'ਤੇ ਪ੍ਰੇਰਣਾਦਾਇਕ ਭਾਸ਼ਣਾਂ ਨਾਲ ਹੋਈ। ਪ੍ਰੋਗਰਾਮ ਦੌਰਾਨ ਅਧਿਆਪਕ ਮਨੋਜ ਸ਼ਰਮਾ ਨੇ ਵਿਦਿਆਰਥੀਆਂ ਨੂੰ ਸਵਿੱਤਰੀ ਬਾਈ ਫੂਲੇ ਦੇ ਜੀਵਨ ਸੰਘਰਸ਼ਾਂ ਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਅਨਮੋਲ ਯੋਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਅਤੇ ਵਿਦਿਆਰਥੀਆਂ ਨੂੰ ਸਿੱਖਿਆ ਦੀ ਮਹੱਤਤਾ ਬਾਰੇ ਦੱਸਿਆ। ਸਕੂਲ ਸਟਾਫ ਦੇ ਮੁਰਾਰੀ ਲਾਲ, ਸੰਦੀਪ, ਹਰਜੀਤ, ਪਵਨ, ਮੁਕੇਸ਼ ਡਾਂਗਾ, ਸੁਨੀਲ ਕੁਮਾਰ ਤੇ ਦੀਪਕ ਵਰਮਾ ਨੇ ਵੀ ਆਪਣੇ ਵਿਚਾਰ ਰੱਖੇ। ਸਕੂਲ ਦੇ ਡੀ ਪੀ ਈ ਗੁਰਮੀਤ ਸਿੰਘ ਚਹਿਲ ਨੇ ਪੱਤਰਕਾਰ ਨੂੰ ਦੱਸਿਆ ਕਿ ਪ੍ਰੋਗਰਾਮ ਦੌਰਾਨ ਐੱਨ ਐੱਸ ਐੱਸ ਵਲੰਟੀਅਰਾਂ ਨੇ ਜਾਗਰੂਕਤਾ ਰੈਲੀ ਵਿੱਚ ਸਾਫ ਸਫਾਈ, ਸਿੱਖਿਆ ਤੇ ਸਮਾਜਿਕ ਜ਼ਿੰਮੇਵਾਰੀ ਨਾਲ ਸਬੰਧਤ ਨਾਅਰੇ ਲਾਏ ਅਤੇ ਇਸ ਤੋਂ ਇਲਾਵਾ ਪਿੰਡ ਦੇ ਖੇਡ ਮੈਦਾਨ ਤੇ ਪਾਰਕ ਵਿੱਚ ਸਫਾਈ ਮੁਹਿੰਮ ਚਲਾਈ। ਇਸ ਮੌਕੇ ਐੱਨ ਐੱਸ ਐੱਸ ਇੰਚਾਰਜ ਇੰਦਰਜੀਤ ਨੇ ਵਿਦਿਆਰਥੀਆਂ ਨੂੰ ਸਫਾਈ ਦੀ ਮਹੱਤਤਾ, ਸਿਹਤ ਦੇ ਲਾਭ, ਵਾਤਾਵਰਣ ਸੁਰੱਖਿਆ ਤੇ ਸਵੱਛ ਭਾਰਤ ਮਿਸ਼ਨ ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੱਤੀ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਇੱਕ ਸਾਫ ਤੇ ਸਿਹਤਮੰਦ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਪ੍ਰਣ ਲਿਆ।

# ਬੱਸ ਅੱਡਾ ਬਦਲਣ ਦੇ ਫ਼ੈਸਲੇ ਵਿਰੁੱਧ ਸਰਕਾਰ ਦਾ ਪੁਤਲਾ ਸਾੜਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਸ਼ਹਿਰ ਦੇ ਬੱਸ ਅੱਡੇ ਨੂੰ ਬਦਲਣ ਦੇ ਪੰਜਾਬ ਸਰਕਾਰ ਦੇ ਫ਼ੈਸਲੇ ਵਿਰੁੱਧ ਚੱਲ ਰਿਹਾ ਲੋਕ ਰੋਹ ਹੋਰ ਭੜਕ ਉੱਠਿਆ।ਬੱਸ ਅੱਡਾ ਬਚਾਓ ਕਮੇਟੀ ਦੀ ਕਾਲ 'ਤੇ ਅੰਬੇਡਕਰ ਪਾਰਕ ਤੋਂ ਲੈ ਕੇ ਮਹਿਣਾ ਚੌਂਕ ਤੱਕ ਸ਼ਹਿਰ ਪੂਰੀ ਤਰ੍ਹਾਂ ਬੰਦ ਰਿਹਾ।ਵਪਾਰੀਆਂ, ਦੁਕਾਨਦਾਰਾਂ ਤੇ ਆਮ ਲੋਕਾਂ ਵੱਲੋਂ ਦੁਪਹਿਰ ਤੱਕ ਸਾਰੀਆਂ ਦੁਕਾਨਾਂ ਬੰਦ ਰੱਖ ਕੇ ਪ੍ਰਦਰਸ਼ਨ ਕੀਤਾ ਗਿਆ।ਮਹਿਣਾ ਚੌਂਕ ਵਿੱਚ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੇ ਪੰਜਾਬ ਸਰਕਾਰ ਦਾ ਪੁਤਲਾ ਸਾੜ ਕੇ ਸਰਕਾਰ ਖ਼ਿਲਾਫ਼ ਤਿੱਖਾ ਵਿਰੋਧ ਦਰਜ ਕਰਵਾਇਆ। ਪ੍ਰਦਰਸ਼ਨਕਾਰੀਆਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਬੱਸ ਅੱਡਾ ਮੌਜੂਦਾ ਥਾਂ 'ਤੇ ਹੀ ਬਣਾਏ ਰੱਖਣ ਦੀ ਮੰਗ ਦੁਹਰਾਈ।ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਮੋਰਚੇ ਦੇ ਪ੍ਰਧਾਨ ਬਲਤੇਜ ਸਿੰਘ ਵਾਂਦਰ ਨੇ ਕਿਹਾ ਕਿ ਮੌਜੂਦਾ ਸਰਕਾਰ ਤਾਨਾਸ਼ਾਹੀ ਰਵੱਈਆ ਅਪਣਾ ਰਹੀ ਹੈ ਤੇ ਇਸ ਨੂੰ ਲੋਕਾਂ ਦੇ ਹਿੱਤਾਂ ਨਾਲ ਕੋਈ ਸਰੋਕਾਰ ਨਹੀਂ।ਉਨ੍ਹਾਂ ਦੋਸ਼ ਲਗਾਇਆ ਕਿ ਆਮ ਲੋਕਾਂ ਦੀ ਰਾਏ ਨੂੰ ਅਣਡਿੱਠਾ ਕਰਕੇ ਭੂ-ਮਾਫੀਆ ਨੂੰ ਫ਼ਾਇਦਾ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤੇ ਲੋਕ ਸਹੂਲਤਾਂ ਦੇ ਕੇਂਦਰ ਬੱਸ ਅੱਡੇ ਨੂੰ ਉਜਾੜਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਇਸ ਮੌਕੇ ਹਰਵਿੰਦਰ ਹੈਪੀ ਤੇ ਗੁਰਪ੍ਰੀਤ ਆਰਟਿਸਟ ਨੇ ਕਿਹਾ ਕਿ ਬੱਸ ਅੱਡਾ ਬਦਲਣ ਖ਼ਿਲਾਫ਼ ਆਮ ਆਦਮੀ ਪਾਰਟੀ ਦੇ ਹੀ ਚਾਰ ਵਿਧਾਇਕ, ਹਲਕਾ ਕੁਆਰਡੀਨੇਟਰ, ਸੌ ਤੋਂ ਵੱਧ ਪਿੰਡਾਂ ਦੀਆਂ ਪੰਚਾਇਤਾਂ ਤੇ ਲੋਕ ਸਭਾ ਦੇ ਸੰਸਦ ਮੈਂਬਰ ਲਿਖਤੀ ਰੂਪ ਵਿੱਚ ਸਰਕਾਰ ਨੂੰ ਬੱਸ ਅੱਡਾ ਨਾ ਬਦਲਣ ਦੀ ਅਪੀਲ ਕਰ ਚੁੱਕੇ ਹਨ, ਪਰ ਇਸ ਦੇ ਬਾਵਜੂਦ ਸਰਕਾਰ ਸਾਰੀਆਂ ਆਵਾਜ਼ਾਂ ਨੂੰ ਨਜ਼ਰ ਅੰਦਾਜ਼ ਕਰ ਰਹੀ ਹੈ। ਕੌਂਸਲਰ ਸੰਦੀਪ ਬਾਬੀ ਤੇ ਪਰਵਿੰਦਰ ਸੰਧੂ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਆਪਣਾ ਫ਼ੈਸਲਾ ਵਾਪਸ ਨਹੀਂ ਲੈਂਦੀ, ਉਦੋਂ ਤੱਕ ਇਹ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਕਿਸੇ ਵੀ ਕੀਮਤ 'ਤੇ ਬੱਸ ਅੱਡਾ ਬਦਲਣ ਨਹੀਂ ਦਿੱਤਾ ਜਾਵੇਗਾ।ਮੋਰਚੇ ਦੇ ਮੀਡੀਆ ਕੋਆਰਡੀਨੇਟਰ ਸੰਦੀਪ ਅਗਰਵਾਲ ਨੇ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਰ ਜ਼ੁਲਮ ਦਾ ਡੱਟ ਕੇ ਜਵਾਬ ਦਿੱਤਾ ਜਾਵੇਗਾ।ਵਪਾਰ ਮੰਡਲ ਦੇ ਪ੍ਰਧਾਨ ਬਲਵਿੰਦਰ ਬਾਹੀਆ ਤੇ ਸਟੂਡੈਂਟ ਯੂਨੀਅਨ ਦੀ ਪਾਇਲ ਅਰੋੜਾ ਨੇ ਕਿਹਾ ਕਿ ਜੇਕਰ ਸਰਕਾਰ ਨੇ ਬੱਸ ਅੱਡਾ ਬਦਲਣ ਦੀ ਜ਼ਿੱਦ ਨਾ ਛੱਡੀ ਤਾਂ ਲੋਕ ਪੰਜਾਬ ਦੀ ਸਰਕਾਰ ਹੀ ਬਦਲਣ ਲਈ ਮਜਬੂਰ ਹੋ ਜਾਣਗੇ। ਇਸ ਮੌਕੇ ਕਿਸਾਨ ਜਥੇਬੰਦੀਆਂ, ਪੈਨਸ਼ਨਰਜ਼ ਐਸੋਸੀਏਸ਼ਨ, ਵਪਾਰੀ ਜਥੇਬੰਦੀਆਂ, ਟਰਾਂਸਪੋਰਟ ਐਸੋਸੀਏਸ਼ਨ ਕੋਰਟ ਰੋਡ ਐਸੋਸੀਏਸ਼ਨ, ਜਮਹੂਰੀ ਅਧਿਕਾਰ ਸਭਾ, ਰਿਟਾਇਰਡ ਪੁਲਸ ਐਸੋਸੀਏਸ਼ਨ, ਮਜ਼ਦੂਰ ਜਥੇਬੰਦੀਆਂ, ਵਪਾਰੀ ਸਮੇਤ ਵੱਡੀ ਗਿਣਤੀ 'ਚ ਆਮ ਨਾਗਰਿਕ ਮੌਜੂਦ ਸਨ।

## ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਏਟਕ ਬਲਾਕ ਜਲਾਲਾਬਾਦ ਦੀ ਚੋਣ

- ਹਰਚਰਨ ਪਾਲੀਵਾਲਾ ਪ੍ਰਧਾਨ ਤੇ ਪਰਮਜੀਤ ਸਿੰਘ ਸਕੱਤਰ ਚੁਣੇ
- ਉਸਾਰੀ ਕਿਰਤੀਆਂ ਦੇ ਹੱਕਾਂ ਦੀ ਰਾਖੀ ਲਈ ਯੂਨੀਅਨ ਏਟਕ ਹਮੇਸ਼ਾ ਸੰਘਰਸ਼ ਲਈ ਤਿਆਰ : ਢਾਬਾਂ, ਮਹਾਲਮ



**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ, ਬਲਵਿੰਦਰ ਸਿੰਘ)**-ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿਸਟਰਡ) ਏਟਕ ਬਲਾਕ ਜਲਾਲਾਬਾਦ ਦਾ ਡੈਲੀਗੇਟ ਅਜਲਾਸ ਸਫਲਤਾਪੂਰਵਕ ਸੰਪੰਨ ਹੋਇਆ।ਇਸ ਡੈਲੀਗੇਟ ਅਜਲਾਸ ਦੀ ਪ੍ਰਧਾਨਗੀ ਸਾਥੀ ਮੰਗਤ ਸੋਹਣਾ ਸਾਂਦੜ, ਹਰਚਰਨ ਪਾਲੀਵਾਲਾ ਤੇ ਬਲਵੰਤ ਕਾਠਗੜ੍ਹ ਨੇ ਕੀਤੀ।ਇਸ ਮੌਕੇ ਕਾਨਫਰੰਸ ਨੂੰ ਕਵਰਏਜ ਲਈ ਯੂਨੀਅਨ ਦੇ ਸੂਬਾਈ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਤੇ ਜ਼ਿਲ੍ਹਾ ਕੌਂਸਲ ਮੈਂਬਰ ਸਾਥੀ ਛਿੰਦਰ ਮਹਾਲਮ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਹਾਜ਼ਰ ਡੈਲੀਗੇਟਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਆਗੂ ਐਡਵੋਕੇਟ ਪਰਮਜੀਤ ਢਾਬਾਂ ਤੇ ਛਿੰਦਰ ਮਹਾਲਮ ਨੇ ਕਿਹਾ ਕਿ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ.) ਏਟਕ ਉਸਾਰੀ ਕਿਰਤੀਆਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਤਿਆਰ-ਬਰ-ਤਿਆਰ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਜਲਾਲਾਬਾਦ ਇਲਾਕੇ ਵਿੱਚ ਵੱਡੇ ਪੱਧਰ 'ਤੇ ਏਜੰਟਾਂ ਦੀ ਭਰਮਾਰ ਹੈ ਤੇ ਉਨ੍ਹਾਂ ਦੀ ਮਿਲੀਭੁਗਤ ਕਰਕੇ ਕਿਰਤੀ ਦਫਤਰ ਤੇ ਸੇਵਾ ਕੇਂਦਰਾਂ ਵਿੱਚ ਉਸਾਰੀ ਕਿਰਤੀਆਂ ਦੀ ਜਾਣਬੁੱਝ ਕੇ ਖੱਜਲ ਖੁਆਰੀ ਵੱਡੇ ਪੱਧਰ 'ਤੇ ਕੀਤੀ ਜਾਂਦੀ ਹੈ।ਜੁਣ ਯੂਨੀਅਨ ਕਿਸੇ ਤਰ੍ਹਾਂ ਵੀ ਉਸਾਰੀ ਕਿਰਤੀਆਂ ਦੀ ਲੁੱਟ ਖਸੁੱਟ ਤੇ ਖਜਲ ਖੁਆਰੀ ਨਹੀਂ ਹੋਣ ਦਿੱਤੀ ਜਾਵੇਗੀ।ਇਸ ਮੌਕੇ ਹਾਜ਼ਰ ਉਸਾਰੀ ਕਿਰਤੀ ਡੈਲੀਗੇਟਾਂ ਵੱਲੋਂ ਸਰਬਸੰਮਤੀ ਨਾਲ 41 ਮੈਂਬਰੀ ਬਲਾਕ ਕਮੇਟੀ ਤੇ 13 ਮੈਂਬਰੀ ਬਲਾਕ ਸਕੱਤਰੇਤ ਚੁਣੀ ਗਈ।ਚੁਣੀ ਗਈ ਕਮੇਟੀ ਵੱਲੋਂ ਸਾਥੀ ਹਰਚਰਨ ਪਾਲੀਵਾਲਾ ਨੂੰ ਪ੍ਰਧਾਨ ਤੇ ਸਰਨੇਲ ਸੋਹਣਾ ਸਾਂਦੜ, ਰਾਜ ਚੱਕ ਖੀਵਾ, ਸੋਹਣ ਸਿੰਘ ਬਸਤੀ ਚੱਕ ਸੁੱਕਰ ਸਾਬਕਾ ਸਰਪੰਚ, ਅਸ਼ੋਕ ਪ੍ਰਭਾਤ ਸਿੰਘ ਵਾਲਾ, ਗੁਰਪ੍ਰੀਤ ਚੱਕ ਸੁਖੇਰਾ, ਸਕੱਤਰ ਪਰਮਜੀਤ ਸਿੰਘ ਸੋਹਣਾ ਸਾਂਦੜ ਨੂੰ ਮੀਤ ਸਕੱਤਰ, ਕਰਨੈਲ ਬੱਗੇ ਕੇ, ਮੰਗਲ ਸਿਮਰਿਆਂ ਵਾਲੀ, ਬਲਵਿੰਦਰ ਚੱਕ ਮੰਜਲੀਨ ਵਾਲਾ, ਸੁਰਜੀਤ ਕਾਠਗੜ੍ਹ, ਰਮੇਸ਼ ਹਜ਼ਾਰਾ ਨੂੰ ਪ੍ਰੈੱਸ ਸਕੱਤਰ ਤੇ ਚਿਮਨ ਸੁਖੇਰਾ ਬੋਦਲਾ ਨੂੰ ਖ਼ਜ਼ਾਨਚੀ ਚੁਣਿਆ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਖੇਤ ਮਜ਼ਦੂਰ ਦੇ ਜ਼ਿਲ੍ਹਾ ਪ੍ਰਧਾਨ ਬਲਵੀਰ ਕਾਠਗੜ੍ਹ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਖ਼ਜ਼ਾਨਚੀ ਸੁਰਿੰਦਰ ਢੰਡੀਆਂ ਵਾਲਾ, ਬਲਾਕ ਜਲਾਲਾਬਾਦ ਦੇ ਮੀਤ ਪ੍ਰਧਾਨ ਸੋਨਾ ਢੰਡੀਆਂ, ਭੱਠਾ ਮਜ਼ਦੂਰ ਯੂਨੀਅਨ ਏਟਕ ਦੇ ਆਗੂ ਸੰਦੀਪ ਜੋਧਾ ਨੇ ਵੀ ਸੰਬੋਧਨ ਕੀਤਾ।ਚੁਣੀ ਗਈ ਨਵੀਂ ਟੀਮ ਨੇ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਸਾਰੀ ਕਿਰਤੀਆਂ ਦੀਆਂ ਆ ਰਹੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣ ਤੇ ਉਨ੍ਹਾਂ ਦੇ ਹੱਕਾਂ ਨੂੰ ਦਿਵਾਉਣ ਲਈ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।

## ਸਿਲਾਈ ਦੇ ਸਰਟੀਫਿਕੇਟ ਵੰਡੇ

**ਮੁਕਤਸਰ/ਮਲੋਟ (ਸ਼ਮਿੰਦਰਪਾਲ/ਪੂਜਾ)**

ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨੌਜਵਾਨ ਲੜਕੇ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਤਹਿਤ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਮੁਫ਼ਤ ਸਿਖਲਾਈ ਸੈਂਟਰ (ਸਿਲਾਈ, ਕੰਪਿਊਟਰ, ਬਿਊਟੀ ਪਾਰਲਰ) ਖੋਲ੍ਹੇ ਜਾ ਰਹੇ ਹਨ ਤਾਂ ਜੋ ਇਹ ਤਕਨੀਕੀ ਸਿੱਖਿਆ ਲੈ ਕੇ ਆਪਣਾ ਰੋਜ਼ਗਾਰ ਸ਼ੁਰੂ ਕਰਕੇ ਆਪਣੇ ਪਰਿਵਾਰਾਂ ਦਾ ਵਧੀਆ ਢੰਗ ਨਾਲ ਪਾਲਣ ਪੋਸ਼ਣ ਕਰ ਸਕਣ।ਅਰਵਿੰਦਰ ਪਾਲ ਸਿੰਘ ਚਾਹਲ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਸ ਲੜੀ ਤਹਿਤ ਸ਼੍ਰੀ ਮੁਕਤਸਰ ਸਾਹਿਬ ਵਿਖੇ 6 ਮੁਫ਼ਤ ਸਿਖਲਾਈ ਸੈਂਟਰ ਚੱਲ ਰਹੇ ਹਨ। ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਮਲੋਟ ਦੇ ਗੁਰਦੁਆਰਾ ਸਾਹਿਬ ਵਿਖੇ 6 ਮਹੀਨੇ ਦਾ ਮੁਫ਼ਤ ਸਿਖਲਾਈ ਸੈਂਟਰ ਖੋਲ੍ਹਿਆ ਗਿਆ ਸੀ।

## ਡੇਰਾ ਸਾਧ ਨੂੰ ਵਾਰ-ਵਾਰ ਪੈਰੋਲ 'ਤੇ ਰਿਹਾਅ ਕਿਸ ਕਾਨੂੰਨ ਅਧੀਨ ਕੀਤਾ ਜਾਂਦੈ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**


ਸਿਰਸੇਵਾਲਾ ਸੌਦਾ ਸਾਧ, ਜਿਸ ਉਤੇ ਸੰਗੀਨ ਕਤਲ ਤੇ ਬਲਾਤਕਾਰੀ ਦੇ ਦੋਸ਼ ਅਧੀਨ ਜੇਲ੍ਹ ਵਿੱਚ ਸਜ਼ਾ ਭੁਗਤ ਰਿਹਾ ਹੈ, ਅਜਿਹੀਆਂ ਸਜ਼ਾਵਾਂ ਵਿੱਚ ਕਦੀ ਵੀ ਪੈਰੋਲ ਉੱਤੇ ਕਾਨੂੰਨ ਰਿਹਾਅ ਕਰਨ ਦੀ ਗੱਲ ਨਹੀਂ ਕਰਦਾ, ਪਰ ਦੁੱਖ ਤੇ ਅਫਸੋਸ ਹੈ ਕਿ ਹਰਿਆਣਾ ਤੇ ਸੈਂਟਰ ਸਰਕਾਰਾਂ ਆਪਣੇ ਸਵਾਰਥੀ ਹਿੱਤਾਂ ਦੀ ਪੂਰਤੀ ਲਈ ਸੰਗੀਨ ਜੁਰਮਾਂ ਵਿੱਚ ਗ੍ਰਿਫਤਾਰ ਕੀਤੇ ਗਏ ਕਾਤਲ ਸਾਧ ਨੂੰ ਵਾਰ-ਵਾਰ ਪੈਰੋਲ ਦੇ ਕੇ ਇਥੋਂ ਦੇ ਇੰਡੀਅਨ ਵਿਧਾਨ ਤੇ ਕਾਨੂੰਨ ਦਾ ਮਜ਼ਾਕ ਉਡਾਉਣ ਦੇ ਨਾਲ-ਨਾਲ ਅਜਿਹੇ ਅਪਰਾਧੀਆਂ ਦਾ ਗੈਰ-ਕਾਨੂੰਨੀ ਤੇ ਅਣਮਨੁੱਖੀ ਅਮਲ ਕਰਨ ਤੋਂ ਵੀ ਤੌਬਾ ਨਹੀਂ ਕਰਦੇ, ਜਿਸ ਨਾਲ ਇਥੋਂ ਦੇ ਨਿਵਾਸੀਆਂ ਦੇ ਮਨ ਆਤਮਾ ਵਿੱਚ ਇੰਡੀਅਨ ਵਿਧਾਨ, ਕਾਨੂੰਨ ਤੇ ਨਿਜ਼ਾਮੀ ਪ੍ਰਬੰਧ ਉੱਤੇ ਵੱਡੇ ਪ੍ਰਸ਼ਨ ਚਿੰਨ੍ਹ ਲੱਗਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਕਿਉਂਕਿ ਵਿਧਾਨ ਦੇ ਨਿਯਮ ਤੇ ਅਸੂਲ ਹਨ ਕਿ ਕੋਈ ਸਿਆਸੀ ਹੁਕਮਰਾਨ ਜਮਾਤ ਆਪਣੇ ਸਿਆਸੀ ਸਵਾਰਥਾਂ ਦੀ ਪੂਰਤੀ ਲਈ ਅਜਿਹੇ ਸੰਗੀਨ ਜੁਰਮਾਂ ਦੇ ਸਜ਼ਾਯਾਫਤਾ ਅਪਰਾਧੀਆਂ ਨੂੰ ਰਿਹਾਅ ਕਰੇ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਜ਼ਾਯਾਫਤਾ ਸਿਰਸੇਵਾਲੇ ਸਾਧ ਨੂੰ ਵਾਰ-ਵਾਰ 40 ਦਿਨਾਂ ਦੀ ਪੈਰੋਲ ਉੱਤੇ ਰਿਹਾਅ ਕਰ ਦੇਣ ਦੀਆਂ ਗੈਰ-ਕਾਨੂੰਨੀ ਕਾਰਵਾਈਆਂ ਦਾ ਸਖ਼ਤ ਨੋਟਿਸ ਲੈਂਦੇ ਹੋਏ ਸੈਂਟਰ ਦੀ ਮੋਦੀ ਹਕੂਮਤ ਤੇ ਹਰਿਆਣੇ ਦੀ ਸੈਣੀ ਹਕੂਮਤ ਨੂੰ ਦੁਨੀਆ ਦੇ ਕੌਮਾਂਤਰੀ ਚੌਰਾਹੇ ਵਿੱਚ ਖੜ੍ਹਾ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਹਾਥੀ ਦੇ ਦੰਦ ਖਾਣ ਵਾਲੇ ਹੋਰ ਤੇ ਦਿਖਾਉਣ ਵਾਲੇ ਹੋਰ ਦੀ ਕਹਾਵਤ ਨੂੰ ਸੱਚ ਕਰਦੇ ਨਜ਼ਰ ਆ ਰਹੇ ਹਨ।

ਪੰਜਾਬੀਆਂ ਤੇ ਸਿੱਖਾਂ ਨੂੰ ਗੁੰਮਰਾਹ ਕਰਨ ਹਿੱਤ ਪੰਜਾਬ ਵਿੱਚ ਆ ਕੇ ਪੰਜਾਬੀਆਂ ਦੀ ਹਮਦਰਦੀ ਲੈਣ ਦੀ ਦਵੰਦ ਕਰਦੇ ਨਜ਼ਰ ਆ ਰਹੇ ਹਨ, ਜਦੋਂਕਿ ਜਿਸ ਬਲਾਤਕਾਰੀ ਤੇ ਕਾਤਲ ਸਾਧ ਨੇ ਸਿੱਖ ਕੌਮ ਦੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ, ਉਸ ਨੂੰ ਵਾਰ-ਵਾਰ ਰਿਹਾਅ ਕਰਨ ਦੇ ਅਮਲ ਕਰਕੇ ਉਹ ਕਿਹੜੀ ਪੰਜਾਬੀਅਤ ਤੇ ਇਨਸਾਨੀਅਤ ਪੱਖੀ ਅਮਲਾਂ ਦੀ ਗੱਲ ਕਰ ਰਹੇ ਹਨ? ਇਹ ਦੁੱਖ ਤੇ ਵਿਤਕਰੇ ਭਰੀਆ ਕਾਰਵਾਈਆ ਹਨ ਕਿ ਜਿਨ੍ਹਾਂ ਬੰਦੀ ਸਿੰਘਾਂ ਨੇ ਆਪਣੀਆਂ ਕਾਨੂੰਨੀ ਸਜ਼ਾਵਾਂ ਪੂਰੀਆਂ ਕਰਨ ਤੋਂ ਵੀ ਵੱਧ ਜੇਲ੍ਹਾਂ ਵਿੱਚ ਰਹਿ ਚੁੱਕੇ ਹਨ ਅਤੇ ਜਿਨ੍ਹਾਂ ਨੂੰ 32-32 ਸਾਲਾਂ ਤੋਂ ਬੰਦੀ ਬਣਾਇਆ ਹੋਇਆ ਹੈ, ਜਿਨ੍ਹਾਂ ਨੂੰ ਰਿਹਾਅ ਕਰਨ ਦਾ ਕਾਨੂੰਨ ਵੀ ਸਪੱਸ਼ਟ ਕਰਦਾ ਹੈ ਉਨ੍ਹਾਂ ਬੰਦੀ ਸਿੰਘਾਂ ਨੂੰ ਮੋਦੀ ਹਕੂਮਤ ਤੇ ਹੋਰ ਸੰਬੰਧਤ ਸੂਬਿਆਂ ਦੀਆਂ ਸਰਕਾਰਾਂ ਰਿਹਾਅ ਕਿਉਂ ਨਹੀਂ ਕਰ ਰਹੀਆ? ਸਿੱਖਾਂ ਉਤੇ ਗੈਰ-ਕਾਨੂੰਨੀ ਢੰਗ ਨਾਲ ਕਾਲੇ ਕਾਨੂੰਨ ਥੋਪ ਕੇ ਉਨ੍ਹਾਂ ਨੂੰ ਦੂਸਰੇ ਸੂਬਿਆਂ ਦੀਆਂ ਜੇਲ੍ਹਾਂ ਵਿੱਚ ਜਬਰੀ ਬੰਦੀ ਕਿਉਂ ਬਣਾਇਆ ਜਾ ਰਿਹਾ ਹੈ?

## ਸਕੂਲ ਆਫ ਐਮੀਨੈਂਸ ਤੇ ਮੈਰੀਟੋਰੀਅਸ ਸਕੂਲ 'ਚ ਦਾਖਲਿਆਂ ਲਈ ਰਜਿਸਟ੍ਰੇਸ਼ਨ 20 ਤੱਕ

**ਮਾਨਸਾ (ਆਤਮਾ ਸਿੰਘ ਪਮਾਰ)**-ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਸੈਸ਼ਨ 2026-27 ਲਈ ਸਕੂਲ ਆਫ ਐਮੀਨੈਂਸ ਤੇ ਮੈਰੀਟੋਰੀਅਸ ਸਕੂਲਾਂ 'ਚ 9ਵੀਂ ਤੇ 11ਵੀਂ ਜਮਾਤ ਦੇ ਦਾਖਲਿਆਂ ਲਈ ਸਾਂਝੀ ਪ੍ਰਵੇਸ਼ ਪ੍ਰੀਖਿਆ ਮਾਰਚ 2026 'ਚ ਆਯੋਜਿਤ ਕੀਤੀ ਜਾਵੇਗੀ।ਇਸ ਪ੍ਰੀਖਿਆ ਲਈ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ 3 ਜਨਵਰੀ ਤੋਂ 20 ਜਨਵਰੀ ਤੱਕ ਜਾਰੀ ਰਹੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.) ਨੀਲਮ ਰਾਣੀ ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ 'ਚ ਤਿੰਨ ਸਕੂਲ ਆਫ ਐਮੀਨੈਂਸ ਮਾਨਸਾ, ਬੋਹਾ ਤੇ ਸਰਦੂਲਗੜ੍ਹ ਵਿਖੇ ਸਥਿਤ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ, ਅਰਧ-ਸਰਕਾਰੀ ਤੇ ਨਿੱਜੀ ਸਕੂਲਾਂ 'ਚ ਵਰਤਮਾਨ ਸਮੇਂ ਸ਼੍ਰੇਣੀ 8ਵੀਂ ਤੇ 10ਵੀਂ 'ਚ ਪੜ੍ਹ ਰਹੇ ਵਿਦਿਆਰਥੀ ਇਸ ਪ੍ਰੀਖਿਆ ਲਈ ਯੋਗ ਹਨ।ਸਫਲ ਉਮੀਦਵਾਰਾਂ ਨੂੰ ਸੈਸ਼ਨ 2026-27 ਵਿੱਚ 9ਵੀਂ ਤੇ 11ਵੀਂ 'ਚ ਦਾਖਲਾ ਮਿਲੇਗਾ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.) ਡਾ. ਪਰਮਜੀਤ ਸਿੰਘ ਭੋਗਲ ਨੇ ਦੱਸਿਆ ਕਿ ਰਜਿਸਟ੍ਰੇਸ਼ਨ ਪ੍ਰਕਿਰਿਆ ਆਨਲਾਈਨ ਪੋਰਟਲ schoolofeminence.pseb.ac.in ਰਾਹੀਂ ਕੀਤੀ ਜਾਵੇਗੀ।ਇਸ ਦੇ ਨਾਲ ssapunjab.org, epunjabschool.gov.in ਤੇ pseb.ac.in ਰਾਹੀਂ ਵੀ ਪੋਰਟਲ ਤੱਕ ਪਹੁੰਚ ਕੀਤੀ ਜਾ ਸਕਦੀ ਹੈ।ਅਰਜ਼ੀ ਭਰਨ ਸਮੇਂ ਵਰਤਮਾਨ ਸ਼੍ਰੇਣੀ ਦਾ ਵੇਰਵਾ ਦੇਣਾ ਲਾਜ਼ਮੀ ਹੋਵੇਗਾ।ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸੰਬੰਧਤ ਵਿਦਿਆਰਥੀਆਂ ਨੂੰ ਰਜਿਸਟ੍ਰੇਸ਼ਨ ਰੋਲ ਨੰਬਰ ਤੇ ਸਟੂਡੈਂਟ ਆਈ ਡੀ ਦਰਜ ਕਰਨੀ, ਜਿਸ ਨਾਲ ਉਨ੍ਹਾਂ ਦਾ ਡਾਟਾ ਆਪਣੇ-ਆਪ ਭਰ ਜਾਵੇਗਾ।ਹੋਰ ਬੋਰਡਾਂ ਦੇ ਵਿਦਿਆਰਥੀਆਂ ਨੂੰ ਆਪਣੀ ਜਾਣਕਾਰੀ ਖ਼ੁਦ ਭਰਨੀ ਹੋਵੇਗੀ।ਲੋੜੀਂਦੇ ਵੇਰਵਿਆਂ ਦੀ ਪੁਸ਼ਟੀ ਤੋਂ ਬਾਅਦ ਰਜਿਸਟ੍ਰੇਸ਼ਨ ਸਲਿੱਪ ਡਾਊਨਲੋਡ ਕੀਤੀ ਜਾ ਸਕਦੀ ਹੈ।ਓ ਟੀ ਪੀ ਨੰਬਰ ਤੋਂ ਬਿਨਾਂ ਬਿਨੈ-ਪੱਤਰ ਅਧੂਰਾ ਮੰਨਿਆ ਜਾਵੇਗਾ।ਉਨ੍ਹਾਂ ਸਮੂਹ ਸਰਕਾਰੀ ਸਕੂਲ ਮੁਖੀਆਂ ਤੇ ਕੰਪਿਊਟਰ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਸਹਾਇਤਾ ਲਈ ਨਿਰਦੇਸ਼ ਵੀ ਜਾਰੀ ਕਰ ਦਿੱਤੇ ਹਨ।ਅਧਿਕਾਰੀ ਨੇ ਸਪੱਸ਼ਟ ਕੀਤਾ ਕਿ ਸੀ ਬੀ ਐੱਸ ਈ, ਆਈ ਸੀ ਐੱਸ ਈ ਸਮੇਤ ਹੋਰਨਾਂ ਬੋਰਡਾਂ ਦੇ ਵਿਦਿਆਰਥੀ ਵੀ ਬਿਨੈ-ਪੱਤਰ ਦੇ ਸਕਦੇ ਹਨ।

## ਦੇਸ਼ ਭਗਤ ਯਾਦਗਾਰ ਕਮੇਟੀ ਦੀ ਇਕੱਤਰਤਾ



**ਲੌਂਗੋਵਾਲ (ਪ੍ਰਦੀਪ ਸੱਪਲ)**-ਦੇਸ਼ ਭਗਤ ਯਾਦਗਾਰ ਕਮੇਟੀ ਲੌਂਗੋਵਾਲ ਦੀ ਆਮ ਇਕੱਤਰਤਾ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਵਿੱਚ ਬਲਬੀਰ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਉਪਰੰਤ ਜਨਰਲ ਸਕੱਤਰ ਜੁਝਾਰ ਲੌਂਗੋਵਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੀਟਿੰਗ ਵਿੱਚ ਸਾਲ ਭਰ ਵਿੱਚ ਸੰਸਥਾ ਵੱਲੋਂ ਹੋਈਆਂ ਸਰਗਰਮੀਆਂ 'ਤੇ ਚਰਚਾ ਹੋਈ, ਜਿਸ ਵਿੱਚ 21ਵਾਂ ਮੇਲਾ ਦੇਸ਼ ਭਗਤਾਂ ਦਾ ਤੇ ਭਗਤ ਸਿੰਘ ਲਾਇਬ੍ਰੇਰੀ ਦੇ ਲੋਕ ਅਰਪਣ ਸਮਾਗਮ ਵੀ ਸ਼ਾਮਲ ਹੈ।ਮੀਟਿੰਗ ਵਿੱਚ ਸੰਸਥਾ ਦੇ ਵਿੱਤ ਸਕੱਤਰ ਅਨਿਲ ਕੁਮਾਰ ਸ਼ਰਮਾ, ਮੀਤ ਪ੍ਰਧਾਨ ਗੁਰਮੇਲ ਬਖਸ਼ੀਵਾਲਾ, ਮੀਡੀਆ ਮੁਖੀ ਬੀਰਬਲ ਸਿੰਘ ਤੋਂ ਇਲਾਵਾ ਸੀਨੀਅਰ ਮੈਂਬਰ ਦਾਤਾ ਸਿੰਘ ਨਮੋਲ, ਲਖਵੀਰ ਲੌਂਗੋਵਾਲ, ਸੰਦੀਪ ਸਿੰਘ, ਮਾ. ਚੰਦਰ ਸ਼ੇਖਰ, ਮਾ. ਸੁਰਿੰਦਰ ਸਿੰਘ, ਬਲਬੀਰ ਬੱਬੀ, ਗੁਰਮੇਲ ਸਿੰਘ, ਬਲਵੰਤ ਸਿੰਘ ਬੀਟਾ, ਰਾਮਗੋਪਾਲ ਟੁਣੀਆ ਆਦਿ ਹਾਜ਼ਰ ਸਨ।ਸਾਰੇ ਆਗੂਆਂ ਤੇ ਮੈਂਬਰਾਂ ਨੇ ਲਾਇਬ੍ਰੇਰੀ ਦੀ ਨਵੀਂ ਇਮਾਰਤ ਤੇ ਹਾਲ ਦੀ ਉਸਾਰੀ ਨੂੰ ਜਿੱਥੇ ਲੋਕਾਂ ਲਈ, ਲੋਕਾਂ ਦੁਆਰਾ ਬਣਾਉਣ ਦੀ ਗੱਲ ਆਖੀ, ਉੱਥੇ ਲਾਇਬ੍ਰੇਰੀ ਦਾ ਸਵੇਰੇ ਸ਼ਾਮ ਖੁੱਲ੍ਹਣਾ ਸਾਹਿਤ ਪ੍ਰੇਮੀਆਂ ਤੇ ਵਿਦਿਆਰਥੀਆਂ ਲਈ ਨਿੱਗਰ ਸਮਾਜ ਦੀ ਸਥਾਪਨਾ ਦੀ ਬੁਨਿਆਦ ਦੱਸਿਆ।ਇਸੇ ਮਹੀਨੇ ਨਵੀਂ ਆਗੂ ਟੀਮ ਦੀ ਚੋਣ ਕਰਵਾਉਣ ਦਾ ਫੈਸਲਾ ਵੀ ਕੀਤਾ ਗਿਆ।

## ਅਰਵਿੰਦ ਨਗਰ ਵਿਕਾਸ ਕਮੇਟੀ ਨੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਅਰਵਿੰਦ ਨਗਰ ਵਿਕਾਸ ਕਮੇਟੀ ਕੋਟਕਪੂਰਾ ਦੇ ਪ੍ਰਧਾਨ ਸੰਤੋਖ ਸਿੰਘ ਚਾਨਾ ਤੇ ਵਸਨੀਕਾਂ ਦੀ ਮੰਗ ਅਨੁਸਾਰ ਪੰਜਾਬ ਸਰਕਾਰ ਵੱਲੋਂ ਬਹੁਤ ਜਲਦੀ ਹੀ ਅਰਵਿੰਦ ਨਗਰ ਵਿੱਚ ਆਪਣੇ ਸਰੀਰ ਦੀਆਂ ਵੱਖ-ਵੱਖ ਕਸਰਤਾਂ ਕਰਨ ਵਾਸਤੇ ਓਪਨ ਜ਼ਿੰਮ ਸਥਾਪਤ ਕੀਤਾ ਜਾਵੇਗਾ।ਇਸ ਗੱਲ ਦਾ ਐਲਾਨ ਨਵੇਂ ਸਾਲ ਦੀ ਆਮਦ 'ਤੇ ਸਰਬੱਤ ਦੇ ਭਲੇ ਲਈ ਰੱਖੇ ਗਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਕੀਤਾ ਗਿਆ।ਇਸ ਸਮਾਗਮ ਦੌਰਾਨ ਵਿਕਾਸ ਕਮੇਟੀ ਦੇ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਕਾਂਗਰਸੀ ਆਗੂ ਅਜੇ ਪਾਲ ਸਿੰਘ ਸੰਧੂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।ਵਿਕਾਸ ਕਮੇਟੀ ਦੇ ਚੇਅਰਮੈਨ ਓਮ ਪ੍ਰਕਾਸ਼ ਗੋਇਲ, ਨਾਜ਼ਰ ਸਿੰਘ ਸਿੱਧੂ ਮੁੱਖ ਸਰਪ੍ਰਸਤ, ਦਰਸ਼ਨ ਸਿੰਘ ਆਹੂਜਾ ਮੁੱਖ ਸਲਾਹਕਾਰ, ਸੰਤੋਖ ਸਿੰਘ ਚਾਨਾ ਪ੍ਰਧਾਨ, ਅਜਮੇਰ ਸਿੰਘ ਬਰਾੜ ਸੀਨੀਅਰ ਮੀਤ ਪ੍ਰਧਾਨ, ਰਾਜਿੰਦਰ ਥਾਪਰ ਮੀਤ ਪ੍ਰਧਾਨ, ਪ੍ਰੇਮ ਚਾਵਲਾ ਜਨਰਲ ਸਕੱਤਰ, ਸੁਖਰਾਜ ਸਿੰਘ ਚਾਨਾ ਜੁਆਇੰਟ ਸਕੱਤਰ, ਮਨਦੀਪ ਸਿੰਘ ਸਰਾਂ ਵਿੱਤ ਸਕੱਤਰ, ਹਰਵਿੰਦਰ ਸਿੰਘ ਪੁਰਬਾ ਪ੍ਰੈੱਸ ਸਕੱਤਰ, ਨਵਦੀਪ ਸਿੰਘ ਚਾਨਾ ਤਕਨੀਕੀ ਸਲਾਹਕਾਰ, ਲਖਵਿੰਦਰ ਸਿੰਘ ਸਿੱਧੂ ਆਰਗੇਨਾਈਜ਼ਰ ਸਕੱਤਰ, ਕਾਰਜਕਾਰਨੀ ਕਮੇਟੀ ਮੈਂਬਰ ਲਖਵਿੰਦਰ ਅਰੋੜਾ, ਅਸ਼ੋਕ ਦਾਬੜਾ ਤੇ ਰਾਜਿੰਦਰ ਸਿੰਘ ਬਰਾੜ ਵੱਲੋਂ ਸਾਂਝੇ ਤੌਰ 'ਤੇ ਕੀਰਤਨ ਜੱਥੇ ਦੇ ਰਾਗੀ ਤੇ ਪਾਠੀ ਸਾਹਿਬਾਨ, ਸ੍ਰ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਤੇ ਕਾਂਗਰਸੀ ਆਗੂ ਅਜੇ ਪਾਲ ਸਿੰਘ ਸੰਧੂ ਨੂੰ ਸਿਰੋਪਾਓ ਸਾਹਿਬ ਦੀ ਬਖਸ਼ਿਸ਼ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ 'ਚ ਪਤਵੰਤੇ ਸੱਜਣ ਤੇ ਅਰਵਿੰਦ ਨਗਰ ਦੇ ਵਸਨੀਕ ਹਾਜ਼ਰ ਸਨ।

## ਟਿਕਟ ਚੈਕਿੰਗ ਸਟਾਫ਼ ਨੇ ਯਾਤਰੀ ਨੂੰ ਉਸ ਦਾ ਗੁਆਚਿਆ ਬੈਗ ਕੀਤਾ ਵਾਪਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਤੇ ਦਿਨ ਵੰਦੇ ਭਾਰਤ ਐਕਸਪ੍ਰੈੱਸ ਟਰੇਨ 22487 (ਦਿੱਲੀ-ਅੰਮ੍ਰਿਤਸਰ) ਵਿੱਚ ਸਫ਼ਰ ਕਰ ਰਹੇ ਇਕ ਯਾਤਰੀ ਨੇ ਕੋਚ ਨੰਬਰ 3-12 ਵਿੱਚ ਦਿੱਲੀ ਤੋਂ ਯਾਤਰਾ ਸ਼ੁਰੂ ਕੀਤੀ। ਯਾਤਰਾ ਦੌਰਾਨ ਉਨ੍ਹਾਂ ਦਾ ਬੈਗ ਗਲਤੀ ਨਾਲ ਕਿਸੇ ਹੋਰ ਕੋਚ ਵਿੱਚ ਰਹਿ ਗਿਆ, ਜਿਸ ਦਾ ਪਤਾ ਉਨ੍ਹਾਂ ਨੂੰ ਟਰੇਨ ਚੱਲਣ ਤੋਂ ਬਾਅਦ ਲੱਗਿਆ। ਯਾਤਰੀ ਵੱਲੋਂ ਤੁਰੰਤ ਇਸ ਸਬੰਧੀ ਟੀਟੀਈ ਸ਼ਸ਼ੀ ਬਾਲਾ ਨੂੰ ਸੂਚਨਾ ਦਿੱਤੀ ਗਈ। ਸ਼ਸ਼ੀ ਬਾਲਾ ਨੇ ਤਤਪਰਤਾ ਦਿਖਾਉਂਦੇ ਹੋਏ ਯਾਤਰੀ ਤੋਂ ਬੈਗ ਦੇ ਰੰਗ ਤੇ ਕਿਸਮ ਬਾਰੇ ਜਾਣਕਾਰੀ ਲਈ ਅਤੇ ਤੁਰੰਤ ਸੀਆਈਟੀ ਚਮਨ ਲਾਲ ਸਮੇਤ ਹੋਰ ਸਹਿਯੋਗੀ ਸਟਾਫ਼ ਨੂੰ ਸੂਚਿਤ ਕੀਤਾ। ਟਿਕਟ ਚੈਕਿੰਗ ਸਟਾਫ਼ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਬੈਗ ਨੂੰ ਜਲਦੀ ਹੀ ਲੱਭ ਲਿਆ ਗਿਆ। ਉਸ ਬੈਗ ਵਿੱਚ ਲੈਪਟਾਪ ਤੇ ਜ਼ਰੂਰੀ ਦਸਤਾਵੇਜ਼ ਸੁਰੱਖਿਅਤ ਪਾਏ ਗਏ, ਜ਼ਰੂਰੀ ਪੜਤਾਲ ਦੀ ਪ੍ਰਕਿਰਿਆ ਪੂਰੀ ਕਰਕੇ ਯਾਤਰੀ ਨੂੰ ਬੈਗ ਸੌਂਪ ਦਿੱਤਾ ਗਿਆ। ਬੈਗ ਪ੍ਰਾਪਤ ਕਰਕੇ ਯਾਤਰੀ ਬਹੁਤ ਖੁਸ਼ ਹੋਇਆ ਤੇ ਉਨ੍ਹਾਂ ਨੇ ਭਾਰਤੀ ਰੇਲਵੇ ਅਤੇ ਟਿਕਟ ਚੈਕਿੰਗ ਸਟਾਫ਼ ਦਾ ਧੰਨਵਾਦ ਕੀਤਾ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਟਿਕਟ ਚੈਕਿੰਗ ਸਟਾਫ਼ ਸ਼ਸ਼ੀ ਬਾਲਾ ਤੇ ਸੀਆਈਟੀ ਚਮਨ ਲਾਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਰਮਚਾਰੀਆਂ ਦੀ ਮਿਹਨਤ ਤੇ ਸਮਰਪਣ ਸਦਕਾ ਰੇਲ ਯਾਤਰੀਆਂ ਨੂੰ ਸੁਰੱਖਿਅਤ ਤੇ ਸੁਖਦ ਯਾਤਰਾ ਦਾ ਅਹਿਸਾਸ ਮਿਲਦਾ ਹੈ। ਉਨ੍ਹਾਂ ਯਾਤਰੀਆਂ ਨੂੰ ਅਪੀਲ ਕੀਤੀ ਕਿ ਟਰੇਨ ਵਿੱਚ ਸਫ਼ਰ ਦੌਰਾਨ ਸੁਚੇਤ ਰਹਿਣ ਤੇ ਆਪਣੇ ਸਾਮਾਨ ਨੂੰ ਸੁਰੱਖਿਅਤ ਰੱਖਣ।

# ਪ੍ਰਕਾਸ਼ ਦਿਹਾੜੇ 'ਤੇ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਭਰੀ



**ਸੰਗਰੂਰ (ਪ੍ਰਵੀਨ ਸਿੰਘ)**

ਦਸਵੇਂ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਦਿਹਾੜੇ 'ਤੇ ਗੁਰਦੁਆਰਾ ਸਾਹਿਬ ਗੁਰੂ ਨਾਨਕਪੁਰਾ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ ਪ੍ਰਿੰਸ, ਗੁਰਵਿੰਦਰ ਸਿੰਘ ਸਰਨਾ, ਪਰਮਿੰਦਰ ਸਿੰਘ ਸੋਬਤੀ, ਗੁਰਜੰਟ ਸਿੰਘ ਦੀ ਦੇਖ-ਰੇਖ ਹੇਠ ਹੋਇਆ।

ਸ੍ਰੀ ਆਖੰਡ ਪਾਠ ਤੇ ਸ੍ਰੀ ਸਹਿਜ ਪਾਠਾਂ ਦੇ ਭੋਗ ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ ਦੀ ਨਿਗਰਾਨੀ ਵਿੱਚ ਪਾਏ ਗਏ।ਇਸਤਰੀ ਸਤਿਸੰਗ ਸਭਾ ਵੱਲੋਂ ਸਵਰਨ ਕੌਰ, ਗੁਰਲੀਨ ਕੌਰ ਪਰਵਿੰਦਰ ਕੌਰ, ਤੇਜਿੰਦਰ ਕੌਰ ਗੁੱਡੀ, ਰੇਖਾ ਕਾਲੜਾ, ਕਿਰਨ ਦੂਆ, ਗੁਰਬੀਰ ਕੌਰ ਬੇਬੀ, ਮਹਿਕਪ੍ਰੀਤ ਕੌਰ ਦੇ ਜਥਿਆਂ ਨੇ ਰਸਭਿੰਨਾ ਕੀਰਤਨ ਕੀਤਾ।

ਦਿਨ ਤੇ ਰਾਤ ਦੇ ਵਿਸ਼ਾਲ ਗੁਰਮਤਿ ਸਮਾਗਮਾਂ ਵਿੱਚ ਗੁਰਮੀਤ ਸਿੰਘ ਸਾਹਨੀ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਕੀਰਤਨ ਦਰਬਾਰ ਦੀ ਆਰੰਭਤਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅੰਮ੍ਰਿਤਪਾਲ ਸਿੰਘ ਨੇ ਕੀਤੀ। ਉਪਰੰਤ ਭਾਈ ਭੁਪਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਗੁਰਮਿੰਦਰ ਪਾਲ ਸਿੰਘ ਲਾਲ ਜੀ ਲੁਧਿਆਣਾ, ਭਾਈ ਜਸਵਿੰਦਰ ਸਿੰਘ ਤੇ ਸਾਥੀ ਟੈਕਸਲਾ ਟੀ ਵੀ ਵਾਲੇ ਦਿੱਲੀ, ਭਾਈ ਇੰਦਰਜੀਤ ਸਿੰਘ ਲੁਧਿਆਣਾ, ਭਾਈ ਪ੍ਰੇਮਜੀਤ ਸਿੰਘ ਹੀਰਾ ਦੇ ਜਥਿਆਂ ਨੇ ਰਸਭਿੰਨਾ ਕੀਰਤਨ ਕੀਤਾ। ਰਾਤਰੀ ਦੇ ਸਮਾਗਮ ਵਿੱਚ ਉਪਰੋਕਤ ਜਥਿਆਂ ਤੋਂ ਇਲਾਵਾ ਭਾਈ ਗੁਰਧਿਆਨ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਹਰਿਗੋਬਿੰਦ ਪੁਰਾ ਨੇ ਕੀਰਤਨ ਦੀ ਹਾਜ਼ਰੀ ਭਰੀ, ਗੁਰਸਿਮਰਨ ਸਿੰਘ ਗੁਜਰਾਲ ਨੇ ਵੀ ਸ਼ਬਦ ਗਾਇਨ ਕੀਤਾ, ਜਦੋਂਕਿ ਭਾਈ ਮਨਦੀਪ ਸਿੰਘ ਮੁਰੀਦ ਨੇ ਗੁਰੂ ਸਾਹਿਬ ਦੀ ਸ਼ਖ਼ਸੀਅਤ ਅਤੇ ਜੀਵਨ ਇਤਿਹਾਸ ਬਾਰੇ ਕਥਾ ਵਿਚਾਰ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੈ-ਭਉ ਤੇ ਅਦਬ ਸਤਿਕਾਰ ਦੀ ਪ੍ਰੇਨਾ ਕੀਤੀ।


ਸਮੂਹ ਜਥਿਆਂ ਨੂੰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ ਪ੍ਰਿੰਸ, ਗੁਰਵਿੰਦਰ ਸਿੰਘ ਸਰਨਾ, ਪਰਮਿੰਦਰ ਸਿੰਘ ਸੋਬਤੀ, ਨਰਿੰਦਰ ਪਾਲ ਸਿੰਘ ਸਾਹਨੀ, ਹਰਭਜਨ ਸਿੰਘ ਭੱਟੀ, ਗੁਰਿੰਦਰ ਸਿੰਘ ਗੁਜਰਾਲ, ਚਰਨਜੀਤ ਪਾਲ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਪ੍ਰੀਮ ਸਿੰਘ, ਹਰਪ੍ਰੀਤ ਸਿੰਘ ਪ੍ਰੀਤ, ਦਲਵੀਰ ਸਿੰਘ ਬਾਬਾ, ਗੁਰਿੰਦਰ ਵੀਰ ਸਿੰਘ, ਗੁਰਕੰਵਲ ਸਿੰਘ, ਹਰਿੰਦਰਪਾਲ ਸਿੰਘ ਸੋਬਤੀ, ਮਾਤਾ ਸਵਰਨ ਕੌਰ ਆਦਿ ਨੇ ਸਿਰੋਪਾਓ ਤੇ ਯਾਦਗਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਰਾਤਰੀ ਦੇ ਸਮਾਗਮ ਵਿੱਚ ਸ਼ਹਿਰ ਦੇ ਨਾਮੀ ਗੁਰਸਿੱਖ ਡਾਕਟਰ ਸਾਹਿਬਾਨ ਡਾ ਰਾਏ, ਚਰਨਜੀਤ ਸਿੰਘ ਰੇਖੀ, ਡਾ ਹਰਪ੍ਰੀਤ ਸਿੰਘ ਭੰਡਾਰੀ, ਡਾ ਅਮਨਜੋਤ ਕੌਰ ਨੂੰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਲੋਈਆਂ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

## ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦਾ ਅਜਲਾਸ, ਮੂਲੋਵਾਲ ਪ੍ਰਧਾਨ ਬਣੇ

**'ਜੀ ਰਾਮ ਜੀ' ਕਾਨੂੰਨ ਮਨਰੇਗਾ ਮਜ਼ਦੂਰਾਂ ਦੇ ਚੁੱਲੇ ਠੰਢੇ ਕਰੇਗਾ : ਖੇੜੀ**

**ਧੂਰੀ (ਮਨੋਹਰ ਸਿੰਘ ਸੱਗੂ)**-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਧੂਰੀ ਦਾ ਅਜਲਾਸ ਕਾਮਰੇਡ ਰੋਹੀ ਸਿੰਘ ਕਾਂਝਲਾ ਦੀ ਪ੍ਰਧਾਨਗੀ ਹੇਠ ਸਥਾਨਕ ਜਥੇਦਾਰ ਜੰਗੀਰ ਸਿੰਘ ਕੌਲਸੇੜੀ ਭਵਨ ਵਿਖੇ ਹੋਇਆ। ਅਜਲਾਸ ਦੇ ਸ਼ੁਰੂ 'ਚ ਇੱਕ ਸ਼ੋਕ ਮਤੇ ਰਾਹੀਂ ਕਾਮਰੇਡ ਸੀਤਾ ਰਾਮ ਯੈਚੁਰੀ, ਕੇਰਲ ਦੇ ਸਾਬਕਾ ਮੁੱਖ ਮੰਤਰੀ ਕਾਮਰੇਡ ਅਛੂਤਾ ਨੰਦਨ, ਪੱਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਕਾਮਰੇਡ ਬੁੱਧਾਦੇਵ ਭੱਟਾਚਰਿਆ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਪੰਜਾਬ ਦੇ ਖਜ਼ਾਨਚੀ ਕਾਮਰੇਡ ਬਲਵੀਰ ਸਿੰਘ ਖੰਨਾ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ।ਉਪਰੰਤ ਕੌਮੀ ਪ੍ਰਧਾਨ ਕਾਮਰੇਡ ਚਮਕੌਰ ਸਿੰਘ ਖੇੜੀ ਨੇ ਆਪਣੇ ਸੰਬੋਧਨ 'ਚ ਕੇਂਦਰ ਸਰਕਾਰ ਵੱਲੋਂ ਲਏ ਗਏ ਫੈਸਲਿਆਂ ਦਾ ਵਿਰੋਧ ਕਰਦਿਆਂ 29 ਕਾਨੂੰਨਾਂ ਨੂੰ ਤੋੜ ਕੇ ਚਾਰ ਲੇਬਰ ਕੋਡ ਬਣਾਉਣ, ਬਿਜਲੀ ਬਿਲ-2025 ਤੇ ਮਨਰੇਗਾ ਕਾਨੂੰਨ ਨੂੰ ਖਤਮ ਕਰਕੇ ਉਸ ਦੀ ਜਗ੍ਹਾ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਬਣਾਉਣ ਨੂੰ ਮਜ਼ਦੂਰ ਤੇ ਲੋਕ ਵਿਰੋਧੀ ਦਸਦਿਆਂ ਕਿਹਾ ਕਿ 'ਜੀ ਰਾਮ ਜੀ' ਮਨਰੇਗਾ ਮਜ਼ਦੂਰਾਂ ਦੇ ਚੁੱਲ੍ਹੇ ਠੰਢੇ ਦੇਵੇਗਾ, ਕਿਉਂਕਿ ਨਵੇਂ ਕਾਨੂੰਨ ਅਨੁਸਾਰ ਸੂਬਾ ਸਰਕਾਰਾਂ ਨੂੰ 40 ਪ੍ਰਤੀਸ਼ਤ ਹਿੱਸਾ ਦੇਣਾ ਹੋਵੇਗਾ, ਜਦੋਂਕਿ ਪਹਿਲਾਂ ਇਹ ਹਿੱਸਾ 10 ਪ੍ਰਤੀਸ਼ਤ ਸੀ ਉਨ੍ਹਾਂ ਕਿਹਾ ਕਿ ਪਹਿਲਾਂ ਪੰਜਾਬ ਸਰਕਾਰ ਮਨਰੇਗਾ 'ਚ 10 ਪ੍ਰਤੀਸ਼ਤ ਹਿੱਸਾ ਵੀ ਨਹੀਂ ਪਾ ਸਕੀ ਤੇ ਹੁਣ 40 ਪ੍ਰਤੀਸ਼ਤ ਹਿੱਸਾ ਕਿੱਥੋਂ ਪਾਵੇਗੀ।ਆਗੂਆਂ ਨੇ ਜਾਣਕਾਰੀ ਦਿੰਦਿਆਂ 10 ਜਨਵਰੀ ਨੂੰ ਪਿੰਡ ਘਰਾਚੋਂ ਰਵਿਦਾਸ ਭਵਨ ਵਿਖੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਅਜਲਾਸ ਵਿੱਚ ਪੁੱਜਣ ਦੀ ਅਪੀਲ ਕੀਤੀ।ਕਿਸਾਨ ਆਗੂ ਕਾਮਰੇਡ ਫੱਲੜ ਸਿੰਘ ਲੱਡਾ, ਜੋਗਾ ਸਿੰਘ ਉਪਲੀ ਤੇ ਇੰਦਰਜੀਤ ਸਿੰਘ ਛੰਨਾ ਨੇ ਵਿਚਾਰ ਰੱਖੇ।ਅਜਲਾਸ ਦੌਰਾਨ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਬੱਧਣ ਵੱਲੋਂ ਤਹਿਸੀਲ ਕਮੇਟੀ ਧੂਰੀ ਦਾ ਪੈਨਲ ਪੇਸ਼ ਕੀਤਾ, ਜਿਸ ਦੇ 11 ਮੈਂਬਰਾਂ 'ਚ ਚਮਕੌਰ ਸਿੰਘ ਮੂਲੋਵਾਲ ਪ੍ਰਧਾਨ, ਰੋਹੀ ਸਿੰਘ ਕਾਂਝਲਾ ਮੀਤ ਪ੍ਰਧਾਨ, ਜੋਗਿੰਦਰ ਸਿੰਘ ਕੁੰਭੜਵਾਲ ਸਕੱਤਰ, ਅਮਰੀਕ ਸਿੰਘ ਮੂਲੋਵਾਲ ਸਹਾਇਕ ਸਕੱਤਰ, ਹੰਸਾ ਸਿੰਘ, ਜਰਨੈਲ ਸਿੰਘ, ਨਾਜ਼ਰ ਸਿੰਘ, ਕ੍ਰਿਪਾਲ ਸਿੰਘ ਤੇ ਜਸਵੀਰ ਸਿੰਘ ਮੈਂਬਰ ਚੁਣੇ ਗਏ।

## 14 ਕਰੋੜ ਨਾਲ 45 ਕਿਲੋਮੀਟਰ ਸੜਕਾਂ ਬਣਨਗੀਆਂ ਨਵੀਂਆਂ : ਚੇਅਰਮੈਨ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸੜਕਾਂ ਨਵੀਂਆਂ ਬਣਾਉਣ ਤੇ ਪੁਰਾਣੀਆਂ ਦੀ ਮੁਰੰਮਤ ਕਰਨ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਤੇ ਇਸੇ ਲੜੀ ਤਹਿਤ ਰਾਜਪੁਰਾ ਹਲਕੇ ਦੀਆਂ 45 ਕਿਲੋਮੀਟਰ ਸੜਕਾਂ ਲਈ 13 ਕਰੋੜ 97 ਲੱਖ ਰੁਪਏ ਦੀ ਰਾਸ਼ੀ ਦੀ ਪ੍ਰਸ਼ਾਸਕੀ ਪ੍ਰਵਾਨਗੀ ਮਿਲ ਚੁੱਕੀ ਹੈ। ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ਨੇ ਪੀਡਬਲਿਊਡੀ ਵਿਭਾਗ ਦੇ ਐਸਡੀਓ ਯਾਦਵਿੰਦਰ ਸ਼ਰਮਾ ਤੇ ਜੇਈ ਨਾਲ ਸੜਕਾਂ ਨੂੰ ਮੁਕੰਮਲ ਕਰਨ ਸਬੰਧੀ ਬੁਲਾਈ ਗਈ ਮੀਟਿੰਗ ਉਪਰੰਤ ਪੱਤਰਕਾਰਾਂ ਨੂੰ ਦਿੱਤੀ।

ਚੇਅਰਮੈਨ ਦੀਪਕ ਸੂਦ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰਾਜਪੁਰਾ ਹਲਕੇ ਦੀ ਫਕਾਨਸੂ ਤੋਂ ਮਾਂਗਪੁਰ, ਜੀਟੀ ਰੋਡ ਤੋਂ ਮਹਿਤਾਬਗੜ, ਚੰਡੀਗੜ੍ਹ ਰੋਡ ਤੋਂ ਖੜੌਲਾ ਵਾਇਆ ਕੋਟਲਾ, ਉਕਸੀ ਸੈਣੀਆਂ,ਉਕਸੀ ਜੱਟਾਂ, ਚੰਦੂਆਂ ਖੁਰਦ ਤੋਂ ਭੇਡਵਾਲ, ਨਲਾਸ ਤੋਂ ਬਖਸ਼ੀ ਵਾਲਾ ਆਦਿ ਪਿੰਡਾਂ ਦੀਆਂ 45 ਕਿਲੋਮੀਟਰ ਸੜਕਾਂ ਲਈ 13 ਕਰੋੜ 97 ਲੱਖ ਰੁਪਏ ਦੀ ਰਾਸ਼ੀ ਦੀ ਪ੍ਰਸ਼ਾਸਕੀ ਪ੍ਰਵਾਨਗੀ ਮਿਲ ਚੁੱਕੀ ਹੈ ਤੇ ਇਨਾਂ 45 ਕਿਲੋਮੀਟਰ ਸੜਕਾਂ ਨੂੰ ਬਣਾਉਣ ਲਈ ਠੇਕੇਦਾਰਾਂ ਤੋਂ ਟੈਂਡਰ ਹੋ ਗਏ ਹਨ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਪੀਡਬਲਿਊਡੀ ਦੇ ਐਸਡੀਓ ਯਾਦਵਿੰਦਰ ਸ਼ਰਮਾ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਪਿੰਡਾਂ ਦੀਆਂ 45 ਕਿਲੋਮੀਟਰ ਸੜਕਾਂ 31 ਮਾਰਚ ਤੱਕ ਹਰ ਹਾਲਤ ਵਿੱਚ ਮੁਕੰਮਲ ਹੋਣੀਆਂ ਚਾਹੀਦੀਆਂ ਹਨ ਤਾਂ ਜੁ ਰਾਜਪੁਰਾ ਹਲਕੇ ਦੇ ਲੋਕਾਂ ਨੂੰ ਆਪਣੇ ਕੰਮਾਂ ਕਾਰਾਂ ਲਈ ਸ਼ਹਿਰ ਆਉਣ-ਜਾਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੜਕਾਂ ਦੀ ਵਧੀਆ ਕੁਆਲਿਟੀ ਲਈ ਸੜਕ ਬਣਨ ਤੋਂ ਅਗਲੇ ਪੰਜ ਸਾਲ ਤੱਕ ਮੇਂਟੀਨੈਂਸ ਸੜਕ ਦੀ ਮੁਰੰਮਤ ਦੀ ਜ਼ਿੰਮੇਵਾਰੀ ਵੀ ਠੇਕੇਦਾਰਾਂ ਨੂੰ ਦਿੱਤੀ ਜਾ ਰਹੀ ਹੈ ਤਾਂ ਜੁ ਉਹ ਸੜਕ ਬਣਾਉਣ ਸਮੇਂ ਘਟੀਆ ਸਮਾਨ ਦੀ ਵਰਤੋਂ ਨਾ ਕਰਨ।ਸੂਦ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦਾ ਸਰਵਪੱਖੀ ਵਿਕਾਸ ਕਰਾਇਆ ਜਾ ਰਿਹਾ ਹੈ ਤੇ ਪਿੰਡਾਂ ਵਿੱਚ ਨਵੀਆਂ ਸੜਕਾਂ ਅਤੇ ਪੁਰਾਣੀਆਂ ਸੜਕਾਂ ਦੀ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ।

## ਸ਼ੂਗਰ ਮਿੱਲ ਦਾ ਬੰਦ ਹੋਣਾ ਹਲਕੇ ਲਈ ਵੱਡੀ ਤ੍ਰਾਸਦੀ : ਘਨੌਰੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)** ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਸੂਬਾਈ ਆਗੂ ਇੰਦਰਜੀਤ ਸਿੰਘ ਘਨੌਰੀ ਨੇ ਇਲਾਕੇ ਦੀ ਚਿਰੋਕਣੀ ਮੰਗ ਤੇ ਭਖਦੇ ਮਸਲੇ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਹਲਕੇ ਧੂਰੀ 'ਚ ਸਥਿਤ ਖੰਡ ਮਿੱਲ ਦਾ ਲੰਬੇ ਸਮੇਂ ਤੋਂ ਬੰਦ ਪਿਆ ਹੋਣਾ ਇੱਥੋਂ ਦੇ ਕਿਸਾਨਾਂ ਤੇ ਮਜ਼ਦੂਰਾਂ ਲਈ ਬੇਹੱਦ ਮੰਦਭਾਗਾ ਹੈ।ਘਨੌਰੀ ਨੇ ਸੂਬਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਮੁੱਖ ਮੰਤਰੀ ਪੂਰੇ ਪੰਜਾਬ ਵਿੱਚ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਪਰ ਅਫ਼ਸੋਸ ਦੀ ਗੱਲ ਹੈ ਕਿ ਉਨ੍ਹਾਂ ਦੇ ਆਪਣੇ ਹਲਕੇ ਦੇ ਲੋਕ ਰੁਜ਼ਗਾਰ ਤੇ ਆਰਥਿਕ ਮੰਦਹਾਲੀ ਨਾਲ ਜੂਝ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਇਸ ਮਿੱਲ ਦੇ ਬੰਦ ਹੋਣ ਨਾਲ ਨਾ ਸਿਰਫ਼ ਸੈਂਕੜੇ ਪਰਵਾਰਾਂ ਦਾ ਚੁੱਲ੍ਹਾ ਠੰਢਾ ਹੋ ਗਿਆ ਹੈ, ਸਗੋਂ ਇਲਾਕੇ ਦੇ ਕਿਸਾਨਾਂ ਨੂੰ ਆਪਣੀ ਫ਼ਸਲ ਦੂਰ-ਦੁਰਾਡੇ ਦੀਆਂ ਮਿੱਲਾਂ ਵਿੱਚ ਲੈ ਕੇ ਜਾਣੀ ਪੈ ਰਹੀ ਹੈ, ਜਿਸ ਨਾਲ ਉਨ੍ਹਾਂ ਦਾ ਖਰਚਾ ਵਧ ਰਿਹਾ ਹੈ।ਘਨੌਰੀ ਨੇ ਦੱਸਿਆ ਕਿ ਉਹ ਜਲਦੀ ਹੀ ਧੂਰੀ ਹਲਕੇ ਦੀਆਂ ਇਨ੍ਹਾਂ ਗੰਭੀਰ ਮੁਸ਼ਕਲਾਂ ਅਤੇ ਮੌਜੂਦਾ ਸਿਆਸੀ ਸਥਿਤੀ ਸਬੰਧੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਮਿਲ ਕੇ ਵਿਸਥਾਰਪੂਰਵਕ ਰਿਪੋਰਟ ਸੌਂਪਣਗੇ।

## ਥਾਣਾ ਠੁੱਲੀਵਾਲ ਪੁਲਸ ਵੱਲੋਂ ਨਸ਼ੀਲੀਆਂ ਗੋਲੀਆਂ ਸਮੇਤ ਇੱਕ ਨੌਜਵਾਨ ਕਾਬੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਮੁਹਿੰਮ ਤਹਿਤ ਥਾਣਾ ਠੁੱਲੀਵਾਲ ਪੁਲਸ ਨੇ ਕੀਤੀ ਕਾਰਵਾਈ ਸਬੰਧੀ ਡੀ ਐਸ ਪੀ ਜਸਪਾਲ ਸਿੰਘ ਧਾਲੀਵਾਲ ਇੰਸਪੈਕਟਰ ਗੁਰਪਾਲ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਜਸਵਿੰਦਰ ਸਿੰਘ ਪੁਲਸ ਪਾਰਟੀ ਸਮੇਤ ਬੱਸ ਸਟੈਂਡ ਮਨਾਲ ਵਿਖੇ ਗਸ਼ਤ ਦੌਰਾਨ ਚੈਕਿੰਗ ਕਰ ਰਹੇ ਸਨ।ਪੁਲਸ ਪਾਰਟੀ ਨੇ ਗੁਰਸ਼ਰਨ ਸਿੰਘ ਵਾਸੀ ਕੁਰੜ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿੱਚੋਂ 65 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ।ਥਾਣਾ ਠੁੱਲੀਵਾਲ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਪਰਚਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਪਿੰਡ ਪਿੰਡ ਜਾਗਰੂਕਤਾ ਸੈਮੀਨਾਰ ਕਰਾਏ ਜਾਣ ਤੋਂ ਇਲਾਵਾ ਨਸ਼ਾਗ੍ਰਸਤ ਨੌਜਵਾਨਾਂ ਨੂੰ ਪ੍ਰੇਰਿਤ ਕਰਕੇ ਉਨ੍ਹਾਂ ਦਾ ਚੈੱਕਅਪ ਕਰਾਉਣ ਉਪਰੰਤ ਇਲਾਜ ਸ਼ੁਰੂ ਕਰਾਇਆ ਜਾ ਰਿਹਾ ਹੈ।ਉਨ੍ਹਾਂ ਪਿੰਡਾਂ ਦੀਆਂ ਸਮੂਹ ਨਗਰ ਪੰਚਾਇਤਾਂ ਤੇ ਯੂਥ ਕਲੱਬਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

# 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਰੈਲੀ



**ਸਮਾਣਾ (ਇਕਬਾਲ ਸਿੰਘ ਬੱਲ)**

ਸ਼੍ਰੀ ਮਨਦੀਪ ਸਿੰਘ ਅਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਕਮ ਚੇਅਰਮੈਨ ਉਪ ਮੰਡਲ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਅਦਾਲਤੀ ਕੰਪਲੈਕਸ ਵਿਖੇ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਗਿਆ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਣਾ ਦਿੱਤੀ ਗਈ। ਰੈਲੀ 'ਚ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਟਰੀ ਐਡਵੋਕੇਟ ਕਸ਼ਮੀਰ ਸਿੰਘ ਚੂੰਬਰ ਤੋਂ ਇਲਾਵਾ ਹੋਰ ਵਕੀਲ ਸਾਹਿਬਾਨਾਂ ਨੇ ਵੀ ਸ਼ਮੂਲੀਅਤ ਕੀਤੀ।ਰੈਲੀ ਨੂੰ ਸੰਬੋਧਨ ਕਰਦਿਆਂ ਬਾਰ ਐਸੋਸੀਏਸ਼ਨ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਜਾ ਰਿਹਾ ਹੈ। ਰੈਲੀ ਵੀ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਸਹਿਯੋਗ ਇਸੇ ਮਕਸਦ ਨੂੰ ਮੁੱਖ ਰੱਖ ਕੇ ਕੱਢੀ ਗਈ ਹੈ। ਅਦਾਲਤੀ ਕੰਪਲੈਕਸ ਵਿੱਚ ਆਉਣ ਵਾਲੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਗਰੂਕ ਕੀਤਾ ਗਿਆ ਹੈ ਤਾਂ ਜੁ ਲੋਕ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਸੁਚੇਤ ਰਹਿ ਕੇ ਪੈਸਿਆਂ ਦੀ ਬਰਬਾਦੀ ਤੇ ਬੇ-ਫਜ਼ੂਲੀ ਹਰਾਸਮੈਂਟ ਤੋਂ ਬਚੇ ਰਹਿਣ।

FEDBANK

**ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ**

ਰਜਿਸਟਰਡ ਦਫਤਰ : ਯੂਨਿਟ ਨੰ. 1101, 11ਵੀਂ ਮੰਜ਼ਲ, ਸਿਗਨਸ, ਪਲਾਟ ਨੰ. 71 ਏ, ਪੋਵਈ, ਪਾਸਪੋਲੀ, ਮੁੰਬਈ-400087

**ਅਚੱਲ ਜਾਇਦਾਦਾਂ ਦੀ ਵਿਕਰੀ-ਕਮ-ਨਿਲਾਮੀ ਲਈ ਜਨਤਕ ਸੂਚਨਾ**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(6) ਅਤੇ 9(1) ਨਾਲ ਪੜ੍ਹੇ ਜਾਂਦੇ ਸਕਿਉਰਟੀਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ-ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ-ਸਕਿਉਰਿਟੀ ਇੰਟਰੈਸਟ 2002 ਤਹਿਤ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਸਕਿਉਰਡ ਕ੍ਰੈਡਿਟਰ) ਵੱਲੋਂ ਅਚੱਲ ਸਕਿਉਰਡ ਐਸੇਟਸ ਦੀ ਵਿਕਰੀ ਲਈ 15 ਦਿਨਾ ਨੋਟਿਸ। ਨਿਮਨ ਹਸਤਾਖਰੀ ਨੇ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ 2002 ਤਹਿਤ ਸਕਿਉਰਡ ਐਸੇਟਸ (ਸ) ਦਾ ਕਬਜ਼ਾ ਲੈ ਲਿਆ ਹੈ।

ਇਸ ਦੁਆਰਾ ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਕੋਲ ਰਹਿਣ/ਚਾਰਜਿਡ ਹੈ, ਜਿਸ ਦਾ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਸਕਿਉਰਡ ਕ੍ਰੈਡਿਟਰ ਨੇ ਕਬਜ਼ਾ ਪ੍ਰਾਪਤ ਕਰ ਲਿਆ ਹੈ ਤੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਸਕਿਉਰਡ ਕ੍ਰੈਡਿਟਰ ਵੱਲੋਂ ਮੈਸ. ਸ੍ਰੀ ਜੀ ਟ੍ਰੇਡਿੰਗ ਕੰਪਨੀ (ਕਰਜ਼ਦਾਰ, ਮੈਸ. ਸੀਆ ਰਾਮ ਟ੍ਰੇਡਿੰਗ ਕੰਪਨੀ, ਅਰਜੁਨ ਕੁਮਾਰ ਅਤੇ ਤਮੰਨਾ (ਸਹਿ-ਕਰਜ਼ਦਾਰ) ਤੋਂ 14.01.2025 ਸਮੇਤ ਵਿਆਜ ਅਤੇ ਇਸ 'ਤੇ 15.01.2025 ਤੋਂ ਹੋਰ ਖਰਚੇ ਬਕਾਇਆ ਰੁਪਏ 1,50,48,713.50/- (ਇੱਕ ਕਰੋੜ ਪੰਜਾਹ ਲੱਖ ਅਠਤਾਲੀ ਹਜ਼ਾਰ ਸੱਤ ਸੌ ਤੇਰਾਂ ਰੁਪਏ ਅਤੇ ਪੰਜਾਹ ਪੈਸੇ ਕੇਵਲ) ਜੋ ਕਿ ਐਫ ਈ ਡੀ ਸੀ ਐਚ ਐਲ ਏ ਪੀ 051352 'ਚ ਰੁਪਏ 86,12,323.04/- (ਛਿਆਸੀ ਲੱਖ ਬਾਰਾਂ ਹਜ਼ਾਰ ਤਿੰਨ ਸੌ ਤੇਈ ਰੁਪਏ ਅਤੇ ਚਾਰ ਪੈਸੇ ਕੇਵਲ) ਅਤੇ ਐਫ ਈ ਡੀ ਸੀ ਐਚ ਜੀ ਐਲ ਏ ਪੀ 0514230 'ਚ ਰੁਪਏ 64,36,390.46/- (ਚੌਹਠ ਲੱਖ ਛੱਤੀ ਹਜ਼ਾਰ ਤਿੰਨ ਸੌ ਨੱਬੇ ਰੁਪਏ ਅਤੇ ਛਿਆਲੀ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 28/01/2026 ਨੂੰ 'ਜਿਵੇਂ ਹੈ ਜਿੱਥੇ ਹੈ', 'ਜੋ ਹੈ ਜਿਵੇਂ ਹੈ' ਅਤੇ 'ਉਥੇ ਜੋ ਵੀ ਹੈ' ਦੇ ਆਧਾਰ 'ਤੇ ਵਿਕਰੀ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਜਾਇਦਾਦ ਰਕਬਾ 5 ਮਰਲਾ, ਖੇਵਟ/ਖਤੌਨੀ ਨੰ. 946/954, ਖਸਰਾ ਨੰ. 588 (152-0), ਇਸ ਦਾ ਹਿੱਸਾ 5/3341, ਰਕਬਾ 4 ਮਰਲਾ 5 ਸਰਸਾਈ, ਖੱਤਾ ਨੰ. 947/955, 955/3, ਖਸਰਾ ਨੰ. 640 (5-2) ਇਸ ਦਾ ਹਿੱਸਾ 5/3341, ਰਕਬਾ 1 ਸਰਸਾਈ, ਖੱਤਾ ਨੰ. 948/957, 957/2, ਖਸਰਾ ਨੰ. 493/2 (9-14), ਇਸ ਦਾ ਹਿੱਸਾ 5/3341 ਰਕਬਾ 3 ਸਰਸਾਈ, ਕੁੱਲ ਰਕਬਾ 5 ਮਰਲਾ ਪਿੰਡ ਖਰੜ ਵਿਖੇ ਸਥਿਤ, ਹੱਦਬਸਤ ਨੰ. 184, ਤਹਿਸੀਲ ਖਰੜ, ਜ਼ਿਲ੍ਹਾ ਐਸ ਏ ਐਸ ਨਗਰ, ਮੁਹਾਲੀ, ਪੰਜਾਬ। ਹੱਦਾਂ ਇਸ ਤਰ੍ਹਾਂ ਹਨ: ਉੱਤਰ ਵੱਲ: ਸ੍ਰੀ ਗੁਰਮੁਖ ਸਿੰਘ ਅਤੇ ਸ੍ਰੀ ਜੰਗ ਸਿੰਘ ਦੀ ਜਾਇਦਾਦ, ਪੂਰਬ ਵੱਲ: ਸੜਕ, ਦੱਖਣ ਵੱਲ: ਸ੍ਰੀ ਵਰਿੰਦਰ ਸਿੰਘ ਅਤੇ ਸ੍ਰੀ ਗੌਰਵ ਸਿੰਗਲਾ ਦੀ ਜਾਇਦਾਦ, ਪੱਛਮ ਵੱਲ: ਸ੍ਰੀ ਅਰੁਣ ਕੁਮਾਰ ਦੀ ਜਾਇਦਾਦ।

| | |
|---|---|
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 1,32,75,000/- (ਇੱਕ ਕਰੋੜ ਬੱਤੀ ਲੱਖ ਪੰਝੱਤਰ ਹਜ਼ਾਰ ਰੁਪਏ ਕੇਵਲ) |
| ਰਕਮ ਬਿਆਨਾ ਜਮ੍ਹਾਂ (ਰੁਪਏ) ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਦੇ ਪੱਖ 'ਚ ਡੀ ਡੀ/ਪੀ ਓ/ਆਰ ਟੀ ਜੀ ਐਸ ਰਾਹੀਂ | ਰੁਪਏ 13,27,500/- (ਤੇਰਾਂ ਲੱਖ ਸਤਾਈ ਹਜ਼ਾਰ ਪੰਜ ਸੌ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 50,000/- (ਪੰਜਾਹ ਹਜ਼ਾਰ ਰੁਪਏ ਕੇਵਲ) |
| ਮੋਹਰਬੰਦ ਪੇਸ਼ਕਸ਼/ਟੈਂਡਰ ਸਮੇਤ ਈ ਐਮ ਡੀ ਸਮੇਤ ਬੋਲੀਆਂ ਜਮ੍ਹਾਂ ਦੀ ਮਿਤੀ, ਸਮਾਂ ਅਤੇ ਸਥਾਨ | ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ, ਪਹਿਲੀ ਮੰਜ਼ਲ, 78-79, ਮਧਿਆ ਮਾਰਗ, ਐਸ ਸੀ ਏ ਓ ਸੈਕਟਰ 8 ਸੀ, ਸੈਕਟਰ 26, ਚੰਡੀਗੜ੍ਹ-160022 ਵਿਖੇ 27 ਜਨਵਰੀ 2026 ਨੂੰ ਸ਼ਾਮ 5.00 ਵਜੇ ਤੱਕ |
| ਜਾਇਦਾਦਾਂ ਦਾ ਨਿਰੀਖਣ | 21 ਜਨਵਰੀ 2026 ਨੂੰ ਸ਼ਾਮ 5.00 ਵਜੇ ਤੋਂ ਪਹਿਲਾਂ |
| ਸਫਲ ਬੋਲੀਕਾਰ ਦੀ ਪੁਸ਼ਟੀ ਲਈ ਉਚਤਮ ਬੋਲੀ ਨੂੰ ਸਵੀਕਾਰ ਕਰਨ ਲਈ 25% ਦੇ ਭੁਗਤਾਨ ਲਈ ਅੰਤਿਮ ਮਿਤੀ | ਬੋਲੀ ਦੀ ਪੁਸ਼ਟੀ ਮਿਤੀ ਤੋਂ ਅਗਲੇ ਕੰਮਕਾਜ ਵਾਲੇ ਦਿਨ ਅਦਾਇਗੀ ਹੋਣੀ ਚਾਹੀਦੀ |
| ਉਚਤਮ ਬੋਲੀ ਦੀ 75% ਬਕਾਇਆ ਰਕਮ ਦੀ ਅਦਾਇਗੀ ਦੀ ਮਿਤੀ | ਬੋਲੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ |

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਫੈਡਫਿਨਾ) ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.fedfina.com ਅਤੇ www.fedfina.com/public-notice-for-auction-cum-sale/under Action ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ। ਕਿਸੇ ਪੁੱਛਗਿੱਛ, ਜਾਣਕਾਰੀ, ਸਹਿਯੋਗ, ਪ੍ਰਕਿਰਿਆ ਅਤੇ ਸਿਖਲਾਈ ਲਈ ਕਿਰਪਾ ਕਰਕੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਦੇ ਅਧਿਕਾਰਤ ਅਫਸਰ ਸ੍ਰੀ ਹੇਮੰਤ ਪਾਂਡੇ-8707752796 ਈ ਮੇਲ ਆਈ ਡੀ hemant.pandey@fedfina.com 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸਥਾਨ : ਖਰੜ
ਮਿਤੀ : 07.01.2026

ਸਹੀ/-
ਅਧਿਕਾਰਤ ਅਫਸਰ
ਵਾਸਤੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ

# 9 ਨੂੰ ਸੰਗਰੂਰ ਬੱਸ ਸਟੈਂਡ ਵਿਖੇ ਸ਼ਾਂਤਮਈ ਕਨਵੈਨਸ਼ਨ

## ਨਿੱਜੀਕਰਨ ਖਿਲਾਫ ਸਰਕਾਰੀ ਬੱਸਾਂ ਵਾਲਿਆਂ ਦਾ ਰੋਹ ਫੇਰ ਤਿੱਖਾ ਹੋਇਆ



ਲੁਧਿਆਣਾ (ਰੈਕਟਰ ਕਥੂਰੀਆ) ਨਿੱਜੀਕਰਨ ਖਿਲਾਫ ਪੀ.ਆਰ.ਟੀ.ਸੀ ਤੇ ਪਨਸਪ ਕਾਮਿਆਂ ਦਾ ਅੰਦੋਲਨ ਇੱਕ ਵਾਰ ਫੇਰ ਭਖਣ ਦੇ ਰਾਹ ਹੈ ਤੇ 9 ਜਨਵਰੀ ਨੂੰ ਸੰਗਰੂਰ ਦੇ ਬਸ ਅੱਡੇ 'ਤੇ ਵਿਸ਼ਾਲ ਕਨਵੈਨਸ਼ਨ ਦਾ ਵੀ ਐਲਾਨ ਕੀਤਾ ਗਿਆ ਹੈ। ਜੇਲ੍ਹ ਵਿੱਚ ਬੰਦ ਸਾਥੀਆਂ ਦੀ ਰਿਹਾਈ ਲਈ ਸੂਬੇ ਭਰ ਦੇ ਡਿੱਪੂਆਂ ਅੱਗੇ ਗੇਟ ਰੈਲੀਆਂ ਵੀ ਰੋਸ, ਰੋਹ ਤੇ ਜੋਸ਼ ਨਾਲ ਕੀਤੀਆਂ ਗਈਆਂ। ਨਿੱਜੀਕਰਣ ਤੇ ਮੁਲਾਜ਼ਮਾਂ ਨੂੰ ਪੱਕੇ ਕਰਾਉਣ ਲਈ ਆਗੂ ਸ਼ਮਸ਼ੇਰ ਸਿੰਘ ਢਿੱਲੋਂ ਤੇ ਜਗਤਾਰ ਸਿੰਘ ਆਏ ਰੋਹ ਵਿੱਚ ਤੇ ਸਰਕਾਰ ਦੀਆਂ ਸਾਜ਼ਿਸ਼ਾਂ ਦੇ ਪਰਦੇ ਵੀ ਫਾਸ਼ ਕੀਤੇ। ਮੁਲਾਜ਼ਮ ਆਗੂ ਜਗਤਾਰ ਸਿੰਘ ਨੇ ਨਿੱਜੀਕਰਨ ਰੋਕਣ ਤੇ ਪੱਕੇ ਹੋਣ ਦੀ ਮੰਗ ਕਰਦੇ ਮੁਲਾਜ਼ਮਾਂ ਤੇ ਕੀਤੇ ਗਏ ਨਜਾਇਜ਼ ਪਰਚੇ ਰੱਦ ਕਰਨ ਦੀ ਮੰਗ ਵੀ ਦੁਹਰਾਈ।

ਕਾਲੇ ਬਿੱਲੇ ਲਾ ਕੇ ਅਜ਼ਾਦ ਦੇਸ਼ ਵਿੱਚ ਗੁਲਾਮ ਮੁਲਾਜ਼ਮਾਂ ਵਜੋਂ ਡਿਊਟੀਆਂ ਕਰਦੇ ਰੋਸ ਜ਼ਾਹਰ ਕਰਕੇ ਪਨਬਸ/ਪੀ ਆਰ ਟੀ ਸੀ ਮੁਲਾਜ਼ਮ ਜਤਿੰਦਰ ਸਿੰਘ, ਸੰਦੀਪ ਸਿੰਘ ਨੇ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ। ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ 25/11 ਵੱਲੋਂ ਪੰਜਾਬ ਭਰ ਦੇ ਡਿਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਸੂਬਾ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਨੇ ਲੁਧਿਆਣਾ ਡਿਪੂ ਦੇ ਗੇਟ 'ਤੇ ਕਿਹਾ ਕਿ ਕੱਚੇ ਕ੍ਰਮਚਾਰੀ ਲੰਮੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ। ਸਮੇਂ-ਸਮੇਂ ਦੀਆਂ ਸਰਕਾਰ ਨੇ ਟਾਲਮਟੋਲ ਦੀ ਨੀਤੀ ਅਪਣਾਉਂਦੀਆਂ ਰਹੀਆਂ ਹਨ, ਪ੍ਰੰਤੂ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਦੇ ਵਿੱਚ ਆਉਣ ਤੋਂ ਪਹਿਲਾਂ ਸਾਡੇ ਧਰਨਿਆਂ ਵਿੱਚ ਆ ਕੇ ਬੋਲਦੇ ਸੀ ਕਿ ਸਰਕਾਰਾਂ ਬਣਨ ਉਪਰੰਤ ਕੱਚੇ ਕ੍ਰਮਚਾਰੀਆਂ ਨੂੰ ਪੱਕਾ ਕੀਤਾ ਜਾਵੇਗਾ। ਵਿਭਾਗਾਂ ਨੂੰ ਪ੍ਰਫੁੱਲਿਤ ਕਰਾਂਗੇ ਤਾਂ ਪਨਬਸ/ਪੀ.ਆਰ.ਟੀ.ਸੀ ਦੇ ਕੱਚੇ ਕ੍ਰਮਚਾਰੀਆਂ ਵੱਲੋਂ ਬੱਸਾਂ ਵਿੱਚ ਵੱਡੇ ਪੱਧਰ 'ਤੇ ਪ੍ਰਚਾਰ ਕਰਕੇ ਸਰਕਾਰ ਲਿਆਉਣ ਵਿੱਚ ਯੋਗਦਾਨ ਪਾਇਆ ਗਿਆ।

ਚਾਰ ਸਾਲ ਬੀਤਣ ਦੇ ਬਾਵਜੂਦ ਇੱਕ ਵੀ ਕ੍ਰਮਚਾਰੀ ਨੂੰ ਪੱਕਾ ਨਹੀਂ ਕੀਤਾ ਗਿਆ। ਸਿਰਫ ਲਾਰੇ 'ਤੇ ਲਾਰਾ ਲਾ ਕੇ ਸਮਾਂ ਟਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਰਕਾਰ ਦੇ ਨਾਲ ਲਗਭਗ 55 ਤੋਂ 60 ਮੀਟਿੰਗ ਹੋ ਚੁੱਕੀਆਂ ਹਨ। ਇਸ ਤੋਂ ਇਲਾਵਾ ਮੁੱਖ ਮੰਤਰੀ ਨਾਲ ਵੀ 2-3 ਮੀਟਿੰਗਾਂ ਹੋ ਚੁੱਕੀਆਂ ਹਨ। ਮੁੱਖ ਮੰਤਰੀ ਪੰਜਾਬ ਨੇ 1 ਮਹੀਨੇ ਦੇ ਵਿੱਚ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਵੀ ਦਿੱਤਾ ਸੀ, ਉਸ ਲਿਖਤੀ ਦਿੱਤੇ ਭਰੋਸੇ ਨੂੰ ਵੀ 1 ਸਾਲ 6 ਮਹੀਨੇ ਬੀਤ ਚੁੱਕੇ ਹਨ, ਪ੍ਰੰਤੂ ਅੱਜ ਤੱਕ ਨਾ ਤਾਂ ਕੱਚੇ ਕ੍ਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਪਾਲਿਸੀ ਬਣਾਈ ਗਈ ਹੈ, ਨਾ ਹੀ ਆਊਟਸੋਰਸ ਨੂੰ ਕੰਟਰੈਕਟ 'ਤੇ ਕਰਨ ਦੀ ਪਾਲਿਸੀ ਬਣਾਈ ਗਈ ਹੈ। ਇਸਦੇ ਉਲਟ ਮੰਗਾਂ ਦਾ ਹੱਲ ਕਰਨ ਦੀ ਬਜਾਏ ਸੰਘਰਸ਼ ਕਰਦੇ ਕ੍ਰਮਚਾਰੀਆਂ ਨੂੰ ਨਜਾਇਜ਼ ਪਰਚੇ ਪਾ ਕੇ 307 ਧਾਰਾਵਾ ਤਹਿਤ ਜੇਲ੍ਹਾਂ ਵਿੱਚ ਸੁੱਟਿਆ ਗਿਆ ਤੇ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕੁੱਝ ਸਾਥੀ ਅੱਜ ਵੀ ਸੰਗਰੂਰ ਜੇਲ੍ਹ ਵਿੱਚ ਬੰਦ ਹਨ।ਸਰਕਾਰ ਵੱਲੋਂ ਪਹਿਲਾਂ ਪੁਰਾਣੀ ਸਰਕਾਰ ਉਪਰ ਬੱਸਾਂ ਦੀਆਂ ਬਾਡੀਆਂ ਦੇ ਇਲਜ਼ਾਮ ਲਾਏ ਜਾਂਦੇ ਰਹੇ ਹਨ, ਪਰ ਮੌਜੂਦਾ ਸਰਕਾਰ ਨੇ ਇੱਕ ਵੀ ਸਰਕਾਰੀ ਬੱਸ ਨਹੀਂ ਪਈ, ਉਲਟਾ ਆਪਣੀਆਂ ਕਮੀਆਂ ਲੁਕਾਉਣ ਲਈ ਵਿਭਾਗਾਂ ਵਿੱਚ ਪ੍ਰਾਈਵੇਟ ਮਾਲਕਾਂ ਦੀਆਂ ਬੱਸਾਂ ਰਾਹੀਂ ਵਿਭਾਗ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ। ਸਰਕਾਰੀ ਬੱਸਾਂ ਦਿਨ ਪ੍ਰਤੀ ਦਿਨ ਘਟਦੀਆਂ ਜਾਂ ਰਹੀਆ ਹਨ ਤੇ ਟਾਇਰ, ਸਪੇਅਰ ਪਾਰਟ, ਟਿਕਟ ਮਸ਼ੀਨਾਂ ਤੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਤੱਕ ਦੇਣ ਲਈ ਸਰਕਾਰ ਕੋਲ ਪੈਸੇ ਨਹੀਂ ਹਨ।ਫ੍ਰੀ ਸਫ਼ਰ ਸਹੂਲਤਾਂ ਦੇ 1200 ਕਰੋੜ ਦੇ ਕਰੀਬ ਰੁਪਏ ਪਨਬੱਸ ਅਤੇ ਪੀ.ਆਰ.ਟੀ.ਸੀ ਵਲੋਂ ਸਰਕਾਰ ਪਾਸੋਂ ਬਕਾਇਆ ਰਾਸ਼ੀ ਖੜ੍ਹੀ ਹੈ, ਉਹ ਪੈਸੇ ਦਿੱਤੇ ਜਾਣ ਤਾਂ ਸਾਰੇ ਹੱਲ ਨਿਕਲਦੇ ਹਨ।

ਪੀ ਆਰ ਟੀ ਤੋਂ ਸੂਬਾ ਆਗੂ ਜਗਤਾਰ ਸਿੰਘ ਨੇ ਕਿਹਾ ਕਿ ਪ੍ਰਾਈਵੇਟ ਕਿਲੋਮੀਟਰ ਸਕੀਮ ਬੱਸਾਂ ਨੂੰ ਲੈ ਕੇ ਵਿਭਾਗਾਂ ਦਾ ਕੀਤਾ ਜਾ ਰਿਹਾ ਨਿੱਜੀਕਰਨ ਦੀ ਲੜਾਈ ਨੂੰ ਲੈ ਕੇ ਕ੍ਰਮਚਾਰੀ ਸੰਘਰਸ ਕਰ ਰਹੇ ਸੀ। ਜਥੇਬੰਦੀ ਆਗੂਆਂ ਨੂੰ ਘਰਾਂ ਤੋਂ ਚੱਕ ਕੇ ਹਿਰਾਸਤ ਵਿੱਚ ਲੈ ਕੇ ਵਰਕਰਾਂ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕੀਤਾ ਗਿਆ ਤੇ ਵਰਕਰਾਂ ਦੇ ਨਾਲ ਪੁਲਸ ਪ੍ਰਸ਼ਾਸਨ ਵੱਲੋਂ ਧੱਕੇਸ਼ਾਹੀ ਕੀਤੀ ਗਈ। ਕ੍ਰਮਚਾਰੀਆਂ ਦੇ ਕੱਪੜੇ ਤੱਕ ਪਾੜੇ ਗਏ ਵਾਲ (ਕੇਸ) ਪੁੱਟੇ ਗਏ। 177 ਦੇ ਕਰੀਬ ਕ੍ਰਮਚਾਰੀਆਂ ਨੂੰ 5 ਦਿਨ ਬਿਨਾਂ ਕਾਰਨ ਜੇਲ੍ਹ ਵਿੱਚ ਬੰਦ ਕੀਤਾ ਗਿਆ ਤੇ 20 ਸਾਥੀਆਂ ਨੂੰ 307 ਤਹਿਤ ਜੇਲ੍ਹ ਵਿੱਚ ਬੰਦ ਕੀਤਾ ਗਿਆ, ਜਿਸ ਵਿੱਚੋਂ ਸੰਗਰੂਰ ਵਿਖੇ ਅੱਜ ਵੀ 10 ਸਾਥੀ ਜੇਲ੍ਹ ਵਿੱਚ ਬੰਦ ਹਨ।

# ਪੰਜਾਬ ਸਰਕਾਰ ਪ੍ਰਤੀ ਪਰਵਾਰ 10 ਲੱਖ ਤੱਕ ਦਾ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਲਈ ਵਚਨਬੱਧ: ਡਾ. ਬਲਬੀਰ ਸਿੰਘ

ਚੰਡੀਗੜ੍ਹ, (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਸਰਕਾਰ ਵੱਲੋਂ ਜਲਦ ਲਾਗੂ ਕੀਤੀ ਜਾਣ ਵਾਲੀ 10 ਲੱਖ ਰੁਪਏ ਦੇ ਨਕਦੀ ਰਹਿਤ ਸਿਹਤ ਬੀਮਾ ਪਹਿਲਕਦਮੀ ਦੇ ਵਿਸਥਾਰ ਲਈ ਇੱਕ ਮਹੱਤਵਪੂਰਨ ਕਦਮ ਤਹਿਤ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪ੍ਰਮੁੱਖ ਨਿੱਜੀ ਹਸਪਤਾਲਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ (ਐੱਮ ਐੱਮ ਐੱਸ ਵਾਈ) ਅਧੀਨ ਸੂਚੀਬੱਧ ਹੋ ਕੇ ਪੰਜਾਬ ਦੇ ਲੋਕਾਂ ਨੂੰ ਵਿਆਪਕ ਸਿਹਤ ਕਵਰੇਜ ਪ੍ਰਦਾਨ ਕਰਨ ਸਬੰਧੀ ਪੰਜਾਬ ਸਰਕਾਰ ਦੇ ਇਸ ਨੇਕ ਉਪਰਾਲੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਸੂਬੇ ਦੇ ਹਰ ਪਰਵਾਰ ਨੂੰ ਮਿਆਰੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਸੇਵਾਵਾਂ ਤੱਕ ਪਹੁੰਚ ਪ੍ਰਧਾਨ ਕਰਨ ਸਬੰਧੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਐਮ.ਐਮ.ਐਸ.ਵਾਈ. ਤਹਿਤ ਪ੍ਰਤੀ ਪਰਵਾਰ 10 ਲੱਖ ਰੁਪਏ ਦਾ ਸਿਹਤ ਬੀਮਾ ਕਵਰ ਪ੍ਰਦਾਨ ਕੀਤਾ ਜਾ ਰਿਹਾ ਹੈ, ਜਿਸਦਾ ਉਦੇਸ਼ ਆਮ ਆਦਮੀ ਦੇ ਮੋਢਿਆਂ ਤੋਂ ਡਾਕਟਰੀ ਇਲਾਜ ਦੇ ਵਿੱਤੀ ਬੋਝ ਨੂੰ ਦੂਰ ਕਰਨਾ ਹੈ।

# ਕਲਾਸੀਫਾਈਡ ਇਸ਼ਤਿਹਾਰ

## Change of Name

I Chanchal Kumari D/o Sh. Ravinder Kumar W/o Sh. Ravinder Gill R/o 6783, Gali No.3, Khai Mohalla, O/S Lahori Gate, Amritsar. I have changed my name after marriage from Kamni to Chanchal Kumari all concerned please note.

I, Kamla Devi D/o Yog Raj R/o Kahnuwan Road, Malikpur, Tehsil Batala, District Gurdaspur. I have changed my name from Kamla Devi to Kamaljit Kaur. Please concerned note.

I, Lovepreet Singh S/o Prem Singh R/o VPO Tarsikka, Distt. Amritsar, Punjab have changed my name from Lovepreet Singh to Singh is my surname and Lovepreet is my given name.

I, Harjit Singh S/o Rashpal Singh R/o Village Maan PO Kathunangal Tehsil and Distt. Amritsar, Punjab have changed my name from Harjit Singh to Harjit as my Given name and Singh as my Surname. Concerned note.

I, Alka D/o Sh. Surinder Pal W/o S. Amritpal Singh R/o Basti Ibrahim Khan, P.O. Mand, Teh. & Distt. Jalandhar after marriage i have changed my name Alka to Alka Sahota. Please note. (12920)

I Devinder Kaur Verman W/o Bhupinder Singh Vermani R/o 350 R, Model Town, Jalandhar, have changed my name to Devinder Kaur.

I, Balwant Singh S/o Mukhtar Singh R/o Village Talwandi, PO Malowal, Distt Amritsar Punjab have declare that Singh is my Surname Balwant is my given name

I, Rajwinder Kaur W/o Yadwinder Singh R/o Hetampura, Tehsil Ajnala, Hetampura, PO Preet Nagar District Amritsar have declare that Rajwinder is my Given name and Kaur is my Surname

I, Shveta Mehra W/o Rajesh Mehra R/o 1093, Akash Avenue, Near Shiv Mandir, Fatehgarh Churian Road, Amritsar have changed my name from Shveta Mehra to Shaveta Mehra

I Gurmeet Kaur W/o Karam Singh R/o VPO Chhajjalwaddi, Tehsil Baba Bakala, Distt Amritsar have changed my name from Manjit Kaur to Gurmeet Kaur.

I, Manmeet Kaur Pannu D/o Mehal Singh W/o Prabhdeep Singh R/o H.No. 213, Medical Enclave, Amritsar-143001 have changed my name from Manmeet Kaur Pannu to Manmeet Kaur.

I, Surjeet Singh S/O Mohinder Singh R/O Vill. Bhundian, PO. Behram Sarishta, Jalandhar-144201, Punjab have changed my name from Surjeet Singh to Surjeet As given name and Singh as surname. All note.

I, Simran Sodhi D/o S. Inderpal Singh Sodhi, R/o H. No. DX-55-D, South City near Gurudwara Sahib, Ayali Khurd, Ludhiana-142027, declare that Simran, Simran Kaur and Simran Sodhi is one and the same person. I also declare that Simran Sodhi will be used as my name for future correspondence.

I, Shobha Rani alias Shobha Bhutani W/O Ashok Kumar Bhutani, D/O Harbans Lal R/o Balachaur, Shaheed Bhagat Singh Nagar, Punjab-144521. have changed my name and shall hereafter be Known as Shobha Rani.

I, Kamaljit Kaur W/O Sohan Lal, R/o Ward No-6, Post Office Purhiran, Hoshiarpur, Punjab-146111. have changed my name and shall hereafter be Known as Kamla Devi.

I, Monu, D/O Gagandeep R/o Katehra, PO: Katehra, Dist: Fazilka, Punjab-152121. have changed my name and shall hereafter be Known as Monika Devi.

I, Rekha w/o Parshotam Kundal r/o H.No.28/11, Bhargo Nagar, Jalandhar (PB) have changed my name from Rekha to Rekha Rani. All Please Note.

I, Tripta Devi @ Anu Puri w/o Bhavnesh Kumar Puri r/o VPO. Behram, Distt. SBS Nagar, Punjab have changed my name as Anu Puri. All Please Note.

## Change of Name

I, Jagdish Ram S/o Joginder Ram R/o Village Malakpur, Distt. Kapurthala, Punjab have changed my name from Jagdish Ram to Jagdish. All Please Note.

I, Som Nath S/o Mewa Ram R/o VPO. Jamalpur, Distt. Kapurthala, Punjab have changed my name to Given name as Som & Surname as Nath. All Please Note.

I Surinder Kaur W/o Jagjit Singh R/o VPO. Saidupur, Teh.Tanda, Distt. Hoshiarpur, Punjab - 144203 Declare that I have changed the name of my Son from Gursimarpal Singh to my Son given name is Gursimarpal and Surname is Singh. Please note.

## ਬੇਦਖਲੀ ਨੋਟਿਸ

ਮੈ ਗੁਰਮੇਲ ਸਿੰਘ ਪੁੱਤਰ ਸਿੰਗਾਰਾ ਸਿੰਘ ਵਾਸੀ ਨਬੀਪੁਰ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਮੇਰਾ ਲੜਕਾ ਨਿਸ਼ਾਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ, ਸਿਕੰਦਰ ਪੁੱਤਰ ਕੇਵਲ ਮਸੀਹ, ਵਾਸੀ ਮ. ਨੰ: 412/[illegible]

[illegible]

## ਬੇਦਖਲੀ ਨੋਟਿਸ

[illegible]

## ਆਮ ਸੂਚਨਾ

[illegible]

ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਕੁਨੈਕਸ਼ਨ ਅਰਜ਼ੀ ਕਰਤਾ ਦੇ ਨਾਂਅ ਪਰ ਬਦਲੀ ਕਰ ਦਿੱਤਾ ਜਾਵੇਗਾ।

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰਬਰ ਏ ਪੀ 17/142 ਐੱਮ, ਜੋ ਦਲੀਪ ਸਿੰਘ ਵਾਸੀ ਸੇਖਵਾਂ ਦੇ ਨਾਂਅ ਚੱਲਦਾ ਹੈ, ਨੂੰ ਆਪਣੇ ਨਾਂਅ ਕਰਨ ਲਈ ਰਛਪਾਲ ਸਿੰਘ ਪੁੱਤਰ ਦਲੀਪ ਸਿੰਘ ਪਿੰਡ ਸੇਖਵਾਂ ਨੇ ਦਫ਼ਤਰ ਵਿਖੇ ਬੇਨਤੀ ਕੀਤੀ ਹੈ। ਇਸ ਬਾਰੇ ਇਤਰਾਜ਼ ਕਰਤਾ 15 ਦਿਨਾਂ ਦੇ ਅੰਦਰ-ਅੰਦਰ ਸਬ ਡਵੀਜ਼ਨ ਬਿਜਲੀ ਬੋਰਡ ਦਫ਼ਤਰ ਡੇਅਰੀਵਾਲ ਦਰੋਗਾ ਵਿਖੇ ਇਤਰਾਜ਼ ਕਰ ਸਕਦਾ ਹੈ। ਬਾਅਦ ਵਿਚ ਨਹੀਂ। ਉਪ ਮੰਡਲ ਅਫਸਰ ਡੇਅਰੀਵਾਲ ਦਰੋਗਾ।

## PUBLIC NOTICE

I, Asha Rani W/O Yash Pal, H.No. 56, Ward No.1, Post Office: Hariana Village, Hariana, District Hoshiarpur, Punjab-144208, I Solemnly Declare That My Late Husband Was Known By Two Names Yash Pal and Yash Pal Hans. Both Names are Same and one Person. He Was recognised with both names.

I, Arti Sahota W/o Sandeep Sahota, R/o- H.No. 613, Nakodar Road, Near Innocent Hearts Hospital, Eldeco Greens, Malko, Jalandhar. Distt. Jalandhar, Punjab, Pin Code 144026, Solemnly Declare That I Known By Two Names Arti and Arti Sahota W/o Sandeep Sahota. Both Names are Same and one Person. I recognised with both names.

I Ranjit Singh Son of Harbans Singh and Baljit Kaur wife of Ranjit Singh both Resident of H.No. 125 Bank avenue, Majitha Road, Amritsar stated that Kunwardeep Singh are our Sons and we are having no other children, they are having quarrels some nature and does not respect and support us so, we disinherited both of our Sons including the wife and child of our son Mandeep Singh from my movable and immovable properties, if any person deals with them, shall be at his own risk and responsibility.

I, Durgesh Kumar S/o Brahm Dutt Mishra R/o H.No. 45, Rose Garden Colony, Nahal, Distt. Jalandhar, Punjab declare that my wife Anu is out of my control. I disinherit her from my moveable and immovable properties. I and my family shall not be held responsible for any of her acts, deeds and things. All Please Note.

## ਨਾਂਅ ਦੀ ਬਦਲੀ

[illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/o 5 Rule 20 CPC)
In The Court of
Sh. Jagmohan Singh Sanghe
Principal Judge, Family Court,
Jalandhar

DMC/65/2024
CNR No. PBJL01-000464-2024
Next Date:- 07-03-2026

Kulwinder Kaur W/o Charanjit Singh alias Roshan D/O Shingara Singh Address : Guru Nanak Nagar Near Rao Karyana Store Suranussi Jalandhar

Vs.

Charanjit Singh alias Roshan S/o Tehal Singh, Address : Guru Nanak Nagar Suranussi Jalandhar also C/o Manjit alias Rinku Sheilda Wala Gulab Colony Saipur Road Jalandhar Petition Under section 13 of Hindu Marriage Act for dissolution of Marriage by a decree of divorce.

Publication Issued To :-
Charanjit Singh Alias Roshan
Father :- Tehal Singh
Guru Nanak Nagar Suranussi Jalandhar also C/o Manjit Alias Rinku Sheilda Wala Gulab Colony Saipur Road Jalandhar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-03-2026 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court
Jalandhar
Dated, this day of 05-01-2026

## CRIMINAL COURTS, LUDHIANA

In the Court of Sh. Vishi Chawla
Judicial Magistrate-Ist Class Ludhiana
CNR No: PBLD03-013494-2024
Peshi: 09-02-2026
Publication Notice For Proclamation Under Section 82 CRPC
M/S Sk Finance Ltd. Vs Akashdeep Singh
Petition Us 138 of Negotiable Instruments Act, 1881 Amended Upto Date

Notice To:
Akashdeep Singh R/o Timberwal Payal, Ludhiana, Pin- 141119, Mobile N0. 62834-49098

Whereas it has been proved to the satisfaction of the Court that the accused above named cannot be served in the ordinary way of service. Hence, this proclamation under section 82 CRPC is hereby issued against him/them and should appear personally or through their counsel on 09-02-2026 at 10.00 a.m.

Take notice that, in default of his/their appearance on the day before mentioned, the above said case will be heard and determined in his/their absence

Given under my hand and the seal of the Court this 02-01-2026
Judicial Magistrate-Ist Class Ludhiana

## COURT NOTICE

(U/o 5 Rule 20 CPC)
In The Court of
Sh. Abhishek Pathak
Civil Judge (Junior Division) -III, Barnala
CNR No. PBBR02-000617-2024
Next Date:- 25-02-2026
State Bank of India
Vs.
Bimla Devi

Publication Issued To:
Meeta Singh S/o Smt. Bimla Devi W/o Jiona Singh
:- R/o Ghumiara Wali Gali Ward No. 8, Janda Wala Road, Barnala, Teh. and Distt. Barnala

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 25-02-2026 at 10:00 a.m.

For details logon to https://highcourtchd.gov.in/?mod=district_notice&district=barnala

Civil Judge (Junior Division) -III, Barnala
Dated this day of 06-01-2026

## ਅਦਾਲਤੀ ਇਸ਼ਤਿਹਾਰ

[illegible] ਜੁਆਇੰਟ ਸਬ ਰਜਿਸਟਰਾਰ ਜੰਡਿਆਲਾ ਗੁਰੂ

ਵਿਸ਼ਾ:- [illegible]

[illegible] ਦਿੱਤਾ ਜਾਵੇ ਕਿ ਇਹ ਵਸੀਅਤ ਜ਼ੇਰ ਧਾਰਾ 40 ਭਾਰਤੀ ਰਜਿਸਟਰੇਸ਼ਨ ਐਕਟ ਅਧੀਨ ਤਸਦੀਕ ਹੋਣ ਵਿੱਚ ਕਿਸੇ ਨੂੰ ਇਤਰਾਜ਼ ਤਾਂ ਨਹੀਂ, ਜੇਕਰ ਕਿਸੇ ਧਿਰ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਇਸ਼ਤਿਹਾਰ ਜਾਰੀ ਹੋਣ ਤੋਂ (ਇੱਕ ਮਹੀਨਾ) 30 ਦਿਨ ਦੇ ਅੰਦਰ-ਅੰਦਰ ਹਾਜ਼ਰ ਹੋ ਕੇ ਉਜ਼ਰ ਪੇਸ਼ ਕਰ ਸਕਦਾ ਹੈ।ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਬਾਅਦ ਗੁਜ਼ਰਨੇ ਮਿਆਦ ਵਸੀਅਤ ਤਸਦੀਕ ਕਰ ਦਿੱਤੀ ਜਾਵੇਗੀ। ਇਹ ਮੁਸ਼ਤਰੀ ਮੁਨਿਆਦੀ ਅੱਜ ਮਿਤੀ 5.1.2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ /-ਜੁਆਇੰਟ ਸਬ ਰਜਿਸਟਰਾਰ ਜੰਡਿਆਲਾ ਗੁਰੂ

## COURT NOTICE

(U/o 5 Rule 20 CPC)
In The Court of
Sh. Jaspreet Singh
Civil Judge (Junior Division), Jalandhar
CNR No. PBJL02-004713-2023
Next Date:- 02-02-2026
Canara Bank Vs. Jagtar Singh Etc

Suit for grant of decree for recovery of Rs.129650/- alongwith interest as prayed for.

Publication Issued To:
1. Jagtar Singh S/o Sucha Singh, Village Kingra Chowla, Tehsil And District Jalandhar
2. Harvinder Singh S/o Sucha Singh R/o Village Kingra Chowla, Tehsil and District Jalandhar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 02-02-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Junior Division), Jalandhar
Dated, this day of 06-01-2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਸੰਤੋਖ ਸਿੰਘ ਔਲਖ, ਕਮਿਸ਼ਨਰ ਅੰਡਰ ਦੀ ਇੰਪਲਾਈਜ਼ ਕੰਪਨਸੇਸ਼ਨ ਐਕਟ 1923 ਕਮ ਕਿਰਤ ਤੇ ਸੁਲਾਹ ਅਫਸਰ, ਤਰਨ ਤਾਰਨ।

ਕੇਸ ਨੰ: Misc Application ਮਿਤੀ : 17-10-2025

ਹਰਪ੍ਰੀਤ ਕੌਰ ਅਤੇ ਹੋਰ ਬਨਾਮ ਮੈਸ: ਐੱਚ. ਸੀ. ਸੀ.

ਨੋਟਿਸ ਬਨਾਮ ਜਨਰਲ ਪਬਲਿਕ

ਉਪਰੋਕਤ ਕੇਸ ਵਿਚ ਉੱਤਰਵਾਦੀ ਮੈਸ : 1. HCC-KEC Consortium, DD Thendral Complex, Door No. 526, Trunk Road, Poonamalle, Chennai-56 Through its Director/ Authorized Director ਕੰਪਨੀ ਵੱਲੋਂ ਇਸ ਅਦਾਲਤ ਪਾਸ ਸ੍ਰੀ ਦਵਿੰਦਰ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਕੁਹਾੜਕਾ, ਜ਼ਿਲ੍ਹਾ ਤਰਨ ਤਾਰਨ ਦੀ ਮੌਤ ਦੇ ਮੁਆਵਜ਼ੇ ਦੇ ਇਵਜ਼ ਵਿੱਚ ਕੁੱਲ ਰਕਮ 16,48,790/- ਰੁਪਏ ਜਮ੍ਹਾਂ ਕਰਵਾਏ ਗਏ ਸਨ। ਹੁਣ ਦਵਿੰਦਰ ਸਿੰਘ ਦੀ ਭੈਣ ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਜਤਿੰਦਰ ਸਿੰਘ ਪਿੰਡ ਕੀੜੀ ਸ਼ਾਹੀ, ਤਰਨ ਤਾਰਨ ਵੱਲੋਂ ਉਕਤ ਮੁਆਵਜ਼ੇ ਦੀ ਰਕਮ ਰਿਲੀਜ਼ ਕਰਵਾਉਣ ਸੰਬੰਧੀ ਦਰਖਾਸਤ ਇਸ ਅਦਾਲਤ ਨੂੰ ਪੇਸ਼ ਕੀਤੀ ਹੈ। ਦਰਖਾਸਤ ਵਿੱਚ ਦੱਸਿਆ ਗਿਆ ਹੈ ਕਿ ਉਸ ਦੇ ਮਾਤਾ-ਪਿਤਾ ਦੀ ਮੌਤ ਬਹੁਤ ਪਹਿਲਾਂ ਹੀ ਹੋ ਗਈ ਹੈ ਅਤੇ ਉਸ ਦਾ ਇਹ ਵੀ ਕਹਿਣਾ ਹੈ ਕਿ ਉਸ ਤੋਂ ਉਸ ਦਾ ਹੋਰ ਕੋਈ ਵੀ ਭੈਣ-ਭਰਾ ਨਹੀ ਹੈ ਅਤੇ ਇਸ ਦੀ ਤਸਦੀਕ ਮੌਕੇ ਦੇ ਸਰਪੰਚ ਵੱਲੋਂ ਕੀਤੀ ਗਈ ਹੈ ਅਤੇ ਹੁਣ ਉਸ ਤੋਂ ਇਲਾਵਾ ਸ੍ਰੀ ਦਵਿੰਦਰ ਸਿੰਘ ਦਾ ਕੋਈ ਹੋਰ ਆਸ਼ਰਿਤ/ਕਾਨੂੰਨੀ ਵਾਰਸ ਨਹੀਂ ਹੈ। ਇਸ ਪਬਲਿਕ ਨੋਟਿਸ ਰਾਹੀਂ ਆਮ ਜਨਤਾ ਨੂੰ ਪੁੱਛਿਆ ਜਾਂਦਾ ਹੈ ਕਿ ਜੇਕਰ ਸ੍ਰੀ ਦਵਿੰਦਰ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਕੁਹਾੜਕਾ, ਜ਼ਿਲ੍ਹਾ ਤਰਨ ਤਾਰਨ ਦਾ ਕੋਈ ਆਸ਼ਰਤ/ਕਾਨੂੰਨੀ ਵਾਰਸ ਹੈ ਤਾਂ ਇਸ ਅਦਾਲਤ ਪਾਸ ਮਿਤੀ 23-01-2026 ਤੱਕ ਪਹੁੰਚ ਕਰ ਸਕਦਾ ਹੈ। ਉਕਤ ਮਿਤੀ ਤੱਕ ਕੋਈ ਵੀ ਇਤਰਾਜ਼ ਪ੍ਰਾਪਤ ਨਾ ਹੋਣ ਦੀ ਸੂਰਤ ਵਿੱਚ ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਜਤਿੰਦਰ ਸਿੰਘ ਪਿੰਡ ਕੀੜੀ ਸ਼ਾਹੀ, ਜ਼ਿਲ੍ਹਾ ਤਰਨ ਤਾਰਨ ਨੂੰ ਰਿਲੀਜ਼ ਕਰ ਦਿੱਤੀ ਜਾਵੇਗੀ ਅਤੇ ਉਕਤ ਮਿਤੀ ਤੋਂ ਬਾਅਦ ਕੋਈ ਵੀ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

ਇਹ ਨੋਟਿਸ ਅੱਜ ਮਿਤੀ: 23-12-2025 ਨੂੰ ਮੇਰੇ ਹਸਤਾਖਰਾਂ ਰਾਹੀਂ ਜਾਰੀ ਕੀਤਾ ਗਿਆ ਹੈ।

ਸਹੀ/-ਕਮਿਸ਼ਨਰ ਅੰਡਰ ਦੀ ਇੰਪਲਾਈਜ਼ ਕੰਪਨਸੇਸ਼ਨ ਐਕਟ 1923, ਅੰਮ੍ਰਿਤਸਰ।

## ਨੋਟਿਸ

ਦੀ ਕਿੰਗਰਾ ਕੋਆਪ੍ਰੇਟਿਵ ਐਗਰੀਕਲਚਰ ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮ. ਕਿੰਗਰਾ ਜਲੰਧਰ ਦੇ ਸਾਰੇ ਹਿੱਸੇਦਾਰਾਂ/ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਏ ਜਾਣ ਲਈ ਸਭਾ ਦੇ ਸਕੱਤਰ/ਹਲਕਾ ਨਰੀਖਕ ਸਭਾਵਾਂ ਚਮਿਆਰਾ ਰਾਹੀਂ ਜ਼ੋਨਲ ਲਿਸਟਾਂ ਇਸ ਦਫ਼ਤਰ ਨੂੰ ਪ੍ਰਵਾਨਗੀ ਲਈ ਭੇਜੀਆਂ ਗਈਆਂ ਹਨ, ਜੋ ਕਿ ਸਭਾ ਦੇ ਦਫ਼ਤਰ ਅਤੇ ਨਿਮਨਹਸਤਾਖਰੀ ਦੇ ਦਫ਼ਤਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਦੇਖੀਆਂ ਜਾ ਸਕਦੀਆਂ ਹਨ। ਇਨ੍ਹਾਂ ਦੀ ਪ੍ਰਵਾਨਗੀ ਬਾਰੇ ਕਿਸੇ ਵੀ ਮੈਂਬਰ/ਹਿੱਸੇਦਾਰ ਨੂੰ ਜੇ ਕੋਈ ਇਤਰਾਜ਼ ਹੋਵੇ ਜਾਂ ਲਿਸਟ ਵਿਚ ਸ਼ਾਮਲ ਨਾ ਕੀਤਾ ਹੋਵੇ ਤਾਂ ਉਹ ਆਪਣਾ ਇਤਰਾਜ਼ ਮਿਤੀ 22.01.2026 ਤੱਕ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲੰਧਰ-2 (ਦੀ ਜਲੰਧਰ ਕੇਂਦਰੀ ਸਹਿਕਾਰੀ ਬੈਂਕ ਲਿਮ. ਜਲੰਧਰ ਦੀ ਚੌਥੀ ਮੰਜ਼ਲ) ਦੇ ਦਫ਼ਤਰ ਵਿਚ ਦੇ ਸਕਦੇ ਹਨ। ਇਨ੍ਹਾਂ ਇਤਰਾਜ਼ਾਂ ਦੀ ਸੁਣਵਾਈ ਮਿਤੀ 23.01.2026 ਨੂੰ ਸਵੇਰੇ 11.00 ਵਜੇ ਨਿਮਨਹਸਤਾਖਰੀ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ। ਸੁਣਵਾਈ ਸਮੇਂ ਹਾਜ਼ਰ ਹੋ ਕੇ ਆਪਣਾ ਪੱਖ/ਸਬੂਤ ਪੇਸ਼ ਕੀਤਾ ਜਾਵੇ। ਇਸ ਉਪਰੰਤ ਜ਼ੋਨਾਂ ਦੀ ਪ੍ਰਵਾਨਗੀ ਦੇ ਦਿੱਤੀ ਜਾਵੇਗੀ।

(ਰੋਹਿਤ ਕੁਮਾਰ ਰਤਨ) ਪੀ. ਸੀ. ਐੱਸ-2
ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲੰਧਰ-2

## ਉੱਤਰ ਰੇਲਵੇ

### ਭੰਡਾਰ ਦੀ ਸਪਲਾਈ ਲਈ ਮੰਗ ਨਿਵਿਦਾ
### ਇਲੈਕਟ੍ਰੋਨਿਕ ਨਿਵਿਦਾ ਈ ਪ੍ਰਣਾਲੀ ਦੇ ਤਹਿਤ

ਟੈਂਡਰ ਨੋਟਿਸ ਨੰ. 06/2025-26/94255685A ਤਾਰੀਕ: 05.01.2026

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀ. ਮੰਡਲ ਸਮਗਰੀ ਪ੍ਰਬੰਧਕ/ਉਤਰ ਰੇਲਵੇ/ਭੰਡਾਰ ਬਰਾਂਚ/ਫਿਰੋਜਪੁਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|
| 1 | 94255685A | Supply, Installation, Testing and Commissioning of 500 KVA Silent DG set complying CPWD Part-VII spec with latest amendment. Details specification as per attached "Annexure-A" | 02 Nos. | 05.02.2026 |

ਨਿਵਿਦਾ ਸ਼ਰਤਾਂ:- ireps ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹਨ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣ ਅਤੇ ਪੰਜੀਕਰਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧੀਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ-III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੋਵੇ ਤਾਂ ਪ੍ਰਾਪਤ ਕਰਨਾ ਹੋਵੇਗਾ) ਹੱਥ ਨਾਲ ਲਿਖੀ ਨਿਵਿਦਾ ਸਵੀਕਾਰ ਨਹੀਂ ਕੀਤੀ ਜਾਵੇਗੀ।

45/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 23.01.2026 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਪੈਕੇਟ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 02.01.2026 | 09.01.2026 | 23.01.2026/15:00 ਵਜੇ |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 211-2025-26-ADEN-JRC | ਜਲੰਧਰ ਕੈਂਟ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅੰਤਰਗਤ ਆਉਣ ਵਾਲੇ ਅਨੁਭਾਗ ਵਿਚ 20 ਬਿਸਤਰਿਆਂ ਵਾਲੀ ਪੁਰਸ਼ ਬੈਰਕ ਦੀ ਵਿਵਸਥਾ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 90,99,909.86 | 1,80,000.00 | 60 ਦਿਨ | 08 ਮਹੀਨੇ |
| | ਵਿਸ਼ੇਸ਼ ਤਕਨੀਕੀ ਮਾਨਦੰਡ :- "ਭਵਨ/ਆਵਾਸ ਦਾ ਨਿਰਮਾਣ" । | | | | |
| 2 | 212-2025-26-ADEN-JRC | ਜਲੰਧਰ ਕੈਂਟ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅੰਤਰਗਤ ਜਲੰਧਰ ਸ਼ਹਿਰ ਸਟੇਸ਼ਨ ਉਤੇ ਯਾਰਡ ਡ੍ਰੇਨੇਜ ਅਤੇ ਜਲ ਆਪੂਰਤੀ ਕੰਮਾਂ ਵਿਚ ਸੁਧਾਰ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 49,99,579.80 | 1,00,000.00 | 60 ਦਿਨ | 06 ਮਹੀਨੇ |
| | ਵਿਸ਼ੇਸ਼ ਤਕਨੀਕੀ ਮਾਨਦੰਡ :- "ਕੋਈ ਕੰਮ ਨਹੀ" । | | | | |
| 3 | 213-2025-26-ADEN-JRC | ਜਲੰਧਰ ਕੈਂਟ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅਧਿਕਾਰ ਖੇਤਰ ਵਿਚ ਸਥਿਤ ਬਰਾਂਚ ਨੰਬਰ 20 ਸਨੇਹਵਾਲ-ਜਲੰਧਰ ਸਿਟੀ ਸੈਕਸ਼ਨ ਦੇ ਕੋਲ ਸਥਿਤ ਉਪਕਰ ਖੇਤਰ ਵਿਚ ਸੁੰਦਰੀਕਰਣ/ਮੁਰੰਮਤ ਅਤੇ ਹੋਰ ਵਿਵਿਧ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 29,13,724.82 | 58,300.00 | 60 ਦਿਨ | 04 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ :- "ਕੋਈ ਕੰਮ ਨਹੀ" । | | | | |
| 4 | 214-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਨਾ ਦੇ ਅਧਿਕਾਰ ਖੇਤਰ ਵਿਚ ਸਨੇਹਵਾਲ-ਜਲੰਧਰ ਸਿਟੀ ਖੰਡ ਉਤੇ ਬਰਾਂਚ ਨੰਬਰ 5-ਏ ਦੇ ਕੋਲ ਉਪਕਰ ਖੇਤਰ ਦੀ ਸੁੰਦਰੀਕਰਣ/ਮੁਰੰਮਤ ਅਤੇ ਹੋਰ ਵਿਵਿਧ ਕੰਮ ਅਤੇ ਵੱਖ-ਵੱਖ ਯਾਰਡਾਂ ਤੋਂ ਕਿਚੜ/ਮਲਵਾ ਹਟਾਨਾ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 57,45,414.73 | 1,14,900.00 | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ :- "ਕਿਨਾਰੇ/ਕਟਾਈ ਵਿਚ ਮਿੱਟੀ ਦੇ ਕੰਮ ਤੋਂ ਸਬੰਧਿਤ ਕੋਈ ਵੀ ਸਿਵਿਲ ਇੰਜੀਨੀਅਰਿੰਗ ਕੰਮ ।" | | | | |
| 5 | 215-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਨਾ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕਾਰਯਸ਼ਾਲਾ/ਫਾਗਵਾਰਾ ਖੰਡ ਵਿਚ ਫਾਗਵਾਰਾ-ਲੁਧਿਆਨਾ ਖੰਡ ਉਤੇ ਵੱਖ-ਵੱਖ ਲੇਵਲ-ਕਰੋਸਿੰਗ ਉਤੇ ਪਹੁੰਚ ਮਾਰਗ ਦਾ ਪੁਨਰਨਿਰਮਾਣ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 50,71,925.60 | 1,01,400.00 | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ :- "ਟ੍ਰੈਕ ਕੰਮ ਦੇ ਇਲਵਾ ਕੋਈ ਵੀ ਸਿਵਿਲ ਕੰਮ" । | | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ ।

ਟੈਂਡਰ ਸੂਚਨਾ ਪੱਤਰ ਨੰ: 211,212,213-2025-26-ADEN-JRC & 214,215-2025-26-ADEN-LDH
Date: 06.01.2026

58/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## Capital Small Finance Bank

Capital Small Finance Bank Limited
H.O: MIDAS Corporate Park, 3rd Floor, 37 G.T. Road, Jalandhar City

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

[illegible]

ਸਥਾਨ : ਜਲੰਧਰ | ਮਿਤੀ : 07.01.2026 | ਸਹੀ/- ਅਧਿਕਾਰਤ ਅਫਸਰ

## Capital Small Finance Bank

Capital Small Finance Bank Limited
H.O: MIDAS Corporate Park, 3rd Floor, 37 G.T. Road, Jalandhar City

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

[illegible]

ਸਥਾਨ : ਜਲੰਧਰ | ਮਿਤੀ : 07.01.2026 | ਸਹੀ/- ਅਧਿਕਾਰਤ ਅਫਸਰ

## ਜਲੰਧਰ 'ਚ ਸਥਾਪਤ ਹੋਵੇਗਾ ਪੀ ਪੀ ਡੀ ਸੀ ਮੇਰਠ ਦਾ ਐਕਸਟੈਂਸ਼ਨ ਸੈਂਟਰ : ਸੰਜੀਵ ਅਰੋੜਾ

**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਦੇ ਖੇਡਾਂ ਅਤੇ ਚਮੜਾ ਉਦਯੋਗ ਨੂੰ ਵਿਸ਼ਵ ਭਰ ਵਿੱਚ ਮੁਕਾਬਲੇ ਦਾ ਬਣਾਉਣ ਦੇ ਉਦੇਸ਼ ਨਾਲ ਇੱਕ ਵੱਡਾ ਮੀਲ ਪੱਥਰ ਸਥਾਪਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਲੰਧਰ ਵਿੱਚ ਇੱਕ ਐਕਸਟੈਂਸ਼ਨ ਸੈਂਟਰ ਖੋਲ੍ਹਣ ਲਈ ਐੱਮ ਐੱਸ ਐੱਮ ਈ.-ਟੈਕਨਾਲੋਜੀ ਵਿਕਾਸ ਕੇਂਦਰ (ਪੀ ਪੀ ਡੀ ਸੀ), ਮੇਰਠ ਨਾਲ ਇੱਕ ਐੱਮ ਓ ਯੂ ਤੇ ਹਸਤਾਖਰ ਕੀਤੇ ਗਏ।ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਨੇ ਖੇਡਾਂ ਦੇ ਨਿਰਮਾਣ ਸਬੰਧੀ ਭਾਗੀਦਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਇੱਕ



ਇਤਿਹਾਸਕ ਦਿਨ ਹੈ ਕਿਉਂਕਿ ਸੂਬਾ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਇਹ ਕੇਂਦਰ ਇੱਥੇ ਖੋਲ੍ਹਿਆ ਜਾਵੇਗਾ, ਜੋ ਖੋਜ ਅਤੇ ਵਿਕਾਸ (ਆਰ ਐਂਡ ਡੀ) ਨੂੰ ਯਕੀਨੀ ਬਣਾ ਕੇ ਖੇਡ ਉਦਯੋਗ ਨੂੰ ਹੁਲਾਰਾ ਦੇਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਸ਼ਹਿਰ ਦੇ ਵਿਸ਼ਵ ਪੱਧਰ 'ਤੇ ਪ੍ਰਸਿੱਧ ਖੇਡ ਸਾਮਾਨ ਨਿਰਮਾਣ ਖੇਤਰ ਨੂੰ ਮਜ਼ਬੂਤ ਕਰਨ ਲਈ ਇੱਕ ਵੱਡੀ ਪੁਲਾਂਘ ਹੈ। ਉਨ੍ਹਾਂ ਕਿਹਾ ਕਿ ਪ੍ਰੋਸੈੱਸ ਕਮ ਪ੍ਰੋਡਕਟ ਡਿਵੈਲਪਮੈਂਟ ਸੈਂਟਰ (ਪੀ ਪੀ ਡੀ ਸੀ), ਮੇਰਠ ਅਤੇ ਸਰਕਾਰੀ ਲੈਦਰ ਐਂਡ ਫੁੱਟਵੀਅਰ ਟੈਕਨਾਲੋਜੀ ਇੰਸਟੀਚਿਊਟ (ਜੀ ਆਈ ਐੱਲ ਐਫ ਟੀ), ਜਲੰਧਰ ਵਿਚਕਾਰ ਸ਼ਹਿਰ ਵਿੱਚ ਇੱਕ ਵਿਸ਼ੇਸ਼ ਤਕਨਾਲੋਜੀ ਐਕਸਟੈਂਸ਼ਨ ਸੈਂਟਰ ਸਥਾਪਤ ਕਰਨ ਲਈ ਐੱਮ ਓ ਯੂ. 'ਤੇ ਹਸਤਾਖਰ ਕੀਤੇ ਗਏ ਹਨ। ਅਰੋੜਾ ਨੇ ਕਿਹਾ ਕਿ ਇਸ ਸਮਝੌਤੇ 'ਤੇ ਰਸਮੀ ਤੌਰ 'ਤੇ ਪੀ ਪੀ ਡੀ ਸੀ ਮੇਰਠ ਦੇ ਪ੍ਰਿੰਸੀਪਲ ਡਾਇਰੈਕਟਰ ਤੇ ਜੀ ਆਈ ਐੱਲ ਐੱਫ ਟੀ ਜਲੰਧਰ ਦੇ ਪ੍ਰਿੰਸੀਪਲ ਰੋਹਿਤ ਦਹੀਆ ਨੇ ਦਸਤਖ਼ਤ ਕੀਤੇ ਹਨ। ਕੈਬਨਿਟ ਮੰਤਰੀ ਨੇ ਇਸ ਪਹਿਲਕਦਮੀ ਨੂੰ ਕ੍ਰਾਂਤੀਕਾਰੀ ਪਹਿਲ ਦੱਸਿਆ, ਜਿਸ ਸਦਕਾ ਜਲੰਧਰ ਦੇ ਖੇਡ ਉਦਯੋਗ ਨੂੰ ਦੁਨੀਆ ਦੇ ਪ੍ਰਮੁੱਖ ਨਿਰਮਾਣ ਕੇਂਦਰਾਂ ਵਿੱਚ ਜਗ੍ਹਾ ਬਣਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪ੍ਰਸਤਾਵਿਤ ਤਕਨਾਲੋਜੀ ਵਿਸਥਾਰ ਕੇਂਦਰ, ਜੋ ਕਿ 10 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਸਥਾਪਿਤ ਕੀਤਾ ਜਾਵੇਗਾ, ਵਿਕਸਤ ਹੋ ਰਹੇ ਵਿਸ਼ਵ ਪੱਧਰੀ ਮਿਆਰਾਂ ਨੂੰ ਪੂਰਾ ਕਰਨ ਲਈ ਟੈਸਟਿੰਗ, ਸਿਖਲਾਈ, ਹੁਨਰ ਵਿਕਾਸ ਅਤੇ ਖੋਜ ਤੇ ਵਿਕਾਸ (ਆਰ ਐਂਡ ਡੀ) ਲਈ ਅਤਿ-ਆਧੁਨਿਕ ਸਹੂਲਤਾਂ ਪ੍ਰਦਾਨ ਕਰੇਗਾ। ਸ੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਭਾਰਤ ਦੇ ਖੇਡਾਂ ਦੇ ਸਮਾਨ ਦੇ ਨਿਰਮਾਣ ਵਿੱਚ ਪੰਜਾਬ ਸਭ ਤੋਂ ਵੱਡੇ ਯੋਗਦਾਨ ਪਾਉਣ ਵਾਲੇ ਸੂਬੇ ਵਜੋਂ ਉਭਰਿਆ ਹੈ, ਜਿਸਦਾ ਰਾਸ਼ਟਰੀ ਉਤਪਾਦਨ 'ਚ ਲਗਭਗ 65 ਫੀਸਦੀ ਅਤੇ ਨਿਰਯਾਤ 'ਚ ਲਗਭਗ 70 ਪ੍ਰਤੀਸ਼ਤ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਇਕੱਲੇ ਜਲੰਧਰ ਵਿੱਚ 1,000 ਤੋਂ ਵੱਧ ਨਿਰਮਾਣ ਇਕਾਈਆਂ ਹਨ ਅਤੇ 150 ਤੋਂ ਵੱਧ ਅੰਤਰਰਾਸ਼ਟਰੀ ਬਾਜ਼ਾਰਾਂ ਨੂੰ ਖੇਡਾਂ ਦੇ ਸਾਮਾਨ ਦੀ ਸਪਲਾਈ ਕਰਦਾ ਹੈ। ਸ੍ਰੀ ਅਰੋੜਾ ਨੇ ਅੱਗੇ ਕਿਹਾ ਕਿ ਨਵਾਂ ਕੇਂਦਰ ਸਥਾਨਕ ਉਦਯੋਗ ਨੂੰ ਤੇਜ਼ੀ ਨਾਲ ਫੈਲ ਰਹੇ ਗਲੋਬਲ ਬਾਜ਼ਾਰ ਵਿੱਚ ਮੁਕਾਬਲੇ ਵਿੱਚ ਬਣੇ ਰਹਿਣ ਵਿੱਚ ਮਦਦ ਕਰੇਗਾ।

## ਗਣਤੰਤਰ ਦਿਵਸ ਸਮਾਰੋਹ ਚਰਨ ਗੰਗਾ ਸਟੇਡੀਅਮ 'ਚ ਹੋਵੇਗਾ : ਜਸਪ੍ਰੀਤ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਉਪ ਮੰਡਲ ਪੱਧਰ ਦਾ ਗਣਤੰਤਰਤ ਦਿਵਸ ਸਮਾਰੋਹ ਸਬੰਧੀ ਸਮੂਹ ਵਿਭਾਗਾਂ/ਸਕੂਲ ਮੁੱਖੀਆਂ ਵੱਲੋਂ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਕਰਨ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਐੱਸ ਡੀ ਐੱਮ ਦਫਤਰ ਸ੍ਰੀ ਅਨੰਦਪੁਰ ਸਾਹਿਬ ਦੇ ਮੀਟਿੰਗ ਹਾਲ ਵਿੱਚ ਹੋਈ ਜਿਸ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ/ਸਕੂਲ ਮੁੱਖੀ ਇਸ ਮੀਟਿੰਗ ਵਿੱਚ ਸ਼ਾਮਿਲ ਹੋਏ। ਜਸਪ੍ਰੀਤ ਸਿੰਘ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿਚ ਗਣਤੰਤਰ ਦਿਵਸ ਸਮਾਰੋਹ ਦੇ ਕੀਤੇ ਗਏ ਪ੍ਰਬੰਧਾ ਬਾਰੇ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਜਾਣਕਾਰੀ ਦਿੰਦਿਆ ਐੱਸ ਡੀ ਐੱਮ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਚ ਉਪ ਮੰਡਲ ਪੱਧਰ ਦਾ ਗਣਤੰਤਰਤ ਦਿਵਸ ਸਮਾਰੋਹ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ 26 ਜਨਵਰੀ ਨੂੰ ਸਵੇਰੇ 10 ਵਜੇ ਕੌਮੀ ਝੰਡਾ ਲਹਿਰਾਇਆ ਜਾਵੇਗਾ। ਇਸੇ ਤਰ੍ਹਾਂ ਪਰੇਡ ਦਾ ਨਿਰੀਖਣ 10:02 ਵਜੇ ਹੋਵੇਗਾ, ਮੁੱਖ ਮਹਿਮਾਨ ਦਾ ਭਾਸ਼ਣ 10:10 ਵਜੇ ਅਤੇ ਮਾਰਚ ਪਾਸਟ 10:20 ਵਜੇ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸਮਾਰੋਹ ਦੀ ਸਮਾਪਤੀ ਕੌਮੀ ਤਰਾਨੇ ਨਾਲ ਹੋਵੇਗੀ। ਉਨ੍ਹਾਂ ਦੱਸਿਆ ਕਿ 12 ਜਨਵਰੀ ਨੂੰ ਸੱਭਿਆਚਾਰਕ ਪੇਸ਼ਕਾਰੀਆਂ ਦੀ ਚੋਣ ਐੱਸ ਜੀ ਐੱਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਵੇਰੇ 10 ਵਜੇ ਕੀਤੀ ਜਾਵੇਗੀ ਅਤੇ 19,21 ਜਨਵਰੀ ਨੂੰ ਰਿਹਰਸਲ ਤੇ 24 ਜਨਵਰੀ ਨੂੰ ਫੁੱਲ ਡਰੈਸ ਰਿਹਰਸਲ ਚਰਨ ਗੰਗਾ ਸਟੇਡੀਅਮ ਵਿੱਚ ਸਵੇਰੇ 10 ਵਜੇ ਹੋਵੇਗੀ। ਇਸ ਮੌਕੇ ਕਰਨਵੀਰ ਸਿੰਘ ਨਾਇਬ ਤਹਿਸੀਲਦਾਰ, ਗੁਰਮਿੰਦਰ ਸਿੰਘ ਭੁੱਲਰ, ਡਾ. ਰਣਬੀਰ ਸਿੰਘ, ਭਾਵਨਾ ਦੀਵਾਨ ਐਸ.ਡੀ.ਓ, ਸੁਖਬੀਰ ਸਿੰਘ ਜੇ.ਈ, ਵਿਕਰਮਜੀਤ ਸਿੰਘ, ਰਮਨਪ੍ਰੀਤ ਕੌਰ, ਰਾਜਵਿੰਦਰ ਸਿੰਘ, ਅਰੁਣ ਸ਼ਰਮਾ,ਡਾ ਦਮਨਦੀਪ ਸਿੰਘ, ਰਜਿੰਦਰ ਸਿੰਘ, ਸਰਬਜੀਤ ਸਿੰਘ , ਡਾਕਟਰ ਸੁਰਜੀਤ ਸਿੰਘ, ਅਮਰੀਕ ਸਿੰਘ, ਸਿਮਰਨਪਾਲ ਸਿੰਘ , ਕੁਲਜੀਤ ਸਿੰਘ, ਹੇਮਰਾਜ ,ਬਲਜੀਤ ਕੌਰ, ਪਰਮਜੀਤ ਸਿੰਘ, ਇਕਬਾਲ ਸਿੰਘ, ਸਤੀਸ਼ ਕੁਮਾਰ ਮੁੱਖ ਅਧਿਆਪਕ, ਜਸਵਿੰਦਰ ਕੋਰ, ਮਨਜੀਤ ਕੁਮਾਰ, ਕਮਲਪ੍ਰੀਤ ਸਿੰਘ, ਜਸਵਿੰਦਰ ਸਿੰਘ, ਭਰਤ ਕਪੂਰ, ਜਸਪ੍ਰੀਤ ਸਿੰਘ ਬੇਦੀ, ਪੁਸ਼ਵਿੰਦਰ ਕੌਰ, ਮਨਿੰਦਰ ਸਿੰਘ ਤੇ ਵੱਖ ਵੱਖ ਸਕੂਲਾ ਦੇ ਅਧਿਆਪਕ ਹਾਜ਼ਰ ਸਨ।



## ਪ੍ਰਾਪਰਟੀ ਟੈਕਸ ਡਿਫਾਲਟਰਾਂ ਖ਼ਿਲਾਫ਼ ਸਖ਼ਤ ਕਾਰਵਾਈ ਜਾਰੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਲੰਬੇ ਸਮੇਂ ਤੋਂ ਬਕਾਇਆ ਪ੍ਰਾਪਰਟੀ ਟੈਕਸ ਅਦਾ ਨਾ ਕਰਨ ਵਾਲੇ ਡਿਫਾਲਟਰਾਂ, ਖ਼ਾਸ ਕਰਕੇ ਵੱਡੀਆਂ ਵਪਾਰਕ ਅਤੇ ਉਦਯੋਗਿਕ ਇਕਾਈਆਂ ਖ਼ਿਲਾਫ਼ ਚਲ ਰਹੀ ਕਾਰਵਾਈ ਨੂੰ ਹੋਰ ਤੇਜ਼ ਕੀਤਾ ਗਿਆ ਹੈ। ਵਾਰ-ਵਾਰ ਨੋਟਿਸ ਅਤੇ ਲੋੜੀਂਦਾ ਮੌਕਾ ਦੇਣ ਦੇ ਬਾਵਜੂਦ ਜਿਨ੍ਹਾਂ ਨੇ ਬਕਾਇਆ ਰਕਮ ਜਮ੍ਹਾ ਨਹੀਂ ਕਰਵਾਈ, ਉਨ੍ਹਾਂ ਖ਼ਿਲਾਫ਼ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਿਗਮ ਕਮਿਸ਼ਨਰ ਪਰਮਿੰਦਰ ਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਮਿਊਂਸਿਪਲ ਕਾਰਪੋਰੇਸ਼ਨ ਐਕਟ, 1976 ਦੀ ਧਾਰਾ 138-ਸੀ ਤਹਿਤ ਸੀਲਿੰਗ ਨੋਟਿਸ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਡਿਫਾਲਟਰਾਂ ਨੂੰ ਤਿੰਨ ਦਿਨਾਂ ਦੀ ਆਖ਼ਰੀ ਮਿਆਦ ਦਿੱਤੀ ਗਈ ਹੈ, ਤਾਂ ਜੋ ਬਕਾਇਆ ਪ੍ਰਾਪਰਟੀ ਟੈਕਸ, ਜੁਰਮਾਨਾ ਅਤੇ ਬਿਆਜ ਸਮੇਤ ਜਮ੍ਹਾ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ 07.01.2026 (ਬੁੱਧਵਾਰ) ਤੋਂ, ਬਿਨਾਂ ਕੋਈ ਹੋਰ ਸੂਚਨਾ ਦਿੱਤਿਆਂ ਬਕਾਇਏਦਾਰਾਂ ਦੀਆਂ ਸੰਪਤੀਆਂ ਨੂੰ ਸੀਲ ਕੀਤਾ ਜਾਵੇਗਾ।

## ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਨੇ ਲਾਇਆ ਧਰਨਾ

**ਜਲੰਧਰ (ਰਾਜੇਸ਼ ਥਾਪਾ)**- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ ਉੱਤੇ ਇਥੇ ਡੀ ਸੀ ਦਫ਼ਤਰ ਅੱਗੇ ਧਰਨਾ ਲਾਕੇ, ਮਜ਼ਦੂਰ ਜਥੇਬੰਦੀਆਂ ਨੇ ਕੇਂਦਰ ਦੀ ਮੋਦੀ ਸਰਕਾਰ ਨੂੰ ਮਜ਼ਦੂਰ ਵਿਰੋਧੀ ਦੱਸਦਿਆਂ ਸਾਰੇ ਮਜ਼ਦੂਰ ਵਿਰੋਧੀ ਕਾਨੂੰਨ ਰੱਦ ਕਰਨ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਪ੍ਰਵਾਨ ਕਰਨ ਦੀ ਮੰਗ ਕੀਤੀ ਗਈ। ਧਰਨੇ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਪੇਂਡੂ



ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਵੀਰ ਕੁਮਾਰ ਅਤੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੋਢੀ ਰਾਮ ਉੱਪਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਦੇ ਸਭ ਤੋਂ ਦੱਬੇ ਕੁੱਚਲੇ ਲੋਕਾਂ ਦੀ ਮੰਦੀ ਹਾਲਤ ਦਾ ਕਾਰਨ ਮਨੂਵਾਦੀ ਵਿਚਾਰਧਾਰਾ ਹੈ, ਜਾਤ ਪਾਤੀ ਵਿਤਕਰਾ ਅਤੇ ਜਾਇਦਾਦ ਤੋਂ ਵਾਂਝੇ ਕੀਤੇ ਇਹ ਲੋਕ ਸਦੀਆਂ ਤੋਂ ਸਮਾਜਿਕ ਕਾਣੀ ਵੰਡ ਦਾ ਸ਼ਿਕਾਰ ਹਨ, ਉਹਨਾਂ ਕਿਹਾ ਕਿ ਹੁਣ ਮਨਰੇਗਾ ਰਾਹੀਂ ਮਿਲਦੇ ਨਿਗੂਣੇ ਰੁਜ਼ਗਾਰ ਨੂੰ ਖੋਹ ਕੇ ਤੇ ਚਾਰ ਲੇਬਰ ਕੋਡ ਲਾਗੂ ਕਰਕੇ ਕੇਂਦਰ ਸਰਕਾਰ ਨੇ ਉਸੇ ਮਨੂਵਾਦੀ ਸੋਚ ਦਾ ਪ੍ਰਗਟਾਵਾ ਕੀਤਾ ਹੈ। ਮਜ਼ਦੂਰ ਆਗੂਆਂ ਨੇ ਆਪਣੇ ਮੰਗ ਪੱਤਰ ਰਾਹੀਂ ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਬਹਾਲ ਕਰਕੇ ਇਸ ਵਿਚ ਸੋਧਾਂ ਕਰਕੇ ਸਭਨਾਂ ਲੋੜਵੰਦਾਂ ਨੂੰ ਸਾਲ ਭਰ ਲਈ ਰੁਜ਼ਗਾਰ ਦੀ ਗਰੰਟੀ ਕੀਤੀ ਜਾਵੇ ਅਤੇ ਦਿਹਾੜੀ ਘੱਟੋ ਘੱਟ 700/- ਕੀਤੀ ਜਾਵੇ, ਕਿਰਤ ਕਾਨੂੰਨ ਬਹਾਲ ਕਰਨ ਅਤੇ ਬਿਜਲੀ ਸੋਧ ਬਿੱਲ ਰੱਦ ਕਰਨ ਦੀ ਮੰਗ ਕਰਦਿਆਂ, ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਨ, ਹੜਾਂ ਬਾਰਸ਼ਾਂ ਨਾਲ ਹੋਏ ਮਜ਼ਦੂਰਾਂ ਕਿਸਾਨਾਂ ਅਤੇ ਹੋਰ ਲੋਕਾਂ ਦੇ ਨੁਕਸਾਨ ਦੀ ਪੂਰਨ ਭਰਪਾਈ ਕਰਨ, ਮਜ਼ਦੂਰਾਂ ਨੂੰ ਰਿਹਾਇਸ਼ੀ ਪਲਾਟ ਦੇਣ, ਵਿਧਵਾ ਬੁਢਾਪਾ ਪੈਨਸ਼ਨ 5000/- ਰੁਪਏ ਕਰਨ, ਔਰਤਾਂ ਦੇ ਖਾਤੇ ਵਿੱਚ 1100/- ਪਾਉਣ ਸਮੇਤ ਸਾਰੀਆਂ ਚੋਣ ਗਰੰਟੀਆਂ ਲਾਗੂ ਕਰਨ ਅਤੇ ਤੀਜੇ ਹਿੱਸੇ ਦੀ ਪੰਚਾਇਤੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਸਮੇਤ ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ ਦੀ ਮੰਗ ਕੀਤੀ। ਇਕ ਵਿਸ਼ੇਸ਼ ਮਤੇ ਰਾਹੀਂ ਉਨ੍ਹਾਂ ਮਜ਼ਦੂਰ ਆਗੂ ਮੁਕੇਸ਼ ਮਲੌਦ ਨੂੰ ਤੁਰਤ ਰਿਹਾਅ ਕਰਨ ਅਤੇ ਪੱਤਰਕਾਰਾਂ 'ਤੇ ਦਰਜ ਕੀਤੇ ਕੇਸ ਵਾਪਸ ਲੈਣ ਦੀ ਮੰਗ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸਾਥੀ ਕਸ਼ਮੀਰ ਘੁਗਸ਼ੋਰ, ਬਲਦੇਵ ਨੂਰਪੁਰੀ, ਹਰਪਾਲ ਬਿੱਟੂ, ਸੁਖਜਿੰਦਰ ਲਾਲੀ, ਪਰਮਜੀਤ ਰੰਧਾਵਾ , ਕਸ਼ਮੀਰ ਮੰਡਿਆਲਾ, ਸ਼ੀਤਲ ਸਿੰਘ ਨੇ ਵੀ ਸੰਬੋਧਨ ਕੀਤਾ।

## ਹਰ ਪੰਜਾਬੀ ਤੱਕ ਸੁਰੱਖਿਅਤ ਤੇ ਟਿਕਾਊ ਸੜਕਾਂ ਪਹੁੰਚਾਉਣਾ ਮਾਨ ਸਰਕਾਰ ਦੀ ਪ੍ਰਾਥਮਿਕਤਾ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਪੰਜਾਬੀ ਤੱਕ ਸੁਰੱਖਿਅਤ, ਮਜ਼ਬੂਤ ਅਤੇ ਟਿਕਾਊ ਸੜਕਾਂ ਦੀ ਸੁਵਿਧਾ ਪਹੁੰਚਾਉਣਾ ਹੈ।



ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ ਚੱਲ ਰਹੇ ਸੜਕ ਵਿਕਾਸ ਦੇ ਪ੍ਰੋਜੈਕਟਾਂ ਨੂੰ ਤੇਜੀ ਨਾਲ ਪੂਰਾ ਕੀਤਾ ਜਾ ਰਿਹਾ ਹੈ ਤਾਂ ਜੋ ਆਮ ਲੋਕਾਂ ਨੂੰ ਆਵਾਜਾਈ ਵਿੱਚ ਸੁਵਿਧਾ ਮਿਲੇ ਅਤੇ ਵਪਾਰ, ਉਦਯੋਗ ਤੇ ਖੇਤੀਬਾੜੀ ਨੂੰ ਹੋਰ ਮਜ਼ਬੂਤੀ ਮਿਲੇ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਸੜਕਾਂ ਦੀ ਗੁਣਵੱਤਾ ਨਾਲ ਸਮਝੌਤਾ ਕੀਤਾ ਜਾਂਦਾ ਸੀ, ਜਿਸ ਕਾਰਨ ਕੁਝ ਸਮੇਂ ਬਾਅਦ ਹੀ ਸੜਕਾਂ ਟੁੱਟ ਜਾਂਦੀਆਂ ਸਨ। ਪਰ ਮਾਨ ਸਰਕਾਰ ਨੇ ਇਹ ਫੈਸਲਾ ਕੀਤਾ ਹੈ ਕਿ ਹੁਣ ਹਰ ਵਿਕਾਸ ਕੰਮ ਗੁਣਵੱਤਾ ਅਤੇ ਪਾਰਦਰਸ਼ਤਾ ਨਾਲ ਕੀਤਾ ਜਾਵੇਗਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸੜਕਾਂ ਸਿਰਫ਼ ਬਣਾਉਣੀ ਹੀ ਨਹੀਂ, ਸਗੋਂ ਲੰਮੇ ਸਮੇਂ ਤੱਕ ਚੱਲਣ ਯੋਗ ਹੋਣੀ ਚਾਹੀਦੀ ਹੈ। ਕੈਬਨਿਟ ਮੰਤਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੜਕਾਂ ਦੇ ਕੰਮਾਂ ਦੀ ਨਿਰੰਤਰ ਅਤੇ ਕੜੀ ਨਿਗਰਾਨੀ ਲਈ ਸੀ ਐੱਮ ਫਲਾਇੰਗ ਸਕੁਐਡ ਨੂੰ ਸਰਗਰਮ ਕੀਤਾ ਗਿਆ ਹੈ। ਇਹ ਟੀਮ ਅਚਾਨਕ ਮੌਕੇ 'ਤੇ ਪਹੁੰਚ ਕੇ ਕੰਮ ਦੀ ਗੁਣਵੱਤਾ, ਮਟੀਰੀਅਲ ਅਤੇ ਮਿਆਰ ਦੀ ਜਾਂਚ ਕਰਦੀ ਹੈ। ਜੇ ਕਿਸੇ ਵੀ ਪ੍ਰੋਜੈਕਟ ਵਿੱਚ ਘਾਟ ਜਾਂ ਲਾਪਰਵਾਹੀ ਪਾਈ ਜਾਂਦੀ ਹੈ ਤਾਂ ਸੰਬੰਧਤ ਠੇਕੇਦਾਰਾਂ ਅਤੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਂਦੀ ਹੈ।

## 'ਨਸ਼ਾ ਮੁਕਤ ਪੰਜਾਬ' ਤੇ 'ਨਸ਼ਿਆਂ ਵਿਰੁੱਧ ਨੌਜਵਾਨ' ਮੁਹਿੰਮ ਦੀ ਸਮਾਪਤੀ

**ਜਲੰਧਰ (ਨ ਜ ਸ)**- ਨਾਲਸਾ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵੱਲੋਂ ਨਿਰਭਉ ਸਿੰਘ ਗਿੱਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਦੀ ਅਗਵਾਈ ਵਿੱਚ ਚਲਾਈ ਗਈ ਮਹੀਨਾ ਭਰ ਦੀ ਵਿਆਪਕ ਜਾਗਰੂਕਤਾ ਮੁਹਿੰਮ 'ਨਸ਼ਾ ਮੁਕਤ ਪੰਜਾਬ' ਤੇ 'ਨਸ਼ਿਆਂ ਵਿਰੁੱਧ ਨੌਜਵਾਨ' ਸਫਲਤਾਪੂਰਵਕ ਸਮਾਪਤ ਹੋ ਗਈ। ਇਹ ਮੁਹਿੰਮ 6 ਦਸੰਬਰ 2025 ਤੋਂ 6 ਜਨਵਰੀ 2026 ਤੱਕ ਚਲਾਈ ਗਈ ਸੀ। ਨਿਰਭਉ ਸਿੰਘ ਗਿੱਲ ਤੇ ਰਾਹੁਲ ਕੁਮਾਰ, ਸੀ.ਜੇ.ਐਮ-ਕਮ-ਸਕੱਤਰ, ਡੀ ਐੱਲ ਐੱਸ ਏ ਜਲੰਧਰ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਸਮਾਜ ਨੂੰ ਨਸ਼ਾਖੋਰੀ ਦੀ ਲਾਹਨਤ ਵਿਰੁੱਧ ਲਾਮਬੰਦ ਕਰਨਾ ਅਤੇ ਕਾਨੂੰਨੀ ਸਹਾਇਤਾ, ਮੁੜ ਵਸੇਬਾ ਸੇਵਾਵਾਂ ਅਤੇ ਆਮ ਜਨਤਾ ਵਿਚਕਾਰ ਇੱਕ ਪੁਲ ਵਜੋਂ ਕੰਮ ਕਰਨਾ ਹੈ। ਇਹ ਮੁਹਿੰਮ ਜ਼ਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ, ਦੋਵਾਂ ਖੇਤਰਾਂ ਦੇ ਹਰ ਕੋਨੇ ਤੱਕ ਪਹੁੰਚਣ ਲਈ ਉਲੀਕੀ ਗਈ ਸੀ। ਇਸ ਮੁਹਿੰਮ ਦਾ ਮੁਖ ਉਦੇਸ਼ ਨੌਜਵਾਨਾਂ ਅਤੇ



ਵਿਦਿਆਰਥੀਆਂ ਨੂੰ ਨਸ਼ਾਖੋਰੀ ਦੇ ਸਰੀਰਕ, ਸਮਾਜਿਕ ਅਤੇ ਕਾਨੂੰਨੀ ਨਤੀਜਿਆਂ ਬਾਰੇ ਜਾਗਰੂਕ ਕਰਨਾ। ਉਨ੍ਹਾਂ ਦੱਸਿਆ ਕਿ ਮੁਹਿੰਮ ਦੌਰਾਨ ਪੈਨਲ ਵਕੀਲਾਂ, ਪੀ ਐੱਲ ਵੀਜ਼ ਤੇ ਐੱਲ ਏ ਡੀ ਸੀਜ਼ ਵੱਲੋਂ ਲਗਭਗ 100 ਸਕੂਲਾਂ ਦਾ ਦੌਰਾ ਕੀਤਾ ਗਿਆ ਤੇ 100 ਪਿੰਡਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਗਈ। ਇਸ ਤੋਂ ਇਲਾਵਾ ਕਮਿਊਨਿਟੀ ਸੈਂਟਰਾਂ, ਕੇਂਦਰੀ ਜੇਲ੍ਹ ਕਪੂਰਥਲਾ ਅਤੇ ਜਲੰਧਰ ਦੇ 24 ਨਸ਼ਾ ਛੁਡਾਊ ਕੇਂਦਰਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਗਏ। ਕਈ ਨਸ਼ਾ ਛੁਡਾਊ ਕੇਂਦਰਾਂ ਦਾ ਨਿਰੀਖਣ ਨਿਆਇਕ ਅਧਿਕਾਰੀਆਂ ਵੱਲੋਂ ਵੀ ਕੀਤਾ ਗਿਆ। ਇਸ ਦੌਰਾਨ ਖ਼ੂਨਦਾਨ ਤੇ ਮੈਡੀਕਲ ਕੈਂਪ ਵੀ ਲਗਾਏ ਗਏ। ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਦਫ਼ਤਰ ਦੇ ਸਹਿਯੋਗ ਨਾਲ, ਮਸ਼ਹੂਰ ਕਲਾਕਾਰਾਂ ਗੁਰਪ੍ਰੀਤ ਘੁੱਗੀ ਤੇ ਬਿੰਨੂ ਢਿੱਲੋਂ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਰਿਕਾਰਡ ਕੀਤੇ ਗਏ ਆਡੀਓ ਸੰਦੇਸ਼ ਜਲੰਧਰ ਦੇ ਲਗਭਗ 330 ਸਰਕਾਰੀ ਸੀਨੀਅਰ ਸੈਕੰਡਰੀ, ਹਾਈ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਦੀਆਂ ਸਵੇਰ ਦੀਆਂ ਸਭਾਵਾਂ ਵਿੱਚ ਸੁਣਾਏ ਗਏ।ਇਸ ਮੌਕੇ ਨਿਰਭਉ ਸਿੰਘ ਗਿੱਲ ਤੇ ਰਾਹੁਲ ਕੁਮਾਰ ਵੱਲੋਂ ਲਗਭਗ 50 ਪੈਨਲ ਵਕੀਲਾਂ, ਐੱਲ ਏ ਡੀ ਸੀ, ਪੀ ਐੱਲ ਵੀਜ਼ ਅਤੇ ਸਟਾਫ ਮੈਂਬਰਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਅਰਜਨ ਸਿੰਘ ਸੰਧੂ ਤੇ ਮਾਣਿਕ ਕੌੜਾ (ਸਿਵਲ ਜੱਜ), ਹਰਨੇਕ ਸਿੰਘ (ਮੁੱਖ ਐੱਲ ਏ ਡੀ ਸੀ), ਰਾਜੀਵ ਜੋਸ਼ੀ (ਡਿਪਟੀ ਡੀ ਈ ਓ), ਜਸਵਿੰਦਰ ਸਿੰਘ (ਡਿਪਟੀ ਮੈਡੀਕਲ ਕਮਿਸ਼ਨਰ), ਜਗਨ ਨਾਥ (ਸੀਨੀਅਰ ਸਹਾਇਕ) ਤੇ ਪੈਰਾ ਲੀਗਲ ਵਲੰਟੀਅਰ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ ਤੇ ਦੀਵਾਨ ਸਜਾਏ

**ਮਹਿਤਪੁਰ (ਰਾਜਾ)**- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਹਲਟੀ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜਾਂ ਪਿਆਰਿਆਂ ਦੀ ਅਗਵਾਈ 'ਚ



ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਜੋ ਗੁਰਦੁਆਰਾ ਹਲਟੀ ਸਾਹਿਬ ਤੋਂ ਆਰੰਭ ਹੋਏ ਅਤੇ ਦਸਮੇਸ਼ ਕਲੋਨੀ, ਮਾਡਲ ਟਾਊਨ, ਕਵਾਟਰਾਂ, ਮੇਨ ਬਾਜ਼ਾਰ, ਸ਼ਾਹਪੁਰ ਅਤੇ ਖੁਰਮਪੁਰ ਦੇ ਗਲੀ ਮਹੁੱਲਿਆ ਤੋ ਹੁੰਦਾ ਹੋਇਆ ਵਾਪਿਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਕੀਤਾ, ਜਿਸ 'ਚ ਸ਼ਾਮਿਲ ਸੰਗਤਾਂ ਦੇ ਛੱਕਣ ਲਈ ਵੱਖ ਵੱਖ ਪੜਾਵਾਂ 'ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।ਢਾਡੀ ਹਰਨੇਕ ਸਿੰਘ ਜੀ ਬੁਲੰਦਾ ਵੱਲੋਂ ਢਾਡੀ ਵਾਰਾਂ ਗਾਂ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਸਟੇਜ ਸਕੱਤਰ ਦੀ ਭੂਮਿਕਾ ਸੁਖਵਿੰਦਰ ਸਿੰਘ ਢਿਲੋ ਵੱਲੋਂ ਨਿਭਾਈ ਗਈ।ਗੁਰੂਦੁਆਰਾ ਹਲਟੀ ਸਾਹਿਬ ਪ੍ਰਭਾਤਫੇਰੀ ਕਮੇਟੀ ਵਲੋਂ ਆਰੰਭ ਕੀਤੀਆਂ ਪ੍ਰਭਾਤਫੇਰੀਆਂ ਦੀ ਸਮਾਪਤੀ ਗੁਰੁਦੁਆਰਾ ਬੇਰ ਸਾਹਿਬ ਵਿਖੇ ਸਮਾਪਤੀ ਕੀਤੀ ਗਈ ਅਤੇ ਸ਼ਾਹਪੁਰ ਦੀਆਂ ਬੀਬੀਆਂ ਵਲੋਂ ਸ਼ਬਦ ਗਾਉਣ ਦੀ ਸੇਵਾ ਕੀਤੀ ਗਈ। ਪ੍ਰਬੰਧਕ ਕਮੇਟੀ ਵਲੋਂ ਸੇਵਾਦਾਰਾਂ ਤੇ ਸਹਿਯੋਗੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਬੀਬੀ ਰਣਜੀਤ ਕੌਰ ਕਾਕੜ ਡਾਇਰੈਕਟਰ ਇੰਫੋਟੈਕ ਪੰਜਾਬ ਨੇ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਲਵਾਕੇ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ, ਟ੍ਰੈਫ਼ਿਕ ਤੇ ਸੁਰਖਿਆਂ ਦੇ ਪ੍ਰਬੰਧ ਪੁਲਿਸ ਵਲੋਂ ਸੁਚਾਰੂ ਢੰਗ ਨਾਲ ਚਲਾਏ ਗਏ। ਦੂਸਰੇ ਦਿਨ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਬੱਚਿਆਂ ਨੇ ਕਵੀਤਾਵਾਂ ਗਾਈਆਂ, ਗੁਰੂਦੁਆਰਾ ਸਾਹਿਬ ਦੇ ਜਥੇ ਵਲੋਂ ਕੀਰਤਨ ਅਤੇ ਢਾਡੀ ਦੀਵਾਨ ਸਜਾਏ ਗਏ। ਇਸ ਮੌਕੇ ਪ੍ਰਧਾਨ ਸਾਧੂ ਸਿੰਘ ਗੁਰੂਦੁਆਰਾ ਬੇਰ ਸਾਹਿਬ, ਸੁਖਵਿੰਦਰ ਸਿੰਘ ਫੌਜੀ, ਰਛਪਾਲ ਸਿੰਘ, ਨਰਿੰਦਰ ਸਿੰਘ ਬਾਜਵਾ, ਸਤਨਾਮ ਸਿੰਘ, ਸੋਨੂੰ, ਪਰਮਿੰਦਰ ਸਿੰਘ, ਸੰਤੋਖ ਸਿੰਘ, ਗੁਰਮੁੱਖ ਸਿੰਘ, ਬਿਕਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਗ੍ਰੰਥੀ ਅਮਰਪਾਲ ਸਿੰਘ, ਗ੍ਰੰਥੀ ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਜੋਸਨ, ਬਲਜੀਤ ਸਿੰਘ ਸਾਬੀ, ਹਰਬੰਸ ਸਿੰਘ, ਸੰਜੀਵ ਪ੍ਰਿੰਸ, ਸੁਖਜੀਤ ਸਿੰਘ, ਜਗਦੀਪ ਸਿੰਘ, ਲਖਜੀਤ ਸਿੰਘ ਸ਼ੇਰੀ, ਮਹਿੰਦਰਪਾਲ ਸਿੰਘ, ਰਣਜੀਤ ਸਿੰਘ, ਨਿਰਮਲ ਸਿੰਘ ਆਦਿ ਹਾਜ਼ਰ ਸਨ।

## ਮਾਇਆਵਤੀ ਦੇ ਜਨਮ ਦਿਨ 'ਤੇ 15 ਨੂੰ ਹੋਵੇਗੀ ਵਿਸ਼ਾਲ ਰੈਲੀ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਦੀ ਰਾਸ਼ਟਰੀ ਪ੍ਰਧਾਨ ਕੁਮਾਰੀ ਮਾਇਆਵਤੀ ਦਾ ਜਨਮ ਦਿਨ ਜਨ ਕਲਿਆਣ ਦਿਵਸ ਵਜੋਂ ਮਨਾਇਆ ਜਾਵੇਗਾ ਜਿਸ ਤਹਿਤ 15 ਜਨਵਰੀ ਨੂੰ



ਗੜ੍ਹਸ਼ੰਕਰ ਵਿਖੇ ਵਿਸ਼ਾਲ ਜਨ ਕਲਿਆਣ ਦਿਵਸ ਰੈਲੀ ਹੋਵੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਗੜ੍ਹਸ਼ੰਕਰ ਵਿਖੇ ਬਸਪਾ ਮੀਟਿੰਗ ਦੌਰਾਨ ਰੈਲੀ ਦੀਆਂ ਤਿਆਰੀਆਂ ਲਈ ਸਮੀਖਿਆ ਕੀਤੀ ਅਤੇ ਸੁਚੱਜੇ ਪ੍ਰਬੰਧਾਂ ਲਈ ਆਗੂਆਂ ਦੀਆਂ ਡਿਊਟੀਆਂ ਲਗਾਈਆਂ। ਕਰੀਮਪੁਰੀ ਨੇ ਕਿਹਾ ਪਿੰਡ ਪਿੰਡ ਵਿੱਚੋਂ ਵੱਡੇ ਪੱਧਰ ਤੇ ਬਸਪਾ ਵਰਕਰ ਸਮਰਥਕ ਪੰਜਾਬੀਆਂ ਨੂੰ ਪੰਜਾਬ ਸੰਭਾਲੋ ਮੁਹਿੰਮ ਤਹਿਤ ਸੱਦਾ ਦਿੱਤਾ ਗਿਆ ਹੈ। ਉਨਾਂ ਕਿਹਾ ਭੈਣ ਕੁਮਾਰੀ ਮਾਇਆਵਤੀ ਦੇ ਜਨਮ ਦਿਨ ਤੇ ਕਿਰਤੀ, ਕਾਮੇ, ਮਜਦੂਰ ਛੋਟਾ ਕਿਸਾਨ ਦੁਕਾਨਦਾਰ ਤੇ ਕਰਮਚਾਰੀਆਂ ਦੇ ਮੁੱਦੇ ਵੀ ਉਠਾਏ ਜਾਣਗੇ। ਕਰੀਮਪੁਰੀ ਨੇ ਕਿਹਾ ਮਨਰੇਗਾ ਸਕੀਮ ਨੂੰ ਕੇਂਦਰ ਦੀ ਭਾਜਪਾ ਸਰਕਾਰ ਅਸਿੱਧੇ ਢੰਗ ਨਾਲ ਖਤਮ ਕਰਨ ਦੀ ਦਿਸ਼ਾ 'ਚ ਅੱਗੇ ਵਧ ਰਹੀ ਹੈ ਤੇ ਸਰਕਾਰ ਮਜ਼ਦੂਰਾਂ ਦਾ ਸ਼ੋਸ਼ਣ ਕਰਨ ਤੇ ਲੱਗੀ ਹੋਈ ਹੈ। ਕਰੀਮਪੁਰੀ ਨੇ ਕਿਹਾ ਮਨਰੇਗਾ ਦੇ ਹੱਕ ਵਿੱਚ ਕਿਰਤੀਆਂ ਦੇ ਹਿੱਤਾਂ ਦੀ ਆਵਾਜ਼ ਬੁਲੰਦ ਕੀਤੀ ਜਾਵੇਗੀ। ਉਨਾਂ ਕਿਹਾ ਔਰਤਾਂ ਦੇ ਖਾਤੇ 'ਚ ਇੱਕ ਇੱਕ ਹਜਾਰ ਰੁਪਿਆ ਪਾਉਣ ਦਾ ਜੋ ਵਾਅਦਾ ਆਮ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਕੀਤਾ ਸੀ ਉਹ ਵਾਅਦਾ ਸਰਕਾਰ ਨੂੰ ਯਾਦ ਕਰਵਾਇਆ ਜਾਵੇਗਾ ਕਿ 48 ਹਜਾਰ ਰੁਪਿਆ ਔਰਤਾਂ ਦੇ ਖਾਤੇ ਵਿਚ ਸਰਕਾਰ ਪਾ ਕੇ ਆਪਣਾ ਵਾਅਦਾ ਨਿਭਾਵੇ। ਕਰੀਮਪੁਰੀ ਨੇ ਕਿਹਾ ਪੰਜਾਬ ਸੰਭਾਲੋ ਮੁਹਿੰਮ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਤੇ ਦੋਸ਼ੀਆਂ ਨੂੰ ਸਜ਼ਾ ਦੇਣ ਦਾ ਵਾਅਦਾ ਯਾਦ ਕਰਾਇਆ ਜਾਵੇਗਾ, ਡਰੱਗ ਮਾਫੀਆ, ਰੇਤ ਮਾਫੀਆ ਦੇ ਖਾਤਮੇ ਦਾ ਵਾਅਦਾ ਯਾਦ ਕਰਾਇਆ ਜਾਵੇਗਾ, ਪੰਜਾਬ ਸੰਭਾਲੋ ਮੁਹਿੰਮ ਬਦਹਾਲ ਪੰਜਾਬ ਨੂੰ ਖੁਸ਼ਹਾਲ ਪੰਜਾਬ ਬਣਾਉਣ ਲਈ ਪੰਜਾਬ ਦੇ ਪਿੰਡ ਪਿੰਡ ਵਿੱਚ ਪਹੁੰਚ ਕੇ ਸਿਹਤਮੰਦ ਪੰਜਾਬ ਦੇ ਨਿਰਮਾਣ ਲਈ ਪੰਜਾਬੀਆਂ ਨੂੰ ਸੱਦਾ ਦਿੱਤਾ ਗਿਆ ਹੈ। ਇਸ ਮੌਕੇ ਸਟੇਟ ਕੁਆਰਡੀਨੇਟਰ ਚੌਧਰੀ ਗੁਰਨਾਮ ਸਿੰਘ, ਸਟੇਟ ਸੈਕਟਰੀ ਗੜ੍ਹਸ਼ੰਕਰ ਵਿਧਾਨ ਸਭਾ ਦੇ ਇੰਚਾਰਜ ਰਣਬੀਰ ਬੱਬਰ, ਜ਼ਿਲ੍ਹਾ ਕੋਆਰਡੀਨੇਟਰ ਇੰਚਾਰਜ ਗੜ੍ਹਸ਼ੰਕਰ ਬਖਸ਼ੀਸ਼ ਭੀਮ, ਵਿਧਾਨ ਸਭਾ ਦੇ ਇੰਚਾਰਜ ਅਸ਼ੋਕ ਬਡੇਸਰੋਂ, ਵਿਧਾਨ ਸਭਾ ਦੇ ਪ੍ਰਧਾਨ ਸਰਪੰਚ ਮਲਕੀਤ ਸੋਨੀ, ਚਰਨਜੀਤ ਸਿੰਘ ਮਜਾਰਾ ਡੀਗਰੀਆਂ ਤੋਂ ਇਲਾਵਾ ਹੋਰ ਪਾਰਟੀ ਲੀਡਰਸ਼ਿਪ ਮੌਜੂਦ ਸੀ।

## ਪੁਲਾਂ ਦੇ ਨਿਰਮਾਣ ਕਾਰਜਾਂ ਲਈ ਸਿੱਧਵਾਂ ਨਹਿਰ 21 ਦਿਨਾਂ ਲਈ ਬੰਦ ਰਹੇਗੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਜਲ ਸਰੋਤ ਵਿਭਾਗ ਨੇ ਸਿੱਧਵਾਂ ਨਹਿਰ ਨੂੰ 21 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ ਕੀਤਾ ਹੈ।ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪੁਲਾਂ ਦੀ ਉਸਾਰੀ ਦੇ ਕੰਮ ਕਰਵਾਉਣ ਲਈ ਸਿੱਧਵਾਂ ਨਹਿਰ 7 ਜਨਵਰੀ ਤੋਂ 27 ਜਨਵਰੀ, 2026 ਤੱਕ (ਦੋਵੇਂ ਦਿਨਾਂ ਸਮੇਤ) 21 ਦਿਨਾਂ ਲਈ ਬੰਦ ਰਹੇਗੀ।ਇਹ ਹੁਕਮ ਪੰਜਾਬ ਕੈਨਾਲ ਅਤੇ ਡਰੇਨੇਜ ਐਕਟ, 2023 (ਭਾਗ-3) ਅਧੀਨ ਜਾਰੀ ਰੂਲਾਂ ਦੇ ਰੂਲ 61 ਤਹਿਤ ਜਾਰੀ ਕੀਤੇ ਗਏ ਹਨ। ਇਸ ਸੰਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।

## ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ ਭਲਕੇ

**ਬੰਗਾ (ਅਵਤਾਰ ਕਲੇਰ)**- ਜਾਗਰੂਕਤਾ ਹੀ ਸ਼ਕਤੀਕਰਨ ਹੈ ਕੈਂਸਰ ਦੀ ਜਾਂਚ ਅਤੇ ਜਾਗਰੂਕਤਾ ਮੁਹਿੰਮ, ਕੈਂਸਰ ਦੇ ਲੱਛਣਾਂ ਨੂੰ ਅਗਾਂਊ ਪਹਿਚਾਣੋ ਅਤੇ ਕੈਂਸਰ ਬਣਨ ਤੋਂ ਪਹਿਲਾਂ ਹੀ ਰੋਕੋ ਕੈਂਸਰ ਜਾਂਚ ਅਤੇ ਜਾਗਰੂਕਤਾ ਕੈਂਪ ਸ੍ਰੀ ਗੁਰੂ ਰਵਿਦਾਸ ਮਿਸ਼ਨ ਚੈਰੀਟੇਬਲ ਹਸਪਤਾਲ ਪਿੰਡ ਥਾਂਦੀਆ ਵਿਖੇ 8 ਜਨਵਰੀ ਦਿਨ ਵੀਰਵਾਰ ਸਮਾਂ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾ ਰਿਹਾ ਹੈ। ਕੈਂਸਰ ਦੀ ਜਾਂਚ ਅਤੇ ਜਾਗਰੂਕਤਾ ਲਈ ਫਰੀ ਸਹੂਲਤਾਂ, ਡਾਕਟਰੀ ਜਾਂਚ ਅਤੇ ਸਲਾਹ, ਔਰਤਾਂ ਦੀ ਛਾਤੀ ਲਈ ਮੈਰੋਗਰਾਫੀ ਟੈਸਟ, ਔਰਤਾ ਦੀ ਬੱਚੇਦਾਨੀ ਪੈਪ - ਸਮੇਅਰ ਟੈਸਟ, ਬੰਦਿਆਂ ਦੇ ਗਦੂਦਾਂ ਦੀ ਜਾਂਚ ਲਈ ਟੈਸਟ, ਬਲੱਡ ਕੈਂਸਰ ਦੀ ਜਾਂਚ ਲਈ ਟੈਸਟ, ਮੂੰਹ ਅਤੇ ਗਲੇ ਦੀ ਜਾਂਚ, ਹੱਡੀਆਂ ਦੀ ਜਾਂਚ ਲਈ ਟੈਸਟ, ਜਨਰਲ ਦੁਵਾਈਆ ਅਤੇ ਕੈਂਸਰ ਮਰੀਜ਼ਾਂ ਨੂੰ ਸਹੀ ਸਲਾਹ ਚੰਡੀਗੜ੍ਹ ਤੋਂ ਆਏ ਡਾਕਟਰ ਸਾਹਿਬਾਨ ਦੇਣਗੇ। ਇਸ ਕੈਂਪ ਦਾ ਉਦਘਾਟਨ ਕੇਵਲ ਸਿੰਘ ਪਟਵਾਰੀ ਨਿਵਾਸੀ ਬੜਾ ਪਿੰਡ ਉੱਘੇ ਸਮਾਜ ਸੇਵਕ ਕਰਨਗੇ।

## ਖੱਬੀਆਂ ਪਾਰਟੀਆਂ ਦੇ ਸੱਦੇ ਤੇ ਮਗਨਰੇਗਾ ਮਜ਼ਦੂਰਾਂ ਨੂੰ ਕੀਤਾ ਲਾਮਬੰਦ

**ਨੰਗਲ (ਸੁਰਜੀਤ ਢੇਰ)**- ਖੱਬੀਆਂ ਪਾਰਟੀਆਂ ਦੇ ਸੱਦੇ ਤੇ ਵੱਖ-ਵੱਖ ਪਿੰਡਾਂ ਵਿੱਚ ਮਨਰੇਗਾ ਮਜ਼ਦੂਰਾਂ ਦੀਆਂ ਮੀਟਿੰਗਾਂ ਕਰਾ ਕੇ ਉਹਨਾਂ ਨੂੰ ਲਾਮਬੰਦ ਕੀਤਾ ਗਿਆ। ਇਸ ਮੌਕੇ ਤੇ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਜ਼ਿਲ੍ਹਾ ਕਮੇਟੀ ਮੈਂਬਰ ਰਾਮ ਕਿਸ਼ਨ ਦਬਕੇਹੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮਜ਼ਦੂਰ ਵਿਰੋਧੀ ਕਾਨੂੰਨ ਵੀ ਬੀ ਜੀ ਰਾਮ ਜੀ ਜੋ ਲੈ ਕੇ ਆ ਰਹੀ ਹੈ ਇਸ ਨਾਲ ਮਜ਼ਦੂਰਾਂ ਦਾ ਰੁਜ਼ਗਾਰ ਖੁਸ ਜਾਵੇਗਾ। ਦੇਸ਼ ਅੰਦਰ 12 ਕਰੋੜ ਲੋਕ ਮਨਰੇਗਾ ਵਿੱਚ ਕੰਮ ਕਰਕੇ ਆਪਣੇ ਪਰਵਾਰ ਪਾਲ ਰਹੇ ਹਨ। ਪਰ ਮੋਦੀ ਸਰਕਾਰ ਗਰੀਬਾਂ ਦੇ ਚੁੱਲੇ ਠੰਡੇ ਕਰ ਰਹੀ ਹੈ ।ਉਹਨਾਂ ਨੇ ਕਿਹਾ ਕਿ ਇਸ ਕਾਨੂੰਨ ਦੇ ਖਿਲਾਫ ਮਜ਼ਦੂਰਾਂ ਨੂੰ ਲਾਮਬੰਦ ਹੋ ਕੇ ਲੜਨਾ ਪਵੇਗਾ। ਆਗੂਆਂ ਨੇ ਪਿੰਡ ਗੱਗ,ਜਾਂਦਲਾ ਉੱਪਰ, ਦਬਕੇਹੜਾ ਵਿਖੇ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਕਰਕੇ 16 ਜਨਵਰੀ ਡਿਪਟੀ ਕਮਿਸ਼ਨਰ ਦਫਤਰ ਮੂਹਰੇ ਦਿੱਤੇ ਜਾ ਰਹੇ ਧਰਨਿਆਂ ਵਿੱਚ ਵੱਡੀ ਗਿਣਤੀ 'ਚ ਪੁੱਜਣ ਦਾ ਸੁਨੇਹਾ ਦਿੱਤਾ ਗਿਆ। ਉਹਨਾਂ



ਨੇ ਕਿਹਾ ਕਿ 3 ਤੋਂ 20 ਜਨਵਰੀ ਤੱਕ ਪਿੰਡਾਂ ਵਿੱਚ ਭਰਵੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ।ਇਸ ਮੌਕੇ ਤੇ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਬਿਜਲੀ ਸੋਧ ਬਿੱਲ 2025 ਲੈ ਕੇ ਆ ਰਹੀ ਹੈ ਇਸ ਨਾਲ ਬਿਜਲੀ ਪ੍ਰਾਈਵੇਟ ਹੱਥਾਂ ਵਿੱਚ ਚਲਾ ਜਾਵੇਗੀ ਤੇ ਜੋ ਸਬਸਿਡੀਆ ਮਿਲ ਰਹੀਆਂ ਹਨ ਉਹਨਾਂ ਨੂੰ ਬੰਦ ਕਰ ਦਿੱਤਾ ਜਾਵੇਗਾ। ਬਿਜਲੀ ਆਮ ਲੋਕਾਂ ਤੇ ਪਹੁੰਚ ਤੋਂ ਬਾਹਰ ਹੋ ਜਾਵੇਗੀ। ਇਸ ਦੇ ਨਾਲ ਹੀ ਬੀਜ ਬਿੱਲ 2025 ਲਿਆਂਦਾ ਜਾ ਰਿਹਾ ਜੋ ਕਾਰਪੋਰੇਟ ਘਰਾਣਿਆਂ ਦਾ ਖੇਤੀ ਤੇ ਕਬਜ਼ਾ ਹੋ ਜਾਵੇਗਾ। ਮੋਦੀ ਸਰਕਾਰ ਨੇ ਮਜ਼ਦੂਰਾਂ ਦੇ ਭਲੇ ਲਈ ਆਜ਼ਾਦੀ ਤੋਂ ਬਾਅਦ ਕਾਨੂੰਨਾਂ ਨੂੰ ਰੱਦ ਕਰਕੇ ਚਾਰ ਲੇਬਰ ਕੋਡ ਬਣਾ ਦਿੱਤੇ ਹਨ, ਜੋ ਮਜ਼ਦੂਰਾਂ ਨੂੰ ਬੰਧੂਆ ਮਜ਼ਦੂਰ ਬਣਾ ਦੇਵੇਗਾ।ਆਗੂਆਂ ਨੇ ਕਿਹਾ ਕਿ ਸੰਘਰਸ਼ ਤੋਂ ਬਿਨਾਂ ਕੋਈ ਵੀ ਹੱਲ ਨਹੀਂ ਤੇ ਮਜ਼ਦੂਰਾਂ ਨੂੰ ਲਾਮਬੰਦ ਹੋ ਕੇ ਲੜਨ ਦਾ ਸੱਦਾ ਦਿੱਤਾ।ਇਸ ਮੌਕੇ ਬਰਜਿੰਦਰ ਸਿੰਘ ਡੋਡ,ਸੰਯੋਗਤਾ ਦੇਵੀ, ਭੋਲਾਂ ਦੇਵੀ,ਉਰਮਲਾ ਦੇਵੀ, ਰਾਣੀ, ਸੰਤੋਸ਼ ਕੁਮਾਰੀ, ਸੱਤਿਆ ਦੇਵੀ, ਕਰਨੈਲ, ਪੁਰਮਲਾ, ਰਾਜੋ, ਮਨਜੀਤ ਕੌਰ, ਸੋਮਾ ਦੇਵੀ, ਕੁਲਵਿੰਦਰ ਕੌਰ, ਪਿਆਰੋ ਦੇਵੀ, ਸੰਕੁਤਲਾ ਦੇਵੀ, ਸੰਯੋਗਤਾ ਦੇਵੀ ,ਪੁਸ਼ਪਾ ਦੇਵੀ, ਚਰਨਜੀਤ ਕੌਰ, ਪਰਮਜੀਤ ਕੌਰ ਸਮੇਤ ਹੋਰ ਮਜ਼ਦੂਰ ਹਾਜ਼ਰ ਸਨ।

## ਮੰਗਤ ਰਾਮ ਢੰਡੋਵਾਲ ਨੂੰ ਭਰਪੂਰ ਸ਼ਰਧਾਂਜਲੀਆਂ

**ਸ਼ਾਹਕੋਟ (ਗਿਆਨ ਸੈਦਪੁਰੀ)**- ਡਾ. ਬੀ ਆਰ ਅੰਬੇਡਕਰ ਆਰਮੀ ਦੇ ਸੂਬਾ ਪ੍ਰਧਾਨ ਵੀਰ ਕੁਲਵੰਤ ਸਿੰਘ ਢੰਡੋਵਾਲ, ਕੀਰਤਨੀ ਜਥੇ ਵੀਰ ਜਸਵੰਤ ਪੁਰਸ਼ਾਰਥੀ ਤੇ ਸੰਦੀਪ ਪੁਰਸ਼ਾਰਥੀ ਦੇ ਪਿਤਾ ਮੰਗਤ ਰਾਮ (ਮੰਗੀ ਪ੍ਰਧਾਨ) ਨੂੰ ਉਹਨਾਂ ਦੇ ਪਿੰਡ ਢੰਡੋਵਾਲ ਦੇ ਵਾਲਮੀਕ ਮੰਦਰ ਵਿੱਚ ਸਿਆਸੀ, ਸਮਾਜੀ ਅਤੇ ਧਾਰਮਿਕ ਖੇਤਰ ਦੇ ਵੱਖ-ਵੱਖ ਆਗੂਆਂ ਨੇ ਭਰਪੂਰ ਸ਼ਰਧਾਂਜਲੀਆਂ ਭੇਟ ਕੀਤੀਆਂ। ਉਹ ਪਿਛਲੇ ਦਿਨੀ ਅਚਾਨਕ ਵਿਛੋੜਾ ਦੇ ਗਏ ਸਨ। ਬੁਲਾਰਿਆਂ ਨੇ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਜਿੱਥੇ ਮੰਗਤ ਰਾਮ ਦੇ ਵਿਅਕਤੀਤਵ ਬਾਰੇ ਗੱਲਾਂ ਕੀਤੀਆਂ ਉੱਥੇ ਉਹਨਾਂ ਦੇ ਤਿੰਨਾਂ ਪੁੱਤਰਾਂ ਵੱਲੋਂ ਸਮਾਜ ਵਿੱਚ ਬਣਾਈ ਸਤਿਕਾਰਤਾ ਥਾਂ ਦਾ ਵੀ ਵਰਨਣ ਕੀਤਾ। ਮਾਂ-ਬਾਪ ਅਤੇ ਔਲਾਦ ਦੇ ਆਪਸੀ ਰਿਸ਼ਤਿਆਂ ਨੂੰ ਪ੍ਰਭਾਸ਼ਿਤ ਕਰਦਿਆਂ ਕਿਹਾ ਗਿਆ ਕਿ ਮਾਂ-ਬਾਪ ਹਮੇਸ਼ਾ ਹੀ ਆਪਣੇ ਬੱਚਿਆਂ ਨੂੰ ਸਖਸ਼ ਤੋਂ ਸ਼ਖਸ਼ੀਅਤ ਬਣਾਉਣ ਦੀ ਕੋਸ਼ਿਸ਼ ਕਰਦੇ ਹਨ। ਮੰਗਤ ਰਾਮ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਯਸ਼ਪਾਲ ਭੀਲ, ਸੁਆਮੀ ਸ਼ਿਵ ਨਾਥ, ਭਾਜਪਾ ਆਗੂ ਰਾਣਾ ਹਰਦੀਪ ਸਿੰਘ, ਆਪ ਦੇ ਸੀਨੀਅਰ ਆਗੂ ਦਰਸ਼ਨ ਸਿੰਘ ਟਾਹਲੀ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸ਼ਤੀਸ਼ ਰਿਹਾਨ, ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ ਤੇ ਭਾਜਪਾ ਆਗੂ ਦਲਬੀਰ ਸਿੰਘ ਸੱਭਰਵਾਲ ਸ਼ਾਮਲ ਹਨ। ਇਸ ਤੋਂ ਪਹਿਲਾਂ ਭਗਵਾਨ ਵਾਲਮੀਕ ਕੀਰਤਨੀ ਜਥੇ ਮੁਕੇਸ਼ ਕੁਮਾਰ, ਚੰਡੀਗੜ ਰਕੇਸ਼ ਕੁਮਾਰ ਤੇ ਸਾਥੀਆਂ ਨੇ ਵੈਰਾਗਮਈ ਕੀਰਤਨ ਕੀਤਾ। ਸਟੇਜ ਸੰਚਾਲਨ ਵੀਰ ਕੁਲਵੰਤ ਸਿੰਘ ਕੰਤਾ ਨੇ ਕੀਤਾ। ਇਸੇ ਦੌਰਾਨ ਦੱਸਿਆ ਕਿ ਪੰਜਾਬ ਦੀ ਸਾਬਕਾ ਮੁੱਖ ਮੰਤਰੀ ਰਜਿੰਦਰ ਕੌਰ ਭੱਠਲ ਅਤੇ ਹੋਰ ਨੇਤਾਵਾਂ ਦੇ ਸ਼ੋਕ ਸੰਦੇਸ਼ ਆਏ ਹਨ। ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਅਕਾਲੀ ਦਲ (ਬਾਦਲ) ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਤੇ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਵੀ ਹਾਜ਼ਰੀ ਲਗਵਾ ਕੇ ਗਏ ਹਨ। ਸ਼ਰਧਾਂਜਲੀ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਸਾਬਕਾ ਸਰਪੰਚ ਢੰਡੋਵਾਲ, ਅਕਾਲੀ ਦਲ (ਬਾਦਲ) ਦੇ ਆਗੂ ਤਜਿੰਦਰ ਸਿੰਘ ਰਾਮਪੁਰ, ਸ਼੍ਰੋਮਣੀ ਰੰਗਰੇਟਾ ਦਲ ਦੇ ਸੂਬਾ ਪ੍ਰਧਾਨ ਅਮਰਜੀਤ ਸਿੰਘ ਈਦਾ, ਜੋਗਿੰਦਰ ਸਿੰਘ ਟਾਈਗਰ ਸਾਬਕਾ ਸਰਪੰਚ ਕੋਟਲੀ ਗਾਜਰਾਂ ਬਸਤੀ, ਮੈਂਬਰ ਨਗਰ ਪੰਚਾਇਤ ਸ਼ਾਹਕੋਟ ਪਰਵੀਨ ਗਰੋਵਰ, ਭਾਜਪਾ ਆਗੂ ਹਰਦੇਵ ਸਿੰਘ ਪੀਟਾ ਤੇ ਕਮਲ ਕੁਮਾਰ ਨਾਹਰ, ਭੂਸ਼ਣ ਸਿੱਧੂ ਸਲੈਚਾ, ਮਾਸਟਰ ਜਤਿੰਦਰ ਪਾਲ ਸਿੰਘ ਜੱਸਲ, ਅੰਮ੍ਰਿਤਪਾਲ ਸਿੰਘ ਜੋਨਾ, ਸਾਬਕਾ ਬਲਾਕ ਸੰਮਤੀ ਮੈਂਬਰ ਚਰਨਜੀਤ ਥੰਮੂਵਾਲ, ਆਪ ਦੇ ਸੀਨੀਅਰ ਆਗੂ ਡਾ. ਵਿਲੀਅਮ ਜੌਨ, ਨਰੇਸ਼ ਸੱਭਰਵਾਲ, ਅੰਮ੍ਰਿਤ ਲਾਲ ਕਾਕਾ, ਸਾਬੀ ਸੱਭਰਵਾਲ, ਹੈਪੀ ਸ਼ਾਹਕੋਟ ਆਗੂ ਕੁਲ ਹਿੰਦ ਕਿਸਾਨ ਸਭਾ, ਚਰਨਜੀਤ ਸਲੈਚਾ, ਦੇਸ ਰਾਜ ਭੀਲ ਪਰਜੀਆਂ, ਮੰਡੀ ਕਮੇਟੀ ਸ਼ਾਹਕੋਟ ਦੇ ਪ੍ਰਧਾਨ ਪਵਨ ਅੱਗਰਵਾਲ, ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਅਹੁਦੇਦਾਰ ਸੋਨੂੰ ਮਿੱਤਲ ਆਦਿ ਸ਼ਾਮਿਲ ਸਨ। ਨਿਹੰਗ ਸਿੰਘ ਜਥੇਬੰਦੀਆਂ ਦੇ ਕੌਮੀ ਆਗੂ ਬਲਵੀਰ ਸਿੰਘ ਚੀਮਾ ਨੇ ਸਭ ਦਾ ਧੰਨਵਾਦ ਕਰਦਿਆਂ ਮੰਗਤ ਰਾਮ ਦੇ ਪੁੱਤਰਾਂ ਵੱਲੋਂ ਦਲਿਤ ਸਮਾਜ ਲਈ ਕੀਤੇ ਜਾ ਰਹੇ ਕਾਰਜਾਂ 'ਤੇ ਵੀ ਚਾਨਣਾ ਪਾਇਆ।



## ਸ਼ਾਮ ਲਾਲ ਦੀ ਸੇਵਾ-ਮੁਕਤੀ 'ਤੇ ਸ਼ਾਨਦਾਰ ਵਿਦਾਇਗੀ ਪਾਰਟੀ

ਸ਼ਾਹਕੋਟ (ਗਿਆਨ ਸੈਦਪੁਰੀ)-ਸ਼ਾਮ ਲਾਲ ਦੌਧਰ ਮੰਡੀ ਸੁਪਰਵਾਈਜ਼ਰ ਮਾਰਕੀਟ ਕਮੇਟੀ ਸ਼ਾਹਕੋਟ ਦੀ ਸੇਵਾ ਮੁਕਤੀ 'ਤੇ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ।ਉਨ੍ਹਾਂ ਦੇ ਗ੍ਰਹਿ ਢੰਡੋਵਾਲ ਵਿਖੇ ਸਵੇਰ



ਵੇਲੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਅਤੇ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਸੁਰਿੰਦਰਜੀਤ ਸਿੰਘ ਚੱਠਾ, ਸੁਖਦੀਪ ਸਿੰਘ ਸੋਨੂ ਕੰਗ ਪੀ ਏ, ਬਲਿਹਾਰ ਸਿੰਘ ਨੰਬਰਦਾਰ ਢੰਡੋਵਾਲ, ਹਰਭਜਨ ਸਿੰਘ ਖਾਲਸਾ ਸਾਬਕਾ ਸਰਪੰਚ ਪਰਜੀਆਂ ਕਲਾਂ, ਮਨਜੀਤ ਸਿੰਘ ਸੱਤਾ ਟਰਾਂਸਪੋਰਟਰ, ਬੰਟੀ ਬੱਠਲਾ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ ਤੇ ਅਮਨਦੀਪ ਸਿੰਘ ਸੈਦਪੁਰੀ ਉਚੇਚੇ ਤੌਰ 'ਤੇ ਪਹੁੰਚੇ ਅਤੇ ਸ਼ਾਮ ਲਾਲ ਦੌਧਰ ਨੂੰ ਸੇਵਾ ਮੁਕਤੀ 'ਤੇ ਵਧਾਈਆਂ ਦਿੱਤੀਆਂ। ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਵੀਰ ਸਿੰਘ ਢੰਡੋਵਾਲ ਅਤੇ ਡਿਪਟੀ ਡੀ ਐੱਮ ਓ ਜਲੰਧਰ ਤਜਿੰਦਰ ਕੁਮਾਰ ਦੀ ਅਗਵਾਈ ਵਿੱਚ ਸ਼ਾਮ ਲਾਲ ਨੂੰ ਸਟਾਫ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ। ਸ਼ਾਮ ਲਾਲ ਦੌਧਰ, ਉਨ੍ਹਾਂ ਦੀ ਪਤਨੀ ਸੁਰਿੰਦਰ ਕੌਰ ਤੇ ਹੋਰ ਪਰਵਾਰ ਸਮੇਤ ਮਾਰਕੀਟ ਕਮੇਟੀ ਦਫਤਰ ਪਹੁੰਚੇ ਤਾਂ ਉਨ੍ਹਾਂ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਹੋਏ ਸਮਾਗਮ ਵਿੱਚ ਵੱਖ-ਵੱਖ ਬੁਲਾਰਿਆਂ ਨੇ ਸ਼ਾਮ ਲਾਲ ਮੰਡੀ ਸੁਪਰਵਾਈਜ਼ਰ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦੇ ਹੋਏ ਉਹਨਾਂ ਨੂੰ ਵਧਾਈ ਦਿੱਤੀ। ਬੁਲਾਰਿਆਂ ਵਿੱਚ ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ, ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਵਾਈਸ ਚੇਅਰਮੈਨ ਕਪਿਲ ਕੁਮਾਰ ਗੁਪਤਾ, ਸੇਵਾ ਮੁਕਤ ਮੰਡੀ ਸੁਪਰਵਾਈਜ਼ਰ ਹਰਭਜਨ ਸਿੰਘ ਖਾਲਸਾ, ਸੇਵਾ ਮੁਕਤ ਗ੍ਰੇਡਿੰਗ ਸੁਪਰਵਾਈਜ਼ਰ ਗਿਆਨ ਸਿੰਘ ਸੈਦਪੁਰੀ, ਸੇਵਾ ਮੁਕਤ ਮੰਡੀ ਸੁਪਰਵਾਈਜ਼ਰ ਗੁਰਮੁਖ ਸਿੰਘ ਗਿੱਲ, ਅਤੇ ਜਗਸੀਰ ਸਿੰਘ ਸੰਧਾ ਵੀ ਸ਼ਾਮਿਲ ਸਨ। ਡਿਪਟੀ ਡੀ ਐੱਮ ਓ ਤਜਿੰਦਰ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਾਮ ਲਾਲ ਬੇਸ਼ੱਕ ਅੱਜ ਸੇਵਾ ਮੁਕਤ ਹੋ ਗਏ ਹਨ ਪਰ ਉਹ ਦਫਤਰ ਵੱਲੋਂ ਲੋੜ ਪੈਣ ਤੇ ਆਪਣੀਆਂ ਸੇਵਾਵਾਂ ਦਿੰਦੇ ਰਹਿਣਗੇ, ਅਜਿਹਾ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੇਰੇ ਸਮੇਤ ਪੂਰਾ ਸਟਾਫ ਉਨ੍ਹਾਂ ( ਸ਼ਾਮ ਲਾਲ) ਦਾ ਸਹਿਯੋਗੀ ਰਹੇਗਾ। ਸ਼ਾਮ ਲਾਲ ਨੂੰ ਉਨ੍ਹਾਂ ਦੇ ਮਾਣ ਵਿੱਚ ਦਿੱਤੀ ਵਿਦਾਇਗੀ ਪਾਰਟੀ ਲਈ ਚੇਅਰਮੈਨ, ਡਿਪਟੀ ਡੀ ਐੱਮ ਓ, ਸਮੁੱਚੇ ਸਟਾਫ ਤੇ ਅਨਾਜ ਮੰਡੀ ਦੇ ਆੜ੍ਹਤੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਸਦਾ ਰਿਣੀ ਰਹੇਗਾ। ਇਸ ਮੌਕੇ ਮਾਰਕੀਟ ਕਮੇਟੀ ਲੋਹੀਆ ਖਾਸ ਤੇ ਮਹਿਤਪੁਰ ਦਾ ਸਟਾਫ ਵੀ ਹਾਜ਼ਰ ਸੀ।ਸ਼ਾਮ ਲਾਲ, ਉਹਨਾਂ ਦੇ ਪਰਵਾਰ ਅਤੇ ਰਿਸ਼ਤੇਦਾਰਾਂ ਨੂੰ ਤੋਹਫੇ ਭੇਟ ਕੀਤੇ ਗਏ।ਸ਼ਾਮ ਵੇਲੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਤੇ ਹੋਰ ਸਥਾਨਕ ਆਗੂ ਸ਼ਾਮ ਲਾਲ ਮੰਡੀ ਸੁਪਰਵਾਈਜ਼ਰ ਦੇ ਘਰ ਪਹੁੰਚੇ। ਸ਼ੇਰੋਵਾਲੀਆ ਨੇ ਵਧਾਈ ਦਿੰਦਿਆਂ ਸ਼ਾਮ ਲਾਲ ਦੀ ਵਡੇਰੀ ਉਮਰ ਦੀ ਕਾਮਨਾ ਕੀਤੀ। ਉਹਨਾਂ ਕਿਹਾ ਕਿ ਸ਼ਾਮ ਲਾਲ ਮੰਡੀ ਬੋਰਡ ਦੀ ਸੇਵਾ ਤੋਂ ਮੁਕਤ ਹੋਣ ਉਪਰੰਤ ਸਮਾਜ ਵਿੱਚ ਆਪਣੀ ਪ੍ਰਤਿਭਾ ਨੂੰ ਹੋਰ ਨਿਖਾਰੇਗਾ। ਉਨ੍ਹਾਂ ਨੇ ਬੋਰਡ ਵਿੱਚ ਕੀਤੀਆਂ ਸੇਵਾਵਾਂ ਦੀ ਵੀ ਸ਼ਲਾਘਾ ਕੀਤੀ।

## ਪੱਤਰਕਾਰਾਂ ਵਿਰੁੱਧ ਝੂਠੇ ਕੇਸ ਦਰਜ ਕਰਨਾ ਮੰਦਭਾਗਾ : ਤਲਵਿੰਦਰ ਹੀਰ

**ਮਾਹਿਲਪੁਰ (ਸਫ਼ਰੀ)**- ਪਿਛਲੇ ਦਿਨੀਂ ਮਾਨਿਕ ਗੋਇਲ,ਮਨਿੰਦਰ ਸਿੱਧੂ ਤੇ ਉਨਾਂ ਦੇ ਸਾਥੀ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁੰਨਾ ਵਿਰੁੱਧ ਦਰਜ ਕੀਤੇ ਸਰਾਸਰ ਝੂਠੇ ਕੇਸਾਂ ਕਾਰਨ ਪੱਤਰਕਾਰ ਭਾਈਚਾਰੇ, ਸੰਘਰਸ਼ੀ ਜਥੇਬੰਦੀਆਂ ਤੇ ਆਮ



ਲੋਕਾਂ ਵਿੱਚ ਭਾਰੀ ਰੋਹ ਤੇ ਰੋਸ ਹੈ।ਵੱਖ-ਵੱਖ ਥਾਂਵਾਂ ਤੇ ਸਰਕਾਰ ਦੀ ਦਮਨਕਾਰੀ ਨੀਤੀ ਵਿਰੁੱਧ ਰੋਸ ਮੁਜ਼ਾਹਰੇ ਕਰਕੇ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁੰਨਾਂ ਵਿਰੁੱਧ ਸਰਕਾਰ ਵਲੋਂ ਕੀਤੇ ਜਾ ਰਹੇ ਦੁਰਵਿਵਹਾਰ ਤੇ ਧੱਕੇਸ਼ਾਹੀ ਦੀ ਨਿੰਦਾ ਕੀਤੀ ਜਾ ਰਹੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭਾਕਿਯੂ ਏਕਤਾ ਉਗਰਾਹਾਂ ਦੇ ਹੁਸਿਆਰਪੁਰ ਜ਼ਿਲ੍ਹੇ ਦੇ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਸਾਰੀਆਂ ਇਨਸਾਫ਼ਪਸੰਦ ਸੰਘਰਸ਼ਸ਼ੀਲ ਧਿਰਾਂ ਨੂੰ ਇਕੱਠੇ ਹੋ ਕੇ ਪੱਤਰਕਾਰ ਸਾਥੀਆਂ ਦੀ ਡੱਟ ਕੇ ਮੱਦਦ ਕਰਨ ਲਈ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਪੱਤਰਕਾਰਾਂ ਵਿਰੁੱਧ ਦਰਜ ਝੂਠੇ ਕੇਸਾਂ ਨੂੰ ਰੱਦ ਕਰਵਾਉਣ ਤੱਕ ਪੂਰਨ ਸਾਥ ਨਿਭਾਉਣ ਦਾ ਭਰੋਸਾ ਦਿਵਾਇਆ ਤੇ ਹਮੇਸ਼ਾ ਹੱਕ ਸੱਚ ਤੇ ਇਨਸਾਫ਼ ਲਈ ਲੜਨ ਦੀ ਵਚਨਬੱਧਤਾ ਦੁਹਰਾਈ। ਉਨ੍ਹਾਂ ਪੱਤਰਕਾਰਾਂ ਤੇ ਹੋਰ ਇਨਸਾਫ਼ਪਸੰਦ ਪੰਜਾਬੀਆਂ ਵਿਰੁੱਧ ਦਰਜ ਝੂਠੇ ਕੇਸ ਤੁਰੰਤ ਰੱਦ ਕਰਨ ਦੀ ਮੰਗ ਕੀਤੀ।

## ਐਡਵੋਕੇਟ ਪਲਵਿੰਦਰ ਸਿੰਘ ਮਾਨਾ ਨੇ ਹਰਮੇਸ਼ ਕੁਮਾਰ ਫੁਗਲਾਣਾ ਨਾਲ ਦੁੱਖ ਸਾਂਝਾ ਕੀਤਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਪਿੰਡ ਫੁਗਲਾਣਾ ਵਿਖੇ ਬਸਪਾ ਆਗੂ ਹਰਮੇਸ਼ ਕੁਮਾਰ ਸੰਮਤੀ ਮੈਂਬਰ ਦੀ ਸਤਿਕਾਰ ਯੋਗ ਭਾਬੀ ਮਨਜੀਤ ਕੌਰ ਦਾ ਪਿਛਲੇ ਦਿਨੀ ਦੇਹਾਂਤ ਹੋ ਗਿਆ ਸੀ ।ਉਪਰੰਤ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਨ ਦੇ ਲਈ ਬਸਪਾ ਹਲਕਾ ਚੱਬੇਵਾਲ ਦੀ ਟੀਮ ਪਹੁੰਚੀ ਅਤੇ ਪਰਵਾਰ ਦੇ ਨਾਲ ਇਸ ਦੀ ਘੜੀ ਵਿੱਚ ਪਰਵਾਰ ਨੂੰ ਹੌਸਲਾ ਦਿੱਤਾ ਅਤੇ ਕੁਦਰਤ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕੀਤੀ ਕਿ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਹਾਜ਼ਰ ਸਾਥੀਆ ਵਿੱਚ ਐਡਵੋਕੇਟ ਪਲਵਿੰਦਰ ਮਾਨਾ ਹਲਕਾ ਇੰਚਾਰਜ ਚੱਬੇਵਾਲ, ਰਾਕੇਸ਼ ਕੁਮਾਰ ਕਿੱਟੀ, ਬਾਬੂ ਰੌਸ਼ਨ ਲਾਲ, ਸਤਪਾਲ ਬੱਡਲਾ , ਸੁਦੇਸ਼ ਭੱਟੀ , ਵਿਜੇ ਕੁਮਾਰ, ਪ੍ਰਸ਼ੋਤਮ, ਤੇਜਪਾਲ, ਸੰਤੋਖ ਸਿੰਘ ਆਦਿ ਹਾਜ਼ਰ ਸਨ ।

# ਮਨਰੇਗਾ ਬੰਦ ਕਰਨ ਖ਼ਿਲਾਫ਼ ਪਿੰਡਾਂ 'ਚ ਮੀਟਿੰਗਾਂ ਦਾ ਸਿਲਸਿਲਾ ਜਾਰੀ



ਨੰਗਲ (ਸੁਰਜੀਤ ਢੇਰ)

ਸੀ ਪੀ ਆਈ ਐੱਮ ਦੀ ਸੂਬਾ ਕਮੇਟੀ ਦੇ ਸੱਦੇ ਤੇ 3 ਜਨਵਰੀ ਤੋਂ 20 ਜਨਵਰੀ ਤੱਕ ਕੇਂਦਰ ਸਰਕਾਰ ਵੱਲੋਂ ਮਨਰੇਗਾ ਦਾ ਕਾਨੂੰਨ ਵਿੱਚ ਕੀਤੇ ਬਦਲਾਅ ਦੇ ਖਿਲਾਫ ਅਤੇ ਹੋਰ ਕਿਸਾਨਾਂ ਦੀਆਂ ਭੱਖਦੀਆਂ ਮੰਗਾਂ ਨੂੰ ਲੈ ਕੇ ਜਨ ਸੰਪਰਕ ਮੁਹਿਮ ਦੇ ਸੱਦੇ ਤਹਿਤ ਭਲਾਣ, ਮਜਾਰੀ ,ਐਲਗਰਾ, ਤਰਫ ਮਜਾਰਾ, ਸਿੰਘਪਰ, ਪਲਾਸੀ ਪਿੰਡਾਂ ਵਿੱਚ ਮਜ਼ਦੂਰਾਂ ਦੀਆਂ ਭਰਮੀਆਂ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਤੇ ਸੀਪੀਆਈਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਜ਼ਿਲ੍ਹਾ ਕਮੇਟੀ ਮੈਂਬਰ ਕਾਮਰੇਡ ਮਹਿੰਦਰ ਸਿੰਘ ਸੰਗਤਪੁਰ ਨੇ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਜ਼ਦੂਰਾਂ ਦੇ ਚੁੱਲੇ ਠੰਡੇ ਕਰਨ ਲਈ ਮਨਰੇਗਾ ਵਿੱਚ ਵੱਡੇ ਪੱਧਰ ਤੇ ਬਦਲਾਅ ਕੀਤਾ ਹੈ। ਇਸ ਦੇ ਬਦਲੇ ਵਜੋਂ ਜੋ ਨਵਾਂ ਕਾਨੂੰਨ ਵੀ ਬੀ ਜੀ ਰਾਮ ਜੀ ਲਿਆਂਦਾ ਗਿਆ ਹੈ ਉਹ ਕਾਨੂੰਨ ਮਜ਼ਦੂਰ ਵਿਰੋਧੀ ਹੈ। ਉਸ ਨਾਲ ਮਜ਼ਦੂਰਾਂ ਦਾ ਰੁਜ਼ਗਾਰ ਖੁੱਸ ਜਾਵੇਗਾ । ਜਦਕਿ ਮਨਰੇਗਾ ਵਿੱਚ ਪਿੰਡਾਂ ਵਿੱਚ ਕੰਮ ਕਰਨ ਦੀ ਖੁੱਲ ਸੀ ਤੇ ਗਰੰਟੀ ਸ਼ੁਦਾ ਮਜ਼ਦੂਰਾਂ ਨੂੰ ਰੁਜ਼ਗਾਰ ਮਿਲਦਾ ਸੀ। ਆਗੂਆਂ ਨੇ ਕਿਹਾ ਕਿ ਜੇ ਬਿਜਲੀ ਸੋਧ ਬਿੱਲ 2025 ਲਾਗੂ ਹੁੰਦਾ ਹੈ ਤਾਂ ਬਿਜਲੀ ਪ੍ਰਾਈਵੇਟ ਹੱਥਾਂ ਵਿੱਚ ਚਲਾ ਜਾਵੇਗੀ ਤੇ ਆਮ ਲੋਕਾਂ ਦੇ ਬਿਜਲੀ ਦੇ ਬਿੱਲ ਨਹੀਂ ਤਾਰ ਸਕਣਗੇ। ਉਹਨਾਂ ਨੇ ਕਿਹਾ ਕਿ ਕਾਰਪੋਰੇਟ ਘਰਾਣਿਆਂ ਨੂੰ ਬਿਜਲੀ ਦਾ ਵੱਡਾ ਖੇਤਰ ਮੋਦੀ ਕੌਡੀਆਂ ਦੇ ਭਾਅ ਦੇ ਰਿਹਾ ਹੈ। ਇਸ ਤੋਂ ਇਲਾਵਾ ਮੋਦੀ ਬੀਜ ਬਿੱਲ 2025, ਮਜ਼ਦੂਰਾਂ ਵਿਰੋਧੀ ਚਾਰ ਕੋਡ ਪਾਸ ਕਰ ਦਿੱਤੇ ਹਨ ਜੋ ਕਿ ਮਜ਼ਦੂਰਾਂ ਨੂੰ ਬੰਧੂਆ ਮਜ਼ਦੂਰ ਬਣਾ ਦੇਣਗੇ। ਆਗੂਆਂ ਨੇ ਪਿੰਡਾਂ ਦੇ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਉਹ 16 ਜਨਵਰੀ ਨੂੰ ਰੋਪੜ ਡਿਪਟੀ ਕਮਿਸ਼ਨਰ ਦੇ ਦਫਤਰਾ ਮੂਹਰੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ ਵਿੱਚ ਵੱਡੇ ਪੱਧਰ ਤੇ ਸ਼ਮੂਲੀਅਤ ਕਰਨ ਤੇ ਕੇਂਦਰ ਸਰਕਾਰ ਖਿਲਾਫ ਲਹੂ ਵੀਟਵਾ ਸੰਘਰਸ਼ ਕਰਨ। ਇਸ ਮੀਟਿੰਗ ਵਿੱਚ ਬਰਜਿੰਦਰ ਸਿੰਘ ਡੋਡ, ਸੁਰਿੰਦਰ ਕੁਮਾਰ ਬਬਲੂ, ਬਲਵੀਰ ਕੌਰ, ਸ਼ੀਲਾ ਦੇਵੀ,ਪੰਚ ਰਾਜ ਰਾਣੀ, ਸੁਰਜੀਤ ਕੌਰ,ਸੋਨੀਆ ਸੰਤੋਸ਼ ਕੁਮਾਰੀ, ਪਰਮਜੀਤ ਕੌਰ, ਮੋਨਿਕਾ ਦੇਵੀ, ਜਸਵਿੰਦਰ ਕੌਰ, ਜੀਵਨ ਦੇਵੀ ਗੁਰਬਖਸ਼ ਕੌਰ, ਜਸਪ੍ਰੀਤ ਕੌਰ,ਜਸਵੀਰ ਕੌਰ ਸਮੇਤ ਹੋਰ ਮਜ਼ਦੂਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ 16 ਜਨਵਰੀ ਨੂੰ ਰੋਪੜ ਵਿਖੇ ਅਤੇ 12 ਫਰਵਰੀ ਦੀ ਮਜ਼ਦੂਰ ਕਿਸਾਨ ਹੜਤਾਲ ਦੌਰਾਨ ਭਾਰਤ ਬੰਦ ਕਰਨ ਦਾ ਪ੍ਰਣ ਕੀਤਾ।

# ਪ੍ਰਸਿੱਧ ਗਾਇਕ ਅਸ਼ੋਕ ਗਿੱਲ ਦਾ ਧਾਰਮਿਕ ਗੀਤ 'ਸਾਹਿਬਜ਼ਾਦੇ' ਰਿਲੀਜ਼

ਕਾਲਾ ਸੰਘਿਆ (ਮਨਜੀਤ ਮਾਨ)- ਪਿਛਲੇ ਕਈ ਦਹਾਕਿਆਂ ਤੋਂ ਆਪਣੀ ਸਾਫ ਸੁਥਰੀ ਗਾਇਕੀ ਰਾਹੀਂ ਲੱਖਾ ਸ਼ੋ੍ਰਤਿਆਂ ਦੇ ਦਿਲਾਂ ਤੇ ਰਾਜ ਕਰ ਰਿਹਾ ਹੈ ਭੋਲੇ ਭਾਲੇ ਚਿਹਰੇ ਵਾਲਾ ਦਿਲਦਾਰ ਕਲਾਕਾਰ ਜਿਸ ਦਾ ਨਾਮ ਹੈ ਅਸ਼ੋਕ ਗਿੱਲ । ਗਾਇਕ ਅਸ਼ੋਕ



ਗਿੱਲ ਹਰ ਸਮੇਂ ਕੁਝ ਨਵਾਂ ਕਰਨ ਦੀ ਤਾਂਘ 'ਚ ਰਹਿੰਦਾ ਹੈ ਅਤੇ ਇਸ ਵਾਰ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਇਕ ਧਾਰਮਿਕ ਗੀਤ 'ਸਾਹਿਬਜ਼ਾਦੇ' ਲੈ ਕੇ ਸੰਗਤਾਂ ਦੇ ਸਨਮੁੱਖ ਹੋਇਆ ਹੈ । ਇਸ ਗੀਤ ਨੂੰ ਸੰਗਤਾਂ ਵੱਲੋਂ ਬਹੁਤ ਹੀ ਪਸੰਦ ਕੀਤਾ ਜਾ ਰਿਹਾ ਹੈ । ਇਸ ਗੀਤ ਨੂੰ ਪ੍ਰੋਡਿਊਸਰ ਗੁਰਚਰਨ ਸਿੰਘ ਚੱਠਾ ਅਤੇ ਦੇਵ ਰਿਕਾਰਡ ਕੰਪਨੀ ਵੱਲੋਂ ਯੂ ਟੀਊਬ ਅਤੇ ਵੱਖ-ਵੱਖ ਸਾਈਟਾਂ ਉੱਪਰ ਵਿਸ਼ਵ ਪੱਧਰ 'ਤੇ ਰਿਲੀਜ਼ ਕੀਤਾ ਗਿਆ ਹੈ । ਇਸ ਧਾਰਮਿਕ ਗੀਤ ਸਾਹਿਬਜ਼ਾਦੇ ਨੂੰ ਪ੍ਰਸਿੱਧ ਗੀਤਕਾਰ ਗੁਰਦੀਪ ਸਿੰਘ (ਦੀਪਾ ਰਜਾਪੁਰ) ਵੱਲੋਂ ਕਲਮਬੱਧ ਕੀਤਾ ਗਿਆ ਹੈ। ਜਿਸ ਦਾ ਸੰਗੀਤ ਕ੍ਰਿਸ਼ਨ ਕੁਮਾਰ ਵੱਲੋਂ ਕੀਤਾ ਗਿਆ ਹੈ। ਇਸ ਗੀਤ ਦਾ ਫ਼ਿਲਮਾਂਕਣ ਕੁਲਦੀਪ ਸਿੰਘ ਅਤੇ ਉਨਾਂ ਦੇ ਸਾਥੀ ਇਮਰਾਨ ਖਾਨ ਵੱਲੋਂ ਕੀਤਾ ਗਿਆ ਹੈ । ਇਸ ਗੀਤ ਲਈ ਸਹਿਯੋਗ ਕਰਨ ਵਾਲੇ ਹਰ ਗੋਬਿੰਦ ਸਿੰਘ ਜਥੇਦਾਰ, ਰਣਜੀਤ ਸਿੰਘ, ਜਰਨੈਲ ਸਿੰਘ ਜੰਬੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਹੈ।

# ਫਰੀਡਮ ਫਾਈਟਰ ਉਤਰਾਧਿਕਾਰੀ ਸੰਸਥਾ ਵੱਲੋਂ 15 ਤੋਂ ਰੋਸ ਪ੍ਰਦਰਸ਼ਨ ਦਾ ਐਲਾਨ

ਸ਼੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)

ਫਰੀਡਮ ਫਾਈਟਰ ਉਤਰਾਧਿਕਾਰੀ ਸੰਸਥਾ ਪੰਜਾਬ ਨੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਰਾਂਹੀ ਪੰਜਾਬ ਦੇ ਮੁੱਖ ਮੰਤਰੀ ਦੇ ਨਾਮ ਭੇਜੇ ਇੱਕ ਮੰਗ ਪੱਤਰ ਵਿੱਚ ਮੁੱਖ ਮੰਤਰੀ ਵੱਲੋਂ ਸੰਸਥਾ ਨੂੰ ਬਾਰ-ਬਾਰ ਮੀਟਿੰਗ ਕਰਨ ਦਾ ਸਮਾਂ ਦੇ ਕੇ ਮੀਟਿੰਗ ਨਾ ਕਰਨ ਅਤੇ ਸੰਸਥਾ ਦੀਆਂ ਹੱਕੀ ਮੰਗਾਂ ਨੂੰ ਲਾਗੂ ਨਾ ਕਰਨ ਸਬੰਧੀ 15 ਜਨਵਰੀ ਤੋਂ ਲਗਾਤਾਰ ਰੋਸ ਵਜੋਂ ਧਰਨੇ ਲਗਾਉਣ ਦਾ ਐਲਾਨ ਕੀਤਾ। ਸੰਸਥਾ ਵੱਲੋਂ 26 ਜਨਵਰੀ ਨੂੰ ਗਣਤੰਤਰ ਦੇ ਅਵਸਰ ਤੇ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕਿਸੇ ਵੀ ਤਰ੍ਹਾਂ



ਦਾ ਸਮਾਨ ਨਾ ਲੈਣ ਦਾ ਫੈਸਲਾ ਵੀ ਕੀਤਾ ਹੈ । ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਹਾਫ਼ਿਜ਼ਾਬਾਦ ਨੇ ਦੱਸਿਆ ਕਿ ਸੰਸਥਾ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਹੱਕੀ ਮੰਗਾਂ ਦੇ ਹੱਲ ਲਈ ਮੁੱਖ ਮੰਤਰੀ ਵੱਲੋਂ ਸੰਸਥਾ ਨੂੰ ਮੀਟਿੰਗ ਕਰਨ ਲਈ ਪੱਤਰ ਜਾਰੀ ਕਰਨ ਉਪਰੰਤ ਵੀ ਮੀਟਿੰਗ ਨਾ ਕਰਨ ਨੂੰ ਸੰਸਥਾ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਆਪੋ ਆਪਣਾ ਅਪਮਾਨ ਸਮਝਦੇ ਹਨ । ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਹੁਣ ਤੱਕ 4-5 ਵਾਰ ਸੰਸਥਾ ਦੇ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੌਕੇ ਤੇ ਹੀ ਮੀਟਿੰਗ ਮੁਲਤਵੀ ਕਰ ਦਿੱਤੀ ਜਾਂਦੀ ਰਹੀ ਹੈ,ਜਿਸ ਦੇ ਰੋਸ ਵਜੋਂ 15 ਜਨਵਰੀ ਤੋਂ ਜ਼ਿਲ੍ਹਾ ਸੰਗਰੂਰ ਵਿੱਚ ਲੜੀਵਾਰ ਸ਼ਾਂਤਮਈ ਰੋਸ ਧਰਨਾ ਲਗਾਉਣ ਦਾ ਮਤਾ ਪਾਸ ਕੀਤਾ ਗਿਆ ਅਤੇ ਇਹ ਵੀ ਫੈਸਲਾ ਕੀਤਾ ਗਿਆ ਕਿ ਸਰਕਾਰ ਤੇ ਪ੍ਰਸ਼ਾਸਨ ਵੱਲੋਂ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਕੀਤੇ ਜਾਣ ਵਾਲੇ ਸਮਾਗਮਾਂ ਵਿੱਚ ਸੰਸਥਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸ਼ਮੂਲੀਅਤ ਤਾਂ ਕੀਤੀ ਜਾਵੇਗੀ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕਿਸੇ ਵੀ ਤਰ੍ਹਾਂ ਦਾ ਸਮਾਨ ਨਹੀਂ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਸੁਤੰਤਰਤਾ ਸੰਗਰਾਮੀਆਂ ਅਤੇ ਕਾਨੂੰਨੀ ਵਾਰਿਸਾਂ ਨੂੰ ਸਮਾਨ ਦੀ ਨਹੀਂ, ਸਗੋਂ ਸਨਮਾਨ ਦੀ ਲੋੜ ਹੈ, ਜੋ ਕਿ ਦੇਸ਼ ਭਗਤਾਂ ਦਾ ਸੰਵਿਧਾਨਕ ਹੱਕ ਹੈ । ਸੂਬਾ ਸਰਕਾਰ ਲਾਰੇ ਲਗਾ ਕੇ ਉਨ੍ਹਾਂ ਦਾ ਅਪਮਾਨ ਕਰਨ ਦੀ ਬਜਾਏ, ਤੁਰੰਤ ਮੀਟਿੰਗ ਕਰਕੇ ਹੱਕੀ ਮੰਗਾਂ ਨੂੰ ਲਾਗੂ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰੇ। ਡਿਪਟੀ ਕਮਿਸ਼ਨਰ ਵੱਲੋਂ ਉਕਤ ਆਗੂਆਂ ਨੂੰ ਭਰੋਸਾ ਦਿੱਤਾ ਕਿ ਉਹ ਇਸ ਮੰਗ ਪੱਤਰ ਨੂੰ ਤੁਰੰਤ ਮੁੱਖ ਮੰਤਰੀ ਤੱਕ ਪੁੱਜਦਾ ਕਰ ਦੇਣਗੇ ਅਤੇ ਸੰਸਥਾ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਦੀ ਸਿਫਾਰਿਸ਼ ਵੀ ਕਰਨਗੇ। ਇਸ ਮੌਕੇ ਸਵਰਨ ਸਿੰਘ ਬਲਜਿੰਦਰ ਸਿੰਘ ਜਰਨੈਲ ਸਿੰਘ, ਸਤਵੰਤ ਸਿੰਘ ਚਰਨਜੀਤ ਸਿੰਘ, ਮਨਜੀਤ ਸਿੰਘ, ਇੰਦਰਜੀਤ ਸਿੰਘ, ਹਰਭਜਨ ਸਿੰਘ ਅਤੇ ਰੁਪਿੰਦਰ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਵਚਨਬੱਧ : ਵਿੱਤ ਮੰਤਰੀ



ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬਾ ਸਰਕਾਰ ਦੀ ਮੁਲਾਜ਼ਮਾਂ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਗੰਭੀਰ ਹੈ। ਉਨ੍ਹਾਂ ਦੱਸਿਆ ਕਿ ਕੱਚੇ ਮੁਲਾਜ਼ਮਾਂ ਸਮੇਤ ਮੁਲਾਜ਼ਮਾਂ ਦੇ ਕਈ ਅਹਿਮ ਮੁੱਦੇ ਪਹਿਲਾਂ ਹੀ ਹੱਲ ਕੀਤੇ ਜਾ ਚੁੱਕੇ ਹਨ ਅਤੇ ਬਾਕੀ ਰਹਿੰਦੀਆਂ ਜਾਇਜ਼ ਮੰਗਾਂ 'ਤੇ ਵੀ ਸਰਕਾਰ ਸਰਗਰਮੀ ਨਾਲ ਵਿਚਾਰ ਕਰ ਰਹੀ ਹੈ।ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਦਫ਼ਤਰ ਵਿੱਚ ਉੱਚ ਪੱਧਰੀ ਮੀਟਿੰਗਾਂ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਨਾਲ ਸਬੰਧਤ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ। ਇਸ ਮੌਕੇ ਸਕੱਤਰ ਖ਼ਰਚਾ ਡਾ. ਵੀ.ਐਨ. ਜ਼ਾਦੇ, ਸਕੱਤਰ ਸਿੱਖਿਆ ਅਨਿੰਦਿਤਾ ਮਿੱਤਰਾ, ਵਿਸ਼ੇਸ਼ ਸਕੱਤਰ ਪ੍ਰਸੋਨਲ ਉਪਕਾਰ ਸਿੰਘ, ਵਿਸ਼ੇਸ਼ ਸਕੱਤਰ ਵਿੱਤ ਅਜੈ ਅਰੋੜਾ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਤਿੰਦਰ ਪਾਲ ਸਿੰਘ ਗਿੱਲ ਸਮੇਤ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਨਗਰ ਕੀਰਤਨ ਦੇ ਸਵਾਗਤ 'ਚ ਲਗਾਇਆ ਦੁੱਧ ਦਾ ਲੰਗਰ

ਫਗਵਾੜਾ (ਡਾ. ਰਮਨ)

ਫਗਵਾੜਾ ਵਿਖੇ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ ਦਾ ਸਵਾਗਤ ਸ਼੍ਰੋਮਣੀ ਅਕਾਲੀ ਦਲ (ਬ) ਅਤੇ ਯੂਥ ਅਕਾਲੀ ਦਲ ਵਲੋਂ ਵਿਧਾਨ ਸਭਾ ਹਲਕਾ ਸ਼ਹਿਰੀ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਸ. ਰਾਜਿੰਦਰ ਸਿੰਘ ਚੰਦੀ ਦੀ ਅਗਵਾਈ ਹੇਠ ਸਥਾਨਕ ਜੀ ਟੀ ਰੋਡ ਵਿਖੇ ਕੀਤਾ ਗਿਆ।ਨਗਰ ਕੀਰਤਨ ਵਿੱਚ ਸ਼ਾਮਲ ਸੰਗਤ ਦੀ ਸੇਵਾ 'ਚ ਦੁੱਧ ਦਾ ਲੰਗਰ ਵੀ ਲਗਾਇਆ ਗਿਆ।



ਇਸ ਮੌਕੇ ਅਕਾਲੀ ਆਗੂਆਂ ਵਲੋਂ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ ਗਏ। ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਸ. ਰਾਜਿੰਦਰ ਸਿੰਘ ਚੰਦੀ ਨੇ ਸੰਗਤ ਨੂੰ ਗੁਰਪੁਰਬ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਆ।ਖੁਰਾਣਾ ਨੇ ਕਿਹਾ ਕਿ ਖਾਲਸਾ ਪੰਥ ਦੇ ਸੂਰਮਈ ਇਤਿਹਾਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਜੀਵਨ ਤੋਂ ਅਜੋਕੀ ਨੌਜਵਾਨ ਪੀੜ੍ਹੀ ਨੂੰ ਸੇਧ ਲੈਣੀ ਚਾਹੀਦੀ ਹੈ ਅਤੇ ਗੁਰੂ ਦੇ ਲੜ ਲੱਗਦਿਆਂ ਦੇਸ਼, ਕੌਮ ਤੇ ਪੰਥ ਦੇ ਲਈ ਹਰ ਕੁਰਬਾਨੀ ਦੇਣ ਦਾ ਜਜ਼ਬਾ ਰੱਖਣਾ ਚਾਹੀਦਾ ਹੈ। ਦੁੱਧ ਦੇ ਲੰਗਰ ਦੀ ਸੇਵਾ ਸਮੂਹ ਅਕਾਲੀ ਵਰਕਰਾਂ ਵੱਲੋਂ ਪੂਰੀ ਤਨਦੇਹੀ ਅਤੇ ਸ਼ਰਧਾ ਨਾਲ ਨਿਭਾਈ ਗਈ। ਇਸ ਮੌਕੇ ਬੀਬੀ ਸਰਬਜੀਤ ਕੋਰ, ਹਰਵਿੰਦਰ ਸਿੰਘ ਵਾਲੀਆ, ਗੁਰਦੀਪ ਸਿੰਘ ਖੇੜਾ, ਸਤਵਿੰਦਰ ਸਿੰਘ ਘੁੰਮਣ, ਪ੍ਰਿਤਪਾਲ ਸਿੰਘ ਮੰਗਾ, ਗੁਰਮੀਤ ਸਿੰਘ ਬਡਵਾਲ, ਸਰੂਪ ਸਿੰਘ ਖਲਵਾੜਾ, ਬਹਾਦਰ ਸਿੰਘ ਸੰਗਤਪੁਰ, ਕੁਲਵਿੰਦਰ ਸਿੰਘ ਕਿੰਦਾ, ਬਲਜੀਤ ਸਿੰਘ ਵਾਲੀਆ , ਸੁਖਵਿੰਦਰ ਸਿੰਘ ਕੰਬੋਜ, ਬੀਬੀ ਦਲਜੀਤ ਕੋਰ, ਬਲਜਿੰਦਰ ਸਿੰਘ ਫਤਿਹਗੜ੍ਹ, ਸਰਬਜੀਤ ਸਿੰਘ ਕਾਕਾ, ਝਿਰਮਲ ਸਿੰਘ ਭਿੰਡਰ, ਦਵਿੰਦਰ ਸਿੰਘ, ਸੁਖਬੀਰ ਸਿੰਘ ਕਿੰਨੜਾ, ਗੁਰਪ੍ਰਸਾਦ ਬੱਗਾ, ਜਸਵਿੰਦਰ ਸਿੰਘ ਭਗਤਪੁਰਾ, ਸੁਖਦੀਪ ਸਿੰਘ ਵਾਲੀਆਂ, ਰੋਹਿਤ ਪਾਲ, ਰਵਨੀਤ ਸਿੰਘ ਭੰਮਰਾ, ਗਿਆਨ ਸਿੰਘ ਚਾਨਾ, ਸੁਰਿੰਦਰ ਸਿੰਘ ਬਲਵੀਰ ਖਲਵਾੜਾ ਤੋ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

# ਡੋਨਾਲਡ ਟਰੰਪ ਦੀ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

ਸ਼੍ਰੀ ਆਨੰਦਪੁਰ ਸਾਹਿਬ (ਪੱਤਰ ਪ੍ਰੇਰਕ)

ਖੱਬੀਆਂ ਪਾਰਟੀਆਂ ਦੀ ਕੇਂਦਰੀ ਕਮੇਟੀ ਦੇ ਸੱਦੇ ਤੇ ਨਜ਼ਦੀਕੀ ਪਿੰਡ ਢੇਰ ਵਿਖੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਤੇ ਮੰਗ ਕੀਤੀ ਗਈ ਕਿ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਸ ਦੀ ਪਤਨੀ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ ਦੀ ਅਗਵਾਈ ਹੇਠ ਸਥਾਨਕ ਬੱਸ ਸਟੈਂਡ ਤੇ ਕੀਤੇ ਰੋਸ ਪ੍ਰਦਰਸ਼ਨ ਵਿੱਚ ਅਮਰੀਕਾ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਡੋਨਾਲਡ ਟਰੰਪ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਤੇ ਆਗੂਆਂ ਨੇ ਕਿਹਾ ਕਿ ਅਮਰੀਕਾ ਆਪਣੀ ਧੌਂਸ ਸਾਰੇ ਮੁਲਕਾਂ ਤੇ ਜਮਾਉਣਾ ਚਾਹੁੰਦਾ ਹੈ ਹੈ ਉਸ ਦਾ ਸੁਪਨਾ ਦੁਨੀਆਂ ਭਰ 'ਚ ਆਪਣੀਆਂ ਮੰਡੀਆਂ ਸਥਾਪਿਤ ਕਰਨਾ ਹੈ। ਇਸ ਤੋਂ ਪਹਿਲਾਂ



ਇਰਾਕ, ਅਫਗਾਨਿਸਤਾਨ ਤੇ ਭਾਰੀ ਤਬਾਹੀ ਕਰਕੇ ਮੁਲਕਾਂ ਨੂੰ ਤਬਾਹ ਕੀਤਾ। ਹੁਣ ਵੈਨੇਜ਼ੁਏਲਾ ਨੂੰ ਆਪਣਾ ਨਿਸ਼ਾਨਾ ਬਣਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਅਮਰੀਕਾ ਦੀ ਅੱਖ ਵੈਨੇਜ਼ੁਏਲਾ ਵਿੱਚ ਕੁਦਰਤੀ ਸਰੋਤਾਂ ਉੱਤੇ ਲੱਗੀ ਹੋਈ ਹੈ। ਉਹ ਹਰ ਹੀਲੇ ਆਪਣਾ ਸਿੱਕਾ ਦੁਨੀਆਂ ਤੇ ਚਲਾਉਣਾ ਚਾਹੁੰਦਾ ਹੈ।ਆਗੂਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲੋਂ ਮੰਗ ਕੀਤੀ ਕਿ ਉਹ ਵੈਨੇਜ਼ੁਏਲਾ ਦੇ ਹੱਕ ਵਿੱਚ ਡੱਟ ਕੇ ਸਟੈਂਡ ਲੈਣ ਤੇ ਉਸ ਮੁਲਕ ਦੀ ਮਦਦ ਕਰਨ। ਆਗੂਆਂ ਨੇ ਕਿਹਾ ਕਿ ਵੈਨੇਜ਼ੁਏਲਾ ਤੇ ਹਮਲੇ ਬੰਦ ਕੀਤੇ ਜਾਣ। ਗ੍ਰਿਫਤਾਰ ਰਾਸ਼ਟਰਪਤੀ ਅਤੇ ਉਸਦੀ ਪਤਨੀ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਇਸ ਮੌਕੇ ਤੇ ਰਜਿੰਦਰ ਸਿੰਘ ਡੋਡ ,ਚਰਨ ਸਿੰਘ ਅਟਵਾਲ, ਬਰਜਿੰਦਰ ਸਿੰਘ ਡੋਡ ,ਸੂਬੇਦਾਰ ਹਰਜਾਪ ਸਿੰਘ ਭੰਗਲ, ਸਹਰਜਾਪ ਸਿੰਘ ਵਡਿਆਲ, ਪ੍ਰਧਾਨ ਪ੍ਰੇਮ ਸਿੰਘ ਅਟਵਾਲ, ਗੁਰਦਿਆਲ ਸਿੰਘ ਅਟਵਾਲ, ਸੋਹਨ ਲਾਲ, ਪਰਮਜੀਤ ਸਿੰਘ ਕਾਕੂ, ਗੁਰਚਰਨ ਸਿੰਘ ਕੂਨਰ,ਬਲਵੀਰ ਸਿੰਘ ਅਟਵਾਲ ਸਮੇਤ ਹੋਰ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਤੇ ਅਮਰੀਕਾ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਟਰੰਪ ਦੀ ਅਰਥੀ।

# ਪ੍ਰੇਮ ਸੈਣੀ ਤੇ ਸਵੀਨ ਸੈਣੀ ਨੇ ਸਾਂਝੀ ਰਸੋਈ 'ਚ ਪਾਇਆ 5100 ਦਾ ਯੋਗਦਾਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਮੁਹੱਲਾ ਈਸ਼ ਨਗਰ ਹੁਸ਼ਿਆਰਪੁਰ ਵਿਖੇ ਚਲਾਇਆ ਜਾ ਰਿਹਾ 'ਸਾਂਝੀ ਰਸੋਈ' ਪ੍ਰੋਜੈਕਟ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ



ਅਗਵਾਈ ਹੇਠ ਸਫ਼ਲਤਾ ਪੂਰਵਕ ਚੱਲ ਰਿਹਾ ਹੈ, ਜਿਸ ਦਾ ਰੋਜ਼ਾਨਾ 450 ਤੋਂ 500 ਗ਼ਰੀਬ ਅਤੇ ਲੋੜਵੰਦ ਵਿਅਕਤੀ ਲਾਭ ਪ੍ਰਾਪਤ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸਫਲਤਾ ਲਈ ਪ੍ਰੇਮ ਸੈਣੀ ਤੇ ਸਵੀਨ ਸੈਣੀ ਨਾਈਸ ਕੰਪਿਊਟਰ ਸੈਂਟਰ ਹੁਸ਼ਿਆਰਪੁਰ ਵੱਲੋਂ ਆਪਣੀ ਮਾਤਾ ਸਵਰਗੀ ਲੀਲਾ ਦੇਵੀ ਜੀ ਦੀ ਯਾਦ ਵਿੱਚ 5100 ਰੁਪਏ ਦੀ ਰਾਸ਼ੀ ਸਾਂਝੀ ਰਸੋਈ ਵਿਖੇ ਦਿੱਤੀ ਗਈ ਹੈ। ਇਸ ਮੌਕੇ ਵਾਈਸ ਚੇਅਰਮੈਨ ਹਸਪਤਾਲ ਭਲਾਈ ਸੈਕਸ਼ਨ ਰਾਜੀਵ ਬਜਾਜ ਅਤੇ ਲੇਖਾਕਾਰ ਰੈੱਡ ਕਰਾਸ ਸੁਸਾਇਟੀ ਸਰਬਜੀਤ ਮੌਜੂਦ ਸਨ। ਮੰਗੇਸ਼ ਸੂਦ ਵੱਲੋਂ ਇਹ ਵੀ ਦੱਸਿਆ ਗਿਆ ਕਿ ਜ਼ਿਲ੍ਹਾ ਰੈੱਡ ਕਰਾਸ ਵੱਲੋਂ ਚਲਾਇਆ ਜਾ ਰਿਹਾ ਇਹ ਪ੍ਰੋਜੈਕਟ ਜ਼ਿਲ੍ਹੇ ਦੇ ਦਾਨੀ ਸੱਜਣਾ/ਸਮਾਜ ਸੇਵਕਾਂ ਵੱਲੋਂ ਦਾਨ ਵਜੋਂ ਮੁਹੱਈਆ ਕੀਤੇ ਜਾ ਰਹੇ ਫੰਡਾਂ ਦੁਆਰਾ ਹੀ ਚਲਾਇਆ ਜਾ ਰਿਹਾ ਹੈ, ਜਿਨ੍ਹਾਂ ਵੱਲੋਂ ਜਿੱਥੇ ਬੁੱਕ-ਏ-ਡੇਅ ਸਕੀਮ ਅਧੀਨ ਆਪਣੇ ਪਰਵਾਰਕ ਮੈਂਬਰਾਂ ਦੇ ਜਨਮ ਦਿਨ, ਵਿਆਹ/ਸ਼ਾਦੀ ਵਰ੍ਹੇਗੰਢ ਅਤੇ ਯਾਦਾਂ ਨਾਲ ਸਬੰਧਤ ਦਿਨ ਸਾਂਝੀ ਰਸੋਈ ਵਿਖੇ ਮਨਾਉਣ ਸਬੰਧੀ ਲਗਾਤਾਰ ਵਿੱਤੀ ਸਹਾਇਤਾ ਮੁਹੱਈਆ ਕਰਨ ਦੇ ਨਾਲ-ਨਾਲ ਰਾਸ਼ਨ ਸਮੱਗਰੀ ਦੀ ਸਹਾਇਤਾ ਵੀ ਮੁਹੱਈਆ ਕਰਵਾਈ ਜਾਂਦੀ ਹੈ।

# ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ

ਬੰਗਾ (ਅਵਤਾਰ ਕਲੇਰ)- ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਬੰਗਾ ਦੇ ਪ੍ਰਧਾਨ ਸੰਜੀਵ ਭਨੋਟ ਅਤੇ ਜ਼ਿਲ੍ਹਾ ਜਨਰਲ ਸਕੱਤਰ ਨਵਕਾਂਤ ਭਰੋਮਜਾਰਾ ਦੀ ਅਗਵਾਈ ਹੇਠ ਪਿਛਲੇ ਦਿਨੀਂ ਆਰ ਟੀ



ਆਈ. ਕਾਰਕੁੰਨ ਤੇ ਪੱਤਰਕਾਰਾਂ ਖਿਲਾਫ ਦਰਜ ਕੀਤੇ ਕੇਸ ਦੇ ਵਿਰੋਧ ਵਿੱਚ ਇੱਕ ਮੰਗ ਪੱਤਰ ਐਸ ਡੀ ਐਮ ਬੰਗਾ ਵਿਪਨ ਭੰਡਾਰੀ ਨੂੰ ਦਿੱਤਾ ਗਿਆ। ਵਿਪਨ ਭੰਡਾਰੀ ਐਸ ਡੀ ਐਮ ਬੰਗਾ ਗਣਤੰਤਰ ਦਿਵਸ ਨੂੰ ਹੋਣ ਵਾਲੇ ਸਮਾਗਮ ਦੇ ਮੱਦੇਨਜ਼ਰ ਨਵਾਂਸ਼ਹਿਰ ਵਿਖੇ ਇਕ ਮੀਟਿੰਗ ਵਿੱਚ ਹਾਜ਼ਰ ਹੋਣ ਕਰਕੇ ਉਨ੍ਹਾਂ ਨੇ ਸਪੈਸ਼ਲ ਤੌਰ ਤੇ ਨਾਇਬ ਤਹਿਸੀਲਦਾਰ ਵਿਕਰਮ ਗੁੰਬਰ ਨੂੰ ਇਹ ਮੰਗ ਪੱਤਰ ਪ੍ਰਾਪਤ ਕਰਨ ਲਈ ਭੇਜਿਆ। ਵਿਕਰਮ ਗੁੰਬਰ ਨੇ ਇਹ ਮੰਗ ਪੱਤਰ ਪੱਤਰਕਾਰਾਂ ਤੋਂ ਪ੍ਰਾਪਤ ਕੀਤਾ ਅਤੇ ਉਨ੍ਹਾਂ ਵਿਸ਼ਵਾਸ਼ ਦਵਾਇਆ ਕਿ ਉਹ ਇਹ ਮੰਗ ਪੱਤਰ ਪ੍ਰੈੱਸ ਕੌਂਸਲ ਆਫ ਇੰਡੀਆ ਨਵੀਂ ਦਿੱਲੀ ਦੇ ਚੇਅਰਮੈਨ/ਸਕੱਤਰ ਨੂੰ ਪੁੱਜਦਾ ਕਰਨਗੇ। ਇਸ ਮੌਕੇ ਬੰਗਾ ਇਕਾਈ ਦੇ ਪ੍ਰਧਾਨ ਸੰਜੀਵ ਭਨੋਟ ਅਤੇ ਜ਼ਿਲ੍ਹਾ ਜਨਰਲ ਸਕੱਤਰ ਨਵਕਾਂਤ ਭਰੋਮਜਾਰਾ ਨੇ ਆਖਿਆ ਕਿ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਨੂੰ ਬਰਕਰਾਰ ਰੱਖਣ ਲਈ ਸਾਨੂੰ ਜਿੰਨਾ ਮਰਜੀ ਤਿੱਖਾ ਅਤੇ ਸਖਤ ਸੰਘਰਸ਼ ਕਰਨਾ ਪਵੇ, ਉਹ ਜ਼ਰੂਰ ਕਰਾਂਗੇ, ਨਹੀਂ ਤਾਂ ਆਉਣ ਵਾਲੀਆਂ ਹੋਰ ਸਰਕਾਰਾਂ ਵੀ ਇਸ ਤਰ੍ਹਾਂ ਦੇ ਕੋਝੇ ਹੱਥ ਕੰਢੇ ਵਰਤ ਕੇ ਵਿਚਾਰਾਂ ਦੇ ਪ੍ਰਗਟਾਵੇ ਦੀ ਅਜਾਦੀ ਲਈ ਖਤਰਾ ਪੈਦਾ ਕਰਨਗੀਆਂ। ਸਮੂਹ ਪੱਤਰਕਾਰਾਂ ਨੇ ਕਿਹਾ ਕਿ ਹਰ ਲੇਖਕ, ਗਾਇਕ, ਗੀਤਕਾਰ, ਸਾਹਿਤਕਾਰ ਸਮੇਤ ਦੇਸ਼ ਦੀ 150 ਕਰੋੜ ਦੀ ਆਬਾਦੀ ਵਾਲੇ ਹਰ ਨਾਗਰਿਕ ਕੋਲ ਵਿਚਾਰਾਂ ਦੇ ਪ੍ਰਗਟਾਵੇ ਦੀ ਆਜਾਦੀ ਹੈ ਪਰ ਜੇਕਰ ਲੋਕਤੰਤਰ ਦੇ ਚੌਥੇ ਥੰਮ 'ਪ੍ਰੈਸ' ਖਿਲਾਫ ਹੀ ਐਮਰਜੈਂਸੀ ਲਾਗੂ ਕਰਕੇ ਝੂਠੇ ਮਾਮਲੇ ਦਰਜ ਕਰਕੇ ਪੱਤਰਕਾਰਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕੀਤੀ ਜਾਵੇ ਤਾਂ ਇਸ ਨੂੰ ਦੇਸ਼ ਦੇ ਭਵਿੱਖ ਲਈ ਸ਼ੁੱਭ ਸੰਕੇਤ ਨਹੀਂ ਮੰਨਿਆ ਜਾ ਸਕਦਾ। ਇਸ ਮੌਕੇ ਵਿਕਰਮ ਗੁੰਬਰ ਨਾਇਬ ਤਹਿਸੀਲਦਾਰ ਬੰਗਾ ਨੂੰ ਪ੍ਰੈਸ ਕੌਂਸਲ ਆਫ ਇੰਡੀਆ ਨਵੀਂ ਦਿੱਲੀ ਦੇ ਨਾਂਅ ਮੰਗ ਪੱਤਰ ਸੌਂਪਦਿਆਂ ਮੰਗ ਕੀਤੀ ਕਿ 10 ਪੱਤਰਕਾਰਾਂ, ਆਰ ਟੀ ਆਈ ਕਾਰਕੁੰਨ ਅਤੇ ਸਮਾਜ ਸੇਵੀਆਂ ਖਿਲਾਫ ਦਰਜ ਕੀਤਾ ਮਾਮਲਾ ਰੱਦ ਕੀਤਾ ਜਾਵੇ। ਇਸ ਮੌਕੇ ਸੰਜੀਵ ਭਨੋਟ, ਨਵਕਾਂਤ ਭਰੋਮਜਾਰਾ, ਮਨੀਸ਼ ਚੁੱਘ, ਨਰਿੰਦਰ ਮਾਹੀ, ਮਨਜਿੰਦਰ ਸਿੰਘ, ਧਰਮਵੀਰ ਪਾਲ, ਕੁਲਦੀਪ ਸਿੰਘ ਪਾਬਲਾ, ਰਾਜ ਮਜਾਰੀ ਅਤੇ ਚਰਨਜੀਤ ਸੱਲ੍ਹਾਂ ਆਦਿ ਵੀ ਹਾਜ਼ਰ ਸਨ।

# ਪੰਜਾਬ ਗੌਰਮਿੰਟ ਡਰਾਈਵਰ ਐਂਡ ਟੈਕਨੀਕਲ ਇੰਪਲਾਈਜ਼ ਯੂਨੀਅਨ ਦਾ ਕੈਲੰਡਰ ਜਾਰੀ

ਹੁਸ਼ਿਆਰਪੁਰ, (ਓ ਪੀ ਰਾਣਾ)

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ 'ਪੰਜਾਬ ਗੌਰਮਿੰਟ ਡਰਾਈਵਰ ਐਂਡ ਟੈਕਨੀਕਲ ਇੰਪਲਾਇਜ਼ ਯੂਨੀਅਨ' ਵੱਲੋਂ ਤਿਆਰ ਕੀਤਾ ਗਿਆ ਨਵੇਂ ਸਾਲ 2026 ਦਾ ਕੈਲੰਡਰ ਰਸਮੀ ਤੌਰ 'ਤੇ ਜਾਰੀ ਕੀਤਾ। ਇਸ ਮੌਕੇ ਉਨ੍ਹਾਂ ਯੂਨੀਅਨ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਲੰਡਰ ਨਾ ਸਿਰਫ਼ ਨਵੀਂ ਸ਼ੁਰੂਆਤ ਦਾ ਪ੍ਰਤੀਕ ਹਨ ਬਲਕਿ ਕਰਮਚਾਰੀਆਂ ਨੂੰ ਸਾਲ ਭਰ ਉਨ੍ਹਾਂ ਦੇ ਫਰਜ਼ਾਂ ਪ੍ਰਤੀ ਪ੍ਰੇਰਿਤ ਵੀ ਕਰਦੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਦੇ ਸੁਚਾਰੂ ਕੰਮਕਾਜ ਵਿੱਚ ਡਰਾਈਵਰਾਂ ਅਤੇ ਤਕਨੀਕੀ ਸਟਾਫ਼ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਇਹ ਕਰਮਚਾਰੀ ਪ੍ਰਸ਼ਾਸਨਿਕ ਕੰਮ ਨੂੰ ਤੇਜ਼ ਕਰਨ ਲਈ ਦਿਨ-ਰਾਤ ਸਖ਼ਤ ਮਿਹਨਤ ਕਰਦੇ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਸ ਨਵੇਂ ਵਰ੍ਹੇ ਦੌਰਾਨ ਵੀ ਸਾਰੇ ਕਰਮਚਾਰੀ ਆਪਣੀ ਡਿਊਟੀ ਜ਼ਿੰਮੇਵਾਰੀ, ਇਮਾਨਦਾਰੀ ਅਤੇ ਸਮਰਪਣ ਨਾਲ



ਨਿਭਾਉਣਗੇ।ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜੀਤ ਸਿੰਘ, ਜਨਰਲ ਸਕੱਤਰ ਕਮਲਜੀਤ ਸਿੰਘ, ਪ੍ਰਦੀਪ ਕੁਮਾਰ, ਨਰਿੰਦਰ ਸਿੰਘ, ਸੁਰਜੀਤ ਸਿੰਘ ਸਮੇਤ ਹੋਰ ਅਹੁਦੇਦਾਰ ਅਤੇ ਮੈਂਬਰ ਮੌਜੂਦ ਸਨ।

# ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਦੀ ਡਿਪਟੀ ਕਮਿਸ਼ਨਰ ਵੱਲੋਂ ਸਮੀਖਿਆ

ਮੁਹਾਲੀ (ਗੁਰਜੀਤ ਬਿੱਲਾ)-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ 26 ਜਨਵਰੀ ਨੂੰ ਸ਼ਹੀਦ ਮੇਜਰ (ਸ਼ੌਰਿਆ ਚਕਰ) ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ, ਫੇਜ਼-6, ਮੋਹਾਲੀ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਮਾਰਚ ਪਾਸਟ, ਸੱਭਿਆਚਾਰਕ ਪ੍ਰੋਗਰਾਮ, ਝਾਂਕੀਆਂ, ਮੈਡੀਕਲ ਸਹਾਇਤਾ, ਸਫ਼ਾਈ, ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਨ ਆਦਿ ਸੰਬੰਧੀ ਵੱਖ-ਵੱਖ ਵਿਭਾਗਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ। ਉਨ੍ਹਾਂ ਨੇ ਸਮਾਰੋਹ ਦੇ ਸੁਚੱਜੇ ਅਤੇ ਗੌਰਵਮਈ ਆਯੋਜਨ ਲਈ ਆਪਸੀ ਤਾਲਮੇਲ ਅਤੇ ਸੁਚੱਜੀ ਯੋਜਨਾਬੰਦੀ 'ਤੇ ਜ਼ੋਰ ਦਿੱਤਾ।ਕੋਮਲ ਮਿੱਤਲ ਨੇ ਦੱਸਿਆ ਕਿ ਗਣਤੰਤਰ ਦਿਵਸ ਦੀਆਂ ਅੰਤਿਮ ਰਿਹਰਸਲਾਂ 19, 21, 22 ਅਤੇ 24 ਜਨਵਰੀ ਨੂੰ ਸਰਕਾਰੀ ਕਾਲਜ ਵਿਖੇ ਕਰਵਾਈਆਂ ਜਾਣਗੀਆਂ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਪੰਜਾਬ ਦੇ ਸੁਤੰਤਰਤਾ ਸੰਗਰਾਮੀ, ਰੱਖਿਆ ਸੇਵਾਵਾਂ ਭਲਾਈ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਗਣਤੰਤਰ ਦਿਵਸ ਸਮਾਰੋਹ ਦੇ ਮੁੱਖ ਮਹਿਮਾਨ ਹੋਣਗੇ।

# ਬਲਾਕ ਸੰਮਤੀ ਚੋਣ ਜੇਤੂ ਕਮਲੇਸ਼ ਰਾਣੀ ਨੂੰ ਲੱਡੂਆਂ ਨਾਲ ਤੋਲਿਆ

ਆਦਮਪੁਰ, (ਪਰਮਜੀਤ ਸਿੰਘ)

ਆਦਮਪੁਰ ਅਧੀਨ ਆਉਂਦੇ ਪਿੰਡ ਕੰਦੋਲਾ ਵਿਖੇ ਪਿੰਡ ਵਾਸੀਆਂ ਵੱਲੋਂ ਬਲਾਕ ਸੰਮਤੀ ਮਾਨਕੋ ਤੋਂ ਆਪ ਦੀ ਜੇਤੂ ਉਮੀਦਵਾਰ ਕਮਲੇਸ਼ ਰਾਣੀ ਨੂੰ, ਹਲਕਾ



ਇੰਚਾਰਜ ਪਵਨ ਕੁਮਾਰ ਟੀਨੂੰ ਦੀ ਅਗਵਾਈ ਹੇਠ ਸਰਪੰਚ ਮਨਜੀਤ ਸਿੰਘ ਕੰਦੋਲਾ ਅਤੇ ਪਿੰਡ ਵਾਸੀਆਂ ਵੱਲੋਂ ਲੱਡੂਆਂ ਨਾਲ ਤੋਲਿਆ ਗਿਆ। ਇਸ ਦੌਰਾਨ ਪਵਨ ਕੁਮਾਰ ਟੀਨੂੰ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬੀਬੀ ਕਮਲੇਸ਼ ਰਾਣੀ ਪਿੰਡ ਕੰਦੋਲਾ ਦੀ ਧੀ ਹੈ ਜਿਸ ਕਾਰਨ ਜਿੱਤ ਦੀ ਖੁਸ਼ੀ ਵਿੱਚ ਮਾਣ ਮਹਿਸੂਸ ਕਰਦੇ ਹੋਏ ਸਮੂਹ ਪਿੰਡ ਵਾਸੀਆਂ ਵੱਲੋਂ ਸਨਮਾਨ ਕੀਤਾ ਗਿਆ। ਪਵਨ ਕੁਮਾਰ ਟੀਨੂੰ ਵੱਲੋਂ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਆਦਮਪੁਰ ਦੀਆਂ 25 ਸੀਟਾਂ ਵਿੱਚੋਂ 19 ਸੀਟਾਂ ਜਿਤਾ ਕੇ ਸਮੂਹ ਵੋਟਰਾਂ ਵੱਲੋਂ ਭਗਵੰਤ ਮਾਨ ਸਰਕਾਰ ਦੀ ਨੇਕ ਅਤੇ ਵਿਕਾਸ ਪੱਖੀ ਨੀਤੀਆਂ ਉੱਤੇ ਮੋਹਰ ਲਗਾਈ ਹੈ। ਇਸ ਮੌਕੇ ਹਰਕੀਤ ਸਿੰਘ ਨਿੱਝਰ ਕੁਆਰਡੀਨੇਟਰ ਕਿਸਾਨ ਵਿੰਗ, ਸਰਬਜੀਤ ਹੈਪੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜੰਡੂ ਸਿੰਘਾ, ਦਲਜੀਤ ਸਿੰਘ ਮਿਨਹਾਸ ਸੰਮਤੀ ਮੈਂਬਰ ਜਲਪੋਤ, ਸਤਨਾਮ ਸਿੰਘ ਸੰਮਤੀ ਮੈਂਬਰ ਡਰੋਲੀ ਕਲਾਂ, ਚਰਨਜੀਤ ਸਿੰਘ ਸ਼ੇਰੀ ਨੰਬਰਦਾਰ, ਜਗਵਿੰਦਰ ਸਿੰਘ ਨੰਬਰਦਾਰ ਭੇਲਾਂ, ਜਸਪ੍ਰੀਤ ਸਿੰਘ ਸਰਪੰਚ ਲੁਟੇਰਾ ਖੁਰਦ, ਸਰਪੰਚ ਰਾਮ ਲਾਲ ਸੰਨੀ ਚੋਮੋ, ਇੰਦਰਜੀਤ ਸਿੰਘ ਬਲਾਕ ਪ੍ਰਧਾਨ, ਕ੍ਰਿਸ਼ਨਾ ਗਰੇਵਾਲ ਮੈਂਬਰ ਮਹਿਲਾ ਕਮਿਸ਼ਨ ਪੰਜਾਬ, ਪਰਮਜੀਤ ਕੌਰ ਸਰਪੰਚ ਸੱਤੋਵਾਲੀ, ਕਮਲਜੀਤ ਕੌਰ ਪੰਚ, ਸਰਪੰਚ ਮਨਜੀਤ ਸਿੰਘ ਕੰਦੋਲਾ, ਨਰੇਸ਼ ਕੁਮਾਰ ਪੰਚ ਬਲਵੀਰ ਸਿੰਘ ਸਾਬਕਾ ਸਰਪੰਚ ਕੰਦੋਲਾ, ਸਮੇਤ ਪਾਰਟੀ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਅਮਰੀਕ ਸਿੰਘ ਮਾਨ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ

ਕਪੂਰਥਲਾ (ਪ੍ਰੀਤ ਸੰਗੋਜਲਾ)- ਪੈਨਸ਼ਨਰ ਐਸੋਸੀਏਸ਼ਨ ਦੇ ਸ਼ਹਿਰੀ ਮੰਡਲ ਕਪੂਰਥਲਾ ਦੇ ਪ੍ਰਧਾਨ ਰੇਸ਼ਮ ਸਿੰਘ ਮਾਨ ਦੇ ਛੋਟੇ ਭਰਾ ਅਤੇ ਜਰਨਲਿਸਟ ਪ੍ਰੈਸ ਕਲੱਬ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਮਾਨ ਤੇ ਵਰਲਡ ਫੇਮਸ ਗਾਇਕ ਜੀਵਨ ਮਾਨ ਦੇ ਚਾਚਾ ਅਮਰੀਕ ਸਿੰਘ ਮਾਨ ਉਰਫ਼ ਮੀਕਾ ਦਾ ਜੋ ਪਿਛਲੇ ਦਿਨੀਂ ਇਸ ਸੰਸਾਰ ਨੂੰ ਅਲਵਿਦਾ ਕਹਿਦੇ ਹੋਏ ਉਸ ਅਕਾਲਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ ਜਿਨ੍ਹਾਂ ਦੀ ਅੰਤਿਮ ਅਰਦਾਸ ਮਿਤੀ 4 ਜਨਵਰੀ ਨੂੰ ਉਨ੍ਹਾਂ ਦੇ ਗ੍ਰਹਿ ਕਸਬਾ ਕਾਲਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਵਿਖੇ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਬਾਬਾ ਹੈਦਰ ਸਾਹ ਜੀ ਦੇ ਦਰਬਾਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀਏ ਜਥਾ ਭਾਈ ਗੁਰਦਿਆਲ ਸਿੰਘ ਤੇ ਭਾਈ ਜਗਦੀਸ਼ ਸਿੰਘ ਦੇ ਕੀਰਤਨੀਏ ਜਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਵੱਖ-ਵੱਖ ਪੱਤਰਕਾਰ ਭਾਈਚਾਰਾ ਸਮਾਜ ਸੇਵਕ ਜੱਥੇਬੰਦੀਆਂ, ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਅਮਰੀਕ ਸਿੰਘ ਉਰਫ਼ ਮੀਕਾ ਮਾਨ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ



ਜਿਨ੍ਹਾਂ ਵਿਚ ਬਲਵੀਰ ਸਿੰਘ ਚੀਮਾ ਸੂਬਾ ਪ੍ਰਧਾਨ ਸ਼੍ਰੋਮਣੀ ਰੰਘਰੇਟਾ ਦਲ ਤੇ ਚੇਅਰਮੈਨ 11 ਨਿਹੰਗ ਸਿੰਘ ਜਥੇਬੰਦੀਆਂ ਭਾਰਤ, ਪਰਮਜੀਤ ਸਿੰਘ ਬੱਸਣ ਪ੍ਰਧਾਨ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ, ਰੇਸ਼ਮ ਸਿੰਘ ਮਾਨ ਪ੍ਰਧਾਨ ਸਿਟੀ ਡਵੀਜ਼ਨ ਪੈਨਸ਼ਨਰਜ਼ ਐਸੋਸੀਏਸ਼ਨ ਕਪੂਰਥਲਾ, ਲੁਭਾਇਆ ਸਿੰਘ ਸੰਘਾ ਸਾਬਕਾ ਸਰਪੰਚ, ਲਹਿੰਬਰ ਸਿੰਘ ਸਾਬਕਾ ਸਰਪੰਚ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ, ਵਿਜੇ ਅਰੋੜਾ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਜਗਰੂਪ ਸਿੰਘ, ਸੇਵਾ ਸਿੰਘ ਰਾਏ ਸਾਬਕਾ ਸਰਪੰਚ ਬਡਿਆਲ, ਬੱਬੂ ਖੈੜਾ ਸਾਬਕਾ ਮੈਂਬਰ ਬਲਾਕ ਸੰਮਤੀ, ਮਾਸਟਰ ਨਿਰਮਲ ਸਿੰਘ ਚਿੱਟੀ, ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ ਜਰਨਲਿਸਟ ਪ੍ਰੈੱਸ ਕਲੱਬ ਕਪੂਰਥਲਾ, ਬਰਿੰਦਰ ਚਾਨਾ ਸੀਨੀਅਰ ਆਗੂ ਜਰਨਲਿਸਟ ਪ੍ਰੈੱਸ ਕਲੱਬ, ਰਾਜੇਸ਼ ਕਾਲੀਆਂ ਸੀਨੀਅਰ ਆਗੂ ਜਰਨਲਿਸਟ ਪ੍ਰੈੱਸ ਕਲੱਬ ਜਲੰਧਰ, ਮਨਜੀਤ ਸਿੰਘ ਮਰਵਾਹਾ ਜਲੰਧਰ, ਅਸ਼ੋਕ ਲਾਡੀ ਜਲੰਧਰ, ਮਿੰਟੂ ਚੁੰਗ ਜਲੰਧਰ, ਅਮਰਪ੍ਰੀਤ ਕੌਰ ਜ਼ਿਲ੍ਹਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਵੂਮੈਨ ਸੈਲ ਜਲੰਧਰ, ਪਰਮਜੀਤ ਕੌਰ ਸੀਨੀਅਰ ਆਗੂ ਜਰਨਲਿਸਟ ਪ੍ਰੈੱਸ ਕਲੱਬ, ਅਵਤਾਰ ਸਿੰਘ ਮਾਨ ਪੀ ਏ ਰਾਣਾ ਗੁਰਜੀਤ ਸਿੰਘ, ਅਸ਼ੋਕ ਚੁਹਾਨ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਮਹਿਤਪੁਰ, ਸੰਜੀਵ ਕੌਂਡਲ ਪ੍ਰਧਾਨ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ,ਸਤਨਾਮ ਬੰਗਾ ਉੱਗੀ , ਈਸ਼ੂ ਜਲੰਧਰ ਸਾਹਿਬ ਸਿੰਘ ਸ਼ੇਖ ਮਾਗਾ, ਬਲਦੇਵ ਰਾਜ ਸਿਟੀ ਡਵੀਜ਼ਨ ਸਕੱਤਰ ਪੈਨਸ਼ਨਰਜ਼ ਐਸੋਸੀਏਸ਼ਨ ਕਪੂਰਥਲਾ, ਜਸਵੀਰ ਸਿੰਘ, ਰਣਜੀਤ ਸਿੰਘ, ਬਲਦੇਵ ਸਿੰਘ, ਸਰਬਜੀਤ ਸਿੰਘ, ਅਵਤਾਰ ਸਿੰਘ,ਬ੍ਰਿਜ ਮੋਹਨ, ਗੁਰਬਚਨ ਚੰਦ, ਹਰਪਾਲ ਸਿੰਘ ਪਾਲਾ ਟੇਲਰ, ਪੰਡਿਤ ਰਾਜੂ, ਗੁਰਦਿਆਲ ਸਿੰਘ ਮਾਨ, ਨੰਬਰਦਾਰ ਜਗਦੀਸ਼ ਸਿੰਘ, ਅਸ਼ੋਕ ਹੰਸ, ਰਾਜਿੰਦਰ ਭੱਟੀ, ਸਟੇਜ ਸਕੱਤਰ ਦੀ ਜ਼ਿੰਮੇਵਾਰੀ ਰਣਯੋਧ ਸਿੰਘ ਯੋਧੂ ਪ੍ਰਧਾਨ ਐਨ ਆਰ ਆਈਜ਼ ਵਿੰਗ ਪੰਜਾਬ ਨੇ ਬਾਖੂਬੀ ਨਿਭਾਈ।

# ਬਾਲ ਵਿਆਹ ਰੋਕਥਾਮ ਸੰਬੰਧੀ ਲਗਾਇਆ ਜਾਗਰੂਕਤਾ ਕੈਂਪ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਬਾਲ ਵਿਆਹ ਵਰਗੀ ਗੰਭੀਰ ਸਮਾਜਿਕ ਬੁਰਾਈ ਨੂੰ ਖ਼ਤਮ ਕਰਨ ਅਤੇ ਆਮ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਹ ਮੁਹਿੰਮ 27 ਨਵੰਬਰ ਤੋਂ ਜ਼ਿਲ੍ਹੇ ਦੇ ਵੱਖ-ਵੱਖ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਲਗਾਤਾਰ ਚਲਾਈ ਜਾ ਰਹੀ ਹੈ। ਇਸ ਸਬੰਧ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਅਗਵਾਈ ਹੇਠ ਬਲਾਕ ਤਲਵਾੜਾ ਵਿੱਚ ਇਕ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਮਾਪਿਆਂ, ਨੌਜਵਾਨਾਂ, ਸਕੂਲੀ ਵਿਦਿਆਰਥੀਆਂ ਅਤੇ ਆਮ ਨਾਗਰਿਕਾਂ ਨੂੰ ਬਾਲ ਵਿਆਹ ਦੇ ਮਾੜੇ ਪ੍ਰਭਾਵਾਂ, ਬੱਚਿਆਂ ਦੇ ਅਧਿਕਾਰਾਂ ਅਤੇ ਇਸ ਨਾਲ ਸਬੰਧਤ ਕਾਨੂੰਨੀ ਪ੍ਰਬੰਧਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਮੌਕੇ ਦੱਸਿਆ ਗਿਆ ਕਿ ਬਾਲ ਵਿਆਹ ਕਾਰਨ ਬੱਚਿਆਂ ਦੀ ਪੜ੍ਹਾਈ ਵਿੱਚ ਰੁਕਾਵਟ ਪੈਂਦੀ ਹੈ, ਗੰਭੀਰ ਸਿਹਤ ਸਮੱਸਿਆਵਾਂ ਪੈਦਾ ਹੁੰਦੀਆਂ ਹਨ ਅਤੇ ਉਨ੍ਹਾਂ ਦੇ ਸਮੁੱਚੇ ਵਿਕਾਸ 'ਤੇ ਮਾੜਾ ਅਸਰ ਪੈਂਦਾ ਹੈ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਕਾਨੂੰਨ ਅਨੁਸਾਰ 21 ਸਾਲ ਤੋਂ ਘੱਟ ਉਮਰ ਦੇ ਲੜਕੇ ਅਤੇ 18 ਸਾਲ ਤੋਂ ਘੱਟ ਉਮਰ ਦੀ ਲੜਕੀ ਨਾਲ ਵਿਆਹ ਕਰਨਾ ਸਜ਼ਾਯੋਗ ਅਪਰਾਧ ਹੈ। ਬਾਲ ਵਿਆਹ ਰੋਕਥਾਮ ਐਕਟ ਉਨ੍ਹਾਂ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਵਿਵਸਥਾ ਕਰਦਾ ਹੈ, ਜੋ ਬਾਲ ਵਿਆਹ ਕਰਵਾਉਂਦੇ ਹਨ, ਸਮਰਥਨ ਕਰਦੇ ਹਨ ਜਾਂ ਭੜਕਾਉਂਦੇ ਹਨ।

# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੀ ਦਾਖਲਾ ਪ੍ਰੀਖਿਆ

ਚੰਡੀਗੜ੍ਹ, (ਗੁਰਜੀਤ ਬਿੱਲਾ)

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐੱਸ ਏ ਐੱਸ ਨਗਰ (ਮੋਹਾਲੀ) ਦੇ 16ਵੇਂ ਕੋਰਸ ਲਈ ਦਾਖ਼ਲਾ ਪ੍ਰੀਖਿਆ ਵਿੱਚ ਕੁੱਲ 3,256 ਲੜਕੇ ਬੈਠੇ। ਇਹਨਾਂ ਵਿੱਚੋਂ 48 ਉਮੀਦਵਾਰਾਂ ਨੂੰ ਸੰਸਥਾ ਵਿੱਚ ਦੋ ਸਾਲਾਂ ਦੇ ਸਿਖਲਾਈ ਪ੍ਰੋਗਰਾਮ ਲਈ ਚੁਣਿਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਨੈਸ਼ਨਲ ਡਿਫੈਂਸ ਅਕੈਡਮੀ (ਐੱਨ ਡੀ ਏ) ਅਤੇ ਹੋਰ ਆਰਮਡ ਫੋਰਸਿਜ਼ ਟ੍ਰੇਨਿੰਗ ਅਕੈਡਮੀਆਂ ਵਿੱਚ ਦਾਖਲੇ ਲਈ ਤਿਆਰ ਕੀਤਾ ਜਾ ਸਕੇ, ਜਿਸ ਨਾਲ ਉਨ੍ਹਾਂ ਦਾ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣਨ ਦਾ ਰਾਹ ਪੱਧਰਾ ਹੋਵੇਗਾ।ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਅਧੀਨ ਚਲਾਈ ਜਾ ਰਹੀ ਇਸ ਵੱਕਾਰੀ ਸੰਸਥਾ ਦਾ ਸ਼ਾਨਦਾਰ ਰਿਕਾਰਡ ਰਿਹਾ



ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਸੱਤਾ ਸੰਭਾਲਣ ਤੋਂ ਬਾਅਦ ਇਸ ਸੰਸਥਾ ਦੇ 100 ਕੈਡਿਟ ਐਨ.ਡੀ.ਏ./ਬਰਾਬਰ ਦੀਆਂ ਅਕੈਡਮੀਆਂ ਵਿੱਚ ਸ਼ਾਮਲ ਹੋਏ ਹਨ ਅਤੇ 84 ਕੈਡਿਟ ਭਾਰਤ ਦੇ ਰੱਖਿਆ ਬਲਾਂ ਵਿੱਚ ਕਮਿਸ਼ਨਡ ਅਫਸਰ ਬਣੇ ਹਨ।

# ਅੰਗਹੀਣ ਨੌਜਵਾਨ ਨੂੰ ਭੇਟ ਕੀਤੀ ਇਲੈਕਟ੍ਰਿਕ ਟਰਾਈ ਸਾਇਕਲ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਅੰਗਹੀਣਾਂ ਦੀ ਸੇਵਾ ਨੂੰ ਸਮਰਪਿਤ ਜੱਥੇਬੰਦੀ ਕੇ ਐੱਲ ਚਾਂਦ ਵੈਲਫੇਅਰ ਟਰੱਸਟ ਯੂ.ਕੇ. ਦੀ ਪੰਜਾਬ ਇਕਾਈ ਵਲੋਂ ਨਵੇਂ ਸਾਲ ਤੇ ਦਸਵੇਂ ਪਾਤਸ਼ਾਹ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁੱਭ ਮੌਕੇ 'ਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਵਿਸ਼ੇਸ਼ ਯਤਨਾਂ ਤੇ ਸਮਾਜ ਸੇਵਕ ਰਾਜਿੰਦਰ ਸਿੰਘ ਕੋਛੜ ਦੇ ਆਰਥਕ ਸਹਿਯੋਗ ਨਾਲ ਪਿੰਡ ਪੀਪਾਰੰਗੀ ਦੇ ਇੱਕ ਲੋੜਵੰਦ ਅੰਗਹੀਣ ਨੌਜਵਾਨ ਨੂੰ ਇਲੈਕਟ੍ਰਿਕ ਟਰਾਈ ਸਾਈਕਲ ਭੇਟ ਕੀਤੀ ਗਈ। ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਆਯੋਜਿਤ ਸੰਖੇਪ ਸਮਾਗਮ ਦੌਰਾਨ ਟਰੱਸਟ ਦੇ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਨੌਜਵਾਨ ਦੀਆਂ ਦੋਵੇਂ ਲੱਤਾਂ ਪੋਲੀਓਗ੍ਰਸਤ ਹਨ, ਜਿਸ ਕਰਕੇ ਉਹ ਚੱਲਣ-ਫਿਰਣ ਤੋਂ ਅਸਮਰਥ ਸੀ। ਨੌਜਵਾਨ



ਦੀ ਰੋਜ਼ਾਨਾ ਜ਼ਰੂਰਤ ਅਤੇ ਆਤਮਨਿਰਭਰਤਾ ਨੂੰ ਧਿਆਨ ਵਿੱਚ ਰੱਖਦਿਆਂ ਟਰੱਸਟ ਵਲੋਂ ਇਹ ਉਪਰਾਲਾ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਰਾਜਿੰਦਰ ਸਿੰਘ ਕੋਛੜ ਨੇ ਕੇ ਐੱਲ ਚਾਂਦ ਵੈਲਫੇਅਰ ਟਰੱਸਟ ਵੱਲੋਂ ਅੰਗਹੀਣਾਂ ਦੀ ਭਲਾਈ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਟਰੱਸਟ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਹੋ ਕੇ ਨਿਸ਼ਕਾਮ ਭਾਵ ਨਾਲ ਲੋੜਵੰਦਾਂ ਦੀ ਮਦਦ ਕਰ ਰਿਹਾ ਹੈ, ਜੋ ਸਮਾਜ ਲਈ ਪ੍ਰੇਰਣਾਦਾਇਕ ਹੈ। ਉੱਥੇ ਹੀ ਮਲਕੀਅਤ ਸਿੰਘ ਰਘਬੋਤਰਾ ਨੇ ਅੰਗਹੀਣ ਨੌਜਵਾਨ ਅਤੇ ਮੌਜੂਦ ਪਤਵੰਤਿਆਂ ਨੂੰ ਨਵੇਂ ਸਾਲ ਅਤੇ ਪ੍ਰਕਾਸ਼ ਪੁਰਬ ਦੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਅੰਗਹੀਣ ਭੈਣ-ਭਰਾਵਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਲੋਕ-ਹਿਤੈਸ਼ੀ ਉਪਰਾਲੇ ਜਾਰੀ ਰੱਖੇ ਜਾਣਗੇ। ਇਸ ਮੌਕੇ ਸਮਾਜ ਸੇਵਕ ਮੋਹਨ ਲਾਲ ਤਨੇਜਾ, ਟਰੱਸਟ ਦੀ ਕੈਸ਼ੀਅਰ ਆਸ਼ਾ ਰਾਣੀ, ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ, ਗੁਰਨਾਮ ਪਾਲ ਅਕਾਲਗੜ੍ਹ, ਸ਼ਿੰਗਾਰਾ ਰਾਮ, ਕੈਲਵਿਨ ਚੁੰਬਰ ਆਦਿ ਵੀ ਹਾਜ਼ਰ ਸਨ।

## ਮਾਨ ਸਰਕਾਰ ਵੱਲੋਂ 10 ਲੱਖ ਦਾ ਫ੍ਰੀ ਸਿਹਤ ਬੀਮਾ ਯੋਜਨਾ ਹਰ ਵਰਗ ਲਈ ਵਰਦਾਨ ਸਾਬਿਤ ਹੋਵੇਗੀ : ਚੱਠਾ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 10 ਲੱਖ ਰੁਪਏ ਦਾ ਫ੍ਰੀ ਸਿਹਤ ਬੀਮਾ ਯੋਜਨਾ ਦੀ ਸ਼ਲਾਘਾ ਕਰਦਿਆਂ ਆਪ ਆਗੂ ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ ਨੇ ਕੀਤਾ।ਉਨ੍ਹਾਂ ਕਿਹਾ ਕਿ ਇਹ ਯੋਜਨਾ ਮੁੱਖ ਮੰਤਰੀ ਦੀ ਦੂਰਦਰਸ਼ੀ ਸੋਚ ਤੇ ਲੋਕ ਭਲਾਈ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਇਕ ਮਜ਼ਬੂਤ ਉਦਾਹਰਨ ਹੈ।ਉਨ੍ਹਾਂ ਕਿਹਾ ਕਿ 15 ਜਨਵਰੀ 2026 ਤੋਂ ਸੂਬੇ ਭਰ ਵਿੱਚ ਸ਼ੁਰੂ ਹੋਣ ਜਾ ਰਹੀ ਰਜਿਸਟੇਸ਼ਨ ਰਾਹੀਂ ਪੰਜਾਬ ਸਰਕਾਰ ਨੇ ਸਿਹਤ ਸੇਵਾਵਾਂ ਨੂੰ ਹਰ ਨਾਗਰਿਕ ਤੱਕ ਪਹੁੰਚਯੋਗ ਬਣਾਉਣ ਦਾ ਇਤਿਹਾਸਕ ਫ਼ੈਸਲਾ ਲਿਆ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਹਰ ਪਰਿਵਾਰ ਨੂੰ ਪੰਜਾਬ ਤੇ ਚੰਡੀਗੜ੍ਹ ਦੇ ਸਰਕਾਰੀ ਤੇ ਪੈਨਲ ਪ੍ਰਾਈਵੇਟ ਹਸਪਤਾਲਾ ਵਿੱਚ ਹਰ ਸਾਲ 10 ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ।ਇਹ ਯੋਜਨਾ ਖਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਤੇ ਮੱਧ ਵਰਗ ਦੇ ਪਰਿਵਾਰਾਂ ਲਈ ਵਰਦਾਨ ਸਾਬਿਤ ਹੋਵੇਗੀ, ਜੋ ਮਹਿੰਗੇ ਇਲਾਜ ਕਾਰਨ ਸਿਹਤ ਸਹੂਲਤਾਂ ਤੋਂ ਵਾਂਝੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਮੁੱਖ ਉਦੇਸ਼ ਜ਼ਮੀਨੀ ਪੱਧਰ 'ਤੇ ਵੱਧ ਤੋਂ ਵੱਧ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਹੈ, ਤਾਂ ਜੋ ਕੋਈ ਵੀ ਨਾਗਰਿਕ ਸਿਰਫ਼ ਵਿੱਤੀ ਕਾਰਨਾਂ ਕਰਕੇ ਇਲਾਜ ਤੋਂ ਵਾਂਝਾ ਨਾ ਰਹੇ।ਇਹ ਯੋਜਨਾ ਤੰਦਰੁਸਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਵੱਲ ਇੱਕ ਠੋਸ ਕਦਮ ਹੈ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹੱਤਵਪੂਰਨ ਯੋਜਨਾ ਦਾ ਲਾਭ ਉਠਾਉਣ ਤੇ ਆਪਣੇ ਪਰਿਵਾਰਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ।

## ਹੈਰੋਇਨ ਸਮੇਤ ਦੋ ਕਾਬੂ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੂੰ ਸੀ.ਆਈ.ਏ. ਸਟਾਫ ਸਰਹਿੰਦ ਵੱਲੋਂ ਹੈਰੋਇਨ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਸੀ.ਆਈ.ਏ. ਸਟਾਫ ਦੀ ਇੱਕ ਟੀਮ ਸਰਹਿੰਦ ਦੇ ਆਮ ਖਾਸ ਬਾਗ ਤੋਂ ਦਸ਼ਨਮੀ ਅਖਾੜਾ ਵੱਲ ਨੂੰ ਜਾ ਰਹੀ ਸੀ ਤਾਂ ਰਸਤੇ ਵਿੱਚ ਗੰਦੇ ਨਾਲੇ ਵਾਲੇ ਪੁਲੀ ਨਜ਼ਦੀਕ ਪਹੁੰਚਣ 'ਤੇ ਮੋਟਰਸਾਈਕਲ 'ਤੇ ਆ ਰਹੇ ਚੀਨੂੰ ਤੇ ਦੀਪਕ ਨੇ ਪੁਲਸ ਦੀ ਗੱਡੀ ਆਉਂਦੀ ਦੇਖ ਕੇ ਮੋਟਰਸਾਈਕਲ ਇਕਦਮ ਪਿੱਛੇ ਘੁਮਾ ਕੇ ਉਥੋਂ ਭੱਜਣ ਦੀ ਕੋਸ਼ਿਸ਼ ਕੀਤੀ, ਜਿਨ੍ਹਾਂ ਨੂੰ ਸ਼ੱਕ ਦੇ ਆਧਾਰ 'ਤੇ ਪੁਲਸ ਕਰਮਚਾਰੀਆਂ ਵੱਲੋਂ ਕਾਬੂ ਕਰ ਲਿਆ ਗਿਆ।ਤਲਾਸ਼ੀ ਦੌਰਾਨ ਉਕਤ ਨੌਜਵਾਨਾਂ ਦੇ ਕਬਜ਼ੇ ਵਿੱਚੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਦੋਵਾਂ ਨੂੰ ਗ੍ਰਿਫ਼ਤਾਰ ਕਰਕੇ ਸੀ.ਆਈ.ਏ. ਦੇ ਥਾਣੇਦਾਰ ਸਪਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਡੀਸੀ ਸਿੰਘ ਕੁਲਰੀਆਂ ਸੋਈ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ



**ਬਰੇਟਾ (ਗੋਬਿੰਦ ਸ਼ਰਮਾ)**-ਪੰਜਾਬ ਸ਼੍ਰੋਮਣੀ ਅਕਾਲੀ ਦਲ ਦੇ ਵਿਦਿਆਰਥੀ ਵਿੰਗ ਐੱਸ.ਓ.ਆਈ. (ਸੋਈ) ਵੱਲੋਂ ਬੀਤੇ ਦਿਨ ਅਹਿਮ ਨਿਯੁਕਤੀਆਂ ਦਿੱਤੀਆਂ ਗਈਆਂ, ਜਿਸ ਵਿੱਚ ਪਾਰਟੀ ਲਈ ਮਿਹਨਤ ਕਰਨ ਵਾਲੇ ਨੌਜਵਾਨ ਡੀਸੀ ਸਿੰਘ ਕੁਲਰੀਆਂ ਨੂੰ ਵਿਦਿਆਰਥੀ ਵਿੰਗ ਐੱਸ.ਓ.ਆਈ. ਦਾ ਸੀਨੀਅਰ ਮੀਤ ਪ੍ਰਧਾਨ ਲਗਾਇਆ।ਇਸ ਮੌਕੇ ਡੀਸੀ ਸਿੰਘ ਵੱਲੋਂ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਬੀਬਾ ਹਰਸਿਮਰਤ ਕੌਰ ਬਾਦਲ ਮੈਂਬਰ ਪਾਰਲੀਮੈਂਟ ਬਠਿੰਡਾ ਬਿਕਰਮ ਸਿੰਘ ਮਜੀਠੀਆ ਐੱਸਓਆਈ ਦੇ ਕੋਆਰਡੀਨੇਟਰ ਸਰਦਾਰ ਗੁਰਪ੍ਰੀਤ ਸਿੰਘ, ਰਾਜੂ ਖੰਨਾ ਤੇ ਐੱਸਓਆਈ ਦੇ ਪ੍ਰਧਾਨ ਰਣਵੀਰ ਸਿੰਘ ਢਿੱਲੋਂ ਤੇ ਬੁਢਲਾਡਾ ਹਲਕੇ ਦੇ ਇੰਚਾਰਜ ਡਾਕਟਰ ਨਿਸ਼ਾਨ ਸਿੰਘ ਕਾਲਾ ਸਿੰਘ ਜਵੰਦਾ ਦਵਿੰਦਰ ਸਿੰਘ ਚੱਕ ਅਲੀਸ਼ੇਰ ਗੁਰਦੀਪ ਸਿੰਘ ਟੋਡਰਪੁਰ ਜਸਵੀਰ ਸਿੰਘ ਜੱਸੂ ਤਾਰੀ ਸਿੰਘ, ਸਤਗੁਰ ਸਿੰਘ ਬਰੇਟਾ ਮੈਂਬਰ ਸਮੂਹ ਅਹੁਦੇਦਾਰ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਸਰਕਾਰ ਬਣਾਉਣ ਲਈ ਅਹਿਮ ਯੋਗਦਾਨ ਪਾਉਣਗੇ।

## ਦਸਮੇਸ਼ ਪਿਤਾ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ



**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਰਬੰਸਦਾਨੀ ਦਸਮੇਸ਼ ਪਿਤਾ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਗੁਰਦੁਆਰਾ ਸ਼੍ਰੀ ਗੁਰੂ ਕਲਗੀਧਰ ਸਾਹਿਬ ਵਿਖੇ ਰੱਖੇ ਹੋਏ ਸ਼੍ਰੀ ਅਖੰਡ ਪਾਠ ਦੇ ਭੋਗ ਸਵੇਰੇ ਪਾਏ ਗਏ ਤੇ ਇਸ ਦੇ ਬਾਅਦ ਗੰਥੀ ਸਿੰਘ ਸਾਹਿਬਾਨਾਂ ਨੇ ਗੁਰਬਾਣੀ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਜੀਵਨ 'ਤੇ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਗੁਰੂਵਾਲੇ ਬਣਨ ਲਈ ਪ੍ਰੇਰਿਤ ਕੀਤਾ। ਗੰਥੀ ਭਾਈ ਬਖ਼ਸ਼ੀਸ਼ ਸਿੰਘ ਜੀ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ। ਇਸ ਸਮਾਗਮ ਦੇ ਦੌਰਾਨ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ ਅਤੇ ਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੇ ਸਮਾਪਤੀ ਉਪਰੰਤ ਗੁਰੂ ਕਾ ਅਤੁੱਟ ਲੰਗਰ ਸੰਗਤਾਂ ਵਿਚ ਵਰਤਾਇਆ ਗਿਆ। ਸਮਾਗਮ ਦੇ ਦੌਰਾਨ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਵੱਲੋਂ ਗੰਥੀ ਸਾਹਿਬਾਨਾਂ ਨੂੰ ਸਿਰੋਪੇ ਭੇਟ ਕੀਤੇ ਗਏ।

## ਪ੍ਰਕਾਸ਼ ਪੁਰਬ ਮੌਕੇ ਸਜਾਏ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ



**ਕੋਟ ਈਸੇ ਖਾਂ (ਅਰੋੜਾ)**-ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ਹਿਰ ਕੋਟ ਈਸੇ ਖਾਂ ਵਿੱਚ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਨਗਰ ਕੀਰਤਨ ਕੱਢਿਆ ਗਿਆ।ਇਸ ਪਵਿੱਤਰ ਨਗਰ ਕੀਰਤਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਕੋਟ ਈਸੇ ਖਾਂ ਤੋਂ ਆਰੰਭ ਹੋਇਆ ਤੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਸੰਪੰਨ ਹੋਇਆ। ਸ਼ਹਿਰ ਦੇ ਹਰ ਮੋੜ ਤੇ ਸੰਗਤ ਵੱਲੋਂ ਨਗਰ ਕੀਰਤਨ ਦਾ ਭਰਪੂਰ ਸਵਾਗਤ ਕੀਤਾ ਗਿਆ। ਰਾਹ ਵਿੱਚ ਸੰਗਤ ਨੇ ਚਾਹ-ਪਾਣੀ, ਲੰਗਰ ਲਗਾ ਕੇ ਆਉਣ ਵਾਲੀ ਸੰਗਤ ਦੀ ਸੇਵਾ ਕੀਤੀ। ਧਰਮਕੋਟ ਰੋਡ ਉੱਤੇ ਸਥਿਤ ਖਾਲਸਾ ਸਕੂਲ ਗੁਰਦੁਆਰਾ ਨਾਨਕ ਕਾਲੋਨੀ ਵਿੱਚ ਵੀ ਨਗਰ ਕੀਰਤਨ ਦਾ ਵਿਸ਼ੇਸ਼ ਤੌਰ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ, ਜਿੱਥੇ ਸ਼ਰਧਾਲੂਆਂ ਨੇ ਗੁਰੂ ਚਰਨਾਂ ਵਿੱਚ ਹਾਜ਼ਰੀ ਭਰ ਕੇ ਅਸ਼ੀਰਵਾਦ ਪ੍ਰਾਪਤ ਕੀਤਾ।

## ਸਰਕਾਰ ਦੇ ਮੁਲਾਜ਼ਮ ਵਿਰੋਧੀ ਵਤੀਏ ਖਿਲਾਫ ਕਨਵੈਨਸ਼ਨ 10 ਨੂੰ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਦੀਆਂ ਵੱਖ-ਵੱਖ ਸੰਘਰਸ਼ੀ ਜੱਥੇਬੰਦੀਆਂ ਵੱਲੋਂ ਵਿੱਤੀ ਮੰਗਾਂ ਨੂੰ ਲੈ ਕੇ ਪੁਰਾਣੇ ਸਕੇਲ ਅਤੇ ਤੇ ਬਹਾਲੀ ਮੰਗਾਂ ਦੇ ਬੈਨਰ ਹੇਠ 10 ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਹਾਲ ਮੋਗਾ ਵਿਖੇ ਸੂਬਾਈ ਕਨਵੈਨਸ਼ਨ ਕਰਨ ਦਾ ਫ਼ੈਸਲਾ ਕੀਤਾ ਗਿਆ।ਇਸ ਸਬੰਧੀ ਲੁਧਿਆਣਾ ਵਿੱਚ ਮੀਟਿੰਗ ਕਰਨ ਉਪਰੰਤ ਆਗੂਆਂ ਸੁਖਿੰਦਰਪਾਲ ਗਿੱਲ, ਜਸਵਿੰਦਰ ਸਿੰਘ ਐਜ਼ੀਆਣਾ, ਅਵਤਾਰ ਸਿੰਘ ਖਾਲਸਾ, ਬਲਜਿੰਦਰ ਸਿੰਘ, ਸੰਦੀਪ ਅਤੇ ਸੁਖਵਿੰਦਰ ਸਿੰਘ ਲੀਲ੍ਹ ਨੇ ਕਿਹਾ ਕਿ ਪੁਰਾਣੇ ਸਕੇਲ ਅਤੇ ਪੁਰਾਣੀ ਪੈਨਸ਼ਨ ਲਾਗੂ ਕਰਨ ਅਤੇ ਪੰਜ ਤੇ ਬਕਾਏ ਏਰੀਆ ਡੱਕਾ ਸਮੇਤ ਕੱਟੇ ਗਏ ਭੱਤੇ, ਏ.ਸੀ.ਪੀ. ਤੇ ਪੈਂਡਿੰਗ 16% ਡੀਏ ਆਦਿ ਲਾਗੂ ਕਰਵਾਉਣ ਲਈ ਮੋਗਾ ਸ਼ਹਿਰ ਵਿੱਚ 10 ਜਨਵਰੀ ਨੂੰ ਸੰਕੇਤਕ ਰੋਸ ਮਾਰਚ ਕੀਤਾ ਜਾਵੇਗਾ।ਆਗੂਆਂ ਕਿਹਾ ਕਿ ਸਾਲ 2020 ਜਾਂ ਇਸ ਤੋਂ ਬਾਅਦ ਹੋਈਆਂ ਭਰਤੀਆਂ 'ਤੇ ਲਾਗੂ ਮੁਲਾਜ਼ਮ ਵਿਰੋਧੀ ਸਕੇਲਾਂ ਦਾ ਨੋਟੀਫਿਕੇਸ਼ਨ ਮੁੱਢੋਂ ਰੱਦ ਕਰਨ ਅਤੇ ਨਵੇਂ ਮੁਲਾਜ਼ਮਾਂ ਲਈ ਪੰਜਾਬ ਦੇ ਸਕੇਲ ਲਾਗੂ ਕਰਵਾਉਣ, ਪੰਜਾਬ ਦੇ ਸਕੇਲਾਂ ਅਦਾਲਤੀ ਫ਼ੈਸਲਿਆਂ ਨੂੰ ਲਾਗੂ ਕਰਨ ਦੌਰਾਨ ਛੇਵੇਂ ਪੰਜਾਬ ਪੇਅ ਕਮਿਸ਼ਨ ਸਮੇਤ 15% ਤਨਖ਼ਾਹ ਵਾਧੇ ਅਨੁਸਾਰ ਤਨਖ਼ਾਹਾਂ ਫਿਕਸ ਕਰਵਾਉਣ ਅਤੇ ਪੰਜਾਬ ਸਰਕਾਰ ਵੱਲੋਂ ਕੀਤੀ ਜਾਣ ਵਾਲੀ ਹਰ ਕਿਸਮ ਦੀ ਗੈਰ ਵਾਜਿਬ ਤੇ ਜਬਰੀ ਤਨਖ਼ਾਹ ਰਿਕਵਰੀ ਅਤੇ ਤਨਖ਼ਾਹ ਕਟੌਤੀ 'ਤੇ ਰੋਕ ਲਗਾਉਣ ਦੀ ਮੰਗ ਕੀਤੀ। ਸਰਕਾਰ ਵੱਲੋਂ ਜਾਰੀ ਪੁਰਾਣੀ ਪੈਨਸ਼ਨ ਪ੍ਰਣਾਲੀ ਦੇ ਨੋਟੀਫਿਕੇਸ਼ਨ ਦਾ ਸਾਲ 1972 ਦੇ ਨਿਯਮਾਂ ਅਨੁਸਾਰ ਸਟੈਂਡਰਡ ਆਪਰੇਟਿੰਗ ਪ੍ਰੋਸੀਜ਼ਰ ਜਾਰੀ ਕਰਵਾਕੇ ਜੀ.ਪੀ.ਐੱਫ. ਖਾਤੇ ਖੁਲਵਾਏ ਜਾਣ, ਕੱਟੇ ਗਏ 37 ਭੱਤਿਆਂ ਦੀ ਬਹਾਲੀ ਤੇ ਏ.ਸੀ.ਪੀ. ਸਕੀਮ ਅਤੇ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ ਰਵਿਊ ਕਰਨ ਦੇ ਨਾਂ ਹੇਠ ਮੁਲਾਜ਼ਮਾਂ ਦੇ ਕੱਟੇ ਗਏ ਸਾਰੇ ਭੱਤੇ ਤੇ ਏ.ਸੀ.ਪੀ. ਸਕੀਮ ਬਹਾਲ ਕੀਤੀ ਜਾਵੇ ਅਤੇ ਪੈਂਡਿੰਗ 16% ਬਕਾਇਆ ਕਿਸ਼ਤਾਂ ਜਾਰੀ ਕਰਵਾਉਣ ਆਦਿ ਮੰਗਾਂ ਸਬੰਧੀ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਜਾਵੇਗੀ। ਕਨਵੈਨਸ਼ਨ ਵਿੱਚ ਲੁਧਿਆਣਾ ਤੋਂ ਵੱਡੀ ਗਿਣਤੀ ਮੁਲਾਜ਼ਮ ਸ਼ਾਮਲ ਹੋਣਗੇ।

# ਵਿਚਾਰਾਂ ਦੇ ਪ੍ਰਗਟਾਵੇ ਦੇ ਹੱਕ 'ਚ ਨਿੱਤਰੀਆਂ ਵੱਖ-ਵੱਖ ਇਨਸਾਫਪਸੰਦ ਜਥੇਬੰਦੀਆਂ

### ਆਰ ਟੀ ਆਈ ਕਾਰਕੁਨ ਤੇ ਪੱਤਰਕਾਰਾਂ ਖਿਲਾਫ ਪਰਚਾ ਰੱਦ ਕਰਵਾਉਣ ਲਈ ਕੀਤਾ ਰੋਸ ਪ੍ਰਦਰਸ਼ਨ



**ਕੋਟਕਪੂਰਾ (ਰਛਪਾਲ ਭੁੱਲਰ)** ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਕੋਟਕਪੂਰਾ ਦੇ ਪ੍ਰਧਾਨ ਹਰਪ੍ਰੀਤ ਸਿੰਘ ਚਾਨਾ ਤੇ ਜਨਰਲ ਸਕੱਤਰ ਮੋਹਰ ਸਿੰਘ ਗਿੱਲ ਦੀ ਅਗਵਾਈ ਹੇਠ ਪਿਛਲੇ ਦਿਨੀਂ ਆਰ.ਟੀ.ਆਈ. ਕਾਰਕੁੰਨ ਤੇ ਪੱਤਰਕਾਰਾਂ ਖਿਲਾਫ ਦਰਜ ਕੀਤੇ ਕੇਸ ਦੇ ਵਿਰੋਧ ਵਿੱਚ ਇਨਸਾਫ ਪਸੰਦ ਜਥੇਬੰਦੀਆਂ ਦੇ ਸਹਿਯੋਗ ਨਾਲ ਰੋਸ ਪ੍ਰਦਰਸ਼ਨ ਕਰਕੇ ਪ੍ਰੈੱਸ ਕੌਂਸਲ ਆਫ ਇੰਡੀਆ ਨਵੀਂ ਦਿੱਲੀ ਦੇ ਚੇਅਰਮੈਨ/ਸਕੱਤਰ ਦੇ ਨਾਮ ਮੰਗ ਪੱਤਰ ਨਾਇਬ ਤਹਿਸੀਲਦਾਰ ਨੂੰ ਸੌਂਪਿਆ ਗਿਆ।ਆਪਣੇ ਸੰਬੋਧਨ ਦੌਰਾਨ ਵੱਖ-ਵੱਖ ਪੱਤਰਕਾਰ ਯੂਨੀਅਨਾਂ ਤੇ ਇਨਸਾਫ ਪਸੰਦ ਜਥੇਬੰਦੀਆਂ ਦੇ ਆਗੂਆਂ ਨੇ ਆਖਿਆ ਕਿ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਨੂੰ ਬਰਕਰਾਰ ਰੱਖਣ ਲਈ ਸਾਨੂੰ ਜਿੰਨਾ ਮਰਜ਼ੀ ਤਿੱਖਾ ਤੇ ਸਖਤ ਸੰਘਰਸ਼ ਕਰਨਾ ਪਵੇ, ਉਹ ਜ਼ਰੂਰ ਕਰਾਂਗੇ, ਨਹੀਂ ਤਾਂ ਆਉਣ ਵਾਲੀਆਂ ਹੋਰ ਸਰਕਾਰਾਂ ਵੀ ਇਸ ਤਰ੍ਹਾਂ ਦੇ ਕੋਝੇ ਹੱਥ ਕੰਢੇ ਵਰਤ ਕੇ ਵਿਚਾਰਾਂ ਦੇ ਪ੍ਰਗਟਾਵੇ ਦੀ ਅਜ਼ਾਦੀ ਲਈ ਖਤਰਾ ਪੈਦਾ ਕਰਨਗੀਆਂ।ਸਾਂਝੇ ਤੌਰ 'ਤੇ ਸਟੇਜ ਸੰਚਾਲਨ ਕਰਦਿਆਂ ਅਵਤਾਰ ਸਿੰਘ ਸਹੋਤਾ, ਪ੍ਰੇਮ ਚਾਵਲਾ ਤੇ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਰੋਸ ਪ੍ਰਦਰਸ਼ਨ ਦੇ ਮੁੱਖ ਕਾਰਨ ਤੇ ਵਿਉਂਤਬੰਦੀ ਤੋਂ ਜਾਣੂ ਕਰਵਾਇਆ।

ਕਿਸਾਨ ਆਗੂਆਂ ਗੁਰਮੇਲ ਸਿੰਘ ਧਾਲੀਵਾਲ, ਜਸਪ੍ਰੀਤ ਸਿੰਘ ਜੱਸਾ ਕੋਹਾਰਵਾਲਾ, ਯਾਦਵਿੰਦਰ ਸਿੰਘ ਸਿਬੀਆ, ਕੁਲਵੰਤ ਸਿੰਘ ਚਾਨੀ, ਮਨਜੀਤ ਕੌਰ ਨੰਗਲ, ਸੁਰਜੀਤ ਸਿੰਘ ਬਰਾੜ, ਰੁਲਦੂ ਸਿੰਘ ਸੈਣੀ, ਕੇਵਲ ਸਿੰਘ ਪ੍ਰੇਮੀ, ਮੰਦਰ ਸਿੰਘ ਸਮੇਤ ਵਿਦਿਆਰਥੀ ਆਗੂਆਂ ਸੁਖਪ੍ਰੀਤ ਸਿੰਘ ਮੌੜ, ਬਲਰਾਜ ਸਿੰਘ ਮੌੜ ਤੇ ਸੁਖਬੀਰ ਸਿੰਘ ਆਦਿ ਨੇ ਆਖਿਆ ਕਿ ਹਰ ਲੇਖਕ, ਗਾਇਕ, ਗੀਤਕਾਰ, ਸਾਹਿਤਕਾਰ ਸਮੇਤ ਦੇਸ਼ ਦੀ 150 ਕਰੋੜ ਦੀ ਆਬਾਦੀ ਵਾਲੇ ਹਰ ਨਾਗਰਿਕ ਕੋਲ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਹੈ, ਪਰ ਜੇਕਰ ਲੋਕਤੰਤਰ ਦੇ ਚੌਥੇ ਥੰਮ੍ਹ 'ਪ੍ਰੈੱਸ' ਖਿਲਾਫ ਹੀ ਐਮਰਜੈਂਸੀ ਲਾਗੂ ਕਰਕੇ ਝੂਠੇ ਮਾਮਲੇ ਦਰਜ ਕਰਕੇ ਪੱਤਰਕਾਰਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕੀਤੀ ਜਾਵੇ ਤਾਂ ਇਸ ਨੂੰ ਦੇਸ਼ ਦੇ ਭਵਿੱਖ ਲਈ ਸ਼ੁੱਭ ਸੰਕੇਤ ਨਹੀਂ ਮੰਨਿਆ ਜਾ ਸਕਦਾ।ਅੰਤ ਵਿੱਚ ਸਰਕਾਰ ਦੀ ਧੱਕੇਸ਼ਾਹੀ ਖਿਲਾਫ ਨਾਹਰੇਬਾਜ਼ੀ ਕਰਦਿਆਂ ਸ਼ਾਂਤਮਈ ਰੂਪ ਵਿੱਚ ਰੋਸ ਪ੍ਰਦਰਸ਼ਨ ਸਥਾਨਕ ਤਹਿਸੀਲ ਕੰਪਲੈਕਸ ਵਿੱਚ ਪੁੱਜਾ, ਜਿੱਥੇ ਐੱਸ ਡੀ ਐੱਮ ਦੀ ਗੈਰ-ਹਾਜ਼ਰੀ ਕਰਕੇ ਸ੍ਰ ਮੱਖਣ ਸਿੰਘ ਨਾਇਬ ਤਹਿਸੀਲਦਾਰ ਨੂੰ ਪ੍ਰੈੱਸ ਕੌਂਸਲ ਆਫ ਇੰਡੀਆ ਨਵੀਂ ਦਿੱਲੀ ਦੇ ਨਾਮ ਮੰਗ ਪੱਤਰ ਸੌਂਪਦਿਆਂ ਮੰਗ ਕੀਤੀ ਕਿ 10 ਪੱਤਰਕਾਰਾਂ, ਆਰਟੀਆਈ ਕਾਰਕੁੰਨ ਤੇ ਸਮਾਜਸੇਵੀਆਂ ਖਿਲਾਫ ਦਰਜ ਕੀਤਾ ਮਾਮਲਾ ਰੱਦ ਹੋਵੇ ਤੇ ਭਵਿੱਖ ਵਿੱਚ ਇਸ ਤਰ੍ਹਾਂ ਦੀ ਘਟਨਾ ਨਾ ਵਾਪਰਨੀ ਯਕੀਨੀ ਬਣਾਈ ਜਾਵੇ।

## ਪ੍ਰਕਾਸ਼ ਪੁਰਬ 'ਚ ਖੁਸ਼ਬੂ ਸਵਨਾ ਨੇ ਕੀਤੀ ਸ਼ਮੂਲੀਅਤ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਪਾਵਨ ਦਿਹਾੜੇ ਤੇ ਅੱਜ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਫਾਜ਼ਿਲਕਾ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਤੇ ਉਨ੍ਹਾਂ ਦੀ ਧਰਮਪਤਨੀ ਮੈਡਮ ਖੁਸ਼ਬੂ ਸਵਨਾ ਨਤਮਸਤਕ ਹੋਏ।ਉਨ੍ਹਾ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਪਾਵਨ ਦਿਹਾੜੇ ਮੌਕੇ ਕਰਵਾਏ ਗਏ ਸਮਾਗਮ ਵਿਚ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ। ਉਨ੍ਹਾ ਗੁਰੂ ਸਾਹਿਬ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।

ਵਿਧਾਇਕ ਫਾਜ਼ਿਲਕਾ ਨਰਿੰਦਰ ਪਾਲ ਸਿੰਘ ਸਵਨਾ ਤੇ ਉਨ੍ਹਾ ਦੀ ਧਰਮਪ ਤਨੀ ਮੈਡਮ ਖੁਸ਼ਬੂ ਸਵਨਾ ਨੇ ਕਿਹਾ ਕਿ ਸਮਾਗਮਾਂ ਵਿਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਦੀ ਹਾਜ਼ਰੀ ਦਾ ਅਹਿਸਾਸ ਹੁੰਦਾ ਹੈ, ਜਿਸ ਨਾਲ ਮਨ ਨੂੰ ਅਥਾਹ ਸ਼ਾਂਤੀ ਮਿਲਦੀ ਹੈ।

## ਸੰਸਥਾਵਾਂ ਦੇ ਮਿਲਣੀ ਪ੍ਰੋਗਰਾਮ 'ਚ ਰੇਲਵੇ ਓਵਰ ਬਰਿੱਜ ਦਾ ਮੁੱਦਾ ਗਰਮਾਇਆ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਧੂਰੀ ਸ਼ਹਿਰ ਦੀ ਨੁਹਾਰ ਬਦਲਣ ਤੇ ਵਿਕਾਸ ਕਾਰਜਾਂ ਨੂੰ ਗਤੀਸ਼ੀਲ ਕਰਨ ਦੇ ਮਕਸਦ ਨਾਲ ਸੀਨੀਅਰ ਸਿਟੀਜ਼ਨ ਵੈੱਲਫ਼ੇਅਰ ਐਸੋਸੀਏਸ਼ਨ ਵੱਲੋਂ ਸਥਾਨਕ ਉਸਾਰੂ ਜਥੇਬੰਦੀਆਂ ਨਾਲ ਇੱਕ ਵਿਸ਼ੇਸ਼ ਮਿਲਣੀ ਸਮਾਗਮ ਉਲੀਕਿਆ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਜਗਦੀਸ਼ ਸ਼ਰਮਾ, ਹਰਜਿੰਦਰ ਸਿੰਘ ਤੇ ਗੁਰਦੀਪ ਸਿੰਘ ਦੇ ਸਾਂਝੇ ਪ੍ਰਧਾਨਗੀ ਮੰਡਲ ਹੇਠ ਹੋਈ।ਇਸ ਇਕੱਠ ਵਿੱਚ ਧੂਰੀ ਵਿਕਾਸ ਮੰਚ ਧੂਰੀ, ਪੈਨਸ਼ਨਰਜ਼ ਵੈੱਲਫ਼ੇਅਰ ਐਸੋਸੀਏਸ਼ਨ, ਪੰਜਾਬੀ ਸਾਹਿਤ ਸਭਾ ਧੂਰੀ, ਪਰਿਵਰਤਨ, ਸਟੈੱਪ ਆਨ ਸੋਸਾਇਟੀ, ਐਕਸ ਸਰਵਿਸਮੈਨ, ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸਮੇਤ ਕਈ ਪ੍ਰਮੁੱਖ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਧੂਰੀ ਦੇ ਰੇਲਵੇ ਓਵਰ ਬਰਿੱਜ ਦਾ ਗੰਭੀਰ ਮਸਲਾ ਪ੍ਰਮੁੱਖਤਾ ਨਾਲ ਗੂੰਜਿਆ।ਸੀਨੀਅਰ ਸਿਟੀਜਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਰਾਜੋਮਾਜਰਾ ਤੇ ਧੂਰੀ ਵਿਕਾਸ ਮੰਚ ਧੂਰੀ ਦੇ ਜਨਰਲ ਸਕੱਤਰ ਹੰਸ ਰਾਜ ਬਜਾਜ ਨੇ ਕੇਂਦਰ ਤੇ ਰਾਜ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਿਆਸੀ ਰੱਸਾਕਸ਼ੀ ਕਾਰਨ ਸ਼ਹਿਰ ਦਾ ਵਿਕਾਸ ਰੁਕਿਆ ਹੋਇਆ ਹੈ।ਬੁਲਾਰਿਆਂ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਰੇਲਵੇ ਪੁਲ ਦਾ ਮਸਲਾ ਹੁਣ ਸਿਰਫ਼ ਸਰਕਾਰੀ ਫ਼ਾਈਲਾਂ ਤੱਕ ਸੀਮਤ ਨਹੀਂ ਰਿਹਾ, ਸਗੋਂ ਇਹ ਧੂਰੀ ਦੇ ਲੋਕਾਂ ਦੀ ਹੋਂਦ ਤੇ ਸਹੂਲਤ ਨਾਲ ਜੁੜਿਆ ਇੱਕ ਭਖਦਾ ਸਵਾਲ ਹੈ।ਉਨ੍ਹਾਂ ਰਾਮ ਬਾਗ ਤੋਂ ਸੰਗਰੂਰ ਬਾਈਪਾਸ ਤੱਕ ਨਵੇਂ ਪੁਲ ਦੀ ਉਸਾਰੀ ਤੇ ਸ਼ਹਿਰ ਦੇ ਹੋਰਨਾਂ ਅਧੂਰੇ ਕਾਰਜਾਂ ਨੂੰ ਤੁਰੰਤ ਮੁਕੰਮਲ ਕਰਨ ਦੀ ਪੁਰਜ਼ੋਰ ਮੰਗ ਕੀਤੀ।ਇਸ ਮੌਕੇ ਸ਼ਹਿਰ ਦਾ ਨਾਮ ਕੌਮਾਂਤਰੀ ਪੱਧਰ 'ਤੇ ਚਮਕਾਉਣ ਵਾਲੇ ਪਰਬਤਾਰੋਹੀ ਤੇ ਜੇਲ੍ਹ ਵਿਭਾਗ ਦੇ ਮੁਲਾਜ਼ਮ ਗੁਰਪ੍ਰੀਤ ਸਿੰਘ ਬਾਠ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਇੱਕ ਅਹਿਮ ਮਤਾ ਪਾਸ ਕਰਦਿਆਂ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਤੇ ਸਮਾਜਿਕ ਕਾਰਕੁੰਨਾਂ ਵਿਰੁੱਧ ਦਰਜ ਕੀਤੇ ਗਏ ਮੁਕੱਦਮਿਆਂ ਦੀ ਸਖ਼ਤ ਨਿਖੇਧੀ ਕੀਤੀ ਗਈ।ਇਸ ਮੌਕੇ ਧੂਰੀ ਵਿਕਾਸ ਮੰਚ ਧੂਰੀ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਤੇ ਮੀਡੀਆ ਸਲਾਹਕਾਰ ਮਨੋਹਰ ਸਿੰਘ ਸੱਗੂ, ਗਾਇਕ ਗੁਰਦਿਆਲ ਨਿਰਮਾਣ, ਹਰਦੇਵ ਸਿੰਘ ਜਵੰਧਾ, ਜੈਦੇਵ ਸ਼ਰਮਾ, ਗੁਰਦਰਸ਼ਨ ਸਿੰਘ ਡਿੰਪੀ, ਇੰਜ. ਗੁਰਮੀਤ ਸਿੰਘ, ਸਾਹਿੱਤਕਾਰ ਮੂਲ ਚੰਦ ਸ਼ਰਮਾ, ਚਰਨਜ਼ੀਤ ਸਿੰਘ ਮੀਮਸਾ, ਰਾਮ ਚੰਦ ਸ਼ਰਮਾ, ਚਰਨਜੀਤ ਕੈਂਥ, ਜਸਦੇਵ ਸਿੰਘ, ਕੈਪਟਨ ਕਾਕਾ ਸਿੰਘ, ਅਜਮੇਰ ਸਿੰਘ ਆਦਿ ਨੇ ਵੀ ਸ਼ਮੂਲੀਅਤ ਕੀਤੀ।

# ਅਮਰੀਕਾ ਵੱਲੋਂ ਸੰਸਾਰ 'ਚ ਸਟੇਟ ਅੱਤਵਾਦ ਤੇ ਗੈਂਗਸਟਰਵਾਦ ਨੂੰ ਹੱਲਾਸ਼ੇਰੀ ਦੇਣਾ ਨਿੰਦਣਯੋਗ : ਡਾਕਟਰ ਸਵਰਾਜ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅੰਤਰਰਾਸ਼ਟਰੀ ਮਾਮਲਿਆਂ ਦੇ ਮਾਹਰ ਤੇ ਵਿਸ਼ਵ ਚਿੰਤਕ ਐਵਾਰਡ ਜੇਤੂ ਤੇ ਅਖਬਾਰੀ ਕਾਲਮ ਨਵੀਸ ਡਾਕਟਰ ਸਵਰਾਜ ਸਿੰਘ ਨੇ ਅਮਰੀਕੀ ਸਾਮਰਾਜ ਵੱਲੋਂ ਵੈਨੇਜ਼ੁਏਲਾ 'ਤੇ ਕੀਤੇ ਗਏ ਹਮਲੇ ਦੀ ਘੋਰ ਨਿੰਦਾ ਕਰਦਿਆਂ ਕਿਹਾ ਕਿ ਅਮਰੀਕਾ ਸੰਸਾਰ ਵਿੱਚ ਸਟੇਟ ਅੱਤਵਾਦ ਤੇ ਸਟੇਟ ਗੈਂਗਸਟਰਵਾਦ ਨੂੰ ਹੱਲਾਸ਼ੇਰੀ ਦੇ ਰਿਹਾ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਵਰਤਾਰਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਬੁੱਧੀਜੀਵੀਆਂ, ਕਲਾਕਾਰਾਂ ਤੇ ਨਰੋਏ ਸਮਾਜ ਦੇ ਹਰ ਵਰਗ ਦੇ ਲੋਕਾਂ ਨੂੰ ਵੈਨੇਜ਼ੁਏਲਾ 'ਤੇ ਕੀਤੇ ਗਏ ਹਮਲੇ ਲਈ ਅਮਰੀਕੀ ਸਾਮਰਾਜ ਦੀ ਖੁੱਲ੍ਹ ਕੇ ਘੋਰ ਨਿੰਦਾ ਕਰਨੀ ਚਾਹੀਦੀ ਹੈ ਅਤੇ ਲੋਕਾਂ ਦੇ ਸਾਹਮਣੇ ਅਮਰੀਕੀ ਸਾਮਰਾਜ ਦਾ ਅਸਲੀ ਚਿਹਰਾ ਨੰਗਾ ਕਰਨਾ ਚਾਹੀਦਾ ਹੈ। ਡਾਕਟਰ ਸਵਰਾਜ ਸਿੰਘ ਆਪਣੇ 79ਵੇਂ ਜਨਮ ਦਿਨ ਮੌਕੇ ਵਧਾਈ ਦੇਣ ਲਈ ਆਏ ਬੁੱਧੀਜੀਵੀ, ਚਿੰਤਕ ਤੇ ਕਲਾਕਾਰਾਂ ਨੂੰ ਆਪਣੇ ਵਿਚਾਰਾਂ ਵਿੱਚ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਇਹ ਹਮਲਾ ਸਿਰਫ ਵੈਨੇਜ਼ੁਏਲ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਕਰਨ ਲਈ ਕੀਤਾ ਗਿਆ ਹੈ, ਕਿਉਂਕਿ ਇਸ ਦੇਸ਼ ਕੋਲ਼ ਸਭ ਤੋਂ ਵੱਡੇ ਤੇਲ ਭੰਡਾਰ ਹਨ।ਸੰਸਾਰ ਦੇ ਕੁੱਲ ਤੇਲ ਭੰਡਾਰਾਂ ਦਾ 20% ਹਿੱਸਾ ਇਕੱਲੇ ਵੈਨੇਜ਼ੁਏਲ ਕੋਲ ਹੈ।ਇਸ ਹਮਲੇ ਦਾ ਇੱਕ ਹੋਰ ਕਾਰਨ ਇਹ ਵੀ ਹੈ ਕਿ ਵੈਨੇਜ਼ੁਏਲਾ ਆਪਣੇ ਤੇਲ ਦੀ ਕੀਮਤ ਅਮਰੀਕੀ ਡਾਲਰ ਦੀ ਥਾਂ ਚੀਨ ਦੀ ਕਰੰਸੀ ਵਿੱਚ ਲੈ ਰਿਹਾ, ਜਿਸ ਨਾਲ ਅਮਰੀਕਾ ਦੀ ਪੈਟਰੋ ਡਾਲਰ ਰਾਜਨੀਤੀ ਕਮਜ਼ੋਰ ਹੁੰਦੀ ਹੈ ਅਤੇ ਸੰਸਾਰ ਤੇ ਡਾਲਰ ਦੀ ਚੌਧਰ ਵੀ ਘਟਦੀ ਹੈ, ਪਰ ਅਮਰੀਕਾ ਨੇ ਇਹ ਨੰਗਾ ਚਿੱਟਾ ਹਮਲਾ ਕਰਕੇ ਸਾਬਿਤ ਕਰ ਦਿੱਤਾ ਹੈ ਕਿ ਉਸ ਦੀ ਚੌਧਰ ਵਿੱਚ ਕੋਈ ਵੀ ਦੇਸ਼ ਉਸ ਤੋਂ ਅੱਗੇ ਨਹੀਂ ਵਧ ਸਕਦਾ।ਇਸ ਕਰਕੇ ਉਹ ਆਪਣੀ ਨੀਤੀ ਮੁਤਾਬਕ ਗਲਤ ਹਮਲੇ ਕਰਕੇ ਸੰਸਾਰ ਵਿੱਚ ਤੀਜੇ ਵਿਸ਼ਵ ਯੁੱਧ ਨੂੰ ਬੜ੍ਹਾਵਾ ਦੇ ਰਿਹਾ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਹੈ।

## 2500 ਲੀਟਰ ਲਾਹਣ ਬਰਾਮਦ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਪਿੰਡ ਕਾਠਗੜ੍ਹ ਵਿਖੇ 2500 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਾਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਥਾਣਾ ਵੈਰੋਕੇ ਦੇ ਇਲਾਕੇ ਵਿੱਚ ਗਸ਼ਤ ਕਰ ਰਹੇ ਸੀ ਤੇ ਜਦੋਂ ਪੁਲਸ ਪਿੰਡ ਕਾਠਗੜ੍ਹ ਵਿਖੇ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਜੋਗਿੰਦਰ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਢਾਣੀ ਕਰਤਾਰ ਸਿੰਘ ਦਾਖਲੀ ਕਾਠਗੜ੍ਹ ਨਾਜਾਇਜ਼ ਸ਼ਰਾਬ ਕੱਢਣ ਦਾ ਕੰਮ ਕਰਦਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਉਸ ਦੇ ਘਰ ਵਿੱਚ ਛਾਪੇਮਾਰੀ ਕਰਕੇ 2500 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ, ਜਦੋਂਕਿ ਜੋਗਿੰਦਰ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਥਾਣਾ ਵੈਰੋਕੇ ਦੀ ਪੁਲਸ ਨੇ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਰਾਜ ਪੱਧਰੀ ਬਸੰਤ ਮੇਲਾ 16 ਤੇ 17 ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਰਾਜ ਪੱਧਰੀ ਬਸੰਤ ਮੇਲਾ ਫਿਰੋਜ਼ਪੁਰ ਵਿਖੇ ਪੂਰੀ ਧੂਮਧਾਮ ਨਾਲ ਮਨਾਇਆ ਜਾਵੇਗਾ। ਇਹ ਮੇਲਾ 16 ਤੇ 17 ਜਨਵਰੀ 2026 ਨੂੰ ਫਿਰੋਜ਼ਪੁਰ ਵਿਖੇ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਚ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਬਸੰਤ ਮੇਲੇ ਦੌਰਾਨ ਵੱਖ ਵੱਖ ਪਤੰਗਬਾਜ਼ੀ ਮੁਕਾਬਲੇ ਕਰਵਾਏ ਜਾਣੇ ਹਨ, ਜਿਸ ਲਈ ਰਜਿਸਟਰੇਸ਼ਨ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਮੁਕਾਬਲਿਆਂ ਵਿੱਚ ਪੇਚਾ ਮੁਕਾਬਲਾ ਤੇ ਸਭ ਤੋਂ ਵੱਡਾ ਪਤੰਗਬਾਜ਼ ਮੁਕਾਬਲਾ ਕਰਵਾਇਆ ਜਾਵੇਗਾ ਤੇ ਜੇਤੂਆਂ ਨੂੰ ਆਕਰਸ਼ਕ ਇਨਾਮ ਵੀ ਦਿੱਤੇ ਜਾਣਗੇ। ਇਸ ਤੋਂ ਇਲਾਵਾ ਮੇਲੇ ਵਿੱਚ ਵੱਖ ਵੱਖ ਤਰ੍ਹਾਂ ਦੇ ਸਟਾਲ, ਝੂਲੇ ਤੇ ਖਾਣ-ਪੀਣ ਵਾਲੀਆਂ ਦੁਕਾਨਾਂ ਆਦਿ ਵੀ ਲਗਾਈਆਂ ਜਾਣਗੀਆਂ ਤੇ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਇਆ ਜਾਵੇਗਾ।

# ਭਗਵੰਤ ਮਾਨ ਮੁੱਖ ਮੰਤਰੀ ਤੇ ਗ੍ਰਹਿ ਮੰਤਰੀ ਦੋਵਾਂ ਵਜੋਂ ਫੇਲ੍ਹ : ਹਰਸਿਮਰਤ

### ਅਰਵਿੰਦ ਕੇਜਰੀਵਾਲ ਤੇ ਉਨ੍ਹਾਂ ਦਾ ਗਰੋਹ ਪੰਜਾਬ ਨੂੰ ਮਨਮਰਜ਼ੀ ਮੁਤਾਬਕ ਲੁੱਟ ਰਹੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)** ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਬਠਿੰਡਾ ਦੇ ਐੱਮ ਪੀ ਹਰਸਿਮਰਤ ਕੌਰ ਬਾਦਲ ਨੇ ਸੋਮਵਾਰ ਇਥੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਮੁੱਖ ਮੰਤਰੀ ਤੇ ਗ੍ਰਹਿ ਮੰਤਰੀ ਦੋਹਾਂ ਵਜੋਂ ਫੇਲ੍ਹ ਸਾਬਿਤ ਹੋਏ ਹਨ ਤੇ ਉਨ੍ਹਾਂ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ।ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਠਿੰਡਾ ਦੇ ਐੱਮ ਪੀ ਨੇ ਕਿਹਾ ਕਿ ਭਗਵੰਤ ਮਾਨ ਨੇ ਸੂਬੇ ਵਿੱਚ ਕਾਨੂੰਨ ਵਿਵਸਥਾ ਢਹਿ ਢੇਰੀ ਹੋਣ ਦੀ ਪ੍ਰਧਾਨਗੀ ਕੀਤੀ ਹੈ।ਉਨ੍ਹਾਂ ਕਿਹਾ ਕਿ ਗੈਂਗਸਟਰ ਮਨਮਰਜ਼ੀ ਨਾਲ ਕੰਮ ਕਰ ਰਹੇ ਹਨ ਤੇ ਆਪਣੀ ਮਰਜ਼ੀ ਮੁਤਾਬਕ ਲੋਕਾਂ ਤੋਂ ਫਿਰੌਤੀਆਂ ਵਸੂਲ ਰਹੇ ਹਨ ਤੇ ਕਤਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਰੋਜ਼ਾਨਾ ਹੀ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਤੇ ਹਾਲ ਹੀ ਵਿੱਚ ਅੰਮ੍ਰਿਤਸਰ 'ਚ ਵਿਆਹ ਪਾਰਟੀ ਵਿੱਚ ਇੱਕ ਪਿੰਡ ਦੇ ਸਰਪੰਚ ਦਾ ਕਤਲ ਹੋਇਆ ਹੈ ਤੇ ਨਾਲ ਹੀ ਕਪੂਰਥਲਾ ਵਿੱਚ ਇਕ ਐੱਨ ਆਰ ਆਈ ਮਹਿਲਾ ਤੇ ਮੋਗਾ ਵਿੱਚ ਪੰਚਾਇਤ ਮੈਂਬਰ ਦਾ ਕਤਲ ਹੋਇਆ ਹੈ।ਉਨ੍ਹਾ ਜ਼ੋਰ ਦੇ ਕਿਹਾ ਕਿ ਇਥੇ ਹੀ ਬਸ ਨਹੀਂ, ਮੁੱਖ ਮੰਤਰੀ ਨੇ ਸੂਬਾ ਅਰਵਿੰਦ ਕੇਜਰੀਵਾਲ ਤੇ ਉਨ੍ਹਾਂ ਦੇ ਗਰੋਹ ਹਵਾਲੇ ਕਰ ਦਿੱਤਾ ਹੈ, ਜੋ ਦੋਵੇਂ ਹੱਥਾਂ ਨਾਲ ਸੂਬੇ ਤੇ ਇਨ੍ਹਾਂ ਦੇ ਸਰੋਤਾਂ ਨੂੰ ਲੁੱਟ ਰਹੇ ਹਨ।ਉਨ੍ਹਾਂ ਕਿਹਾ ਕਿ ਸੂਬੇ ਦੀਆਂ ਜਾਇਦਾਦਾਂ ਆਮ ਆਦਮੀ ਪਾਰਟੀ ਦੇ ਸੂਬੇ ਵਿੱਚ ਚੋਣ ਪ੍ਰਚਾਰ ਵਾਸਤੇ ਵੇਚੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਲੁਧਿਆਣਾ ਦੇ ਨਗਰ ਨਿਗਮ ਦੀ ਹੱਦ ਵਿੱਚ ਵਾਧਾ ਕਰ ਕੇ 30 ਪਿੰਡ ਇਸ ਵਿੱਚ ਸ਼ਾਮਲ ਕਰ ਕੇ ਸ਼ਾਮਲਾਟਾਂ ਵੇਚਣ ਤੇ ਇਹ ਆਪ ਦੀਆਂ ਕਠਪੁਤਲੀਆਂ ਤੇ ਵਪਾਰੀਆਂ ਨੂੰ ਦੇਣ ਦਾ ਫੈਸਲਾ ਵੀ ਇਸੇ ਕਰਕੇ ਲਿਆ ਗਿਆ ਹੈ।ਉਨ੍ਹਾਂ ਨੂੰ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁੰਨਾਂ ਖਿਲਾਫ ਦਰਜ ਹੋਏ ਕੇਸ ਬਾਰੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਕਦੇ ਵੀ ਪੱਤਰਕਾਰਾਂ ਨੂੰ ਇਸ ਤਰੀਕੇ ਨਿਸ਼ਾਨਾ ਨਹੀਂ ਬਣਾਇਆ ਗਿਆ।

ਉਨ੍ਹਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਸਰਕਾਰ ਮੀਡੀਆ ਦੀ ਆਜ਼ਾਦੀ ਨੂੰ ਕੁਚਲਣਾ ਚਾਹੁੰਦੀ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਉਸ ਨੂੰ ਸਮਝ ਆ ਗਈ ਹੈ ਕਿ ਉਸ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਰਹੀ ਹੈ ਤੇ ਇਸ ਨੂੰ 2027 ਵਿੱਚ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਵੇਗਾ।

# ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਰੱਖੜਾ ਹਾਈ ਪਾਵਰ ਕਮੇਟੀ ਦਾ ਮੈਂਬਰ ਨਿਯੁਕਤ

### ਰਣਧੀਰ ਰੱਖੜਾ ਨੂੰ ਕੀਤਾ ਜ਼ਿਲ੍ਹਾ ਪ੍ਰਧਾਨ ਨਿਯੁਕਤ




**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸੰਗਠਨ ਨੂੰ ਮਜ਼ਬੂਤ ਕਰਨ ਲਈ ਵੱਡਾ ਫੈਸਲਾ ਲੈਂਦਿਆਂ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਸਰਦਾਰ ਸੁਰਜੀਤ ਸਿੰਘ ਰੱਖੜਾ ਨੂੰ ਹਾਈ ਪਾਵਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।ਇਸ ਦੇ ਨਾਲ ਹੀ ਰਣਧੀਰ ਸਿੰਘ ਰੱਖੜਾ ਨੂੰ ਜ਼ਿਲ੍ਹਾ ਪਟਿਆਲਾ ਦਿਹਾਤੀ ਦਾ ਪ੍ਰਧਾਨ ਥਾਪ ਕੇ ਪਟਿਆਲੇ ਜ਼ਿਲ੍ਹਾ ਦੇ ਦੋਨੋ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ।ਇਹ ਜ਼ਿੰਮੇਵਾਰੀ ਮਿਲਣ ਉਪਰੰਤ ਸੁਰਜੀਤ ਸਿੰਘ ਰੱਖੜਾ ਤੇ ਰਣਧੀਰ ਸਿੰਘ ਰੱਖੜਾ ਵੱਲੋਂ ਪਹਿਲਾਂ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਵਿੱਚ ਹਾਜ਼ਰੀ ਭਰੀ ਗਈ ਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਉਪਰੰਤ ਇਲਾਕੇ ਭਰ ਦੀਆਂ ਸੰਗਤਾਂ ਤੇ ਅਕਾਲੀ ਵਰਕਰਾਂ ਵੱਲੋਂ ਸੁਰਜੀਤ ਸਿੰਘ ਰੱਖੜਾ ਦੀ ਰਿਹਾਇਸ਼ ਕਰਤਾਰ ਵਿਲਾ ਵਿਖੇ ਪਹੁੰਚ ਕੇ ਦੋਨਾਂ ਆਗੂਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਪੰਥਕ ਸੋਚ ਵਾਲੇ ਲੋਕ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਰਹੀਆਂ।ਇਸ ਦੌਰਾਨ ਸੁਰਜੀਤ ਸਿੰਘ ਰੱਖੜਾ ਤੇ ਰਣਧੀਰ ਸਿੰਘ ਰੱਖੜਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਸ ਵੱਡੀ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਨਾਲ ਨਿਭਾਉਣਗੇ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਅਜਿਹੀ ਪਾਰਟੀ ਹੈ, ਜੋ ਲੋਕ ਸੇਵਾ ਪੰਜਾਬ ਦੇ ਹੱਕਾਂ ਤੇ ਪੰਥ ਦੀ ਚੜ੍ਹਦੀ ਕਲਾ ਲਈ ਸੰਘਰਸ਼ ਕਰ ਰਹੀ ਹੈ ਅਤੇ ਪਾਰਟੀ ਦੇ ਹਰ ਏਜੰਡੇ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾਵੇਗਾ।ਦੋਨਾਂ ਨੇਤਾਵਾਂ ਨੇ ਕਿਹਾ ਕਿ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਾਸਤੇ ਹਰ ਵਰਕਰ ਦੀ ਆਵਾਜ਼ ਨੂੰ ਤਰਹੀਜ ਦਿੱਤੀ ਜਾਵੇਗੀ।

## ਕੁਲਦੀਪ ਕੁਮਾਰ ਨੇ ਐੱਸ ਐੱਚ ਓ ਵਜੋਂ ਅਹੁਦਾ ਸੰਭਾਲਿਆ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਪੰਜਾਬ ਪੁਲਸ ਥਾਣਾ ਹਠੂਰ ਦੇ ਨਵ ਨਿਯੁਕਤ ਐਸ ਐਚ ਓ ਕੁਲਦੀਪ ਕੁਮਾਰ ਨੇ ਆਪਣਾ ਅਹੁਦਾ ਸੰਭਾਲਦਿਆਂ ਹਲਕੇ ਦੇ ਪਿੰਡਾਂ ਦੀਆਂ ਪੰਚਾਇਤਾਂ ਤੇ ਨੌਜਵਾਨ ਕਲੱਬਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਫੜਨ ਲਈ ਪੁਲਸ ਦਾ ਸਹਿਯੋਗ ਦਿੱਤਾ ਜਾਵੇ ਤਾਂ ਜੁ ਹਠੂਰ ਦੇ ਇਲਾਕੇ ਦੇ ਪਿੰਡਾਂ ਨੂੰ ਨਸ਼ਾ ਮੁਕਤ ਕੀਤਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਗੁਰਦੁਆਰਿਆਂ ਸਾਹਿਬ ਵਿੱਚ ਅਨਾਊਂਸਮੈਂਟ ਕਰਾਈਆਂ ਜਾਣਗੀਆਂ ਕਿ ਜੋ ਵੀ ਨਸ਼ਾ ਵੇਚਦਾ ਬੰਦ ਕਰ ਦੇਵੇ ਨਹੀਂ ਤਾਂ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਹੇਠ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਨੂੰ ਠੱਲ ਪਾਉਣ ਲਈ ਰੋਜ਼ਾਨਾ ਵੱਡੇ ਵੱਡੇ ਨਸ਼ਾ ਤਸਕਰਾਂ ਦੇ ਘਰ ਢਾਹੇ ਜਾ ਰਹੇ ਹਨ ਤਾਂ ਜੁ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਇਆ ਜਾ ਸਕੇ।ਅੰਤ ਵਿੱਚ ਉਨ੍ਹਾਂ ਕਿਹਾ ਕਿ ਜੇਕਰ ਕੋਈ ਨਸ਼ਾ ਵੇਚਣ ਵਾਲੇ ਵਿਅਕਤੀ ਸੰਬੰਧੀ ਪੁਲਸ ਨੂੰ ਸੂਚਨਾ ਦੇਵੇਗਾ, ਉਸ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

## ਰਾਮਗੜ੍ਹੀਆ ਵੈੱਲਫੇਅਰ ਕੌਂਸਲ ਨੇ ਲੋੜਵੰਦਾਂ ਨੂੰ ਮਹੀਨਾਵਾਰ ਰਾਸ਼ਨ ਵੰਡਿਆ




**ਜਗਰਾਉਂ (ਅਮਿਤ ਖੰਨਾ)**-ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਰਾਮਗੜ੍ਹੀਆ ਵੈਲਫੇਅਰ ਕੌਂਸਲ ਜੋ ਕਿ ਹਰ ਮਹੀਨੇ ਲੋੜਵੰਦ ਔਰਤਾਂ ਨੂੰ ਰਾਸ਼ਨ ਦੇ ਰਹੀ ਹੈ, ਵੰਡਣ ਦੀ ਪਿਰਤ ਨੂੰ ਜਾਰੀ ਰੱਖਦਿਆਂ ਅੱਜ ਲੋੜਵੰਦ ਔਰਤਾਂ ਨੂੰ ਰਾਸ਼ਨ ਦਿੱਤਾ ਗਿਆ ਇਸ ਮੌਕੇ ਰਾਮਗੜ੍ਹੀਆ ਵੈਲਫੇਅਰ ਕੌਂਸਲ ਦੇ ਸਰਪ੍ਰਸਤ ਪ੍ਰਸਿੱਧ ਸਮਾਜ ਸੇਵੀ ਬਾਬਾ ਮੋਹਣ ਸਿੰਘ ਸੱਗੂ ਨੇ ਆਖਿਆ ਕਿ ਲੋੜਵੰਦਾ ਦੀਆਂ ਲੋੜਾਂ ਪੂਰੀਆਂ ਕਰਨੀਆਂ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਸਾਨੂੰ ਬਾਬੇ ਨਾਨਕ ਵੱਲੋਂ ਦਿੱਤੇ ਸਿਧਾਂਤ 'ਕਿਰਤ ਕਰੋ ਨਾਮ ਜਪੋ ਤੇ ਵੰਡ ਛਕੋ' ਨੂੰ ਆਪਣੇ ਜੀਵਨ ਵਿੱਚ ਅਪਨਾਉਣਾ ਚਾਹੀਦਾ ਹੈ ਇਸ ਨਾਲ ਜਿੱਥੇ ਲੋੜਵੰਦਾਂ ਦੀਆਂ ਜਰੂਰਤਾਂ ਪੂਰੀਆਂ ਹੋਣਗੀਆਂ ਉਥੇ ਸਾਡੇ ਮਨ ਨੂੰ ਵੀ ਸਕੂਨ ਮਿਲੇਗਾ ਤੇ ਸਾਡਾ ਮਨ ਪ੍ਰਸੰਨ ਹੋਵੇਗਾ। ਉਹਨਾਂ ਆਪਣੇ ਸਹਿਯੋਗੀ ਸੱਜਣਾਂ ਦਾ ਵੀ ਧੰਨਵਾਦ ਕੀਤਾ ਜੋ ਹਰ ਮਹੀਨੇ ਇਸ ਕਾਰਜ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੇ ਹਨ। ਇਸ ਮੌਕੇ ਸਰਪ੍ਰਸਤ ਦਰਸ਼ਨ ਸਿੰਘ ਸੱਗੂ, ਬਲਵੰਤ ਸਿੰਘ ਪਨੇਸਰ ,ਬਾਬਾ ਮੋਹਣ ਸਿੰਘ ਸੱਗੂ, ਖਜਾਨਚੀ ਐਸ ਡੀ ਓ ਸੁਰਜੀਤ ਸਿੰਘ, ਜਨਰਲ ਸਕੱਤਰ ਤਰਲੋਚਨ ਸਿੰਘ ਪਨੇਸਰ, ਦਰਸ਼ਨ ਸਿੰਘ ਕਲਸੀ,ਵਿਸ਼ਵਕਰਮਾ ਮੰਦਰ ਅੱਡਾ ਰਾਏਕੋਟ ਦੇ ਪ੍ਰਧਾਨ ਜਸਵੰਤ ਸਿੰਘ ਸੱਗੂ, ਸਰਪ੍ਰਸਤ ਦਰਸ਼ਨ ਸਿੰਘ ਉਭੀ, ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਸਿੰਘ ਰਿੰਕੂ, ਜਗਦੇਵ ਸਿੰਘ ਠੇਕੇਦਾਰ, ਭਵਨ ਜੀਤ ਸਿੰਘ, ਪ੍ਰਿੰਸੀਪਲ ਰਜਿੰਦਰ ਸਿੰਘ, ਅਤੇ ਸਮੂਹ ਰਾਮਗੜ੍ਹੀਆ ਬਰਾਦਰੀ ਦੇ ਮੈਂਬਰ ਹਾਜ਼ਰ ਸਨ।

## ਲਹਿਰਾ ਮੁਹੱਬਤ 'ਚ ਨਗਰ ਕੀਰਤਨ ਸਜਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਲਹਿਰਾ ਮੁਹੱਬਤ ਵਾਸੀਆਂ ਵੱਲੋਂ ਸ਼ਰਧਾ ਤੇ ਉਤਸ਼ਾਹਪੂਰਵਕ ਮਨਾਇਆ ਗਿਆ। ਇਸ ਖੁਸ਼ੀ ਵਿੱਚ ਗੁਰਦੁਆਰਾ ਸਾਹਿਬਪਾਤਸ਼ਾਹੀ ਛੇਵੀਂ ਵਿਖੇ 3 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਇਆ ਗਿਆ, ਜਿਸ ਦੇ ਭੋਗ 5 ਜਨਵਰੀ (ਸੋਮਵਾਰ) ਨੂੰ ਪਾਏ ਗਏ। ਵਿਚਕਾਰਲੇ ਦਿਨ ਇਸੇ ਖੁਸ਼ੀ ਵਿੱਚ ਪੰਜਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਸਜਾਇਆ ਗਿਆ। ਨਗਰ ਵਾਸੀਆਂ ਨੇ ਵੱਖ-ਵੱਖ ਪੜਾਵਾਂ 'ਤੇ ਸੰਗਤ ਦਾ ਨਿੱਘਾ ਸਵਾਗਤ ਕੀਤਾ। ਥਾਂ-ਥਾਂ 'ਤੇ ਚਾਹ/ ਬਿਸਕੁਟ, ਬਰੈੱਡ ਪਕੌੜੇ ਅਤੇ ਮਿਠਾਈ ਦੇ ਲੰਗਰ ਲਗਾਏ ਗਏ। ਇਸ ਮੌਕੇ ਮੁੱਖ ਗ੍ਰੰਥੀ ਭਾਈ ਭੋਲਾ ਸਿੰਘ, ਬਾਬਾ ਤੇਜ ਰਾਮ (ਸੰਚਾਲਕ ਡੇਰਾ ਬਹਾਲੀ ਰਾਮ ), ਸੇਵਾਦਾਰ ਦਰਸ਼ਨ ਸਿੰਘ ਬੇਗਾ, ਗੁਰੂ ਘਰ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਫੌਜੀ, ਕਰਮਜੀਤ ਸਿੰਘ, ਜਗਰੋਸ਼ਨ ਸਿੰਘ ਤੇ ਕੁਲਵੰਤ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਵੱਲੋਂ ਨਵੇਂ ਵਰ੍ਹੇ ਦਾ ਕੈਲੰਡਰ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਨਵੇਂ ਵਰ੍ਹੇ 2026 ਦਾ ਕਲੰਡਰ ਮਾਨਸਾ ਮੰਡਲ ਨੰਬਰ-2 ਮਾਨਸਾ ਤੋਂ ਜਾਰੀ ਕੀਤਾ ਗਿਆ।ਜਥੇਬੰਦੀ ਨੇ ਆਪਣਾ ਕੈਲੰਡਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਕੁਰਬਾਨੀ ਨੂੰ ਸਮਰਪਤ ਕੀਤਾ ਹੈ ।ਇਸ ਮੌਕੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵਿਗਿਆਨਕ ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਜਥੇਬੰਦੀ ਦੇ ਸੂਬਾਈ ਪ੍ਰਧਾਨ ਬਿੱਕਰ ਸਿੰਘ ਮਾਖਾ ਨੇ ਦੱਸਿਆ ਕਿ ਪੰਚਾਇਤਾਂ ਨੂੰ ਵੱਧ ਅਧਿਕਾਰ ਦੇਣ ਦੇ ਨਾਂਅ 'ਤੇ ਅਸਲ ਵਿੱਚ ਵਿਭਾਗ ਦਾ ਖਾਤਮਾ ਹੀ ਕੀਤਾ ਜਾ ਰਿਹਾ ਹੈ। ਮੁਲਾਜ਼ਮਾਂ ਦੀਆਂ ਪੈਨਸ਼ਨਾਂ ਖੋਹੀਆਂ ਜਾ ਰਹੀਆਂ ਹਨ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੀ ਬਜਾਏ ਠੇਕਾ ਭਰਤੀ, ਇਨਲਿਸਟਮੈਂਟ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ, ਮੁਲਾਜ਼ਮਾਂ ਦਾ 16% ਡੀ ਦੇਣ ਤੋਂ ਮੁਨਕਰ ਹੋ ਚੁੱਕੀ ਹੈ, ਮੁਲਾਜ਼ਮਾਂ ਦੇ ਭੱਤੇ ਕੱਟੇ ਜਾ ਰਹੇ ਹਨ ਅਜਿਹੇ ਮਾਹੌਲ ਵਿੱਚ ਮੁਲਾਜ਼ਮਾਂ ਨੂੰ ਇਕਜੁੱਟ ਹੋ ਕੇ ਸਾਂਝੇ ਘੋਲਾਂ ਨੂੰ ਮਜ਼ਬੂਤ ਕਰਨਾ ਹੋਵੇਗਾ। ਇਸ ਮੌਕੇ ਭਰਭੂਰ ਸਿੰਘ ਛਾਜਲੀ, ਹਿੰਮਤ ਸਿੰਘ ਦੂਲੋਵਾਲ, ਅਮਨਦੀਪ ਕੁਮਾਰ, ਮੇਜਰ ਸਿੰਘ ਬਾਜੇਵਾਲਾ, ਨਵਜੋਤ ਸਿੰਘ, ਸੁਰਜੀਤ ਯਾਦਵ, ਗੁਰਸੇਵਕ ਭਿੱਖੀ, ਬਾਰੂ ਖਾਂ, ਗੋਬਿੰਦ ਸਿੰਘ ਖੀਵਾ, ਸੁਖਵਿੰਦਰ ਸਿੰਘ ਅਲੀਸ਼ੇਰ, ਰਾਮ ਸਿੰਘ ਖੋਖਰ, ਸੁਨੀਲ ਕੁਮਾਰ ਭੀਖੀ, ਰਾਜ ਕੁਮਾਰ ਬੱਪੀਆਣਾ ਆਦਿ ਆਗੂ ਹਾਜ਼ਰ ਸਨ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 'ਯੂਥ ਅਗੇਂਸਟ ਡਰੱਗਸ' ਤਹਿਤ ਰੈਲੀ



**ਸ੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ, ਪੂਜਾ)**-ਭਾਰਤ ਦੇ ਮਾਣਯੋਗ ਚੀਫ ਜਸਟਿਸ ਸੂਰਯਾ ਕਾਂਤ ਵੱਲੋਂ ਉਦਘਾਟਿਤ 'ਯੂਥ ਅਗੇਂਸਟ ਡਰੱਗਸ' ਮੁਹਿੰਮ ਨੂੰ ਸ੍ਰੀ ਮੁਕਤਸਰ ਸਾਹਿਬ ਵਿੱਚ ਲਾਗੂ ਕਰਦਿਆਂ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਅੱਜ ਮਾਨਯੋਗ ਸ੍ਰੀ ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀ ਪ੍ਰਧਾਨਗੀ ਹੇਠ ਰੈਲੀ ਕੱਢੀ ਗਈ, ਜਿਸ ਵਿੱਚ ਡਿਪਟੀ ਕਮਿਸ਼ਨਰ, ਜੁਡੀਸ਼ੀਅਲ ਅਫਸਰ ਸਾਹਿਬਾਨ, ਸੀਨੀਅਰ ਪੁਲਸ ਕਪਤਾਨ, ਵਕੀਲ ਸਾਹਿਬਾਨ, ਪੈਰਾ ਲੀਗਲ ਵਲੰਟੀਅਰਜ਼, ਐੱਨ ਸੀ ਸੀ ਦੇ ਬੱਚੇ, ਸਮੇਤ ਸਟਾਫ ਨੇ ਵੀ ਭਾਗ ਲਿਆ। ਇਹ ਰੈਲੀ ਸੈਸ਼ਨ ਹਾਊਸ ਤੋਂ ਲੈ ਕੇ ਬਜਾਰਾਂ ਵਿੱਚ ਹੁੰਦੀ ਹੋਈ ਕੇਹਰ ਸਿੰਘ ਚੌਂਕ ਤੱਕ ਕੱਢੀ ਗਈ।ਰਾਜ ਕੁਮਾਰ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ੍ਰੀ ਮੁਕਤਸਰ ਸਾਹਿਬ, ਅਭਿਜੀਤ ਕਪਲਿਸ਼, ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ, ਸ੍ਰੀ ਅਭਿਮੰਨੂ ਰਾਣਾ ਸੀਨੀਅਰ ਪੁਲਸ ਕਪਤਾਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਉੱਥੇ ਹਾਜ਼ਰ ਆਮ ਲੋਕਾਂ ਨੂੰ ਤੰਦਰੁਸਤ ਸਮਾਜ ਸਿਰਜਣ ਲਈ ਨਸ਼ੇ ਛੱਡ ਕੇ ਪੰਜਾਬ ਦੀ ਤਰੱਕੀ ਲਈ ਕੰਮ ਕਰਨ ਦੀ ਅਪੀਲ ਕੀਤੀ।ਇਸ ਰੈਲੀ ਵਿੱਚ ਜੁਡੀਸ਼ੀਅਲ ਅਫਸਰ ਸਾਹਿਬਾਨ ਮਿਸ: ਅਮੀਤਾ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ; ਮਿਸ: ਗਰੀਸ, ਪ੍ਰਿੰਸੀਪਲ ਜੱਜ ਫੈਮਿਲੀ ਕੋਰਟ, ਰਮਨ ਸ਼ਰਮਾ, ਵਧੀਕ ਜਿਲ੍ਹਾ ਅਤੇ ਸੈਸ਼ਨਜ ਜੱਜ, ਨੀਰਜ ਕੁਮਾਰ ਸਿੰਗਲਾ, ਅਡੀਸ਼ਨਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਮਿਸ ਰੂਪਾ ਧਾਲੀਵਾਲ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ; ਮਿਸ ਰਾਜਬੀਰ ਕੌਰ, ਵਧੀਕ ਸਿਵਲ ਜੱਜ (ਸੀਨੀ.ਡਵੀ.); ਜਸਕਿਰਨ ਸੌਂਧ, ਜੁਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ; ਮਿਸ: ਅਸਮਿਤਾ ਰੋਮਾਨਾ, ਜੁਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ; ਸ੍ਰੀ ਧਲਵੰਤ ਸਿੰਘ ਉੱਪਲ, ਜ਼ਿਲ੍ਹਾ ਬਾਰ ਐਸੋਸੀਏਸ਼ਨ ਪ੍ਰਧਾਨ, ਸ੍ਰੀ ਸੁਭਮ ਸ਼ਰਮਾ, ਜ਼ਿਲ੍ਹਾ ਬਾਰ ਸੈਕਟਰੀ ਨੇ ਵੀ ਇਸ ਰੈਲੀ ਵਿੱਚ ਭਾਗ ਲਿਆ।

## ਵਾਰਡ ਦੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਤਿਆਰ : ਨੋਨੀ ਸੈਭੀ




**ਜਗਰਾਉਂ (ਅਮਿਤ ਖੰਨਾ)**-ਇੱਕ ਨਿੱਜੀ ਕੰਪਨੀ ਵੱਲੋਂ ਸੜਕ 'ਤੇ ਕੇਬਲ ਵਿਛਾਉਣ ਦੌਰਾਨ ਵਾਰਡ ਨੰਬਰ 9/ਨਵਾਂ ਵਾਰਡ 11 ਵਿੱਚ ਕਈ ਘਰਾਂ ਦੇ ਪਾਣੀ ਦੀ ਸਪਲਾਈ ਦੇ ਕੁਨੈਕਸ਼ਨ ਟੁੱਟ ਗਏ, ਜਿਸ ਕਾਰਨ ਪਾਣੀ ਦੀ ਸਪਲਾਈ ਬੰਦ ਹੋ ਗਈ।ਇਨ੍ਹਾਂ ਕੁਨੈਕਸ਼ਨਾਂ ਦੀ ਮੁਰੰਮਤ ਕੀਤੀ ਗਈ ਅਤੇ ਨਵੇਂ ਸੀਵਰੇਜ ਕਵਰ ਲਗਾਏ ਗਏ, ਟੋਏ ਭਰੇ ਗਏ ਅਤੇ ਇੰਟਰਲਾਕ ਟਾਈਲਾਂ ਵਿਛਾਈਆਂ ਗਈਆਂ।ਇਸ ਤੋਂ ਬਾਅਦ, ਵਾਰਡ ਦੇ ਵਸਨੀਕਾਂ ਨੇ ਸ਼ਹਿਰੀ ਪ੍ਰਧਾਨ ਗੁਰਪ੍ਰੀਤ ਸਿੰਘ ਨੋਨੀ ਸੈਭੀ ਦਾ ਧੰਨਵਾਦ ਕੀਤਾ।ਇਸ ਮੌਕੇ ਬੋਲਦਿਆਂ ਗੁਰਪ੍ਰੀਤ ਸਿੰਘ ਨੋਨੀ ਨੇ ਕਿਹਾ ਕਿ ਮੈਂ ਆਪਣੇ ਵਾਰਡ ਦੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਤਿਆਰ ਹਾਂ।

## ਪ੍ਰਕਾਸ਼ ਦਿਹਾੜੇ ਮੌਕੇ ਲੰਗਰ ਲਗਾਇਆ




**ਸਮਾਣਾ (ਇਕਬਾਲ ਸਿੰਘ ਬੱਲ)**-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਮਾਣਾ ਦੇ ਮਾਜਰੀ ਰੋਡ 'ਤੇ ਦੁਕਾਨਦਾਰਾਂ ਵੱਲੋਂ ਚੌਲਾਂ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਰਾਹਗੀਰਾਂ ਨੂੰ ਲੰਗਰ ਵਰਤਾਉਂਦੇ ਹੋਏ ਸ਼ਨੀ ਅਰੋੜਾ (ਅਰੋੜਾ ਬੁੱਕ ਸਟੋਰ), ਗਿਆਨ ਚੰਦ (ਬੀਬੀਪੁਰ ਵਾਲੇ), ਸ਼ਾਮ ਸੁੰਦਰ ਅਰੋੜਾ, ਭੂਸ਼ਣ ਗੋਇਲ (ਭੂਸ਼ਣ ਮਿਕਸਿਗ ਸੈਂਟਰ), ਰੋਕੀ ਕੋਸਮੈਟਿਕ, ਭੋਲਾ, ਲੱਕੀ ਮਿਲਕ ਡੇਅਰੀ, ਅਵਤਾਰ ਤਾਰੀ, ਲੱਖਾ ਬਿਜਲੀ ਵਾਲਾ, ਮਹਿੰਦਰ ਕੰਬੋਜ, ਗੋਪਾਲ ਸ਼ਰਮਾ ਸਮੇਤ ਹੋਰ ਦੁਕਾਨਦਾਰਾਂ ਨੇ ਵੀ ਸੇਵਾ ਕੀਤੀ।

# ਮਜ਼ਦੂਰ ਜਥੇਬੰਦੀਆਂ ਨੇ ਡੀ ਸੀ ਦਫਤਰਾਂ ਅੱਗੇ ਦਿੱਤੇ ਰੋਹ ਭਰਪੂਰ ਵਿਸ਼ਾਲ ਧਰਨੇ

**ਤਰਨ ਤਾਰਨ (ਪੱਤਰ ਪ੍ਰੇਰਕ)**- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੱਦੇ ਤਹਿਤ ਸੈਂਕੜੇ ਔਰਤਾਂ ਤੇ ਪੁਰਸ਼ਾਂ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਤਰਨ ਤਾਰਨ ਅੱਗੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਤੇ ਜਗੀਰਦਾਰਾਂ ਪੱਖੀ ਅਤੇ ਮਜ਼ਦੂਰ ਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਰੋਹ ਭਰਪੂਰ ਧਰਨਾ ਦਿੱਤਾ ਗਿਆ। ਇਸ ਧਰਨੇ ਦੀ ਅਗਵਾਈ ਪੰਜਾਬ ਖੇਤ ਮਜ਼ਦੂਰ ਸਭਾ ਦੇ ਜੋਗਿੰਦਰ ਸਿੰਘ ਵਲਟੋਹਾ, ਦਿਹਾਤੀ ਮਜ਼ਦੂਰ ਸਭਾ ਦੇ ਜਸਬੀਰ ਸਿੰਘ ਵੈਰੋਵਾਲ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਪ੍ਰੀਤਮ ਸਿੰਘ ਪੱਟੀ,ਮਜ਼ਦੂਰ ਮੁਕਤੀ ਮੋਰਚਾ ਦੇ ਚਰਨਜੀਤ ਸਿੰਘ ਲਾਲ ਪੁਰ ਨੇ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾ, ਜ਼ਿਲ੍ਹਾ ਸਕੱਤਰ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਮੀਤ ਪ੍ਰਧਾਨ ਚਮਨ ਲਾਲ ਦਰਾਜਕੇ, ਜ਼ਿਲ੍ਹਾ ਮੀਤ ਪ੍ਰਧਾਨ ਹਰਜਿੰਦਰ ਸਿੰਘ ਚੂੰਗ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜੁਆਇੰਟ ਸਕੱਤਰ ਸੁਖਦੇਵ ਸਿੰਘ ਗੋਹਲਵੜ, ਜ਼ਿਲ੍ਹਾ ਮੀਤ ਪ੍ਰਧਾਨ ਮਹਿੰਦਰ ਸਿੰਘ ਪੱਟੀ, ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾਈ ਆਗੂ ਦਲਵਿੰਦਰ ਸਿੰਘ ਪੰਨੂ ਤੇ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਗੋਹਲਵੜ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਜੀ ਰਾਮ ਜੀ ਕਾਨੂੰਨ ਰਾਹੀਂ ਕਿਰਤੀਆਂ ਦੇ ਚੁੱਲ੍ਹੇ ਠੰਢੇ ਕਰਨ ਦੇ ਰਾਹ ਪੈ ਗਈ ਹੈ।ਉਹਨਾਂ ਆਖਿਆ ਕਿ ਮੋਦੀ ਸਰਕਾਰ ਬਿਜਲੀ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਮਜ਼ਦੂਰਾਂ ਕਿਸਾਨਾਂ ਤੇ ਗਰੀਬ ਲੋਕਾਂ ਦੇ ਘਰਾਂ 'ਚ ਹਨੇਰਾ ਕਰਨ ਜਾ ਰਹੀ ਹੈ ਅਤੇ ਕਿਰਤ ਕਾਨੂੰਨਾਂ 'ਚ ਸੋਧਾ ਕਰਕੇ ਮਜ਼ਦੂਰ ਵਰਗ ਨੂੰ ਮਿਲਦੀ ਨਾਮਾਤਰ ਸੁਰੱਖਿਆ ਦਾ ਭੋਗ ਪਾਉਣ ਵਰਗੀਆਂ ਨੀਤੀਆਂ ਲਾਗੂ ਕਰ ਰਹੀ ਹੈ।ਧਰਨੇ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਰਸ਼ਪਾਲ ਸਿੰਘ ਘੁਰਕਵਿੰਡ ਪੱਪਾ ਮਸੀਹ ਚੂਸਲੇਵੜ, ਸਰਵਨ ਸਿੰਘ ਕਿਰਤੋਵਾਲ, ਹਰਜਿੰਦਰ ਕੌਰ ਸਰਹਾਲੀ ਕਲਾ, ਦਿਹਾਤੀ ਮਜ਼ਦੂਰ ਸਭਾ ਦੇ ਜਸਵੰਤ ਸਿੰਘ ਭਿੱਖੀਵਿੰਡ, ਸੰਤੋਖ ਸਿੰਘ ਮੱਖੀ ਕਲਾ,ਗੁਰਬੀਰ ਭੱਟੀ ਰਾਜੋਕੇ,ਧਰਮ ਸਿੰਘ ਪੱਟੀ,ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਮਨਜੀਤ ਸਿੰਘ ਝਬਾਲ, ਅੰਗਰੇਜ ਸਿੰਘ ਰਟੌਲ, ਮਨਪ੍ਰੀਤ ਸਿੰਘ, ਕਰਤਾਰ ਸਿੰਘ ਕੋਟਲੀ, ਮਜ਼ਦੂਰ ਮੁਕਤੀ ਮੋਰਚਾ ਦੇ ਬਲਵਿੰਦਰ ਸਿੰਘ ਕਵਾੜੀਆ, ਸਵਿੰਦਰ ਸਿੰਘ ਅਲਾਦੀਨ ਪੁਰ, ਤਰਸੇਮ ਸਿੰਘ ਢੋਟੀਆ, ਰੂਪ ਸਿੰਘ ਪਡੋਰੀ ਰਣ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।ਬੁਲਾਰਿਆਂ ਨੇ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਪੰਜਾਬ ਦੀਆਂ ਮਜ਼ਦੂਰਾਂ ਸਮੂਹ ਜਨਤਕ ਜਥੇਬੰਦੀਆਂ ਵੱਲੋਂ ਨਿੱਜੀਕਰਨ ਦੀਆਂ ਨੀਤੀਆਂ ਵਿਰੁੱਧ 16 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ 'ਚ ਵਧ ਚੜ੍ਹ ਕੇ ਸ਼ਾਮਲ ਹੋਣ।


ਤਰਨ ਤਾਰਨ

**ਗੁਰਦਾਸਪੁਰ, (ਜਨਕ ਮਹਾਜਨ)**-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਪੰਜਾਬ ਸਰਕਾਰ ਦੇ ਮਜ਼ਦੂਰ ਵਿਰੋਧੀ ਰਵੱਈਏ ਖ਼ਿਲਾਫ਼ ਅਤੇ ਚਿਰਾਂ ਤੋਂ ਲਟਕਦੀਆਂ ਮਜ਼ਦੂਰ ਮੰਗਾਂ ਮਨਵਾਉਣ ਲਈ ਗੁਰੂ ਨਾਨਕ ਪਾਰਕ ਵਿਖੇ ਇਕੱਤਰ ਹੋ ਕੇ ਸਾਥੀ ਜਸਵਿੰਦਰ ਸਿੰਘ ਛਿੱਤ, ਰੂਪ ਲਾਲ, ਸੁਭਾਸ਼ ਕੇਲੈ, ਦਲਬੀਰ ਸਿੰਘ ਭੋਲਾ, ਧੀਰ ਸਿੰਘ ਚਿਤੌੜਗੜ੍ਹ ਦੀ ਪ੍ਰਧਾਨਗੀ ਹੇਠ ਮਾਰਚ ਕਰਕੇ ਡੀ ਸੀ ਦਫ਼ਤਰ ਗੁਰਦਾਸਪੁਰ ਰੋਸ ਪ੍ਰਦਰਸ਼ਨ ਕਰਕੇ ਆਦਿਤਿਆ ਗੁਪਤਾ ਸਹਾਇਕ ਕਮਿਸ਼ਨਰ (ਜਨਰਲ) ਦੇ ਰਾਹੀਂ ਰਾਸ਼ਟਰਪਤੀ ਅਤੇ ਮੁੱਖ ਮੰਤਰੀ ਪੰਜਾਬ ਦੇ ਨਾਂਅ ਦਾ ਮੰਗ ਪੱਤਰ ਦਿੱਤਾ ਗਿਆ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਪੰਡੋਰੀ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਨਵਾਂ ਪਿੰਡ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਵਿਜੇ ਸੋਹਲ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਬਲਬੀਰ ਸਿੰਘ ਮੱਲ੍ਹੀ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਸਕੱਤਰ ਜਨਕ ਰਾਜ ਅਹਿਮਦਾਬਾਦ ਨੇ ਕਿਹਾ ਕਿ ਪੇਂਡੂ ਕਿਰਤੀਆਂ ਆਪਣੀਆਂ ਹੱਕੀ ਮੰਗਾਂ ਲਈ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਾਂ। ਪ੍ਰੰਤੂ ਇਹ ਡਾਢੇ ਦੁੱਖ ਅਤੇ ਰੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸੂਬਾ ਸਰਕਾਰ ਵੱਲੋਂ ਸਾਡੀਆਂ ਹੱਕੀ ਮੰਗਾਂ ਪੂਰੀਆਂ ਕਰਨ ਵੱਲ ਜਾਂ ਤਾਂ ਉਕਾ ਹੀ ਧਿਆਨ ਨਹੀਂ ਦਿੱਤਾ ਜਾ ਰਿਹਾ। ਆਗੂਆਂ ਕਿਹਾ ਕਿ ਵੀ-ਬੀ 'ਜੀ ਰਾਮ ਜੀ' ਕਾਨੂੰਨ ਰੱਦ ਕੀਤਾ ਜਾਵੇ ਅਤੇ ਮਨਰੇਗਾ ਕਾਨੂੰਨ ਮੁੜ ਬਹਾਲ ਕਰਕੇ ਸਾਰੇ ਨੂੰ ਪਰਿਵਾਰਾਂ ਨੂੰ 700 ਰੁਪਏ ਦੀ ਦਿਹਾੜੀ ਨਾਲ ਸਾਰਾ ਸਾਲ ਕੰਮ ਦਿੱਤਾ ਜਾਵੇ। ਇਸ ਐਕਟ ਦਾ ਘੇਰਾ ਵਧਾ ਕੇ ਸ਼ਹਿਰੀ ਮਜ਼ਦੂਰਾਂ ਨੂੰ ਵੀ ਬੱਝਵਾਂ ਗਰੰਟੀਸ਼ੁਦਾ ਰੁਜ਼ਗਾਰ ਦਿੱਤਾ ਜਾਵੇ। ਪੇਂਡੂ ਤੇ ਖੇਤ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ। ਕੰਮ ਦੇ ਅਧਿਕਾਰ ਨੂੰ ਮੌਲਿਕ ਅਧਿਕਾਰਾਂ 'ਚ ਸ਼ਾਮਲ ਕੀਤਾ ਜਾਵੇ। ਕੰਮ ਨਾ ਮਿਲਣ ਦੀ ਸੂਰਤ ਵਿਚ ਘੱਟੋ ਘੱਟ 5000 ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ। ਪੰਜਾਬ ਵਿਚ ਹੜ੍ਹਾਂ ਤੇ ਬਾਰਸ਼ਾਂ ਨਾਲ ਹੋਈ ਭਾਰੀ ਤਬਾਹੀ ਕਾਰਨ ਹੋਈਆਂ ਇਨਸਾਨੀ ਮੌਤਾਂ ਲਈ ਘੱਟੋ ਘੱਟ 25 ਲੱਖ ਰੁਪਏ, ਮਜ਼ਦੂਰਾਂ ਦੇ ਤਬਾਹ ਹੋਏ ਘਰਾਂ ਲਈ 15 ਲੱਖ ਰੁਪਏ, ਲੋੜਵੰਦ ਮਜ਼ਦੂਰਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਅਤੇ ਮਕਾਨ ਉਸਾਰੀ ਵਾਸਤੇ 5 ਲੱਖ ਰੁਪਏ ਪ੍ਰਤੀ ਪਰਵਾਰ ਗਰਾਂਟ ਦਿੱਤੀ ਜਾਵੇ। ਆਬਾਦਕਾਰ ਮਜ਼ਦੂਰਾਂ ਤੇ ਗਰੀਬ ਕਿਸਾਨਾਂ ਨੂੰ ਉਜਾੜਨਾ ਬੰਦ ਕੀਤਾ ਜਾਵੇ ਅਤੇ ਆਬਾਦ ਕੀਤੀਆਂ ਜ਼ਮੀਨਾਂ ਸਮੇਤ ਪੰਚਾਇਤੀ ਤੇ ਸ਼ਾਮਲਾਟ ਥਾਵਾਂ/ਜ਼ਮੀਨਾਂ ਉੱਤੇ ਕਾਬਜ਼ ਮਜ਼ਦੂਰਾਂ ਨੂੰ ਮਾਲਕੀ ਹੱਕ ਦਿੱਤੇ ਜਾਣ। ਮਜ਼ਦੂਰਾਂ ਸਮੇਤ ਬੇਜ਼ਮੀਨੇ, ਥੁੜ ਜ਼ਮੀਨੇ ਤੇ ਗਰੀਬ ਕਿਸਾਨਾਂ ਸਿਰ ਚੜ੍ਹਿਆ ਸਰਕਾਰੀ, ਗੈਰ ਸਰਕਾਰੀ ਅਤੇ ਸਹਿਕਾਰੀ ਕਰਜ਼ਾ ਸਮੇਤ ਮਾਈਕਰੋ ਫਾਈਨਾਂਸ ਕੰਪਨੀਆਂ ਦੇ ਮੁਆਫ ਕੀਤਾ ਜਾਵੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਮੁਕੇਸ਼ ਮਲੌਦ ਦੀ ਗ੍ਰਿਫ਼ਤਾਰੀ ਦੀ ਨਿਖੇਧੀ ਕੀਤੀ ਅਤੇ ਫੌਰੀ ਤੌਰ 'ਤੇ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ ਕੀਤੀ। ਉਪਰੋਕਤ ਆਗੂਆਂ ਤੋਂ ਬਿਨ੍ਹਾਂ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਵਲੋਂ ਸੰਜੀਵ ਮਿੰਟੂ, ਬਿਮਲ ਕੌਰ,ਸ਼ਿਵ ਕੁਮਾਰ ਪਠਾਨਕੋਟ, ਮੇਜਰ ਸਿੰਘ ਕੋਟ ਟੋਡਰ ਮੱਲ, ਪ੍ਰੇਮ ਮਸੀਹ ਸੋਨਾ, ਧਿਆਨ ਸਿੰਘ ਠਾਕੁਰ, ਜਸਵੰਤ ਸਿੰਘ ਬੁੱਟਰ, ਜੋਗਿੰਦਰ ਪਾਲ ਲੇਹਲ, ਕੁਲਦੀਪ ਸਿੰਘ ਦੀਨਾਨਗਰ,ਬਚਨ ਸਿੰਘ ਬੋਪਾਰਾਏ, ਰਾਮ ਮੂਰਤੀ, ਸੱਜਣ ਸਿੰਘ ਰਉਵਾਲ, ਸੋਮ ਰਾਜ ਲਾਹੜੀ ਬੀਲਾ, ਗੁਰਵਿੰਦਰ ਸਿੰਘ ਪੰਜਾਬ ਰੈਡੀਕਲ ਸਟੂਡੈਂਟਸ ਯੂਨੀਅਨ ਨੇ ਸੰਬੋਧਨ ਕੀਤਾ।


ਗੁਰਦਾਸਪੁਰ

## 'ਭਾਜਪਾ ਭਜਾਓ ਰੁਜ਼ਗਾਰ ਬਚਾਓ' ਰੈਲੀ



**ਬਟਾਲਾ ( ਤਰਲੋਕ ਬੱਗਾ)**
ਪੰਜਾਬ ਸਰਕਾਰ ਵੱਲੋਂ ਜੂਨ 2025 ਤੋਂ ਮਜ਼ਦੂਰ ਅਧਾਰ ਮਨਰੇਗਾ ਮਜ਼ਦੂਰਾਂ ਦੇ ਬੰਦ ਕੀਤੇ ਕੰਮਾਂ ਅਤੇ ਭਾਜਪਾ ਸਰਕਾਰ ਵੱਲੋਂ ਮਨਰੇਗਾ ਖ਼ਤਮ ਕਰਕੇ ਮਜ਼ਦੂਰਾਂ ਤੋਂ ਖੋਹੇ ਰੁਜ਼ਗਾਰ ਗਰੰਟੀ ਹੱਕਾਂ ਦੇ ਖ਼ਿਲਾਫ਼ ਮਨਰੇਗਾ ਰੁਜ਼ਗਾਰ ਬਚਾਓ ਸੰਯੁਕਤ ਮਜ਼ਦੂਰ ਮੋਰਚਾ ਦੇ ਸੂਬਾ ਫ਼ੈਸਲੇ ਤਹਿਤ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਵੱਲੋਂ ਪਿੰਡ, ਕਾਲਾ ਨੰਗਲ ਵਿਖੇ ਭਾਜਪਾ ਭਜਾਓ, ਆਪ ਭਜਾਓ ਰੁਜ਼ਗਾਰ ਬਚਾਓ ਮਜ਼ਦੂਰ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਆਗੂ ਮਨਜੀਤ ਕੌਰ ਨੇ ਕਿਹਾ ਕਿ ਪੰਜਾਬ ਦੀ ਮਾਨ ਤੇ ਕੇਂਦਰ ਦੀ ਮੋਦੀ ਸਰਕਾਰ ਨੇ ਮਜ਼ਦੂਰ ਵਿਰੋਧੀ ਨੀਤੀਆਂ ਅਪਣਾ ਕੇ 100 ਦਿਨਾਂ ਦੇ ਰੁਜ਼ਗਾਰ ਗਰੰਟੀ ਅਧਿਕਾਰ ਨੂੰ ਖ਼ਤਮ ਕਰ ਦਿੱਤਾ ਹੈ। 8 ਜਨਵਰੀ ਨੂੰ ਬਰਨਾਲਾ ਵਿਖੇ ਸੂਬਾ ਪੱਧਰੀ ਮਨਰੇਗਾ ਮਜ਼ਦੂਰ ਏਕਤਾ ਕਨਵੈਨਸ਼ਨ ਕੀਤੀ ਜਾਵੇਗੀ ਜਿਸ ਦੌਰਾਨ ਅਗਲੇ ਤਿੱਖੇ ਅੰਦੋਲਨ ਦਾ ਐਲਾਨ ਕੀਤਾ ਜਾਵੇਗਾ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨਾਲ ਸਭ ਨੂੰ ਮਿਲੇਗਾ ਸਿਹਤ ਸੇਵਾਵਾਂ ਦਾ ਲਾਭ : ਡਿਪਟੀ ਕਮਿਸ਼ਨਰ

**ਪਠਾਨਕੋਟ (ਦਵਿੰਦਰ ਸਿੰਘ)**
ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਨਾਗਰਿਕਾਂ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਜਾ ਰਹੀ ਹੈ ਜਿਸ ਅਧੀਨ ਹਰੇਕ ਨਾਗਰਿਕ ਨੂੰ ਕਵਰ ਕੀਤਾ ਜਾਣਾ ਹੈ ਜਿਸ ਦੇ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਜਾਣਕਾਰੀ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਇੱਕ ਮੀਟਿੰਗ ਦੌਰਾਨ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਸ੍ਰੀ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ), ਜਸਵੰਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਰਾਕੇਸ਼ ਮੀਨਾ ਐਸ.ਡੀ.ਐਮ. ਪਠਾਨਕੋਟ, ਮੇਜਰ ਡਾ. ਸੁਮਿਤ ਮੁਧ ਐਸ.ਡੀ.ਐਮ. ਧਾਰਕਲ੍ਹਾਂ, ਸੰਜੀਵ ਪਠਾਨਿਆ ਜ਼ਿਲ੍ਹਾ ਮਾਲ ਅਫਸਰ ਪਠਾਨਕੋਟ, ਦਿਵਿਆ ਸਿੰਗਲਾ ਤਹਿਸੀਲਦਾਰ ਪਠਾਨਕੋਟ ਅਤੇ ਹੋਰ ਸਬੰਧਤ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜਰ ਸਨ। ਡਿਪਟੀ ਕਮਿਸ਼ਨਰ ਪਠਾਨਕੋਟ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਰੀਵਿਓ ਕਰਦਿਆਂ ਕਿਹਾ ਕਿ ਜਲਦੀ ਹੀ ਜਿਲ੍ਹਾ ਪਠਾਨਕੋਟ ਅੰਦਰ ਵੀ ਲਾਭਪਾਤਰੀਆਂ ਦੇ ਸਿਹਤ ਬੀਮਾ ਕਾਰਡ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਹੋਵੇਗੀ ਅਤੇ ਇਸ ਦੇ ਨਾਲ ਹੀ ਨਿਰਧਾਰਤ ਹਸਪਤਾਲਾਂ ਵਿਚ ਲਾਭਪਾਤਰੀ ਅਪਣਾ ਇਲਾਜ ਕਰਵਾ ਕੇ ਇਸ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਯੋਜਨਾ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਕੇ 100 ਫੀਸਦੀ ਲੋਕਾਂ ਨੂੰ ਇਸ ਦਾ ਲਾਭ ਦਿਵਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾਣ। ਉਨ੍ਹਾਂ ਨੇ ਦੱਸਿਆ ਕਿ ਇਹ ਯੋਜਨਾ ਸਾਰੇ ਨਾਗਰਿਕਾਂ ਲਈ ਹੈ, ਜਿਸ ਅਧੀਨ ਲਾਭਪਾਤਰੀ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰ ਦਿੱਤਾ ਜਾਵੇਗਾ। ਰਜਿਸਟ੍ਰੇਸ਼ਨ ਲਈ 18 ਸਾਲ ਤੋਂ ਵੱਧ ਉਮਰ ਵਾਲਿਆਂ ਲਈ ਆਧਾਰ ਕਾਰਡ ਤੇ ਵੋਟਰ ਕਾਰਡ, ਜਦ ਕਿ 18 ਸਾਲ ਤੋਂ ਘੱਟ ਉਮਰ ਵਾਲਿਆਂ ਲਈ ਆਧਾਰ ਕਾਰਡ, ਜਨਮ ਸਰਟੀਫਿਕੇਟ ਤੇ ਮਾਤਾ ਜਾਂ ਪਿਤਾ ਦਾ ਵੋਟਰ ਕਾਰਡ ਲਾਜ਼ਮੀ ਹੋਵੇਗਾ।



## ਸੀਟੂ ਤੇ ਏਟਕ ਨੇ ਟਰੰਪ ਦਾ ਪੁਤਲਾ ਫੂਕਿਆ



**ਛੇਹਰਟਾ/ਖਾਸਾ (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)**
ਟਰੇਡ ਯੂਨੀਅਨਾਂ ਸੀਟੂ ਤੇ ਏਟਕ ਵੱਲੋਂ ਛੱਪਈ ਰੋਡ ਵਿਚ ਸਾਂਝੇ ਤੌਰ 'ਤੇ ਰੋਸ ਰੈਲੀ ਕਰਨ ਉਪਰੰਤ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪੁਤਲਾ ਫੂਕਿਆ ਗਿਆ। ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਤੇ ਏਟਕ ਦੇ ਸੂਬਾਈ ਆਗੂ ਕਾਮਰੇਡ ਅਮਰਜੀਤ ਸਿੰਘ ਆਸਲ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਤੇ ਉਸ ਦੀ ਪਤਨੀ ਨੂੰ ਗ੍ਰਿਫ਼ਤਾਰ ਕਰਨ ਨੂੰ ਟਰੰਪ ਦੀ ਗੁੰਡਾਗਰਦੀ ਤੇ ਹਿਟਲਰਸ਼ਾਹੀ ਕਰਾਰ ਦਿੰਦੇ ਹੋਏ ਕਿਹਾ ਕਿ ਜਮਹੂਰੀ ਪਸੰਦ ਤਾਕਤਾਂ ਇਹ ਕਦੇ ਵੀ ਬਰਦਾਸ਼ਤ ਨਹੀਂ ਕਰਨਗੀਆਂ। ਇਸੇ ਲਈ ਅੱਜ ਦੇਸ਼ ਭਰ ਵਿਚ ਟਰੰਪ ਦੇ ਪੁਤਲੇ ਫੂਕੇ ਗਏ ਹਨ। ਕਾਮਰੇਡ ਮੋਹਨ ਲਾਲ, ਚਰਨਜੀਤ ਮਜੀਠਾ, ਕਿਰਪਾ ਰਾਮ ਤੇ ਵਿਜੇ ਕੁਮਾਰ ਨੇ ਕਾਲੇ ਕਾਨੂੰਨ ਵਾਪਸ ਕਰਾਉਣ ਤੇ ਮਜ਼ਦੂਰੀ ਦਰਾਂ ਵਿਚ ਵਾਧਾ ਕਰਾਉਣ ਲਈ 12 ਫ਼ਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ। ਉਨ੍ਹਾਂ ਇਹ ਵੀ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਵੱਲੋਂ 16 ਜਨਵਰੀ ਨੂੰ ਡੀ.ਸੀ. ਦਫ਼ਤਰ ਵਿਚ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿਚ ਮਜ਼ਦੂਰ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੇ। ਇਸ ਮੌਕੇ ਧਰਮਪਾਲ, ਜੋਗਿੰਦਰ ਸਿੰਘ, ਅਸ਼ਵਨੀ ਆਦਿ ਵੀ ਹਾਜ਼ਰ ਸਨ।

## ਮਾਨ ਸਰਕਾਰ ਵਿਦੇਸ਼ਾਂ 'ਚ ਬੈਠੇ ਗੈਂਗਸਟਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰੇ : ਆਸ਼ੂ ਅੰਬਾ

**ਬਿਆਸ (ਪਰਮਜੀਤ ਸਿੰਘ ਰੱਖੜਾ)**-ਯੂਥ ਭਾਜਪਾ ਪੰਜਾਬ ਦੇ ਸੂਬਾ ਸਕੱਤਰ ਗੁਲਸ਼ੀਰ ਸਿੰਘ ਆਸ਼ੂ ਅੰਬਾ ਨੇ ਕਿਹਾ ਕਿ ਪੰਜਾਬ ਅੱਜ ਡਰ ਦੇ ਸਾਏ ਹੇਠ ਜੀ ਰਿਹਾ ਹੈ।



ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹਰ ਰੋਜ਼ ਗੋਲੀਬਾਰੀ, ਫਾਇਰਿੰਗ ਅਤੇ ਧਮਕੀਆਂ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਗੈਂਗਸਟਰਾਂ ਦੇ ਹੌਸਲੇ ਇਸ ਕਦਰ ਬੁਲੰਦ ਹੋ ਚੁੱਕੇ ਹਨ ਕਿ ਦਿਨ-ਦਿਹਾੜੇ ਕਤਲ ਅਤੇ ਫਿਰੌਤੀ ਹੁਣ ਆਮ ਗੱਲ ਬਣ ਚੁੱਕੀ ਹੈ। ਪੰਜਾਬ ਵਿੱਚ ਸਰਗਰਮ ਗੈਂਗਸਟਰ ਨੈੱਟਵਰਕ, ਜਿਨ੍ਹਾਂ ਦੇ ਤਾਰ ਵਿਦੇਸ਼ਾਂ ਤੱਕ ਜੁੜੇ ਹੋਏ ਹਨ, ਖੁੱਲ੍ਹੇਆਮ ਕਾਨੂੰਨ ਦੀਆਂ ਧੱਜੀਆਂ ਉਡਾ ਰਹੇ ਹਨ। ਮਾਨ ਸਰਕਾਰ ਸਿਰਫ਼ ਬਿਆਨਬਾਜ਼ੀ ਕਰ ਰਹੀ ਹੈ, ਜਦਕਿ ਅਸਲ ਕਾਰਵਾਈ ਨਾਂਹ ਦੇ ਬਰਾਬਰ ਹੈ।ਆਸ਼ੂ ਅੰਬਾ ਨੇ ਕਿਹਾ ਕਿ ਗੈਂਗਸਟਰਵਾਦ ਖ਼ਿਲਾਫ਼ ਤੁਰੰਤ, ਸਖ਼ਤ ਅਤੇ ਨਿਰਣਾਇਕ ਕਾਰਵਾਈ ਕੀਤੀ ਜਾਵੇ। ਆਮ ਲੋਕਾਂ ਦੀ ਸੁਰੱਖਿਆ ਲਈ ਸ਼ਹਿਰਾਂ ਤੇ ਪਿੰਡਾਂ ਵਿੱਚ ਪੁਲਸ ਗਸ਼ਤ ਵਧਾਈ ਜਾਵੇ।

## ਅੱਜ ਤੇ ਕੱਲ੍ਹ ਔਰਤਾਂ ਲਈ ਸਿਹਤ ਜਾਗਰੂਕਤਾ ਤੇ ਰੁਜ਼ਗਾਰ ਕੈਂਪ

**ਗੁਰਦਾਸਪੁਰ : (ਜਨਕ ਮਹਾਜਨ)**- ਜਸਮੀਤ ਕੌਰ ਜਿਲ੍ਹਾ ਪ੍ਰੋਗਰਾਮ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 7 ਜਨਵਰੀ ਨੂੰ ਸਵੇਰੇ 11 ਵਜੇ ਮਹਿੰਦਰਾ ਗਰੀਨਲੈਂਡ ਪੈਲੇਸ ਜੇਲ੍ਹ ਰੋਡ ਗੁਰਦਾਸਪੁਰ ਵਿਖੇ ਅਤੇ 8 ਜਨਵਰੀ ਨੂੰ ਬਲਾਕ ਕਲਾਨੌਰ ਦੇ ਪਿੰਡ ਡੇਹਰੀਵਾਲ ਕਿਰਨ ਵਿਖੇ ਔਰਤਾਂ ਲਈ ਸਿਹਤ ਅਤੇ ਰੋਜ਼ਗਾਰ ਜਾਗਰੂਕਤਾ ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਨੇ ਅੱਗੇ ਦੱਸਿਆ ਕਿ ਇਸ ਕੈਂਪ ਵਿਚ ਰੋਜ਼ਗਾਰ ਬਿਊਰੋ ਵਲੋਂ ਵੱਖ-ਵੱਖ ਕੰਪਨੀਆਂ ਨਾਲ ਤਾਲਮੇਲ ਕਰਕੇ ਔਰਤਾਂ ਨੂੰ ਰੁਜ਼ਗਾਰ ਦੇਣ ਦੇ ਉਪਰਾਲੇ ਕੀਤੇ ਜਾਣਗੇ। ਇਸ ਕੈਂਪ ਵਿਚ ਵਰਧਮਾਨ ਟੈਕਸਟਾਇਲਜ਼ ਲਿਮਿਟਡ ਵਲੋਂ ਮਸ਼ੀਨ ਉਪਰੇਟਰ, ਚੱਡਾ ਸ਼ੂਗਰ ਮਿੱਲ ਕੀੜੀ ਅਫਗਾਨਾ ਵਲੋਂ ਹੈਲਪਰਜ, ਐਸ.ਬੀ.ਆਈ ਲਾਇਫ ਵਲੋਂ ਯੂਨਿਟ ਮੇਨੇਜਰ, ਅਜਾਇਲ ਫਿਊਚਰ ਵਲੋਂ ਵੈੱਲਨੇਸ ਐਡਵਾਇਜਰ, ਕੋਟਕ ਮਹਿੰਦਰਾ ਬੈਂਕ ਵਲੋਂ ਸੇਲਜ਼ ਐਸੋਸੀਏਟ, ਐਲ.ਆਈ.ਸੀ ਵਲੋਂ ਬੀਮਾ ਸੱਖੀ, ਸੀ.ਐਸ.ਸੀ ਵਲੋਂ ਵੀ.ਐਲ.ਈ ਅਤੇ ਮਥੂਟ ਮਾਇਕਰੋਫਿਨ ਵਲੋਂ ਰੀਲੇਸ਼ਨਸਿਪ ਅਫਸਰ ਅਤੇ ਬ੍ਰਾਂਚ ਕ੍ਰੈਡਿਟ ਮੈਨੇਜਰ ਆਦਿ ਭਰਤੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿਚ ਹਿੱਸਾ ਲੈਣ ਲਈ ਪ੍ਰਾਰਥੀ ਦੀ ਉਮਰ ਸੀਮਾ 18 ਤੋਂ 50 ਸਾਲ ਹੋਣੀ ਚਾਹੀਦੀ ਹੈ ਅਤੇ ਵਿਦਿਅਕ ਯੋਗ ਘੱਟੋਂ-ਘੱਟ ਦਸਵੀਂ ਲਾਜਮੀ ਹੈ।

## ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਅਭਿਆਸ ਮੈਚਾਂ ਲਈ ਕਾਂਗੜਾ ਟੀਮ ਦੀ ਮੇਜ਼ਬਾਨੀ



**ਪਠਾਨਕੋਟ (ਦਵਿੰਦਰ ਸਿੰਘ)**
ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਨੇ ਕਾਂਗੜਾ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦੀ ਅੰਡਰ-19 ਟੀਮ ਦਾ ਕੁਟੇਰ ਕ੍ਰਿਕਟ ਗ੍ਰਾਊਂਡ ਵਿੱਚ ਚਾਰ ਦਿਨਾਂ ਦੇ ਅਭਿਆਸ ਕੈਂਪ ਲਈ ਗਰਮਜੋਸ਼ੀ ਨਾਲ ਸਵਾਗਤ ਕੀਤਾ। ਆਪਣੇ ਦੌਰੇ ਦੌਰਾਨ, ਕਾਂਗੜਾ ਦੀ ਅੰਡਰ-19 ਟੀਮ ਪਠਾਨਕੋਟ ਦੀ ਅੰਡਰ-19 ਟੀਮ ਨਾਲ ਅਭਿਆਸ ਮੈਚਾਂ ਦੀ ਲੜੀ ਖੇਡੇਗੀ, ਜਿਸ ਨਾਲ ਆਉਣ ਵਾਲੇ ਕ੍ਰਿਕਟ ਸੀਜ਼ਨ ਤੋਂ ਪਹਿਲਾਂ ਦੋਹਾਂ ਟੀਮਾਂ ਨੂੰ ਕੀਮਤੀ ਮੈਚ ਅਨੁਭਵ ਪ੍ਰਾਪਤ ਹੋਵੇਗਾ। ਇਸ ਤਰ੍ਹਾਂ ਦੇ ਅੰਤਰ-ਜ਼ਿਲ੍ਹਾ ਅਭਿਆਸ ਮੈਚ ਖਿਡਾਰੀਆਂ ਦੇ ਵਿਕਾਸ ਲਈ ਬਹੁਤ ਮਹੱਤਵਪੂਰਨ ਮੰਨੇ ਜਾਂਦੇ ਹਨ, ਕਿਉਂਕਿ ਇਸ ਨਾਲ ਖਿਡਾਰੀ ਆਪਣੀਆਂ ਸਮਰੱਥਾਵਾਂ ਦਾ ਮੁਲਾਂਕਣ ਕਰ ਸਕਦੇ ਹਨ, ਵੱਖ-ਵੱਖ ਖੇਡ ਸਥਿਤੀਆਂ ਅਨੁਸਾਰ ਆਪਣੇ ਆਪ ਨੂੰ ਢਾਲ ਸਕਦੇ ਹਨ। ਸੰਯੁਕਤ ਸਕੱਤਰ ਪ੍ਰਸ਼ਾਂਤ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਅਭਿਆਸ ਲੜੀਆਂ ਜ਼ਿਲ੍ਹਿਆਂ ਦਰਮਿਆਨ ਸਿਹਤਮੰਦ ਖੇਡ ਸੰਬੰਧਾਂ ਨੂੰ ਉਤਸ਼ਾਹਿਤ ਕਰਦੀਆਂ ਹਨ ਅਤੇ ਨੌਜਵਾਨ ਪ੍ਰਤਿਭਾਵਾਂ ਨੂੰ ਅੱਗੇ ਵਧਣ ਲਈ ਲੋੜੀਂਦੇ ਮੌਕੇ ਪ੍ਰਦਾਨ ਕਰਦੀਆਂ ਹਨ।ਮੁੱਖ ਕੋਚ ਇੰਦਰਜੀਤ ਸਿੰਘ ਨੇ ਜ਼ੋਰ ਦਿੰਦਿਆਂ ਕਿਹਾ ਕਿ ਨਿਯਮਿਤ ਅਭਿਆਸ ਮੈਚ ਖਿਡਾਰੀਆਂ ਦੇ ਹੁਨਰ ਨਿਖਾਰਨ, ਮੈਚ ਫਿਟਨੈੱਸ ਵਧਾਉਣ ਅਤੇ ਖੇਡ ਸੀਜ਼ਨ ਤੋਂ ਪਹਿਲਾਂ ਸੁਧਾਰ ਦੇ ਖੇਤਰਾਂ ਦੀ ਪਹਿਚਾਣ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

## ਉਤਸ਼ਾਹ ਨਾਲ ਮਨਾਇਆ ਜਾਵੇਗਾ ਗਣਤੰਤਰ ਦਿਵਸ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**
ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਪੁਲਿਸ ਲਾਈਨ ਸਥਿਤ ਕਾਨਫਰੰਸ ਹਾਲ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ 26 ਜਨਵਰੀ ਨੂੰ ਹੋਣ ਵਾਲੇ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਪੱਸ਼ਟ ਹਦਾਇਤਾਂ ਦਿੱਤੀਆਂ ਕਿ ਸਾਰੇ ਅਧਿਕਾਰੀ ਆਪਣੀ ਡਿਊਟੀ ਪੂਰੀ ਗੰਭੀਰਤਾ, ਤਾਲਮੇਲ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ, ਤਾਂ ਜੋ ਇਸ ਰਾਸ਼ਟਰੀ ਤਿਉਹਾਰ ਨੂੰ ਸ਼ਰਧਾ, ਉਤਸ਼ਾਹ ਨਾਲ ਮਨਾਇਆ ਜਾ ਸਕੇ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਪੁਲਿਸ ਲਾਈਨ ਗਰਾਊਂਡ, ਹੁਸ਼ਿਆਰਪੁਰ ਵਿਖੇ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੌਕੇ 'ਤੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਸੇਵਾਵਾਂ ਦੇਣ ਵਾਲੀਆਂ ਉੱਘੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪੁਲਿਸ ਨੂੰ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਨ ਦੇ ਨਾਲ-ਨਾਲ ਪਾਰਕਿੰਗ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਸਮਾਗਮ ਵਾਲੀ ਥਾਂ 'ਤੇ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਦੀ ਉਪਲਬੱਧਤਾ, ਅਸਥਾਈ ਪਖ਼ਾਨਿਆਂ ਦਾ ਪ੍ਰਬੰਧ ਅਤੇ ਸਿਹਤ ਵਿਭਾਗ ਵੱਲੋਂ ਮੈਡੀਕਲ ਟੀਮ ਦੀ ਤਾਇਨਾਤੀ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ। ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਸੁਰੱਖਿਆ ਪ੍ਰਬੰਧ ਸਭ ਤੋਂ ਵੱਧ ਤਰਜੀਹ 'ਤੇ ਹੋਣਗੇ। ਇਸ ਲਈ ਲੋੜੀਂਦੀ ਪੁਲਿਸ ਫੋਰਸ ਦੀ ਤਾਇਨਾਤੀ, ਸੁਚਾਰੂ ਆਵਾਜਾਈ ਪ੍ਰਬੰਧਨ, ਡਾਇਵਰਸ਼ਨ ਯੋਜਨਾ ਅਤੇ ਆਮ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ । ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਸਹਾਇਕ ਕਮਿਸ਼ਨਰ ਓਜਸ਼ੀ ਮੰਡਲ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ (ਜ) ਪਰਮਪ੍ਰੀਤ ਸਿੰਘ, ਐਸ.ਪੀ ਮੇਜਰ ਸਿੰਘ, ਐਸ.ਪੀ ਨਵਨੀਤ ਕੌਰ ਗਿੱਲ, ਐਸ.ਪੀ ਡਾ. ਮਨਪ੍ਰੀਤ ਸ਼ੀਹਮਾਰ, ਆਰ.ਟੀ.ਓ ਅਮਨਦੀਪ ਕੌਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਮੋਬਾਇਲ ਫੋਨ ਖੋਹਣ ਦੇ ਮਾਮਲੇ 'ਚ ਪੰਜ ਸਾਲ ਬਾ-ਮੁਸ਼ੱਕਤ ਕੈਦ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀਮਤੀ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਅੰਮ੍ਰਿਤਸਰ ਦੀ ਅਦਾਲਤ ਵੱਲੋਂ ਮੋਬਾਈਲ ਫੋਨ ਖੋਹਣ ਦੇ ਇੱਕ ਮਾਮਲੇ ਵਿੱਚ ਇੱਕ ਅਪਰਾਧੀ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਉਸ ਨੂੰ ਪੰਜ ਸਾਲ ਬਾਮੁਸ਼ੱਕਤ ਕੈਦ ਦੀ ਸਜ਼ਾ ਸੁਣਾਈ ਗਈ।ਅਦਾਲਤ ਨੇ ਆਪਣੇ ਫ਼ੈਸਲੇ ਵਿੱਚ ਕਿਹਾ ਕਿ ਫੌਜਦਾਰੀ ਨਿਆਂ ਪ੍ਰਣਾਲੀ ਦਾ ਉਦੇਸ਼ ਕੇਵਲ ਅਪਰਾਧੀ ਨੂੰ ਸਜ਼ਾ ਦੇਣਾ ਹੀ ਨਹੀਂ, ਬਲਕਿ ਪੀੜਿਤ ਨੂੰ ਇਨਸਾਫ਼ ਪ੍ਰਦਾਨ ਕਰਨਾ ਅਤੇ ਸਮਾਜ ਵਿੱਚ ਕਾਨੂੰਨ ਪ੍ਰਤੀ ਭਰੋਸਾ ਸਥਾਪਿਤ ਕਰਨਾ ਵੀ ਹੈ।

## ਡਾ. ਕਮਲਦੀਪ ਸ਼ਰਮਾ ਨੇ ਆਈ ਡੀ ਏ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਡਾ. ਕਮਲਦੀਪ ਸ਼ਰਮਾ (ਐਮ.ਡੀ.ਐਸ. ਪ੍ਰੋਸਥੋਡੋਂਟਿਕਸ) ਡਾ. ਕਮਲਜ਼ ਸਮਾਈਲ ਸਟੂਡੀਓ, ਬਸੰਤ ਐਵਿਨਿਊ, ਅੰਮ੍ਰਿਤਸਰ, ਨੇ ਆਯੋਜਿਤ ਇੱਕ ਸਮਾਰੋਹ ਦੌਰਾਨ ਇੰਡੀਅਨ ਡੈਂਟਲ ਅਸੋਸੀਏਸ਼ਨ (ਆਈ.ਡੀ.ਏ.) ਅੰਮ੍ਰਿਤਸਰ ਬ੍ਰਾਂਚ ਦੇ ਸਾਲ 2026 ਲਈ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ 'ਤੇ ਡਾ. ਪਵਨ ਸ਼ਰਮਾ (ਸਾਬਕਾ ਪ੍ਰਧਾਨ), ਡਾ. ਭਾਵਨਾ ਸ਼ਰਮਾ (ਪ੍ਰਧਾਨ ਚੁਣੀ ਗਈ - 2027), ਡਾ. ਨਿਤਿਨ ਵਰਮਾ (ਸਕੱਤਰ), ਡਾ. ਜੋਤੀ ਲੂਥਰਾ (ਸੰਯੁਕਤ ਸਕੱਤਰ), ਡਾ. ਜਸਕਰਨ ਛਿੰਨਾ (ਖ਼ਜ਼ਾਨਚੀ), ਡਾ. ਨਵਦੀਪ ਸਿੰਘ ਖੁਰਾਨਾ (ਸੀ.ਡੀ.ਈ. ਲਈ ਪ੍ਰਤਿਨਿਧੀ) ਅਤੇ ਆਈ.ਡੀ.ਏ. ਦੇ ਹੋਰ ਮੈਂਬਰ ਹਾਜ਼ਰ ਸਨ।

## ਕੁੰਵਰ ਵਿਜੈ ਪ੍ਰਤਾਪ ਸਿੰਘ ਦਾ ਕੀਤਾ ਧੰਨਵਾਦ



**ਛੇਹਰਟਾ (ਮਨੋਜ ਕੁਮਾਰ)**
ਕਲੀਨ ਅੰਮ੍ਰਿਤਸਰ ਗਰੀਨ ਅੰਮ੍ਰਿਤਸਰ ਜਾਗਰੂਕਤਾ ਅਭਿਆਨ ਦੀ ਟੀਮ ਨੇ ਕੰਪਨੀ ਬਾਗ ਵਿਚ ਲੋਕਾਂ ਨੂੰ ਸਫ਼ਾਈ ਤੇ ਹਰਿਆਲੀ ਬਾਰੇ ਜਾਗਰੂਕ ਕੀਤਾ। ਸਭ ਤੋਂ ਪਹਿਲਾਂ ਟੀਮ ਤੇ ਚੀਫ ਕੋਆਰਡੀਨੇਟਰ ਵਰਿੰਦਰ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀ ਪੂਰੇ ਦੇਸ਼ ਨੂੰ ਵਧਾਈ ਦਿੱਤੀ। ਉਪਰੰਤ ਉਨ੍ਹਾਂ ਕੰਪਨੀ ਬਾਗ ਦੀਆਂ ਕਮੀਆਂ-ਪੇਸ਼ੀਆਂ ਮੇਅਰ ਮੋਤੀ ਭਾਟੀਆ ਤੇ ਕਾਰਪੋਰੇਸ਼ਨ ਨਾਲ ਸਾਂਝੀਆਂ ਕੀਤੀਆਂ ਅਤੇ ਜਲਦ ਤੋਂ ਜਲਦ ਇਨ੍ਹਾਂ ਨੂੰ ਹੱਲ ਕਰਵਾਉਣ ਦੀ ਬੇਨਤੀ ਕੀਤੀ। ਟੀਮ ਨੇ ਆਮ ਜਨਤਾ ਤੇ ਕਾਰਪੋਰੇਸ਼ਨ ਨੂੰ ਵੇਸਟ ਪ੍ਰੋਸੈਸਿੰਗ ਯੂਨਿਟ ਬਾਰੇ ਜਾਗਰੂਕ ਕੀਤਾ। ਵਰਿੰਦਰ ਸਿੰਘ ਨੇ ਕਿਹਾ ਕਿ ਅੰਮ੍ਰਿਤਸਰ ਦੇ ਇਕੋ-ਇਕ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਵਿਧਾਨ ਸਭਾ ਵਿਚ ਵੇਸਟ ਪ੍ਰੋਸੈਸਿੰਗ ਯੂਨਿਟ ਦੀ ਆਵਾਜ਼ ਚੁੱਕੀ ਹੈ। ਕੁੰਵਰ ਵਿਜੈ ਪ੍ਰਤਾਪ ਸਿੰਘ ਵਿਧਾਨ ਸਭਾ ਵਿਚ ਅੰਮ੍ਰਿਤਸਰ ਦੀ ਜਨਤਾ ਦੀ ਆਵਾਜ਼ ਬਣ ਗਏ ਅਤੇ ਜਨਤਾ ਦੇ ਹਰ ਮੁੱਦੇ ਨੂੰ ਵਿਧਾਨ ਸਭਾ ਵਿਚ ਰੱਖ ਕੇ ਸਰਕਾਰ ਨੂੰ ਸੁਚੇਤ ਕਰ ਰਹੇ ਹਨ। ਵਰਿੰਦਰ ਸਿੰਘ ਨੇ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਦਾ ਧੰਨਵਾਦ ਕੀਤਾ।

## ਐੱਸ ਡੀ ਐੱਮ ਦਫ਼ਤਰ ਤਰਨ ਤਾਰਨ ਵਿਖੇ ਸੁਖਮਨੀ ਸਾਹਿਬ ਦੇ ਜਾਪ ਕਰਵਾਏ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਨਵੇਂ ਸਾਲ ਦੀ ਆਮਦ ਮੌਕੇ ਐੱਸ.ਡੀ.ਐੱਮ. ਦਫ਼ਤਰ ਤਰਨ ਤਾਰਨ ਦੇ ਸਮੂਹ ਸਟਾਫ਼ ਵੱਲੋਂ ਦਫ਼ਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਬਾਬਾ ਸੁੱਖਾ ਸਿੰਘ, ਭਾਈ ਮਲਕੀਤ ਸਿੰਘ ਝਾੜ ਸਾਹਿਬ ਵਾਲਿਆਂ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ ਗਿਆ।ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰਾਜਦੀਪ ਸਿੰਘ ਬਰਾੜ, ਐੱਸ.ਡੀ.ਐੱਮ. ਤਰਨ ਤਾਰਨ ਸ੍ਰੀ ਗੁਰਮੀਤ ਸਿੰਘ, ਐੱਸ.ਡੀ.ਐੱਮ ਭਿੱਖੀਵਿੰਡ/ਪੱਟੀ ਸ. ਸਿਮਰਨਜੀਤ ਸਿੰਘ, ਐੱਸ.ਡੀ.ਐੱਮ. ਖਡੂਰ ਸਾਹਿਬ ਸ੍ਰੀ ਸੰਜੀਵ ਸ਼ਰਮਾ, ਤਹਿਸੀਲਦਾਰ ਤਰਨ ਤਾਰਨ ਗੁਰਪ੍ਰੀਤ ਸਿੰਘ ਢਿਲੋਂ ਨੇ ਹਾਜ਼ਰੀ ਭਰ ਕੇ ਸਰਬੱਤ ਦੇ ਭਲੇ ਦੀ ਅਰਦਾਸ ਵਿੱਚ ਹਿੱਸਾ ਲਿਆ।ਇਸ ਮੌਕੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਜ਼ਿਲ੍ਹਾ ਵਾਸੀਆਂ ਨੂੰ ਨਵੇਂ ਸਾਲ ਦੀ ਵਧਾਈ ਦਿੰਦਿਆਂ ਅਰਦਾਸ ਕੀਤੀ ਕਿ ਇਹ ਨਵਾਂ ਸਾਲ ਹਰ ਇੱਕ ਦੇ ਜੀਵਨ ਵਿੱਚ ਤੰਦਰੁਸਤੀ, ਤਰੱਕੀ, ਖੁਸ਼ਹਾਲੀ ਤੇ ਖੇੜੇ ਲੈ ਕੇ ਆਵੇ। ਇਸ ਮੌਕੇ ਨਾਇਬ ਤਹਿਸੀਲਦਾਰ ਤਰਨ ਤਾਰਨ ਸ੍ਰੀਮਤੀ ਅਰਚਨਾ ਸ਼ਰਮਾ, ਨਾਇਬ ਤਹਿਸੀਲਦਾਰ ਝਬਾਲ ਸ. ਜਸਵਿੰਦਰ ਸਿੰਘ, ਸਦਰ ਕਾਨੂੰਗੋ ਸ੍ਰੀ ਰਮਨਦੀਪ ਸਿੰਘ ਪੰਨੂ, ਮਨਿੰਦਰ ਸਿੰਘ ਰੀਡਰ, ਸਤਪਾਲ ਸਿੰਘ ਸਟੈਨੋ, ਕਲਰਕ ਜਤਿੰਦਰ ਸਿੰਘ, ਜਸਪਾਲ ਸਿੰਘ, ਅਭਿਸ਼ੇਕ ਕੁਮਾਰ ਤੋਂ ਇਲਾਵਾ ਹੋਰ ਦਫ਼ਤਰੀ ਸਟਾਫ਼ ਅਤੇ ਸੰਗਤ ਵੀ ਹਾਜ਼ਰ ਸੀ।



## ਲੋਕ ਭਲਾਈ ਮੰਚ ਪੰਜਾਬ ਦੀ ਕਾਰਜਕਾਰੀ ਕਮੇਟੀ ਵੱਲੋਂ ਸੰਘਰਸ਼ ਦੀ ਹਮਾਇਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਲੋਕ ਭਲਾਈ ਮੰਚ ਪੰਜਾਬ ਦੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਨਿਰਵੈਲ ਸਿੰਘ ਢਪੱਈ ਦੀ ਅਗਵਾਈ ਹੇਠ ਮੰਚ ਦੇ ਦਫ਼ਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਅੰਮ੍ਰਿਤਸਰ ਵਿਖੇ ਹੋਈ। ਮੀਟਿੰਗ ਵਿੱਚ ਫੈਸਲਾ ਹੋਇਆ ਕਿ ਮੰਚ ਦਾ ਇਜਲਾਸ ਮਿਤੀ 25 ਜਨਵਰੀ ਨੂੰ ਠੀਕ 10-30 ਸ਼ੁਰੂ ਹੋਵੇਗਾ। ਮੀਟਿੰਗ ਵਿੱਚ ਅਮਰੀਕੀ ਸਾਮਰਾਜ ਵਲੋਂ ਰਾਸ਼ਟਰਪਤੀ ਟਰੰਪ ਦੀ ਅਗਵਾਈ ਹੇਠ ਵੈਨੇਜ਼ੁਏਲਾ 'ਤੇ ਹਮਲਾ ਕਰਕੇ ਉੱਥੋਂ ਦੇ ਰਾਸ਼ਟਰਪਤੀ ਤੇ ਉਸ ਦੀ ਪਤਨੀ ਨੂੰ ਅਗਵਾ ਕਰਕੇ ਅਮਰੀਕਾ ਲਿਜਾਣ ਦੀ ਨਿੰਦਾ ਕੀਤੀ ਗਈ ਤੇ ਉਹਨਾਂ ਦੀ ਰਿਹਾਈ ਦੀ ਮੰਗ ਕੀਤੀ ਗਈ। ਬਿਜਲੀ ਐਕਟ 2025, ਬੀਜ ਐਕਟ 2025, ਮਜ਼ਦੂਰ ਵਿਰੋਧੀ ਚਾਰ ਕਿਰਤ ਕੋਡ ਤੇ ਵੀ ਬੀ ਜੀ ਰਾਮ ਜੀ ਐਕਟ ਨੂੰ ਰੱਦ ਕਰਾਉਣ ਲਈ ਸੰਘਰਸ਼ ਕਰ ਰਹੇ ਲੋਕਾਂ ਤੇ ਜਥੇਬੰਦੀਆਂ ਦੇ ਸੰਘਰਸ਼ ਦੀ ਹਮਾਇਤ ਕੀਤੀ ਗਈ । ਮੀਟਿੰਗ ਵਿੱਚ ਤੀਰਥ ਰਾਮ, ਵਰਿਆਮ ਚੰਦ, ਕਿਰਪਾਲ ਸਿੰਘ, ਸਤਪਾਲ ਸਿੰਘ ਗਿੱਲ, ਸਰਦੂਲ ਸਿੰਘ ਢਪੱਈ, ਰਣਜੀਤ ਸਿੰਘ ਰਾਣਾ, ਜਗਦੀਸ਼ ਸਿੰਘ, ਕੁਲਦੀਪ ਸਿੰਘ,ਜੀਤ ਲਾਲ ਤੇ ਬਲਬੀਰ ਸਿੰਘ ਝਾਮਕਾ ਹਾਜ਼ਰ ਸਨ

## 3 ਕਿਲੋ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ



**ਖਾਸਾ (ਸ਼ਸ਼ਪਾਲ ਸਿੰਘ)** - ਸੀਨੀਅਰ ਕਪਤਾਨ ਪੁਲਿਸ ਅੰਮ੍ਰਿਤਸਰ ਦਿਹਾਤੀ ਸੁਹੇਲ ਮੀਰ ਤੇ ਡੀ.ਐੱਸ.ਪੀ. ਅਟਾਰੀ ਯਾਦਵਿੰਦਰ ਸਿੰਘ ਦੀ ਅਗਵਾਈ ਹੇਠ ਥਾਣਾ ਘਰਿੰਡਾ ਪੁਲਿਸ ਨੇ 3 ਕਿਲੋ ਹੈਰੋਇਨ ਸਮੇਤ ਦੋ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਘਰਿੰਡਾ ਪੁਲਿਸ ਨੇ ਗੁਪਤ ਸੂਚਨਾ ਮਿਲਣ 'ਤੇ ਕਾਰਵਾਈ ਕਰਦਿਆਂ ਹਰਮਨਪ੍ਰੀਤ ਸਿੰਘ ਉਰਫ਼ ਹਰਮਨ ਤੇ ਅਨਮੋਲ ਸਿੰਘ ਉਰਫ਼ ਮੋਲਾ ਨੂੰ 3 ਕਿਲੋ ਹੈਰੋਇਨ ਸਮੇਤ ਕਾਬੂ ਕਰ ਲਿਆ। ਦੋਵੇਂ ਮੁਲਜ਼ਮਾਂ ਖ਼ਿਲਾਫ਼ ਥਾਣਾ ਘਰਿੰਡਾ ਵਿਚ ਮੁਕੱਦਮਾ ਦਰਜ ਕਰਕੇ ਤਫਤੀਸ਼ ਕੀਤੀ ਜਾ ਰਹੀ ਹੈ।

## ਮੈਗਸਿਪਾ ਵੱਲੋਂ ਲਗਾਇਆ ਗਿਆ ਦੋ ਦਿਨਾ ਟ੍ਰੇਨਿੰਗ ਸੈਮੀਨਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸ਼ਨ ਸੰਸਥਾਨ ਚੰਡੀਗੜ੍ਹ ਵੱਲੋਂ ਅਧਿਕਾਰੀਆਂ /ਕਰਮਚਾਰੀਆਂ ਲਈ ਨੈਤਿਕ ਮੁੱਲਾਂ ਅਤੇ ਨੈਤਿਕਤਾ ਸਬੰਧੀ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਬੱਚਤ ਭਵਨ ਵਿਖੇ ਕੀਤਾ ਗਿਆ। ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਅਧਿਕਾਰੀਆਂ/ਕਰਮਚਾਰੀਆਂ ਵਿੱਚ ਇਮਾਨਦਾਰੀ, ਜ਼ਿੰਮੇਵਾਰੀ, ਪਾਰਦਸ਼ਤਾ ਅਤੇ ਜਨ ਸੇਵਾ ਦੇ ਮੂਲ ਸਿਧਾਂਤਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਟ੍ਰੇਨਿੰਗ ਸੈਮੀਨਾਰ ਵਿੱਚ ਮੈਗਸਿਪਾ ਦੇ ਰੀਜਨਲ ਪ੍ਰੋਜੈਕਟ ਡਾਇਰੈਕਟਰ ਜਲੰਧਰ ਦੇ ਸ: ਪ੍ਰਿਥੀ ਸਿੰਘ ਵਲੋਂ ਟ੍ਰੇਨਿੰਗ ਦਿੱਤੀ ਗਈ। ਸ: ਪ੍ਰਿਥੀ ਸਿੰਘ ਨੇ ਕਰਮਚਾਰੀਆਂ ਨੂੰ ਦਫ਼ਤਰ ਕੰਮਕਾਜ ਕਿਵੇਂ ਕਰਨਾ ਹੈ ਅਤੇ ਕੰਮ ਦੌਰਾਨ ਨੈਤਿਕ ਆਚਰਣ, ਕਾਰਜਕੁਸ਼ਲਤਾ ਵਿੱਚ ਸੁਧਾਰ, ਫੈਸਲਾ ਲੈਣ ਸਮੇਂ ਨੈਤਿਕ ਮਾਪ ਦੰਡਾਂ ਦੀ ਅਹਿਮੀਅਤ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਸਿਪਟ ਦੇ ਸਾਬਕਾ ਡਾਇਰੈਕਟਰ ਸ੍ਰੀ ਕਮਲਜੀਤ ਘਈ ਨੇ ਕਿਹਾ ਕਿ ਕੰਮ ਵਾਲੇ ਸਥਾਨ 'ਤੇ ਨੈਤਿਕਤਾ ਅਤੇ ਪੇਸ਼ਾਵਰ ਰਵੱਈਏ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇਸ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੇ ਨੈਤਿਕ ਮੁੱਲ ਅਤੇ ਪੇਸ਼ਾਵਾਰਨਾ ਕਿਸੇ ਵੀ ਸੰਸਥਾ ਦੀ ਸਫਲਤਾ ਦੀ ਮਜਬੂਤ ਨੀਂਹ ਹੁੰਦੇ ਹਨ। ਉਨ੍ਹਾਂ ਕਿਹਾ ਕਿ ਕੰਮਕਾਜ ਦੌਰਾਨ ਇਮਾਨਦਾਰੀ, ਜਵਾਬਦੇਹੀ, ਅਨੁਸ਼ਾਸ਼ਨ, ਟੀਮ ਵਰਕ ਅਤੇ ਆਪਸੀ ਸਨਮਾਨ ਵਰਗੇ ਮੁੱਖ ਵਿਸ਼ਿਆਂ ਉਤੇ ਚੱਲ ਕੇ ਹੀ ਅਸੀਂ ਆਪਣੇ ਕੰਮਕਾਜ ਨੂੰ ਸਫਲਤਾ ਪੂਰਵਕ ਕਰ ਸਕਦੇ ਹਾਂ । ਸਾਬਕਾ ਉਪ ਜਿਲ੍ਹਾ ਸਿਖਿਆ ਅਫਸਰ ਸ੍ਰੀ ਰਾਜੇਸ਼ਵਰ ਸਲਾਰੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਤੁਸੀਂ ਲੰਬਾ ਸਮਾਂ ਸਰਕਾਰੀ ਨੌਕਰੀ ਵਿੱਚ ਰਹਿਣਾ ਹੈ ਅਤੇ ਤੁਹਾਡਾ ਫਰਜ਼ ਬਣਦਾ ਹੈ ਕਿ ਸਰਕਾਰੀ ਨਿਯਮਾਂ ਸਬੰਧੀ ਪੂਰੀ ਜਾਣਕਾਰੀ ਰੱਖੀ ਜਾਵੇ ਅਤੇ ਆਪਣੇ ਕੰਮਾਂ ਨੂੰ ਸਮਾਜਕ ਨਿਯਮਾਂ ਦੇ ਅਧਾਰ 'ਤੇ ਕੀਤਾ ਜਾਵੇ।

## ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ 'ਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**
ਡਿਪਟੀ ਕਮਿਸ਼ਨਰ ਤਰਨ ਤਾਰਨ, ਸ੍ਰੀ ਰਾਹੁਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਤਾਂ ਜੋ ਇਨ੍ਹਾਂ ਵਿਕਾਸ ਕਾਰਜਾਂ ਦਾ ਲਾਭ ਤੇ ਸਹੂਲਤ ਲੋਕਾਂ ਨੂੰ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਸਾਲ 2026 ਨੂੰ ਵਿਕਾਸ ਵਰ੍ਹੇ ਵਜੋਂ ਮਨਾਇਆ ਜਾਵੇਗਾ।ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਰੀਵਿਊ ਕਰ ਰਹੇ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਤਰਨ ਤਾਰਨ ਵਿੱਚ 62 ਪੰਚਾਇਤ ਘਰਾਂ ਦੀ ਉਸਾਰੀ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚੋਂ ਇੱਕ ਪੰਚਾਇਤ ਘਰ ਮੁਕੰਮਲ ਹੋ ਗਿਆ ਹੈ, ਜਦ ਕਿ 44 ਪੰਚਾਇਤ ਘਰਾਂ ਦੀ ਉਸਾਰੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਗਤੀ ਅਧੀਨ ਕੰਮਾਂ ਨੂੰ ਜਲਦ ਮੁਕੰਮਲ ਕੀਤਾ ਜਾਵੇ ਅਤੇ ਜਿਹੜੇ 17 ਪੰਚਾਇਤ ਘਰਾਂ ਦੀ ਉਸਾਰੀ ਲਈ ਕੁਝ ਤਕਨੀਕੀ ਅੜਚਨਾਂ ਹਨ ਉਨ੍ਹਾਂ ਨੂੰ ਦੂਰ ਕਰਕੇ ਉਨ੍ਹਾਂ ਦੀ ਉਸਾਰੀ ਵੀ ਜਲਦ ਸ਼ੁਰੂ ਕੀਤੀ ਜਾਵੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 57 ਹੈਲਥ ਐਂਡ ਵੈੱਲਨੈੱਸ ਸੈਂਟਰ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 12 ਦਾ ਕੰਮ ਮੁਕੰਮਲ ਹੋ ਗਿਆ ਹੈ ਜਦ ਕਿ ਰਹਿੰਦੇ ਸੈਂਟਰਾਂ ਦਾ ਕੰਮ ਵੀ ਜਲਦੀ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ 138 ਖੇਡ ਮੈਦਾਨਾਂ ਨੂੰ ਅਪਗਰੇਡ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਰਚ ਮਹੀਨੇ ਤੱਕ ਇਨ੍ਹਾਂ ਸਾਰੇ ਖੇਡ ਮੈਦਾਨਾਂ ਨੂੰ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ. ਰਾਜਦੀਪ ਸਿੰਘ ਬਰਾੜ, ਆਈ.ਏ.ਐੱਸ., ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੰਜੀਵ ਕੁਮਾਰ, ਐੱਸ.ਡੀ.ਐੱਮ. ਭਿੱਖੀਵਿੰਡ/ਪੱਟੀ ਸ. ਸਿਮਰਨਜੀਤ ਸਿੰਘ, ਐੱਸ.ਡੀ.ਐੱਮ. ਖਡੂਰ ਸਾਹਿਬ ਸ੍ਰੀ ਸੰਜੀਵ ਸ਼ਰਮਾ, ਡੀ.ਡੀ.ਪੀ.ਓ. ਸ. ਪਿਆਰ ਸਿੰਘ ਖ਼ਾਲਸਾ, ਡਿਪਟੀ ਈ.ਐੱਸ.ਏ. ਡਾ. ਅਮਨਦੀਪ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



## ਜ਼ਿਲ੍ਹਾ ਅਦਾਲਤ ਕੰਪਲੈਕਸ 'ਚ ਖ਼ੂਨਦਾਨ ਕੈਂਪ ਲਗਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਸਿਵਲ ਸਰਜਨ, ਅੰਮ੍ਰਿਤਸਰ ਦੇ ਸਹਿਯੋਗ ਨਾਲ ਜ਼ਿਲ੍ਹਾ ਅਦਾਲਤ ਕੰਪਲੈਕਸ, ਅੰਮ੍ਰਿਤਸਰ ਵਿੱਚ ਸਥਿਤ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਦਫ਼ਤਰ ਵਿੱਚ ਖ਼ੂਨ ਦਾਨ ਕੈਂਪ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਕੈਂਪ ਇੱਕ ਮਹੀਨਾ ਚੱਲੀ ਕੰਪੇਨ ਯੂਥ ਅਗੈਂਸਟ ਡਰੱਗਜ਼ ਮੁਹਿੰਮ ਦੇ ਸਮਾਪਤੀ ਸਮਾਰੋਹ ਦੇ ਮੌਕੇ 'ਤੇ ਲਗਾਇਆ ਗਿਆ, ਜਿਸ ਦਾ ਮੁੱਖ ਉਦੇਸ਼ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣਾ ਅਤੇ ਖ਼ੂਨ ਦਾਨ ਨੂੰ ਇੱਕ ਮਹੱਤਵਪੂਰਨ ਮਨੁੱਖੀ ਸੇਵਾ ਵਜੋਂ ਉਤਸ਼ਾਹਿਤ ਕਰਨਾ ਸੀ।ਇਹ ਖ਼ੂਨ ਦਾਨ ਕੈਂਪ ਮਾਣਯੋਗ ਨਿਆਂਮੂਰਤੀ ਸ਼੍ਰੀ ਅਸ਼ਵਨੀ ਕੁਮਾਰ ਮਿਸ਼ਰਾ, ਪ੍ਰਸ਼ਾਸਕੀ ਜੱਜ, ਅੰਮ੍ਰਿਤਸਰ ਸੈਸ਼ਨ ਡਵੀਜ਼ਨ-ਕਮ-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ; ਮਾਣਯੋਗ ਨਿਆਂਮੂਰਤੀ ਸ਼੍ਰੀ ਰੋਹਿਤ ਕਪੂਰ, ਪ੍ਰਸ਼ਾਸਕੀ ਜੱਜ, ਅੰਮ੍ਰਿਤਸਰ ਸੈਸ਼ਨ ਡਿਵੀਜ਼ਨ ਅਤੇ ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੀ ਅਗਵਾਈ ਹੇਠ ਅਤੇ ਸ਼੍ਰੀਮਤੀ ਜਤਿੰਦਰ ਕੌਰ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ, ਅੰਮ੍ਰਿਤਸਰ ਦੀ ਯੋਗ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਖੁਦ ਵੀ ਖ਼ੂਨ ਦਾਨ ਕੀਤਾ ਗਿਆ। ਗੁਰਪ੍ਰੀਤ ਸਿੰਘ ਪਨੇਸਰ, ਪ੍ਰਧਾਨ, ਜ਼ਿਲ੍ਹਾ ਬਾਰ ਐਸੋਸੀਏਸ਼ਨ, ਅੰਮ੍ਰਿਤਸਰ ਨੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਕੀਤੀ ਗਈ ਇਸ ਪਹਿਲ ਦੀ ਸਰਾਹਨਾ ਕੀਤੀ ਅਤੇ ਸਮਾਜਿਕ ਭਲਾਈ ਨਾਲ ਜੁੜੇ ਕਾਰਜਕ੍ਰਮਾਂ ਵਿੱਚ ਬਾਰ ਐਸੋਸੀਏਸ਼ਨ ਵੱਲੋਂ ਲਗਾਤਾਰ ਸਹਿਯੋਗ ਦੇਣ ਦੀ ਵਚਨਬੱਧਤਾ ਦੁਹਰਾਈ। ਖ਼ੂਨ ਦਾਨ ਕੈਂਪ ਦੀਆਂ ਚਿਕਿਤਸਾ ਵਿਵਸਥਾਵਾਂ ਦੀ ਦੇਖ-ਰੇਖ ਡਾ. ਮਨਿੰਦਰ ਕੌਰ, ਕੰਸਲਟੈਂਟ ਵੱਲੋਂ ਡਾ. ਅਸ਼ਨਪ੍ਰੀਤ ਕੌਰ ਅਤੇ ਡਾ. ਰਮਨਜੋਤ ਕੌਰ ਦੇ ਸਹਿਯੋਗ ਨਾਲ ਬੜੇ ਸੁਚੱਜੇ ਤਰੀਕੇ ਨਾਲ ਕੀਤੀ ਗਈ। ਸਮਾਗਮ ਦੌਰਾਨ ਕੌਂਸਲਿੰਗ ਅਤੇ ਪ੍ਰੇਰਕ ਸਹਿਯੋਗ ਮਿਸ ਕੁਲਦੀਪ ਕੌਰ (ਕੌਂਸਲਰ) ਵੱਲੋਂ ਪ੍ਰਦਾਨ ਕੀਤਾ ਗਿਆ। ਇਸ ਤੋਂ ਇਲਾਵਾ ਸ਼੍ਰੀ ਸ਼ਿਵਾ ਕਾਂਤ (ਐਮ.ਸੀ.ਟੀ) ਅਤੇ ਸ਼੍ਰੀ ਅਸ਼ੋਕ ਕੁਮਾਰ (ਐਮ ਸੀ ਟੀ) ਦੀਆਂ ਸੰਜੀਦਾ ਕੋਸ਼ਿਸ਼ਾਂ ਨੇ ਵੀ ਕੈਂਪ ਦੀ ਸਫ਼ਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਇਸ ਮੌਕੇ ਸਿਵਲ ਜੱਜ ਸੀਨੀਅਰ ਡਵੀਜ਼ਨ ਸ੍ਰੀ ਅਰੁਣ ਸ਼ੋਰੀ, ਰਾਜਦੀਪ ਘੁੰਮਣ, ਵਿੱਕੀ ਮਹਿਰਾ, ਵਿਸ਼ਾਲ ਸ਼ਰਮਾ ਵੀ ਹਾਜਰ ਸਨ।



## ਔਰਤਾਂ 'ਤੇ ਅੱਤਿਆਚਾਰਾਂ ਤੇ ਰਾਜਨੀਤਕ ਗੁੰਡਾਗਰਦੀ ਖਿਲਾਫ ਪ੍ਰਦਰਸ਼ਨ

**ਫਗਵਾੜਾ (ਜਸਵਿੰਦਰ ਢੱਡਾ)**- ਫਗਵਾੜਾ ਦੇ ਮੁੱਖ ਖੇਤਰ ਹਰਗੋਬਿੰਦ ਨਗਰ ਵਿਖੇ ਡਾ. ਅੰਬੇਡਕਰ ਪਾਰਕ ਦੇ ਨੇੜੇ ਲੋਕ ਹਿਤੈਸ਼ੀ ਕਾਫਲਾ ਦੀ ਅਗਵਾਈ 'ਚ ਸੜਕ ਕਿਨਾਰੇ ਕਾਫੀ ਗਿਣਤੀ ਮਰਦ ਤੇ ਔਰਤ ਸਾਥੀਆਂ ਨੇ ਇਕੱਠੇ ਹੋ ਕੇ ਔਰਤਾਂ ਉੱਤੇ ਹੋ ਰਹੇ ਜਬਰ ਤੇ ਧੱਕੇਸ਼ਾਹੀਆਂ ਬਾਰੇ ਤਖ਼ਤੀਆਂ ਚੁੱਕ ਕੇ ਪ੍ਰਦਰਸ਼ਨ ਕੀਤਾ। ਦੇਸ਼ ਵਿੱਚ ਰਾਜਸੀ ਸਰਪ੍ਰਸਤੀ ਹੇਠ ਗਰੀਬ,ਆਮ ਤੇ ਮੱਧਵਰਗੀ ਔਰਤਾਂ ਨਾਲ ਘਟੀਆ ਅਨਸਰਾਂ ਤੇ ਰਾਜਨੀਤਕ ਗੁੰਡਿਆਂ ਵਲੋਂ ਬਲਾਤਕਾਰ ਤੇ ਧੱਕੇਸ਼ਾਹੀਆਂ ਕੀਤੀਆਂ ਜਾ ਰਹੀਆਂ ਹਨ। ਇਹ ਬਹੁਤ ਸਾਰੀਆਂ ਘਟਨਾਵਾਂ ਹਨ,ਪਰ ਤਾਜ਼ਾ ਘਟਨਾ ਯੂ ਪੀ ਦਾ ਉਨਾਵ ਬਲਾਤਕਾਰ ਤੇ ਕਤਲ ਕਾਂਡ ਹੈ ਜਿਸ ਵਿਚ ਭਾਜਪਾ ਦਾ ਸਾਬਕਾ ਐਮ ਐਲ ਏ ਕੁਲਦੀਪ ਸਿੰਘ ਸੇਂਗਰ ਜਿਸ ਨੂੰ ਫਾਂਸੀ ਦੀ ਬਜਾਏ ਉਮਰ ਕੈਦ ਹੋਈ ਸੀ ਤੇ ਸਿਆਸੀ ਪਹੁੰਚ ਕਾਰਨ ਥੋੜੀ ਸਜ਼ਾ ਕੱਟਣ ਬਾਅਦ ਹਾਈਕੋਰਟ ਤੱਕ ਸਿਆਸੀ ਰਸੂਖ ਵਰਤਕੇ ਸਜ਼ਾ ਮੁਅੱਤਲ ਕਰਵਾਉਣ ਤੱਕ ਸਫਲ ਹੋ ਗਿਆ ਭਾਵੇਂ ਲੋਕਾਂ ਦੇ ਦਬਾਅ ਕਾਰਨ ਇਸ ਫੈਸਲੇ ਉੱਤੇ ਸੁਪਰੀਮ ਕੋਰਟ ਨੂੰ ਰੋਕ ਲਾਉਣੀ ਪਈ ਹੈ। ਇਸ ਤੋਂ ਬਿਨਾਂ ਉਤਰਾਖੰਡ ਦੀ ਬੇਟੀ ਅੰਕਿਤਾ ਭੰਡਾਰੀ ਕਤਲ ਕਾਂਡ ਦੀ ਤਾਜ਼ੀ ਘਟਨਾ ਹੈ ਦੇਸ਼ ਵਿੱਚ ਗੁੰਡਾਗਰਦੀ ਦਾ ਆਲਮ ਇਹ ਬਣਿਆ ਹੋਇਆ ਕਿ ਰਾਜ ਕਰਦੀ ਭਾਜਪਾ ਦੇ ਕਈ ਆਗੂ ਕੁਲਦੀਪ ਸੇਂਗਰ ਵਰਗੇ ਗੁੰਡਿਆਂ ਦੀ ਹਿਮਾਇਤ ਚ ਖੜੇ ਹੋਏ ਹਨ ਅਤੇ ਕਹਿੰਦੇ ਰਹੇ ਕਿ ਬਲਾਤਕਾਰੀ ਤੇ ਕਾਤਲ ਕੁਲਦੀਪ ਨਾਲ ਧੱਕਾ ਹੋਇਆ ਹੈ। ਪ੍ਰਦਰਸ਼ਨਕਾਰੀਆਂ ਨੂੰ ਜਸਵਿੰਦਰ ਸਿੰਘ, ਕੁਲਦੀਪ ਸਿੰਘ, ਮਾਸਟਰ ਸੁਖਦੇਵ ਫਗਵਾੜਾ, ਗੋਪਾਲ ਕ੍ਰਿਸ਼ਨ, ਸੁਰਿੰਦਰ ਪਾਲ ਪੱਦੀ, ਅਮਰਜੀਤ ਮਹੇਲੀ, ਤਾਰਾ ਸਿੰਘ ਬੀਕਾ ,ਘਨਸ਼ਆਮ ਅਰਬਨ ਅਸਟੇਟ, ਹਰਚਰਨ ਭਾਰਤੀ ਆਦਿ ਨੇ ਸੰਬੋਧਨ ਕੀਤਾ।ਇਸ ਸਮੇਂ ਹੋਰਨਾਂ ਤੋਂ ਇਲਾਵਾ ਮੈਡਮ ਸੁਰਜੀਤ ਕੌਰ, ਮੈਡਮ ਸੰਤੋਸ਼, ਮੈਡਮ ਦਲਜੀਤ ਕੌਰ ਜੱਸਲ, ਮਹਿੰਦਰ ਕੌਰ, ਸੁਰਿੰਦਰ ਪਾਲ ਪੱਦੀ ਜਗੀਰ, ਬਲਵੀਰ ਦੋਸਾਂਝ, ਸਤਪਾਲ ਮਹਿਮੀ, ਸ਼ਿਵ ਦਾਸ, ਦੁਬਿਅੰਤ ਰਵੀਕਰ, ਕ੍ਰਿਸ਼ਨ ਕੁਮਾਰ, ਸਤਵੰਤ ਟੂਰਾ, ਪਰਮਿੰਦਰ ਸਿੰਘ, ਰਤਨ ਸਿੰਘ ਗੁਰਾਇਆ, ਹਰਭਜਨ ਲਾਲ, ਪ੍ਰਮੋਦ ਜੋਸ਼ੀ, ਗੁਰਨਾਮ ਸਿੰਘ ਸੈਣੀ, ਦਲਜੀਤ ਸਿੰਘ, ਕਸਤੂਰੀ ਲਾਲ, ਮੋਤੀ ਲਾਲ ਵਰਮਾ, ਕੁਲਵੰਤ ਸਿੰਘ ਭਿੰਡਰ, ਪ੍ਰੋ. ਜਸਕਰਨ ਸਿੰਘ, ਤਰਸੇਮ ਲਾਲ ਐਸ ਡੀ ਓ, ਮਨਦੀਪ ਮਹਿਮ, ਬਲਵਿੰਦਰ ਪ੍ਰੀਤ, ਕੁਲਵੰਤ ਸਿੰਘ ਬਾਸੀ, ਡਾ.ਸ਼ਸ਼ਪਾਲ ਲਾਲ, ਰੁਪਿੰਦਰ ਬੜਾ ਪਿੰਡ, ਸਤਪਾਲ ਸਿੰਘ ਖੱਟਕੜ, ਸ਼ਾਮ ਲਾਲ, ਗੁਰਵਿੰਦਰ ਸਿੰਘ ਦੁਸਾਂਝ, ਲਸ਼ਕਰ ਸਿੰਘ, ਮਲਕੀਅਤ ਸਿੰਘ ਔਜਲਾ, ਪ੍ਰਵੀਨ ਸਰਪੰਚ ਗੋਬਿੰਦਪੁਰਾ , ਅਵਿਨਾਸ਼ ਹਦਰਸਪੁਰ, ਕੇ ਕੇ ਪਾਂਡੇ , ਮਾਸਟਰ ਮਲਕੀਅਤ ਸਿੰਘ, ਅਵਤਾਰ ਸਿੰਘ ਕਿੰਨੜਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।



## ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾਂ ਸਦਕਾ ਨਸ਼ਾ ਛੱਡ ਕੇ ਪੈਰਾਂ ਸਿਰ ਖੜੇ ਹੋਏ 8 ਵਿਅਕਤੀ

### 7 ਨੌਜਵਾਨਾਂ ਨੇ ਹਾਸਲ ਕੀਤੀ ਪਲੇਸਮੈਂਟ, ਇਕ ਨੇ ਸ਼ੁਰੂ ਕੀਤਾ ਸਵੈ-ਰੋਜ਼ਗਾਰ

**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਸ਼ੇਖੇ ਵਿਖੇ ਦਾਖ਼ਲ 8 ਨਸ਼ਾ ਪ੍ਰਭਾਵਿਤ ਮਰੀਜ਼ਾਂ ਨੂੰ ਢੁੱਕਵਾਂ ਇਲਾਜ, ਕਾਉਂਸਲਿੰਗ ਅਤੇ ਹੁਨਰ ਸਿਖਲਾਈ ਪ੍ਰਦਾਨ ਕਰਨ ਉਪਰੰਤ ਸਫ਼ਲਤਾਪੂਰਵਕ ਰੋਜ਼ਗਾਰ ਨਾਲ ਜੋੜਿਆ ਗਿਆ ਹੈ। ਉਨ੍ਹਾਂ ਦੱਸਿਆ ਇਨ੍ਹਾਂ ਵਿੱਚੋਂ ਜਿੱਥੇ 7 ਵਿਅਕਤੀਆਂ ਦੀ ਵੱਖ-ਵੱਖ ਕੰਪਨੀਆਂ ਵਿੱਚ ਪਲੇਸਮੈਂਟ ਕਰਵਾਈ ਗਈ ਹੈ, ਉੱਥੇ ਇਕ ਵਿਅਕਤੀ ਵੱਲੋਂ ਕੇਂਦਰ ਵਿਖੇ ਪ੍ਰਦਾਨ ਕੀਤੀ ਜਾਂਦੀ ਹੁਨਰ ਸਿਖਲਾਈ ਹਾਸਲ ਕਰਨ ਉਪਰੰਤ ਕਪੂਰਥਲਾ ਵਿਖੇ ਆਪਣਾ ਇਲੈਕਟ੍ਰੀਸ਼ਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਨੌਜਵਾਨਾਂ ਨੂੰ ਕੇਂਦਰ ਵਿੱਚ ਕੰਪਿਊਟਰ, ਇਲੈਕਟ੍ਰੀਸ਼ੀਅਨ ਦੀ ਸਿਖਲਾਈ ਪ੍ਰਦਾਨ ਕੀਤੀ ਗਈ ਸੀ, ਜੋ ਉਨ੍ਹਾਂ ਦੇ ਆਤਮ ਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਰੋਜ਼ਗਾਰ ਯੋਗ ਬਣਾਉਣ ਵਿੱਚ ਮੀਲ ਦਾ ਪੱਥਰ ਸਾਬਤ ਹੋਈ।ਜ਼ਿਕਰਯੋਗ ਹੈ ਕਿ



ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਤੇ ਵਿਧਾਇਕ ਬਲਕਾਰ ਸਿੰਘ ਸਮੇਤ ਨਵੀਨੀਕਰਨ ਕੀਤੇ ਇਸ ਮਾਡਲ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਨੂੰ ਅਕਤੂਬਰ 2025 ਵਿੱਚ ਸਮਰਪਿਤ ਕੀਤਾ ਸੀ। ਇਸ ਕੇਂਦਰ ਨੂੰ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੇ ਵਿਆਪਕ ਇਲਾਜ ਅਤੇ ਮੁੜ ਵਸੇਬੇ ਨੂੰ ਯਕੀਨੀ ਬਣਾਉਣ ਲਈ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਡਾ. ਅਗਰਵਾਲ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ੇ ਦੇ ਆਦੀ ਵਿਅਕਤੀਆਂ ਦੇ ਮੁੜ ਵਸੇਬੇ ਲਈ ਕੀਤੇ ਜਾ ਰਹੇ ਯਤਨਾਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਸ਼ੇਖੇ ਨੂੰ ਅਪਗ੍ਰੇਡ ਕਰਨ ਦੇ ਨਾਲ-ਨਾਲ ਇਸ ਕੇਂਦਰ ਨੂੰ ਅਤਿ ਆਧੁਨਿਕ ਜਿੰਮ, ਲਾਇਬ੍ਰੇਰੀ, ਕੰਪਿਊਟਰ ਤੇ ਇਲੈਕਟ੍ਰੀਕਲ ਲੈਬਜ਼ ਦੀਆਂ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੇਂਦਰ ਵਿਖੇ ਕੰਪਿਊਟਰ, ਇਲੈਕਟ੍ਰੀਸ਼ੀਅਨ, ਫੁੱਟਬਾਲ ਸਟਿਚਿੰਗ ਸਮੇਤ ਵੱਖ-ਵੱਖ ਕਿੱਤਾ ਮੁੱਖੀ ਕੋਰਸ ਵੀ ਨਿਯਮਿਤ ਚਲਾਏ ਜਾ ਰਹੇ ਹਨ, ਤਾਂ ਜੋ ਕੇਂਦਰ ਵਿਖੇ ਦਾਖ਼ਲ ਨੌਜਵਾਨਾਂ ਲਈ ਨਸ਼ਾ ਮੁਕਤ ਹੋਣ ਉਪਰੰਤ ਰੋਜ਼ਗਾਰ ਲਈ ਰਾਹ ਪੱਧਰਾ ਕੀਤਾ ਜਾ ਸਕੇ।ਡਾ. ਅਗਰਵਾਲ ਨੇ ਮੁੜ ਵਸੇਬਾ ਕੇਂਦਰ ਸ਼ੇਖੇ ਅਤੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੇ ਮੁੜ ਵਸੇਬੇ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ।

## ਸੱਚ ਦੀ ਆਵਾਜ਼ ਬੁਲੰਦ ਕਰਨ ਲਈ ਚੰਡੀਗੜ੍ਹ ਪਹੁੰਚੇ ਨੰਬਰਦਾਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਭਗਵੰਤ ਸਰਕਾਰ ਵੱਲੋਂ ਪੱਤਰਕਾਰ ਅਤੇ ਐਕਟੀਵਿਸਟਸ ਖਿਲਾਫ ਕੀਤੀ ਐੱਫ ਆਈ ਆਰ ਨੂੰ ਰੱਦ ਕਰਵਾਉਣ ਅਤੇ ਭਾਰਤ ਦੇ ਚੌਥੇ ਥੰਮ੍ਹ ਨੂੰ ਕਾਨੂੰਨੀ ਪ੍ਰਕਿਰਿਆ ਨਾਲ ਡਰਾ ਧਮਕਾ ਕੇ ਦਬਾਉਣ ਦੀ ਨਾਪਾਕ ਕੋਸ਼ਿਸ਼ ਕਰਨ ਖਿਲਾਫ ਚੰਡੀਗੜ੍ਹ ਦੇ ਸੈਕਟਰ 17 ਵਿੱਚ ਪੱਤਰਕਾਰਾਂ ਅਤੇ ਅਕਟਿਵਿਸਟਸ ਵੱਲੋਂ ਲਗਾਏ ਧਰਨਾ ਪ੍ਰਦਰਸ਼ਨ ਵਿੱਚ ਨੰਬਰਦਾਰ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਅਤੇ ਸੀਨੀਅਰ ਮੀਤ ਪ੍ਰਧਾਨ ਸੂਬਾ ਪੰਜਾਬ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਨੇ ਵੀ ਉਚੇਚੇ ਤੌਰ 'ਤੇ ਆਪਣੀ ਇਤਿਹਾਸਿਕ ਹਾਜ਼ਰੀ ਦਰਜ ਕੀਤੀ। ਇਸ ਮੌਕੇ ਉੱਚ ਕੋਟੀ ਦੇ ਪੱਤਰਕਾਰ, ਜਰਨਲਿਸਟ, ਐਕਟੀਵਿਸਟਸ, ਸਿਆਸਤਦਾਨ, ਬੁਝਵਾਨ, ਬੁੱਧੀਜੀਵੀਆਂ ਨਾਲ ਵੀ ਮੁਲਾਕਾਤ ਕੀਤੀ ਜਿਹਨਾਂ ਨੇ ਜੁਝਾਰੂ, ਨਿਡਰ, ਬੇਬਾਕ ਅਤੇ ਇਨਸਾਫ ਨਾਲ ਗੱਲ ਕਰਨ ਵਾਲੇ ਪੱਤਰਕਾਰਾਂ ਦਾ ਹੌਂਸਲਾ ਵਧਾਇਆ।

## ਰਾਜ ਕਮਲ ਭੁੱਲਰ ਨੇ ਦਵਿੰਦਰ ਸਹਿਮ ਦਾ ਕੀਤਾ ਸਨਮਾਨ



**ਨਕੋਦਰ (ਮਨਜੀਤ ਮਾਨ)**- ਸ਼੍ਰੋਮਣੀ ਅਕਾਲੀ ਦਲ ਬਾਦਲ ਹਲਕਾ ਨਕੋਦਰ ਦੇ ਕੋਆਰਡੀਨੇਟਰ ਰਾਜ ਕਮਲ ਸਿੰਘ ਭੁੱਲਰ ਉਹਨਾਂ ਦੀ ਅਗਵਾਈ ਹੇਠ ਨਕੋਦਰ ਦੇ ਬਲਾਕ ਸੰਮਤੀ ਮੈਂਬਰ ਉਮੀਦਵਾਰ ਦੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨੂੰ ਸਨਮਾਨਤ ਕੀਤਾ ਗਿਆ ਜਿਸ ਵਿਚ ਵੱਖ-ਵੱਖ ਅਕਾਲੀ ਦਲ ਚੋਣਾਂ ਜਿਤੇ ਉਮੀਦਵਾਰਾਂ ਨੂੰ ਤੇ ਵਰਕਰਾਂ ਨੂੰ ਸਨਮਾਨਤ ਕੀਤਾ ਗਿਆ। ਰਾਜ ਕਮਲ ਸਿੰਘ ਭੁੱਲਰ ਨੇ ਪਾਰਟੀ ਨੂੰ ਮਜਬੂਤ ਕਰਨ ਲਈ ਹਲਕਾ ਨਕੋਦਰ ਦੇ ਵਰਕਰਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ 27 ਦੀਆਂ ਚੋਣਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਅਪੀਲ ਕੀਤੀ ਅਤੇ ਅਕਾਲੀ ਦਲ ਨੂੰ ਮਜਬੂਤ ਬਣਾਉਣ ਲਈ ਪ੍ਰੇਰਿਤ ਕੀਤਾ।ਇਸ ਮੀਟਿੰਗ ਵਿੱਚ ਦਵਿੰਦਰ ਸਹਿਮ ਜੋਨ ਨੰਬਰ 10 ਕੰਗ ਸਾਹਬੂ ਉਮੀਦਵਾਰ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਦਵਿੰਦਰ ਸਹਿਮ ਸ਼੍ਰੋਮਣੀ ਅਕਾਲੀ ਦਲ ਦਾ ਇਸ ਸਨਮਾਨ ਲਈ ਬਹੁਤ ਬਹੁਤ ਧੰਨਵਾਦ ਕੀਤਾ। ਇਸ ਮੌਕੇ ਸੁਖ ਜੀਵਨ ਸਿੰਘ ਸੰਧੂ ਸਹਿਮ ,ਇਕਬਾਲ ਸਿੰਘ ਥਿੰਦ ਸਹਿਮ, ਮੋਹਨ ਲਾਲ ਸਿੱਧੂ, ਜਸਪਾਲ ਰਾਮ ਸਿੱਧੂ ,ਮਲਕੀਤ ਸਿੰਘ ਅਠਵਾਲ ,ਗੁਰਪ੍ਰੀਤ ਲਾਲ ਸਿੱਧੂ , ਮੰਗਲ ਸਿੰਘ ਕੰਗ ਸਾਹਬੂ ਆਦਿ ਆਗੂ ਹਾਜ਼ਰ ਸਨ ।

## ਅੰਤਰ-ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿੱਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਖੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਨਾਰਥ ਜ਼ੋਨ ਅੰਤਰ-ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼ (5 ਤੋਂ 11 ਜਨਵਰੀ) ਤੱਕ ਯੂਨੀਵਰਸਿਟੀ ਕੈਂਪਸ ਵਿੱਚ ਕੀਤਾ ਗਿਆ ਹੈ।ਇਸ ਮੌਕੇ ਮੁੱਖ ਮਹਿਮਾਨ ਵੱਜੋਂ ਲੈਫਟੀਨੈਂਟ ਜਰਨਲ ਸ. ਜਗਬੀਰ ਸਿੰਘ ਚੀਮਾ (ਸਾਬਕਾ ਡਿਪਟੀ ਚੀਫ ਇੰਡੀਅਨ ਆਰਮੀ ਅਤੇ ਉਪ ਕੁਲਪਤੀ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਪਟਿਆਲਾ) ਨੇ ਸ਼ਿਰਕਤ ਕੀਤੀ। ਇਸ ਮੌਕੇ ਬਾਬਾ ਜਨਕ ਸਿੰਘ, ਸੰਤ ਬਾਬਾ ਸਰਵਣ ਸਿੰਘ, ਕੈਪਟਨ ਸੁਖਦੇਵ ਸਿੰਘ, ਮਨਪ੍ਰੀਤ ਸਿੰਘ, ਜੁਝਾਰ ਸਿੰਘ, ਮਨੋਹਰ ਸਿੰਘ ਨੇ ਵਿਸ਼ੇਸ਼ ਮਹਿਮਾਨਾਂ ਵੱਜੋਂ ਸ਼ਿਰਕਤ ਕੀਤੀ।ਇਸ ਟੂਰਨਾਮੈਂਟ ਵਿੱਚ ਨਾਰਥ ਜੋਨ ਦੀਆਂ 40 ਯੂਨੀਵਰਸਿਟੀ ਟੀਮਾਂ ਨੇ ਰਜਿਸਟ੍ਰੇਸ਼ਨ ਕਰਵਾਈ ।ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਸਾਰੇ ਭਾਗੀਦਾਰ ਖਿਡਾਰੀਆਂ ਅਤੇ ਅਧਿਕਾਰੀਆਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਉੱਚ ਅਧਿਕਾਰੀਆਂ, ਅਧਿਆਪਕਾਂ, ਕੋਚਾਂ ਅਤੇ ਖੇਡ ਪ੍ਰੇਮੀਆਂ ਦੀ ਵੱਡੀ ਗਿਣਤੀ ਹਾਜ਼ਰ ਸੀ। ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਭਾਗੀਦਾਰ ਟੀਮਾਂ ਲਈ ਰਹਿਣ-ਸਹਿਣ, ਖਾਣ-ਪੀਣ ਅਤੇ ਮੈਡੀਕਲ ਸੁਵਿਧਾਵਾਂ ਦੇ ਪੂਰੇ ਪ੍ਰਬੰਧ ਕੀਤੇ ਗਏ ਹਨ।ਟੂਰਨਾਮੈਂਟ ਦੇ ਮੈਚ ਨਿਰਧਾਰਿਤ ਸ਼ਡਿਊਲ ਅਨੁਸਾਰ ਕਰਵਾਏ ਜਾ ਰਹੇ ਹਨ ਅਤੇ ਦਰਸ਼ਕ ਵਿਦਿਆਰਥੀਆਂ ਵਿੱਚ ਵੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਡਾ.ਅਮਰਜੀਤ ਸਿੰਘ ਐਚਓਡੀ ਅਤੇ ਸਪੋਰਟਸ ਡਾਇਰੈਕਟਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਦੱਸਿਆ ਕਿ ਪੰਜ ਮੁਕਾਬਲੇ ਕਰਵਾਏ ਗਏ ਜਿਸ ਵਿਚ ਪਹਿਲਾ ਮੁਕਾਬਲਾ ਐੱਲ ਪੀ ਯੂਨੀਵਰਸਿਟੀ ਅਤੇ ਗੁਰੂ ਕੁਲ ਕਾਂਗੜੀ ਯੂਨੀਵਰਸਿਟੀ ਹਰਿਦੁਆਰ ਵਿੱਚ ਖੇਡਿਆ ਗਿਆ ਜਿਸ 'ਚ ਐੱਲ ਪੀ ਯੂਨੀਵਰਸਿਟੀ 2-0 ਨਾਲ ਜੇਤੂ ਰਹੀ,ਦੂਜਾ ਮੁਕਾਬਲਾ ਐੱਚ ਪੀ ਯੂਨੀਵਰਸਿਟੀ ਸ਼ਿਮਲਾ ਅਤੇ ਯੂਨੀਵਰਸਿਟੀ ਆਫ ਕਸ਼ਮੀਰ ਵਿੱਚ ਖੇਡਿਆ ਗਿਆ ਜਿਸ ਵਿੱਚ ਐੱਚ ਪੀ ਯੂਨੀਵਰਸਿਟੀ ਸ਼ਿਮਲਾ 9-0 ਨਾਲ ਜੇਤੂ ਰਹੀ ਤੀਸਰਾ ਮੁਕਾਬਲਾ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਅਤੇ ਆਈ ਯੂ ਐੱਸ ਟੀ ਯੂਨੀਵਰਸਿਟੀ ਵਿੱਚ ਖੇਡਿਆ ਗਿਆ ਜਿਸ ਵਿੱਚ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਜੇਤੂ ਰਹੀ। ਚੌਥਾ ਮੁਕਾਬਲਾ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਅਤੇ ਸੈਂਟਰਲ ਯੂਨੀਵਰਸਿਟੀ ਜੰਮੂ ਵਿਚਕਾਰ ਹੋਇਆ ਜਿਸ ਵਿੱਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੂੰ ਵਾਕਓਵਰ ਮਿਲਿਆ ਪੰਜਵਾਂ ਮੁਕਾਬਲਾ ਡੀਏਵੀ ਯੂਨੀਵਰਸਿਟੀ ਅਤੇ ਸ੍ਰੀ ਗੁਰੂ ਰਾਮ ਯੂਨੀਵਰਸਿਟੀ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਡੀਏਵੀ ਯੂਨੀਵਰਸਿਟੀ 5-2 ਦੇ ਫਰਕ ਨਾਲ ਜੇਤੂ ਰਹੀ।



## ਤਰਕਸ਼ੀਲ ਸੁਸਾਇਟੀ ਰੋਪੜ ਦੀ ਮੀਟਿੰਗ



**ਨੰਗਲ (ਸੁਰਜੀਤ ਢੇਰ)**- ਤਰਕਸ਼ੀਲ ਸੁਸਾਇਟੀ ਰੋਪੜ ਦੀ ਮੀਟਿੰਗ ਇਕਾਈ ਮੁਖੀ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਕੇਂਦਰ ਦੇ ਬਿਜਲੀ ਸੋਧ ਬਿੱਲ 2025 ਅਤੇ ਲੇਬਰ ਕੋਡ ਦੀ ਸਖ਼ਤ ਨਿਖੇਧੀ ਕੀਤੀ ਤੇ ਇਨ੍ਹਾਂ ਨੂੰ ਰੱਦ ਕਰਨ ਦੀ ਮੰਗ ਵੀ ਕੀਤੀ ਗਈ ਕਿਉਂਕਿ ਇਹ ਲੋਕਾਂ ਦੇ ਹਿੱਤ ਵਿੱਚ ਨਹੀਂ ਹਨ। ਸੁਸਾਇਟੀ ਨੇ ਸਮਾਜਿਕ ਕਾਰਕੁੰਨਾ ਤੇ ਪੱਤਰਕਾਰਾਂ ਤੇ ਦਰਜ ਕੇਸਾਂ ਦੀ ਸਖ਼ਤ ਨਿਖੇਧੀ ਕੀਤੀ ਤੇ ਕਿਉਂਕਿ ਸਰਕਾਰਾਂ ਦੀਆਂ ਲੋਕ-ਦੋਖੀ ਨੀਤੀਆਂ ਤੇ ਸਵਾਲ ਉਠਾਉਣੇ ਪਤਰਕਾਰਾਂ, ਲੇਖਕਾਂ, ਬੁੱਧੀਜੀਵੀਆਂ ਤੇ ਸਮਾਜਿਕ ਕਾਰਕੁੰਨਾ ਦਾ ਨੈਤਿਕ ਫਰਜ਼ ਵੀ ਹੈ ਤੇ ਸਰਕਾਰਾਂ ਸਵਾਲਾਂ ਦੇ ਜਵਾਬ ਦੇਣ ਦੀ ਬਜਾਏ ਉਲਟਾ ਸਵਾਲ ਕਰਨ ਵਾਲਿਆਂ ਦੀ ਆਵਾਜ਼ ਨੂੰ ਧੱਕੇਸ਼ਾਹੀ ਨਾਲ ਬੰਦ ਕਰਨ ਦੇ ਰਾਹ ਪਈਆਂ ਹੋਈਆ ਹਨ। ਆਪਣੇ ਹੱਕ ਲੈਣ ਲਈ ਲੋਕ ਸੰਘਰਸ਼ਾਂ ਦੇ ਰਾਹ ਪਏ ਹੋਏ ਹਨ ਲੇਕਿਨ ਸਰਕਾਰਾਂ ਨੇ ਸੰਘਰਸ਼ਾਂ ਨੂੰ ਦਬਾਉਣ ਲਈ ਧੱਕੇਸ਼ਾਹੀਆਂ ਦਾ ਰਾਹ ਫੜਿਆ ਹੋਇਆ ਹੈ। ਸੁਸਾਇਟੀ ਨੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਲੋਕਾਂ ਦੇ ਮਸਲਿਆਂ ਨੂੰ ਫੌਰੀ ਤੌਰ ਤੇ ਹੱਲ ਕਰੇ।ਚੰਡੀਗੜ੍ਹ ਜ਼ੋਨ ਆਗੂ ਅਜੀਤ ਪ੍ਰਦੇਸੀ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਕ੍ਰਿਸ਼ਨ ਬਰਗਾੜੀ ਯਾਦਗਾਰੀ ਸਮਾਗਮ ਤਰਕਸ਼ੀਲ ਭਵਨ ਬਰਨਾਲਾ ਵਿਖੇ 8 ਫਰਵਰੀ 2026 ਨੂੰ ਹੋਵੇਗਾ ਤੇ ਕ੍ਰਿਸ਼ਨ ਯਾਦਗਾਰੀ ਅਵਾਰਡ ਡਾ. ਨਵਸ਼ਰਨ ਜਮਹੂਰੀ ਹੱਕਾਂ ਦੀ ਆਵਾਜ਼ ਬੁਲੰਦ ਕਰਨ ਵਾਲੀ ਸ਼ਖ਼ਸੀਅਤ ਨੂੰ ਦਿੱਤਾ ਜਾਵੇਗਾ। ਮੀਟਿੰਗ ਵਿੱਚ ਜ਼ੋਨਲ ਵਿੱਤ ਮੁਖੀ ਸ਼ੈਲਿੰਦਰ ਕੁਰਾਲੀ, ਹਰਵਿੰਦਰ ਸੁਖਰਾਮ ਪੁਰੀ, ਅਮਰਨਾਥ, ਇਕਬਾਲ ਬੇਲਾ, ਅਸ਼ੋਕ ਕੁਮਾਰ, ਮਾਸਟਰ ਪਰਵਿੰਦਰ ਅਤੇ ਅਜੀਤ ਪ੍ਰਦੇਸੀ ਹਾਜ਼ਰ ਸਨ।

## 100 ਕੋਰੋਨਰੀ ਐਂਜੀਓਪਲਾਸਟੀ ਪ੍ਰਕਿਰਿਆਵਾਂ ਸਫ਼ਲਤਾਪੂਰਵਕ ਪੂਰੀਆਂ ਕੀਤੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕ੍ਰਿਸ਼ਨਾ ਪਾਰਕ ਹਸਪਤਾਲ ਨੇ 100 ਕੋਰੋਨਰੀ ਐਂਜੀਓਪਲਾਸਟੀ ਪ੍ਰਕਿਰਿਆਵਾਂ ਨੂੰ ਸਫਲਤਾ ਪੂਰਵਕ ਪੂਰਾ ਕਰਕੇ ਖੇਤਰ ਵਿੱਚ ਐਡਵਾਂਸਡ ਕਾਰਡੀਅਕ ਕੇਅਰ ਵਿੱਚ ਇੱਕ ਮਹੱਤਵਪੂਰਨ ਮੀਲ



ਪੱਥਰ ਹਾਸਲ ਕੀਤਾ ਹੈ। ਕਾਰਡੀਓਵੈਸਕੁਲਰ ਸਾਇੰਸ ਦੇ ਸੀਨੀਅਰ ਡਾਇਰੈਕਟਰ ਡਾ. ਰੋਹਿਤ ਮੋਦੀ ਦੀ ਅਗਵਾਈ ਹੇਠ ਕੀਤੀਆਂ ਗਈਆਂ 100 ਕੋਰੋਨਰੀਐਂਜੀਓਪਲਾਸਟੀ ਪ੍ਰਕਿਰਿਆਵਾਂ ਵਿੱਚੋਂ 26 ਗੰਭੀਰ ਦਿਲ ਦੇ ਦੌਰੇ ਤੋਂ ਪੀੜਤ ਮਰੀਜ਼ਾਂ ਲਈ ਐਮਰਜੈਂਸੀ ਸਥਿਤੀਆਂ ਵਿੱਚ ਕੀਤੀਆਂ ਗਈਆਂ ਪ੍ਰਾਇਮਰੀ ਐਂਜੀਓਪਲਾਸਟੀ ਸਨ।ਡਾ.ਰੋਹਿਤ ਮੋਦੀ ਨੇ ਕਿਹਾ ਕਿ ਪ੍ਰਾਇਮਰੀ ਐਂਜੀਓਪਲਾਸਟੀ ਇੱਕ ਜੀਵਨ ਰੱਖਿਅਕ ਪ੍ਰਕਿਰਿਆ ਹੈ ਜਿਸ ਵਿੱਚ ਖੂਨ ਦੇ ਪ੍ਰਵਾਹਦੀ ਤੇਜ਼ੀ ਨਾਲ ਬਹਾਲੀ ਬਚਾਅ ਦਰ ਵਿੱਚ ਮਹੱਤਵਪੂਰਨ ਸੁਧਾਰ ਕਰਦੀ ਹੈ ਅਤੇ ਦਿਲ ਦੀਆਂ ਮਾਸਪੇਸ਼ੀਆਂ ਨੂੰ ਹੋਣ ਵਾਲੇ ਨੁਕਸਾਨ ਨੂੰ ਘਟਾਉਂਦੀਹੈ। ਉਨ੍ਹਾਂ ਇਹ ਵੀ ਸਾਂਝਾ ਕੀਤਾ ਕਿ ਬਠਿੰਡਾ ਪੱਟੀ ਵਿੱਚ ਸ਼ੂਗਰ ਦਾ ਪ੍ਰਚਲਨ ਉੱਚ ਹੈ, ਜੋ ਕਿ ਕੋਰੋਨਰੀ ਆਰਟਰੀ ਬਿਮਾਰੀ ਲਈ ਇੱਕ ਵੱਡਾ ਜੋਖਮ ਕਾਰਕ ਹੈ। ਇਸ ਤੋਂ ਇਲਾਵਾ ਸਰਦੀਆਂ ਦੇ ਮਹੀਨਿਆਂ ਦੌਰਾਨ ਠੰਡ-ਪ੍ਰੇਰਿਤ ਵੈਸੋਕੰਸਟ੍ਰਕਸ਼ਨ ਅਤੇ ਉੱਚੇ ਬਲੱਡ ਪ੍ਰੈਸ਼ਰ ਦੇ ਕਾਰਨ ਦਿਲ ਦੀਆਂ ਘਟਨਾਵਾਂ ਵਧਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ, ਰੋਗੀ ਦੇ ਅਨੁਕੂਲ ਨਤੀਜੇ ਪ੍ਰਾਪਤ ਕਰਨ ਲਈ ਗੋਲਡਨ ਆਵਰ ਦੇ ਦੌਰਾਨ ਇਲਾਜ ਮਹੱਤਵਪੂਰਨ ਹੈ।ਇਸ ਦੌਰਾਨ ਕ੍ਰਿਸ਼ਨਾ ਪਾਰਕ ਹਸਪਤਾਲ ਸਾਰੀਆਂ ਉੱਨਤ ਤਕਨਾਲੋਜੀਆਂ ਨਾਲ ਲੈਸ ਹੈ, ਜਿਸ ਵਿੱਚ ਲੇਜ਼ਰ ਐਂਜੀਓਪਲਾਸਟੀ, ਇੰਟ੍ਰਾਵੈਸਕੁਲਰ ਅਲਟਰਾਸਾਊਂਡ (ਆਈ ਵੀ ਯੂ ਐੱਸ), ਆਪਟੀਕਲ ਕੋਹਰੈਂਸਟੋਮੋਗ੍ਰਾਫੀ (ਓ ਸੀ ਟੀ), ਅਤੇ ਰੋਟੇਸ਼ਨਲ ਐਥਰੈਕਟੋਮੀ (ਆਰ ਓ ਟੀਏ) ਸ਼ਾਮਲ ਹਨ, ਜੋ ਗੁੰਝਲਦਾਰ ਕੋਰੋਨਰੀ ਦਖਲਅੰਦਾਜ਼ੀ ਦੇ ਸਹੀ ਨਿਦਾਨ ਅਤੇ ਪ੍ਰਬੰਧਨ ਨੂੰ ਸਮਰੱਥ ਬਣਾਉਂਦੇ ਹਨ।

## ਯੰਗ ਫਾਰਵਡ ਯੂਥ ਕਲੱਬ ਨੇ ਫੁੱਟਬਾਲ ਟੂਰਨਾਮੈਂਟ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐੱਨ ਆਰ ਆਈ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਯੰਗ ਫਾਰਵਡ ਯੂਥ ਕਲੱਬ ਰਾਜਪੁਰ ਭਾਈਆਂ ਵੱਲੋਂ ਸਾਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਵਿਚ ਇਲਾਕੇ ਭਰ ਤੋਂ ਨਾਮਵਰ ਟੀਮਾਂ ਨੇ ਭਾਗ ਲਿਆ। ਫਾਈਨਲ ਮੈਚ ਪਿੰਡ ਪੱਧਰ ਉਪਨ ਮੈਚ ਪਿੰਡ ਸਰਾਭਾ ਅਤੇ ਰਾਜਪੁਰ ਭਾਈਆਂ ਦੇ ਵਿਚਕਾਰ ਕਰਵਾਇਆ ਗਿਆ ਜਿਸ ਵਿੱਚ ਪਿੰਡ ਸਰਾਭਾ ਦੀ ਟੀਮ ਜੇਤੂ ਰਹੀ। ਇਸ ਤਰ੍ਹਾਂ ਅੰਡਰ 19 ਦਾ ਮੈਚ ਪਿੰਡ ਰਾਜਪੁਰ ਭਾਈਆਂ ਅਤੇ ਮਾਲਕਪੁਰ ਵਿਚਕਾਰ ਕਰਵਾਇਆ ਗਿਆ ਜਿਸ ਵਿੱਚ ਪਿੰਡ ਮਾਲਕਪੁਰ ਦੀ ਟੀਮ ਜੇਤੂ ਰਹੀ। ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਜੇਤੂ ਅਤੇ ਉਪ ਜੇਤੂ ਟੀਮਾਂ ਇਨਾਮਾਂ ਦੀ ਵੰਡ ਕੀਤੀ। ਇਸ ਮੌਕੇ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਵੱਲੋਂ 30 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣਨ ਜਾ ਰਹੇ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਸੁੱਖਾ ਇਟਲੀ, ਸਭੀ ਕਨੇਡਾ, ਗੁਰਵਿੰਦਰ ਇੰਗਲੈਂਡ, ਮਿੰਟੂ ਸਪੇਨ, ਲੱਕੀ, ਜਤਿੰਦਰ, ਬੋਬੀ,ਗੋਲਡੀ, ਵਿਜੈ,ਅਰਨ ,ਨਵਜੋਤ ਸਿੰਘ ਕੋਚ, ਜੀਤਾ, ਬਾਬੂ, ਚੀਮਾ, ਮਨਜੀਤ ਕੋਚ, ਜਿੰਮੀ, ਪੈਕੂ, ਜਸਪ੍ਰੀਤ ਆਦਿ ਹਾਜ਼ਰ ਸਨ।

## ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਨੇ ਮੁੱਖ ਮੰਤਰੀ ਦੇ ਨਾਂਅ ਦਿੱਤਾ ਮੰਗ ਪੱਤਰ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਰੋਸ ਪੱਤਰ ਕਮ ਮੰਗ ਪੱਤਰ ਦੇਣ ਦੇ ਫੈਸਲੇ ਅਨੁਸਾਰ ਸੂਬਾ ਕਨਵੀਨਰ ਕਰਮ ਸਿੰਘ ਧਨੋਆ, ਸੁਰਿੰਦਰ ਕੁਮਾਰ ਪੁਆਰੀ, ਸ਼ਿਵ ਕੁਮਾਰ ਤਿਵਾੜੀ, ਕੁਲਵਰਨ ਸਿੰਘ, ਤੀਰਥ ਸਿੰਘ ਬਾਸੀ ਦੀ ਅਗਵਾਈ ਵਿੱਚ ਬਸਪਾ ਦੇ ਵਿਧਾਇਕ ਡਾ. ਨਛੱਤਰ ਪਾਲ ਨੂੰ ਉਨ੍ਹਾਂ ਦੇ ਦਫਤਰ ਵਿਖੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦੇਣ ਸਮੇਂ ਕੁਲਦੀਪ ਸਿੰਘ ਦੌੜਕਾ ਵੱਲੋਂ ਪੂਰਾ ਮੰਗ ਪੱਤਰ ਵਿਧਾਇਕ ਨੂੰ ਪੜ੍ਹ ਕੇ ਸੁਣਾਇਆ ਗਿਆ। ਸੂਬਾਈ ਆਗੂਆਂ ਨੇ ਮੰਗਾਂ ਦਾ ਜ਼ਿਕਰ ਕਰਦਿਆਂ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਰਹਿੰਦੇ ਮਹਿਗਾਈ ਭੱਤੇ ਦੀਆਂ 16% ਦੀਆਂ ਕਿਸ਼ਤਾਂ ਜਾਰੀ ਕਰਨ, ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਦੇ ਗੁਣਾਕ ਨਾਲ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਅਤੇ ਸਮੁੱਚੇ ਸਰਕਾਰੀ ਅਤੇ ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਲੋਕਲ ਬਾਡੀਜ ਅਤੇ ਸਹਿਕਾਰੀ ਅਦਾਰਿਆਂ ਦੇ ਮੁਲਾਜ਼ਮਾਂ ਨੂੰ ਇਸ ਦੇ ਘੇਰੇ ਵਿੱਚ ਲਿਆਉਣ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਅਦਾਲਤੀ ਫੈਸਲਿਆਂ ਨੂੰ ਜਨਰਲਾਈਜ ਕਰਨ ਜਿਹੀਆ ਮੰਗਾਂ ਵਿਧਾਨ ਸਭਾ ਵਿੱਚ ਵਿਚਾਰਨ ਅਤੇ ਸਰਕਾਰ ਨੂੰ ਮੰਗਾਂ ਮੰਨਣ ਲਈ ਮਜਬੂਰ ਕਰਨ ਦੀ ਅਪੀਲ ਕੀਤੀ। ਇਸ ਸਮੇਂ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਦੀ ਆਵਾਜ਼ ਬੰਦ ਕਰਨ ਲਈ ਉਹਨਾਂ ਤੇ ਦਰਜ ਕੀਤੇ ਗਏ ਪਰਚਿਆਂ ਦੀ ਨਿਖੇਧੀ ਕੀਤੀ ਕਰਦਿਆਂ ਪਰਚੇ ਰੱਦ ਕਰਨ ਦੀ ਮੰਗ ਕੀਤੀ। ਆਗੂਆਂ ਨੇ 16 ਜਨਵਰੀ ਨੂੰ ਬਿਜਲੀ ਬਿੱਲ, ਸੀਡ ਬਿੱਲ, ਮਨਰੇਗਾ ਅਤੇ ਨਿਜੀਕਰਨ ਦਾ ਵਿਰੋਧ ਕਰਨ ਲਈ ਜਿਲਾ ਪੱਧਰੀ ਐਕਸ਼ਨਾਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਉਪਰੋਕਤ ਮੰਗਾਂ ਸਬੰਧੀ ਬਸਪਾ ਵਿਧਾਇਕ ਡਾ. ਨਛੱਤਰ ਪਾਲ ਨੇ ਮੁੱਖ ਮੰਤਰੀ ਨਾਲ ਚਰਚਾ ਕਰਨ ਅਤੇ ਪਹਿਲਾਂ ਵਾਂਗ ਹੀ ਵਿਧਾਨ ਸਭਾ ਵਿੱਚ ਆਵਾਜ਼ ਉਠਾਉਣ ਦਾ ਭਰੋਸਾ ਦਿੱਤਾ। ਅੰਤ ਵਿੱਚ ਆਗੂਆਂ ਨੇ ਸੰਵਿਧਾਨ, ਲੋਕਤੰਤਰ ਅਤੇ ਭਾਈਚਾਰਕ ਏਕਤਾ ਦੀ ਰਾਖੀ ਕਰਨ ਦੀ ਅਪੀਲ ਕੀਤੀ। ਇਸ ਸਮੇਂ ਕੁਲਦੀਪ ਕੌੜਾ, ਸੋਮ ਲਾਲ, ਜੀਤ ਲਾਲ ਗੋਹਲੜੋਂ, ਕੁਲਵਿੰਦਰ ਸਿੰਘ ਅਟਵਾਲ, ਅਸ਼ੋਕ ਕੁਮਾਰ ਵਿੱਤ ਸਕੱਤਰ, ਕਰਨੈਲ ਸਿੰਘ, ਜੋਗਾ ਸਿੰਘ, ਜਸਵਿੰਦਰ ਸਿੰਘ ਭੰਗਲ, ਅਤਿੰਦਰ ਸਿੰਘ, ਰਤਨ ਸਿੰਘ, ਸੁੱਚਾ ਰਾਮ, ਸੰਜੀਵ ਕੁਮਾਰ, ਸਰਦਾਰਾ ਸਿੰਘ, ਗੁਰਦਿਆਲ ਸਿੰਘ, ਦੇਸਰਾਜ ਬੱਜੋਂ, ਜਸਵੀਰ ਸਿੰਘ ਮੋਰੋਂ, ਰਾਮਪਾਲ, ਪਵਨ ਕੁਮਾਰ, ਛੋਟੂ ਰਾਮ, ਜਗਦੀਸ਼ ਰਾਮ, ਸੁਰਜੀਤ ਰਾਮ, ਸੁਖਵਿੰਦਰ ਸਿੰਘ, ਹੰਸ ਲਾਲ, ਰਜਿੰਦਰ ਕੁਮਾਰ, ਵਿਜੇ ਕੁਮਾਰ, ਸੁਖਦੇਵ ਸਿੰਘ, ਰਾਮ ਲਾਲ, ਗੁਰਮੇਲ ਚੰਦ, ਪਿਆਰਾ ਸਿੰਘ, ਅਮਰੀਕ ਸਿੰਘ, ਰਾਮਸਰਨ ਸਤਪਾਲ ਆਦਿ ਹਾਜ਼ਰ ਸਨ।



## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਧਾਰਮਕ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਤੇ ਸਮੂਹ ਨਗਰ ਨਿਵਾਸੀ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਬੰਸ ਦਾਨੀ, ਹੇਮਕੁੰਟ ਵਾਸੀ, ਅੰਮ੍ਰਿਤ ਦੇ ਦਾਤੇ, ਕਲਗੀਧਰ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 359ਵੇਂ ਪ੍ਰਕਾਸ਼ ਪੁਰਬ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 359ਵੇਂ ਪ੍ਰਕਾਸ਼ ਪੁਰਬ ਮੌਕੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਨਾਲ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਪੰਜ ਪਿਆਰੇ, ਪੰਜ ਨਿਸ਼ਾਨਚੀ, ਨਗਾਰਾ, ਗੱਤਕਾ ਪਾਰਟੀ, ਫੌਜ਼ੀ ਬੈਂਡ, ਸ਼ਬਦੀ ਜੱਥੇ ਪਾਲਕੀ ਸਾਹਿਬ ਦੇ ਨਾਲ ਨਾਲ ਚੱਲ ਰਹੇ ਸਨ। ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਸਮਾਪਤੀ ਹੋਈ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਵੱਖ ਵੱਖ ਮੁਹੱਲਿਆਂ ਵਿਚ ਸਵਾਗਤੀ ਗੇਟ ਕੇ ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਵੱਖ ਵੱਖ ਮੁਹੱਲਿਆਂ ਵਿਚ ਸੰਗਤਾਂ ਵੱਲੋਂ ਲੰਗਰ ਲਗਾਏ ਗਏ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ, ਬੀਬੀ ਗੁਰਵਿੰਦਰ ਕੌਰ ਇੰਟਰਨੈਸ਼ਨਲ ਢਾਡੀ ਜੱਥਾ, ਪ੍ਰਭਾਤ ਫੇਰੀ ਜੱਥਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਵਿਸ਼ਾਲ ਨਗਰ ਕੀਰਤਨ ਵਿੱਚ ਸਹਿਯੋਗ ਦੇਣ ਤੇ ਧੰਨਵਾਦ ਕੀਤਾ ਅਤੇ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ, ਬਲਵੀਰ ਸਿੰਘ ਤੰਬੜ, ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ, ਜਗਤਾਰ ਸਿੰਘ ਭੂੰਗਰਨੀ, ਲਸ਼ਕਰ ਸਿੰਘ ਭੇਲਾ,ਜੀਤ ਸਿੰਘ ਹਲਵਾਈ, ਮਨਜੀਤ ਸਿੰਘ ਸੋਨੂੰ, ਪਰਮਿੰਦਰ ਸਿੰਘ ਪਿੰਦਰ, ਸੁਰਿੰਦਰ ਸਿੰਘ ਨੰਬਰਦਾਰ,ਸਾਬਕਾ ਸਰਪੰਚ ਸ੍ਰੀਮਤੀ ਊਸ਼ਾ ਰਾਣੀ , ਪੰਚ ਇੰਦਰਜੀਤ ਕੌਰ, ਬਲਵਿੰਦਰ ਸਿੰਘ ਭੁਪਿੰਦਰ ਸਿੰਘ, ਅਮਰੀਕ ਸਿੰਘ ਸੋਨੂੰ ,ਜਗਤਾਰ ਸਿੰਘ ਤਾਰੀ, ਰਾਮ ਸਿੰਘ, ਡਾਕਟਰ ਅਵਤਾਰ ਸਿੰਘ ਤਾਰੀ ਤੋਂ ਇਲਾਵਾ ਵੱਡੀ ਗਿਣਤੀ ਦੇ ਸੰਗਤਾਂ ਹਾਜ਼ਰ ਸਨ।



## ਸੰਤ ਗੁਰਚਰਨ ਸਿੰਘ ਦੇ ਜਨਮ ਦਿਨ 'ਤੇ ਧਾਰਮਿਕ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸ਼੍ਰੀਮਾਨ ਸੰਤ ਗੁਰਚਰਨ ਸਿੰਘ ਜੀ ਮਹਾਰਾਜ ਮੁੱਖ ਸੰਚਾਲਕ ਤਪ ਅਸਥਾਨ ਕੁਟੀਆ ਛੰਭਵਾਲੀ ਪਿੰਡ ਪੰਡਵਾ ਦੇ ਜਨਮ ਦਿਨ ਦੇ ਸਬੰਧ ਵਿੱਚ ਧਾਰਮਿਕ ਸਮਾਗਮ ਕੁਟੀਆ ਛੰਭਵਾਲੀ ਵਿਖੇ ਹੋਇਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਸੰਤ ਹਰਜੀਤ ਸਿੰਘ ਮੰਡੀ ਗੋਬਿੰਦਗੜ੍ਹ ਵਾਲਿਆਂ ਨੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਪ੍ਰਭੂ ਚਰਨਾਂ ਨਾਲ ਜੋੜਿਆ। ਇਸ ਤੋਂ ਬਾਅਦ ਸੰਤ ਗੁਰਚਰਨ ਸਿੰਘ ਮਹਾਰਾਜ ਨੇ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ ਕੇਕ ਕੱਟਿਆ। ਸੰਤਾਂ ਮਹਾਂਪੁਰਸ਼ਾਂ ਤੇ ਸੰਗਤਾਂ ਨੇ ਉਹਨਾਂ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸੰਤ ਤੇਜਾ ਸਿੰਘ ਖੁੱਡਾ, ਸੰਤ ਬਾਬਾ ਸੁਖਵੰਤ ਸਿੰਘ ਨਾਹਲਾ, ਸੰਤ ਮੱਖਣ ਸਿੰਘ ਟੂਟੋਮਜਾਰਾ, ਸੰਤ ਬਲਵੀਰ ਸਿੰਘ ਸ਼ਾਸਤਰੀ ਟੂਟੋਮਜਾਰਾ, ਸੰਤ ਹਰਜੀਤ ਸਿੰਘ ਮੰਡੀ ਗੋਬਿੰਦਗੜ੍ਹ,ਸੰਤ ਦਿਆ ਨੰਦ ਕੁੱਲੂ, ਸੰਤ ਜਗਦੀਸ ਦਾਸ ਡਰੋਲੀ, ਸੁਆਮੀ ਵਿਸ਼ਵ ਭਾਰਤੀ ਲੁਧਿਆਣਾ, ਸੁਵਾਮੀ ਅੰਬਿਕਾ ਭਾਰਤੀ ਲੁਧਿਆਣਾ, ਸੰਤ ਜੋਗਾ ਸਿੰਘ ਰਾਮੂ ਥਿਆੜਾ, ਬਾਬਾ ਮਨਜਿੰਦਰ ਸਿੰਘ ਰਾਏਪੁਰ, ਸੰਤ ਜਤਿੰਦਰ ਸਿੰਘ ਢੱਠਿਆ, ਸੰਤ ਕੁਲਦੀਪ ਸਿੰਘ ਮਜਾਰੀ, ਸੰਤ ਮਲਕੀਤ ਸਿੰਘ ਖਾਨਪੁਰ, ਸੰਤ ਕੁਲਦੀਪ ਸਿੰਘ ਬਜੂਹਾ, ਸੰਤ ਬਾਬਾ ਗੁਰਪ੍ਰੀਤ ਸਿੰਘ ਸਮਰਾਵਾਂ,ਸੰਤ ਸੁਰਜੀਤ ਸਿੰਘ ਸੀਚੇਵਾਲ, ਸੰਤ ਹਰੀ ਦਾਸ ਧੂਣੇ ਵਾਲੇ ਮਾਹਿਲਪੁਰ, ਸੁਆਮੀ ਪਰਜੀਤ ਕੌਰ ਲੁਧਿਆਣਾ, ਸੰਤ ਜਸਵਿੰਦਰ ਪਾਲ ਪੰਡਵਾਂ, ਸੰਤ ਜਤਿੰਦਰ ਸਿੰਘ ਪਿਪਲੀ ਵਾਲੇ, ਸੰਤ ਰਣਜੀਤ ਸਿੰਘ ਤਪੋਬਨ ਹਰਖੋਵਾਲ, ਸੰਤ ਭਗਵਾਨ ਸਿੰਘ ਸੰਤਗੜ੍ਹ ਜਲੰਧਰ, ਸੰਤ ਗੁਰਲਾਲ ਸਿੰਘ ਪੰਡਵਾਂ, ਸੰਤ ਹਰਮੇਲ ਸਿੰਘ ਹੁਸ਼ਿਆਰਪੁਰ ਸਮੇਤ ਸੰਤ ਮਹਾਂਪੁਰਸ਼ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਚੱਲੇ। ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਨੇ ਸੰਤ ਬਾਬਾ ਗੁਰਚਰਨ ਸਿੰਘ ਮਹਾਰਾਜ ਜੀ ਨੂੰ ਉਹਨਾਂ ਦੇ ਜਨਮ ਦਿਨ ਤੇ ਵਧਾਈਆਂ ਦੇ ਕੇ ਖੁਸ਼ੀ ਦਾ ਇਜ਼ਹਾਰ ਕੀਤਾ।



## 'ਯੂਥ ਅਗੇਂਸਟ ਡਰੱਗਜ਼' ਮੁਹਿੰਮ ਦਾ ਸਮਾਪਨ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਚਲਾਈ ਗਈ ਇੱਕ ਮਹੀਨੇ ਲੰਬੀ ਮੁਹਿੰਮ 'ਯੂਥ ਅਗੇਂਸਟ ਡਰੱਗਜ਼' ਸਫ਼ਲਤਾਪੂਰਵਕ ਮੁਕੰਮਲ ਹੋ ਗਈ। ਇਸ ਮੁਹਿੰਮ ਦੇ ਸਮਾਪਤੀ ਸਮਾਰੋਹ ਮੌਕੇ ਇੱਕ ਵਾਕਾਥਾਨ ਦਾ ਆਯੋਜਨ ਕੀਤਾ ਗਿਆ, ਜੋ ਮਾਨਵ ਮੰਗਲ ਸਮਾਰਟ ਸਕੂਲ, ਸੈਕਟਰ-88, ਮੋਹਾਲੀ ਤੋਂ ਸ਼ੁਰੂ ਹੋ ਕੇ ਜ਼ਿਲ੍ਹਾ ਅਦਾਲਤ ਕੰਪਲੈਕਸ, ਮੋਹਾਲੀ ਤੱਕ ਸੀ। ਇਸ ਵਾਕਾਥਾਨ ਦੀ ਅਗਵਾਈ ਮਾਣਯੋਗ ਜਸਟਿਸ ਹਰਿਸਿਮਰਨ ਸਿੰਘ ਸੇਠੀ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ, ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼੍ਰੀ ਅਤੁਲ ਕਸਾਨਾ ਅਤੇ ਸ਼੍ਰੀਮਤੀ ਨਵਜੋਤ ਕੌਰ, ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕੀਤੀ। ਹੋਰ ਜਾਣਕਾਰੀ ਦਿੰਦਿਆਂ ਸ਼੍ਰੀਮਤੀ ਸੁਰਭੀ ਪ੍ਰਾਸ਼ਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਦੱਸਿਆ ਕਿ ਇਸ ਵਾਕਾਥਾਨ ਵਿੱਚ ਸ਼੍ਰੀਮਤੀ ਜਗਦੀਪ ਕੌਰ, ਐਡੀਸ਼ਨਲ ਮੈਂਬਰ ਸਕੱਤਰ, ਪੀ ਐੱਲ ਐੱਸ ਏ, ਸੈਸ਼ਨ ਕੋਰਟ ਮੋਹਾਲੀ ਵਿੱਚ ਤਾਇਨਾਤ ਨਿਆਂਇਕ ਅਧਿਕਾਰੀ, ਪੈਨਲ ਵਕੀਲ, ਪੈਰਾ ਲੀਗਲ ਵਲੰਟੀਅਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਘੜੂਆਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਮਾਣਯੋਗ ਜਸਟਿਸ ਹਰਿਸਿਮਰਨ ਸਿੰਘ ਸੇਠੀ ਵੱਲੋਂ ਭਾਗੀਦਾਰਾਂ ਨੂੰ 'ਸਰਟੀਫਿਕੇਟ ਆਫ਼ ਐਪ੍ਰੀਸੀਏਸ਼ਨ' ਵੀ ਵੰਡੇ ਗਏ।

## ਖੇਤੀਬਾੜੀ ਵਿਭਾਗ ਮੋਹਾਲੀ ਵੱਲੋਂ ਸਾਲ 2026 ਦੀ ਪਹਿਲੀ ਮੀਟਿੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ ਐੱਸ ਏ ਐੱਸ ਨਗਰ ਵੱਲੋਂ ਸਾਲ 2026 ਦੀ ਪਹਿਲੀ ਮੀਟਿੰਗ ਕਰਦਿਆਂ ਹੋਇਆਂ ਖੇਤੀਬਾੜੀ ਅਤੇ



ਕਿਸਾਨ ਭਲਾਈ ਵਿਭਾਗ ਮੋਹਾਲੀ ਦੇ ਸਮੂਹ ਸਟਾਫ ਨੂੰ ਨਵੇਂ ਸਾਲ ਦੀਆਂ ਸ਼ੁਭ ਕਾਮਨਾਵਾਂ ਦਿੰਦੇ ਹੋਏ, ਸਰਕਾਰ ਵੱਲੋਂ ਕਿਸਾਨ ਭਲਾਈ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦਾ ਜਾਇਜਾ ਲਿਆ ਗਿਆ ਅਤੇ ਆਉਣ ਵਾਲੇ ਸਮੇਂ ਦੌਰਾਨ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਜਿਵੇਂ ਕਿ ਸੂਰਜਮੁੱਖੀ ਦਾ ਬੀਜ, ਖੇਤੀ ਮਸ਼ੀਨਰੀ, ਤੇਲ ਬੀਜ ਤੇ ਦਾਲਾਂ ਦੀਆਂ ਮਿੰਨੀ ਕਿੱਟਾਂ, ਜਿਪਸਮ ਅਤੇ ਜੰਤਰ ਦੀ ਉਪਲੱਬਧਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਵਿਸ਼ੇਸ਼ ਤੌਰ ਤੇ ਸਰਕਾਰ ਵੱਲੋਂ ਕੁਦਰਤੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਦਿੱਤੀ ਜਾ ਰਹੀ 4000/- (ਚਾਰ ਹਜ਼ਾਰ) ਰੁਪਏ ਦੀ ਵਿੱਤੀ ਸਹਾਇਤਾ ਅਤੇ ਉਨ੍ਹਾਂ ਦੇ ਖੇਤਾਂ ਦੇ ਮਿੱਟੀ ਦੇ ਸੈਂਪਲਾਂ ਦੀ ਪ੍ਰਗਤੀ ਸਬੰਧੀ ਸਮੂਹ ਸਟਾਫ ਨੂੰ ਹਦਾਇਤ ਕੀਤੀ। ਇਸ ਤੋਂ ਇਲਾਵਾ ਸਰਕਾਰ ਵੱਲੋਂ ਚਲਾਈ ਜਾ ਰਹੀ ਸਬ ਮਿਸ਼ਨ ਆਨ ਐਗਰੀਕਲਚਰਲ ਮੈਕਾਨਾਈਜੇਸ਼ਨ ਸਕੀਮ ਅਧੀਨ ਮਸ਼ੀਨਰੀ ਦੀ ਖ੍ਰੀਦ ਲਈ ਡਿਪਟੀ ਕਮਿਸ਼ਨਰ ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਅਧੀਨ ਪ੍ਰਬੰਧਕੀ ਕੰਪਲੈਕਸ ਐੱਸ.ਏ.ਐੱਸ. ਨਗਰ ਵਿਖੇ ਡਰਾਅ ਵੀ ਕੱਢਿਆ ਗਿਆ।

## ਕੇਂਦਰ ਸਰਕਾਰ ਵਿਰੁੱਧ ਅਰਥੀ ਫੂਕ ਮੁਜ਼ਾਹਰਾ ਅੱਜ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਉਸਾਰੀ ਨਾਲ ਸੰਬੰਧਤ ਮਿਸਤਰੀਆਂ ਤੇ ਮਜ਼ਦੂਰਾਂ ਦੀ ਜਥੇਬੰਦੀ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਦੇ ਮੈਂਬਰਾਂ ਦੀ ਮੀਟਿੰਗ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਭੈਰੋਮਾਜਰਾ ਦੀ ਪ੍ਰਧਾਨਗੀ ਹੇਠ ਵਿਸ਼ਵਕਰਮਾ ਭਵਨ ਵਿਖੇ ਹੋਈ। ਯੂਨੀਅਨ ਦੇ ਜਨਰਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਨੇ ਦੱਸਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਨਗਰ ਕੌਂਸਲ ਵੱਲੋਂ ਮਜ਼ਦੂਰਾਂ ਲਈ ਬਣਾਏ ਨਵੇਂ ਲੇਬਰ ਚੌਂਕ ਨੂੰ ਮੁਕੰਮਲ ਨਹੀਂ ਕੀਤਾ ਜਾ ਰਿਹਾ, ਜਦੋਂ ਕਿ ਯੂਨੀਅਨ ਵੱਲੋਂ ਇਸ ਸਬੰਧੀ ਹਲਕਾ ਵਿਧਾਇਕ ਸਮੇਤ ਪ੍ਰਸ਼ਾਸ਼ਨ ਅਤੇ ਪੰਜਾਬ ਸਰਕਾਰ ਤੋਂ ਮੰਗ ਪੱਤਰ ਦੇ ਕੇ ਲੇਬਰ ਚੌਂਕ ਵਿਖੇ ਮਜ਼ਦੂਰਾਂ ਦੇ ਅਧੂਰੇ ਪਏ ਲੇਬਰ ਚੌਂਕ ਨੂੰ ਮੁਕੰਮਲ ਕਰਨ ਅਤੇ ਬੁਨਿਆਦੀ ਸਹੂਲਤਾਂ ਦੇਣ ਦੀ ਮੰਗ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕਾਰਜਸਾਧਕ ਅਫ਼ਸਰ ਤੋਂ ਕਈ ਵਾਰ ਮੰਗ ਪੱਤਰ ਦੇ ਕੇ ਮੀਟਿੰਗ ਕਰਨ ਦੀ ਮੰਗ ਕੀਤੀ ਗਈ ਪ੍ਰੰਤੂ ਨਾ ਹੀ ਉਹ ਦਫ਼ਤਰ ਮਿਲਦੇ ਹਨ ਅਤੇ ਨਾ ਹੀ ਉਹ ਫੋਨ ਚੁੱਕਦੇ ਹਨ । ਬਲਾਕ ਪ੍ਰਧਾਨ ਵੱਲੋਂ ਲੇਬਰ ਚੌਂਕ ਸਬੰਧੀ ਕੀਤੀ ਗਈ ਰਿਪੋਰਟ ਨੂੰ ਮੁੱਖ ਰੱਖਦਿਆਂ ਯੂਨੀਅਨ ਵੱਲੋਂ ਬਲਾਕ ਪ੍ਰਧਾਨ ਨੂੰ ਮਾਤਾ ਪਾਸ ਕਰਕੇ ਸੰਘਰਸ਼ ਸਬੰਧੀ ਨੋਟਿਸ ਦੇਣ ਦਾ ਅਧਿਕਾਰ ਦਿੱਤਾ ਗਿਆ। ਮੀਟਿੰਗ ਵਿੱਚ ਸਾਲ 2026 ਲਈ ਮਜ਼ਦੂਰਾਂ, ਮਿਸਤਰੀਆਂ ਦੀ ਮੈਂਬਰਸ਼ਿਪ ਭਰਨ ਦੀ ਮੁਹਿੰਮ ਚਲਾਈ ਜਾਵੇਗੀ ਅਤੇ ਮੈਂਬਰਸ਼ਿਪ ਮੁਕੰਮਲ ਕਰਨ ਉਪਰੰਤ ਯੂਨੀਅਨ ਦਾ ਚੋਣ ਇਜਲਾਸ ਕੀਤਾ ਜਾਵੇਗਾ। ਮੀਟਿੰਗ ਵਿੱਚ ਫੈਸਲਾ ਕੀਤਾ ਕਿ 7 ਜਨਵਰੀ ਨੂੰ ਲੇਬਰ ਚੌਂਕ ਵਿਖੇ ਕੇਂਦਰ ਸਰਕਾਰ ਵੱਲੋਂ ਮਜ਼ਦੂਰਾਂ ਦੀ ਭਲਾਈ ਹਿੱਤ ਬਣੇ 29 ਲੇਬਰ ਕਾਨੂੰਨਾਂ ਨੂੰ ਭੰਗ ਕਰਕੇ ਕਾਰਪੋਰੇਟ ਹਿੱਤਾਂ ਲਈ ਬਣਾਏ ਚਾਰ ਲੇਬਰ ਕੋਡ, ਮਨਰੇਗਾ ਵਿੱਚ ਸੋਧ ਕਰਨ ਕਰਕੇ ਇਸ ਨੂੰ ਖ਼ਤਮ ਕਰਨਾ, ਬਿਜਲੀ ਐਕਟ 2025 ,ਬੀਜ ਐਕਟ ਆਦਿ ਮਜ਼ਦੂਰਾਂ ਕਿਸਾਨਾਂ ਅਤੇ ਆਮ ਲੋਕਾਂ ਪ੍ਰਤੀ ਕੀਤੇ ਫੈਸਲਿਆਂ ਵਿਰੁੱਧ ਕੇਂਦਰ ਸਰਕਾਰ ਦੀ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ । ਮੀਟਿੰਗ ਵਿੱਚ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਕਨਵੀਨਰ ਮੁਕੇਸ਼ ਮਲੌਦ ਅਤੇ ਪੱਤਰਕਾਰਾਂ ਤੇ ਦਰਜ ਕੀਤੇ ਝੂਠੇ ਕੇਸਾਂ ਦੀ ਜ਼ੋਰਦਾਰ ਨਿਖੇਧੀ ਕੀਤੀ। ਇਸ ਮੌਕੇ ਅਜੈਬ ਸਿੰਘ, ਸਤਿੰਦਰ ਸਿੰਘ, ਸੁਰਿੰਦਰ ਸਿੰਘ, ਉਕਾਰ ਸਿੰਘ, ਰਮੇਸ਼ ਕੁਮਾਰ, ਮਲਾਗਰ ਸਿੰਘ,ਗੁਲਾਬ ਚੰਦ, ਦਲਬੀਰ ਸਿੰਘ,ਦਲਜੀਤ ਸਿੰਘ ਜਗਮੀਤ ਸਿੰਘ ਅਤੇ ਗੁਰਮੇਲ ਸਿੰਘ ਆਦਿ ਹਾਜ਼ਰ ਸਨ।



## ਦਲਿਤ ਵਿਦਿਆਰਥਣ ਦੀ ਮੌਤ ਤੇ ਬਾਬਾ ਸਾਹਿਬ ਦੇ ਬੁੱਤ ਨੁਕਸਾਨੇ ਜਾਣ ਦੀ ਨਿੰਦਾ

**ਖਰੜ (ਹਰਨਾਮ ਸਿੰਘ ਡੱਲਾ)**- ਹਿਮਾਚਲ ਪਰਦੇਸ਼ ਦੇ ਸ਼ਹਿਰ ਧਰਮਸਾਲਾ ਦੇ ਇੱਕ ਸਕੂਲ 'ਚ ਦਲਿਤ ਵਿਦਿਆਰਥਣ ਪਲਵੀ ਦੀ ਪੜਤਾੜਤ ਕੀਤੇ ਜਾਣ



ਕਰਕੇ ਹੋਈ ਮੌਤ ਦੀ ਸ੍ਰੀ ਗੁਰੂ ਰਵਿਦਾਸ ਸਭਾ ਖਰੜ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਮਦਨ ਜਨਾਗਲ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਵਿੱਚ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਪੰਜਾਬ ਦੇ ਮੋਹਾਲੀ ਜ਼ਿਲ੍ਹੇ ਵਿੱਚ ਭਾਰਤੀ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਨੂੰ ਅਪਮਾਨਿਤ ਕਰਨ ਦੀ ਵੀ ਪੁਰਜੋਰ ਨਿੰਦਾ ਕੀਤੀ ਗਈ। ਸਭਾ ਨੇ ਗੁੱਸਾ ਜਾਹਰ ਕਰਦਿਆਂ ਕਿਹਾ ਕਿ ਇੱਕ ਪਾਸੇ ਤਾਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਅੰਬੇਡਕਰ ਜੈਯੰਤੀ ਸਮੇਂ ਬਾਬਾ ਸਾਹਿਬ ਦਾ ਪੁਰਬ ਮਨਾ ਰਹੀ ਹੈ, ਪਰ ਦੂਜੇ ਪਾਸੇ ਅਪਰਾਧੀ ਬੁੱਤਾ ਨੂੰ ਤੋੜ ਰਹੇ ਹਨ ਅਤੇ ਖੁੱਲੇ ਆਮ ਘੁੰਮ ਰਹੇ ਹਨ। ਸਭਾ ਨੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਹਨਾਂ ਘਟਨਾਵਾਂ ਦੀ ਜਾਂਚ ਕਰਵਾ ਕੇ ਦੋਸ਼ੀਆਂ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ। ਰੋਹਿਤ ਬੇਮੁਲਾ,ਮੈਡੀਕਲ ਕਾਲਜ ਅਮ੍ਰਿਤਸਰ ਦੀ ਵਿਦਿਆਰਥਣ ਦੀ ਮੌਤ ਤੋਂ ਬਾਅਦ ਹਿਮਾਚਲ ਦੇ ਸਕੂਲ ਦੀ ਵਿਦਿਆਰਥਣ ਦੀ ਮੌਤ ਨੇ ਦਲਿਤ ਪਰਵਾਰਾਂ ਤੇ ਦਲਿਤ ਵਿਦਿਆਰਥੀਆਂ ਵਿੱਚ ਅਸੁਰੱਖਿਆ ਦਾ ਵਾਤਾਵਰਣ ਸਿਰਜ ਦਿੱਤਾ ਹੈ। ਸ੍ਰੀ ਗੁਰੂ ਰਵਿਦਾਸ ਸਭਾ ਨੇ ਦਲਿਤਾਂ ਨੂੰ ਹੋ ਰਹੀਆਂ ਇਹਨਾਂ ਬੇਨਿਯਮੀਆਂ ਖਿਲਾਫ਼ ਇਕੱਠੇ ਹੋਣ ਦਾ ਸੱਦਾ ਦਿੱਤਾ ਹੈ। ਇਸ ਮੀਟਿੰਗ ਵਿੱਚ ਸਵਰਨ ਸਿੰਘ ਬਡਵਾਲੀ, ਜੰਗ ਸਿੰਘ, ਚਰਨ ਸਿੰਘ ਕੰਗ, ਹਰਚਰਨ ਸਿੰਘ ਰਿਟਾਇਰਡ ਪ੍ਰਿੰਸੀਪਲ, ਗੁਰਮੇਲ ਸਿੰਘ ਧਾਲੀਵਾਲ, ਸੱਜਨ ਸਿੰਘ, ਜਸਪਾਲ ਸਿੰਘ, ਸਲਵਿੰਦਰ ਸਿੰਘ, ਕੈਪਟਨ ਗੇਰਾ, ਐਡਵੋਕੇਟ ਹਰਪ੍ਰੀਤ ਸਿੰਘ ਤੇ ਹਰਨਾਮ ਸਿੰਘ ਡੱਲਾ ਨੇ ਭਾਗ ਲਿਆ।